ਸ਼ੁੱਕਰਵਾਰ, 13 ਨਵੰਬਰ, 2026

28 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 163

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • FRIDAY, 13 NOVEMBER, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਇਕੱਤੀਆਂ ਦੀ ਦੂਜੀ ਲਿਸਟ 'ਚ 2 ਸਾਂਸਦ ਉਤਾਰੇ, ਖੁੱਡੀਆਂ ਨੇ ਭਤੀਜੇ ਲਈ ਸੀਟ ਛੱਡੀ

ਅਨਮੋਲ ਗਗਨ ਮਾਨ, ਰਮਨ ਅਰੋੜਾ ਤੇ ਲਾਲਜੀਤ ਸਿੰਘ ਭੁੱਲਰ ਡਰਾਪ



ਹਰਮੀਤ ਮੀਤ ਹੇਅਰ | ਰਾਜ ਕੁਮਾਰ ਚੱਬੇਵਾਲ | ਦੀਪਕ ਬਾਲੀ | ਨਿਤਿਨ ਕੋਹਲੀ | ਵਿਨੀਤ ਧੀਰ | ਪਵਨ ਕੁਮਾਰ ਟੀਨੂੰ | ਸੋਨੀਆ ਮਾਨ | ਹਰਜੋਤ ਕੌਰ ਲੋਹਟੀਆ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ) : ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਸਰਗਰਮੀਆਂ ਤੇਜ਼ ਕਰਦਿਆਂ ਆਮ ਆਦਮੀ ਪਾਰਟੀ ਨੇ ਉਮੀਦਵਾਰਾਂ ਦੀ ਆਪਣੀ ਦੂਜੀ ਸੂਚੀ ਜਾਰੀ ਕਰ ਦਿੱਤੀ ਹੈ। ਇਸ ਤਾਜ਼ਾ ਸੂਚੀ ਵਿੱਚ ਪਾਰਟੀ ਵੱਲੋਂ 31 ਵਿਧਾਨ ਸਭਾ ਹਲਕਿਆਂ ਲਈ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਵਿਧਾਨ ਸਭਾ ਚੋਣਾਂ ਦੇ ਉਮੀਦਵਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਆਪਣੀ ਕਾਰਗੁਜ਼ਾਰੀ ਦੇ ਆਧਾਰ 'ਤੇ ਹੀ ਵੋਟਾਂ ਮੰਗੀਆਂ ਜਾਣਗੀਆਂ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਪਣੇ ਕਾਰਜਕਾਲ ਦੌਰਾਨ ਇਤਿਹਾਸਕ ਕੰਮ ਕੀਤੇ ਹਨ, ਜਿਨ੍ਹਾਂ ਨੂੰ ਲੈ ਕੇ ਉਹ ਲੋਕਾਂ ਵਿੱਚ ਜਾਣਗੇ ਅਤੇ ਪੰਜਾਬ ਵਿੱਚ ਮੁੜ ਤੋਂ ਸਰਕਾਰ ਬਣਾਉਣਗੇ। ਇਸ ਤੋਂ ਪਹਿਲਾਂ 'ਆਪ' ਨੇ 31 ਅਕਤੂਬਰ ਨੂੰ ਆਪਣੀ ਪਹਿਲੀ ਸੂਚੀ ਜਾਰੀ ਕੀਤੀ ਸੀ, ਜਿਸ ਵਿੱਚ 40 ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਸੀ। ਪਾਰਟੀ ਵੱਲੋਂ ਜਾਰੀ ਪਹਿਲੀ ਸੂਚੀ ਵਿੱਚ ਕਈ ਮੌਜੂਦਾ ਵਿਧਾਇਕਾਂ ਅਤੇ ਸੀਨੀਅਰ ਆਗੂਆਂ 'ਤੇ ਮੁੜ ਭਰੋਸਾ ਜਤਾਇਆ ਗਿਆ ਸੀ। ਉਸ ਸੂਚੀ ਵਿੱਚ ਸਭ ਤੋਂ ਅਹਿਮ ਨਾਂਅ ਮੁੱਖ ਮੰਤਰੀ ਭਗਵੰਤ ਮਾਨ ਦਾ ਸੀ, ਜਿਨ੍ਹਾ ਨੂੰ ਉਨ੍ਹਾ ਦੇ ਮੌਜੂਦਾ ਵਿਧਾਨ ਸਭਾ ਹਲਕੇ ਧੂਰੀ ਤੋਂ ਹੀ ਮੁੜ ਉਮੀਦਵਾਰ ਐਲਾਨਿਆ ਗਿਆ ਸੀ। ਦੂਜੀ ਸੂਚੀ ਜਾਰੀ ਹੋਣ ਨਾਲ ਆਮ ਆਦਮੀ ਪਾਰਟੀ ਨੇ ਹੁਣ ਤੱਕ ਕੁੱਲ 71 ਉਮੀਦਵਾਰਾਂ ਦੇ ਨਾਵਾਂ ਨੂੰ ਅੰਤਮ ਰੂਪ ਦੇ ਦਿੱਤਾ ਹੈ, ਜਿਸ ਨਾਲ ਸੂਬੇ ਵਿੱਚ ਚੋਣ ਮਾਹੌਲ ਪੂਰੀ ਤਰ੍ਹਾਂ ਭਖ ਗਿਆ ਹੈ।

ਉਮੀਦਵਾਰਾਂ ਦੇ ਨਾਂਅ :
ਸੁਜਾਨਪੁਰ - ਸਵਰਨ ਐੱਸ ਸਲਾਰੀਆ, ਗੁਰਦਾਸਪੁਰ-ਰਮਨ ਬਹਿਲ, ਪਠਾਨਕੋਟ-ਰੋਹਿਤ ਸਿਆਲ,

• ਬਾਕੀ ਸਫਾ 2 'ਤੇ

ਕਿਸ਼ਤਵਾੜ 'ਚ ਦੋ ਐੱਸ ਪੀ ਓਜ਼ ਦੀਆਂ ਗੋਲੀਆਂ ਨਾਲ ਛਲਣੀ ਲਾਸ਼ਾਂ ਬਰਾਮਦ

ਜੰਮੂ (ਨਵਾਂ ਜ਼ਮਾਨਾ ਸਰਵਿਸ) : ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ ਵਿੱਚੋਂ ਵੀਰਵਾਰ ਤੜਕੇ ਦੋ ਲਾਪਤਾ ਵਿਸ਼ੇਸ਼ ਪੁਲਸ ਅਧਿਕਾਰੀਆਂ ਦੀਆਂ ਗੋਲੀਆਂ ਨਾਲ ਛਲਣੀ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਹ ਦੋਵੇਂ ਇੱਕ ਦਿਨ ਪਹਿਲਾਂ ਦੂਰ-ਦੁਰਾਡੇ ਦੇ ਇਲਾਕੇ ਡੱਛਣ ਤੋਂ ਲਾਪਤਾ ਹੋ ਗਏ ਸਨ। ਅਧਿਕਾਰੀਆਂ ਨੇ ਦੱਸਿਆ ਕਿ ਮਾਰੇ ਗਏ ਮੁਲਾਜ਼ਮਾਂ ਦੇ ਸਰਵਿਸ ਹਥਿਆਰ ਨਹੀਂ ਮਿਲੇ, ਜਿਸ ਨਾਲ ਇਸ ਘਟਨਾ ਪਿੱਛੇ ਅੱਤਵਾਦੀਆਂ ਦਾ ਹੱਥ ਹੋਣ ਦਾ ਸ਼ੱਕ ਜਤਾਇਆ ਜਾ ਰਿਹਾ ਹੈ। ਮ੍ਰਿਤਕਾਂ ਦੀ ਪਛਾਣ ਬਾਬੀ ਚੰਦ (57) ਅਤੇ ਰਛਪਾਲ ਕੁਮਾਰ (45) ਵਜੋਂ ਹੋਈ ਹੈ। ਉਹ ਡੱਛਣ ਦੇ ਪਿੰਡ ਕਿਆਰ ਵਿਖੇ ਸਥਾਨਕ ਪੁਲਸ ਦੇ ਸਪੈਸ਼ਲ ਅਪਰੇਸ਼ਨ ਗਰੁੱਪ ਵਿੱਚ ਤਾਇਨਾਤ ਸਨ ਅਤੇ ਬੁੱਧਵਾਰ ਨੂੰ ਆਪਣੇ ਕੈਂਪ ਤੋਂ ਧਾਰਨਾ-ਮੜਵਾਹ ਵਿਖੇ ਸਥਿਤ ਫ਼ੌਜ ਦੀ ਚੌਕੀ ਵੱਲ ਜਾਂਦੇ ਸਮੇਂ ਲਾਪਤਾ ਹੋ ਗਏ ਸਨ।

ਭਾਜਪਾ ਦੇ ਗੱਠਜੋੜ ਨੂੰ ਹਰਾਉਣ ਲਈ ਖੱਬੇ-ਜਮਹੂਰੀ-ਸੈਕੂਲਰ ਗੱਠਜੋੜ ਦੀ ਲੋੜ : ਧਾਲੀਵਾਲ

ਸੀ ਪੀ ਆਈ ਪੰਜਾਬ 35 ਤੋਂ 40 ਉਮੀਦਵਾਰ ਉਤਾਰੇਗੀ, ਜੇਲ੍ਹ ਭਰੋ ਅੰਦੋਲਨ ਦੌਰਾਨ 15 ਹਜ਼ਾਰ ਸਾਥੀ ਗ੍ਰਿਫਤਾਰੀਆਂ ਦੇਣਗੇ



ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ) : ਪੰਜਾਬ ਸੀ ਪੀ ਆਈ ਦੀ ਚੰਡੀਗੜ੍ਹ ਵਿਖੇ ਹੋਈ ਸਕੱਤਰੇਤ ਅਤੇ ਕਾਰਜਕਾਰਨੀ ਦੀ ਮੀਟਿੰਗ ਵਿਚ ਪੰਜਾਬ ਵਿਚ ਜਲਦੀ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਅਤੇ ਭਾਰਤ ਪੱਧਰ 'ਤੇ ਸੀ ਪੀ ਆਈ ਵੱਲੋਂ ਦੇਸ਼ ਦੇ ਲੋਕਾਂ ਦੇ ਮੁੱਦੇ ਅਤੇ ਮੁਸ਼ਕਲਾਂ ਨੂੰ ਲੈ ਕੇ ਜੇਲ੍ਹ ਭਰੋ ਅੰਦੋਲਨ ਇਕ ਤੋਂ ਤਿੰਨ ਦਸੰਬਰ ਤੱਕ ਕੀਤੇ ਜਾਣ ਦੀ ਤਿਆਰੀ ਅਤੇ ਚੁਣਾਵੀ ਰਣਨੀਤੀ 'ਤੇ ਵਿਸਥਾਰਪੂਰਵਕ ਚਰਚਾ ਕਰਨ ਉਪਰੰਤ ਲਏ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਪੰਜਾਬ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਪਾਰਟੀ ਦੀਆਂ ਦੋਵੇਂ ਮੀਟਿੰਗਾਂ ਵਿਚ ਵਿਚਾਰ-ਵਟਾਂਦਰਾ ਕਰਕੇ ਫੈਸਲਾ ਲਿਆ ਗਿਆ ਕਿ ਸੀ ਪੀ ਆਈ ਪੰਜਾਬ ਅਸੰਬਲੀ ਚੋਣਾਂ 2027 ਵਿਚ 35 ਤੋਂ 40 ਉਮੀਦਵਾਰਾਂ ਨੂੰ ਚੋਣ ਮੈਦਾਨ ਵਿਚ ਉਤਾਰੇਗੀ। ਪਾਰਟੀ ਮੀਟਿੰਗਾਂ ਨੇ ਇਹ ਵੀ ਪਾਸ ਕੀਤਾ ਕਿ ਪਾਰਟੀ ਹਰ ਸੰਭਵ ਯਤਨ ਕਰੇਗੀ ਕਿ ਖੱਬੀਆਂ ਪਾਰਟੀਆਂ ਨਾਲ ਆਪਸੀ ਤਾਲਮੇਲ ਕਰਕੇ ਵੱਧ ਤੋਂ ਵੱਧ ਸੀਟਾਂ 'ਤੇ ਚੋਣ ਲੜੀ ਜਾਵੇ। ਪਾਰਟੀ ਨੇ ਚੁਣਾਵੀ ਗਠਜੋੜਾਂ ਦੀ ਅਹਿਮ ਲੋੜ ਨੂੰ ਸਾਹਮਣੇ ਰੱਖਦਿਆਂ ਇਹ ਵੀ ਨੋਟ ਕੀਤਾ ਕਿ ਪੰਜਾਬ ਵਿਚ ਜੋ ਭਾਜਪਾ ਦਲਬਦਲੀ ਕਰਵਾ ਕੇ ਜਾਂ ਆਪਣੀਆਂ ਏਜੰਸੀਆਂ ਰਾਹੀਂ ਅਕਾਲੀ ਦਲ ਵਿਚ ਫੁੱਟ ਪੁਆ ਕੇ ਅਤੇ ਅਕਾਲੀ ਦਲ ਦੀਆਂ ਕਮਜ਼ੋਰੀਆਂ ਨੂੰ ਵਰਤ ਕੇ ਉਹਨਾਂ ਨਾਲ ਵੱਧ ਤੋਂ ਵੱਧ ਸੀਟਾਂ ਲੈ ਕੇ ਸਮਝੌਤਾ ਕਰਨ ਲਈ ਅਕਾਲੀ ਦਲ ਨੂੰ ਆਪਣੀਆਂ ਸ਼ਰਤਾਂ 'ਤੇ ਮਜਬੂਰ ਕਰ ਰਹੀ ਹੈ। ਸੰਭਾਵਨਾ ਹੈ ਕਿ ਅਕਾਲੀ ਦਲ- ਭਾਜਪਾ ਚੋਣ ਸਮਝੌਤਾ ਹੋਏਗਾ ਅਤੇ ਭਾਜਪਾ ਪੰਜਾਬ ਵਿਚ ਆਪਣੇ ਪੈਰ ਜਮਾਉਣਾ ਚਾਹੁੰਦੀ ਹੈ, ਪਰ ਸਾਡੀ ਪਾਰਟੀ ਦੀ ਪੁਰਜ਼ੋਰ ਕੋਸ਼ਿਸ਼ ਹੈ ਕਿ ਖੱਬੀਆਂ ਪਾਰਟੀਆਂ ਅਤੇ ਜਮਹੂਰੀਅਤ ਅਤੇ ਸੈਕੂਲਰਿਜ਼ਮ ਨੂੰ ਪ੍ਰਣਾਈਆਂ ਸਿਆਸੀ ਧਿਰਾਂ ਕੋਈ ਚੁਣਾਵੀ ਗਠਜੋੜ ਬਣਾ ਕੇ ਚੋਣ ਮੈਦਾਨ ਵਿਚ ਆਉਣ ਤਾਂ ਕਿ ਭਾਜਪਾ ਵਰਗੀ ਫਿਰਕਾਪ੍ਰਸਤੀ, ਤਾਨਾਸ਼ਾਹੀ, ਸੰਵਿਧਾਨਕ ਸੰਸਥਾਵਾਂ ਨੂੰ ਖਤਮ ਕਰਨ ਅਤੇ ਕਾਰਪੋਰੇਟਾਂ ਹੱਥੋਂ ਦੇਸ਼ ਨੂੰ ਲੁੱਟਣ ਦੀ ਖੁੱਲ੍ਹ ਦੇਣ ਵਾਲੀ ਪਾਰਟੀ ਦੇ ਕਿਸੇ ਸੰਭਾਵੀ ਗੱਠਜੋੜ ਨੂੰ ਪੰਜਾਬ ਚੋਣਾਂ ਵਿਚ ਜ਼ਬਰਦਸਤ ਹਾਰ ਦੇ ਕੇ ਦੇਸ਼ ਵਾਸੀਆਂ ਨੂੰ ਇਕ ਉਤਸ਼ਾਹੀ ਸੁਨੇਹਾ ਦਿੱਤਾ ਜਾਵੇ। ਪਾਰਟੀ ਵੱਲੋਂ ਪੰਜਾਬ ਦੇ ਮੁੱਖ ਮੁੱਦੇ, ਜਿਵੇਂ ਪਾਣੀਆਂ ਦਾ ਮਸਲਾ, ਚੰਡੀਗੜ੍ਹ ਪੰਜਾਬ ਨੂੰ ਦੇਣਾ, ਪੰਜਾਬੀ ਭਾਸ਼ਾ, ਬੀ ਬੀ ਐੱਮ ਬੀ ਵਿਚੋਂ ਪੰਜਾਬ ਦੀ ਨੁਮਾਇੰਦਗੀ ਬਹਾਲ ਕਰਾਉਣਾ, ਨਸ਼ਿਆਂ ਦਾ ਪ੍ਰਕੋਪ, ਬੇਰੁਜ਼ਗਾਰੀ, ਕਿਸਾਨਾਂ, ਮਜ਼ਦੂਰਾਂ ਦੀ ਕਰਜ਼ਾ ਮੁਆਫੀ, ਸਿਹਤ ਅਤੇ ਵਿੱਦਿਆ ਮਿਆਰੀ ਅਤੇ ਸਸਤੀ ਹੋਵੇ, ਮਹਿੰਗਾਈ, ਮੁਲਾਜ਼ਮ, ਮਜ਼ਦੂਰਾਂ ਦੇ ਮਸਲੇ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਅਮਨ ਕਾਨੂੰਨ, ਭਾਈਚਾਰਕ ਸਾਂਝ ਮਜ਼ਬੂਤ ਕਰਨਾ ਆਦਿ ਨੂੰ ਚੋਣਾਂ ਵਿਚ ਉਭਾਰਿਆ ਜਾਵੇਗਾ। ਕਾਰਜਕਾਰਨੀ ਦੀ ਮੀਟਿੰਗ ਵਿਚ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਜੇਲ੍ਹ ਭਰੋ ਅੰਦੋਲਨ ਦੀਆਂ

• ਬਾਕੀ ਸਫਾ 2 'ਤੇ

'ਜਵਾਨੀ ਸੰਭਾਲ' ਸਾਈਕਲ ਯਾਤਰਾ 'ਤੇ ਨਿਕਲੇ ਚੰਨੀ



ਚੰਡੀਗੜ੍ਹ (ਸੁਰਜੀਤ ਸੁਮਨ): ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਨੇ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਵੀਰਵਾਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਗ੍ਰਹਿ ਹਲਕੇ ਚਮਕੌਰ ਸਾਹਿਬ ਤੋਂ ਕਾਂਗਰਸ ਦੀ 'ਜਵਾਨੀ ਸੰਭਾਲ' ਸਾਈਕਲ ਯਾਤਰਾ ਦਾ ਰਸਮੀ ਆਗਾਜ਼ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸਾਈਕਲਾਂ, ਕਾਂਗਰਸੀ ਝੰਡਿਆਂ ਅਤੇ ਪਾਰਟੀ ਵਰਕਰਾਂ ਦੇ ਇਕੱਠ ਨੇ ਪਾਰਟੀ ਦੀ ਤਾਕਤ ਦਾ ਪ੍ਰਦਰਸ਼ਨ ਕੀਤਾ। ਇਸ ਯਾਤਰਾ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਸਾਹਮਣੇ ਲਿਆਉਣਾ ਹੈ। ਇਸ ਨੂੰ ਚਰਨਜੀਤ ਸਿੰਘ ਚੰਨੀ ਵੱਲੋਂ ਪੰਜਾਬ ਦੇ ਨੌਜਵਾਨਾਂ ਨਾਲ ਜੁੜਨ ਦੀ ਇੱਕ ਵੱਡੀ ਪਹਿਲ ਵਜੋਂ ਦੇਖਿਆ ਜਾ ਰਿਹਾ ਹੈ। ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨੇ ਸੀਨੀਅਰ ਆਗੂਆਂ ਦੀ ਮੌਜੂਦਗੀ ਵਿੱਚ ਸਾਈਕਲ ਯਾਤਰਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ, ਰਾਣਾ ਗੁਰਜੀਤ ਸਿੰਘ ਅਤੇ ਵਿਜੇ ਇੰਦਰ ਸਿੰਗਲਾ ਸਮੇਤ ਕਈ ਹੋਰ ਸੀਨੀਅਰ ਆਗੂ ਮੌਜੂਦ ਸਨ। ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਚਰਨਜੀਤ ਸਿੰਘ ਚੰਨੀ ਨੇ ਗੁਰਦੁਆਰਾ ਕਤਲਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ। ਰੈਲੀ ਲਈ ਵੱਡੇ ਪੱਧਰ 'ਤੇ ਪ੍ਰਬੰਧ ਕੀਤੇ ਗਏ ਸਨ ਅਤੇ ਸਥਾਨਕ ਆਗੂਆਂ ਵੱਲੋਂ ਵੱਖ-ਵੱਖ ਜਥਿਆਂ ਦੇ ਰੂਪ ਵਿੱਚ ਸਮਰਥਕਾਂ ਨੂੰ ਇਕੱਠਾ ਕੀਤਾ ਗਿਆ। ਲੋਕਾਂ ਦੀ ਭੀੜ ਇਕੱਠੀ ਕਰਨ ਲਈ

• ਬਾਕੀ ਸਫਾ 2 'ਤੇ

ਸੁਖਬੀਰ ਨੂੰ ਸ਼ਾਹ ਨੇ ਦਿੱਲੀ ਸੱਦਿਆ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ 13 ਨਵੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਿੱਲੀ ਬੁਲਾ ਲਿਆ ਹੈ। ਇਸ ਮੀਟਿੰਗ ਵਿਚ ਸੰਭਾਵੀ ਚੋਣ ਗੱਠਜੋੜ ਬਾਰੇ ਚਰਚਾ ਹੋਵੇਗੀ। ਸੂਤਰਾਂ ਅਨੁਸਾਰ ਮੀਟਿੰਗ ਵਿਚ ਕਿਹੜੀ ਪਾਰਟੀ ਕਿੰਨੀਆਂ ਸੀਟਾਂ 'ਤੇ ਚੋਣ ਲੜੇਗੀ, ਇਸ ਸੰਬੰਧੀ ਖੁੱਲ੍ਹ ਕੇ ਵਿਚਾਰ-ਵਟਾਂਦਰਾ ਹੋਵੇਗਾ। ਭਾਰਤੀ ਜਨਤਾ ਪਾਰਟੀ ਬਹੁਤ ਵਾਰ ਸਪੱਸ਼ਟ ਕਰ ਚੁੱਕੀ ਹੈ ਕਿ ਜੇਕਰ ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਹੁੰਦਾ ਹੈ ਤਾਂ ਇਸ ਵਾਰ ਉਸ ਦੀ ਭੂਮਿਕਾ ਛੋਟੇ ਭਰਾ ਵਾਲੀ ਨਹੀਂ ਹੋਵੇਗੀ। ਇਸ ਲਈ ਸੁਖਬੀਰ ਸਿੰਘ ਬਾਦਲ ਲਈ ਭਾਜਪਾ ਨਾਲ ਗਠਜੋੜ ਸਿਰੇ ਚਾੜ੍ਹਨ ਦਾ ਕੰਮ ਆਸਾਨ ਨਹੀਂ ਹੋਵੇਗਾ। ਭਾਜਪਾ ਨੂੰ ਵਧੇਰੇ ਸੀਟਾਂ ਦੇਣ ਕਾਰਨ ਪਾਰਟੀ ਵਿਚ ਵੱਡੀ ਪੱਧਰ 'ਤੇ ਬਗਾਵਤ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਫਿਲਹਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਦੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਵਾਪਸੀ ਟਲ ਗਈ ਹੈ। ਬੀਬੀ ਜਗੀਰ ਕੌਰ ਦੇ ਗ੍ਰਹਿ ਬੇਗੋਵਾਲ ਵਿਖੇ 13 ਨਵੰਬਰ ਨੂੰ ਵੱਡਾ ਸਮਾਗਮ ਰੱਖਿਆ ਗਿਆ ਸੀ।

ਜਵਾਨ ਨੇ ਅਮਰੀਕੀ ਰੱਖਿਆ ਮੰਤਰੀ ਨੂੰ ਝਾੜਿਆ !

ਵਾਸ਼ਿੰਗਟਨ : ਅਮਰੀਕੀ ਰੱਖਿਆ ਮੰਤਰੀ ਪੀਟ ਹੈਗਸੇਥ ਨੂੰ ਬੁੱਧਵਾਰ ਆਰਲਿੰਗਟਨ ਕੌਮੀ ਮਕਬਰੇ ਵਿਖੇ ਇੱਕ ਜਵਾਨ ਨੇ ਝਿੜਕ ਦਿੱਤਾ। ਹੈਗਸੇਥ ਆਪਣੀ ਪਤਨੀ ਅਤੇ ਸਲਾਹਕਾਰਾਂ ਨਾਲ ਅਣਜਾਣ ਜਵਾਨਾਂ ਦੇ ਮਕਬਰੇ ਦੇ ਸਾਹਮਣੇ ਫੋਟੋਆਂ ਖਿਚਵਾ ਰਿਹਾ ਸੀ। ਇਸ ਦੌਰਾਨ ਇੱਕ ਔਰਤ ਹੱਸਣ ਲੱਗ ਪਈ। ਇਸ 'ਤੇ ਮਕਬਰੇ ਦੀ ਰਾਖੀ ਕਰ ਰਹੇ ਜਵਾਨ ਨੇ ਸਾਰਿਆਂ ਨੂੰ ਸ਼ਾਂਤ ਰਹਿਣ ਅਤੇ ਸ਼ਹੀਦਾਂ ਪ੍ਰਤੀ ਸਤਿਕਾਰ ਦਿਖਾਉਣ ਲਈ ਕਿਹਾ। ਰੱਖਿਆ ਮੰਤਰਾਲੇ ਦੇ ਮੁੱਖ ਬੁਲਾਰੇ ਸੀਨ ਪਾਰਨੇਲ ਨੇ ਜਵਾਨ ਦਾ ਪੱਖ ਪੂਰਦਿਆਂ ਕਿਹਾ ਕਿ ਉਸ ਨੇ ਆਪਣੀ ਡਿਊਟੀ ਸਹੀ ਢੰਗ ਨਾਲ ਨਿਭਾਈ।

ਮਹਿੰਗਾਈ ਹੱਦ ਟੱਪੀ

ਨਵੀਂ ਦਿੱਲੀ : ਭਾਰਤ ਵਿੱਚ ਪ੍ਰਚੂਨ ਮਹਿੰਗਾਈ ਲਗਾਤਾਰ 12ਵੇਂ ਮਹੀਨੇ ਵਧੀ ਹੈ। ਇਹ ਸਤੰਬਰ ਵਿੱਚ 5.54 ਫੀਸਦੀ ਸੀ ਅਤੇ ਅਕਤੂਬਰ ਵਿੱਚ 0.55 ਫੀਸਦੀ ਵਧ ਕੇ 6.09 ਫੀਸਦੀ ਹੋ ਗਈ। ਡੇਅਰੀ ਉਤਪਾਦਾਂ ਅਤੇ ਪਿਆਜ਼ ਤੇ ਲਸਣ ਵਰਗੀਆਂ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੀਆਂ ਵਧਦੀਆਂ ਕੀਮਤਾਂ ਨੇ ਮਹਿੰਗਾਈ ਵਿੱਚ ਵਾਧਾ ਕੀਤਾ ਹੈ। ਪ੍ਰਚੂਨ ਮਹਿੰਗਾਈ ਭਾਰਤੀ ਰਿਜ਼ਰਵ ਬੈਂਕ ਦੀ ਉਪਰਲੀ ਸੀਮਾ ਨੂੰ ਪਾਰ ਕਰ ਗਈ ਹੈ। ਬੈਂਕ ਚਾਹੁੰਦੀ ਹੈ ਕਿ ਮਹਿੰਗਾਈ 4 ਫੀਸਦੀ ਦੇ ਆਸ-ਪਾਸ ਰਹੇ। ਉਸ ਨੇ ਉਪਰਲੀ ਸੀਮਾ 6 ਫੀਸਦੀ ਨਿਰਧਾਰਤ ਕੀਤੀ ਹੈ।

ਜਦੋਂ ਬਾਂਦਰ ਨੇ ਕੀਤੀ ਨੋਟਾਂ ਦੀ ਬਾਰਿਸ਼

ਸ਼ਿਮਲਾ : ਇੱਥੇ ਡੀ ਸੀ ਦਫ਼ਤਰ ਕੰਪਲੈਕਸ ਵਿੱਚ ਦਿਲਚਸਪ ਮਾਮਲਾ ਸਾਹਮਣੇ ਆਇਆ ਜਦੋਂ ਬਾਂਦਰ ਨੇ ਫੁਰਤੀ ਵਿਖਾਉਂਦਿਆਂ ਬੈਂਕ ਵਿੱਚ ਪੈਸੇ ਜਮ੍ਹਾਂ ਕਰਵਾਉਣ ਜਾ ਰਹੇ ਇੱਕ ਵਿਅਕਤੀ ਦੀ ਜੇਬ ਵਿੱਚੋਂ 81,800 ਰੁਪਏ ਦੀ ਗੱਟੀ ਕੱਢ ਲਈ ਅਤੇ ਸਿੱਧਾ ਦਰੱਖਤ 'ਤੇ ਜਾ ਚੜ੍ਹਿਆ। ਇਸ ਤੋਂ ਬਾਅਦ ਬਾਂਦਰ ਨੇ ਦਰੱਖਤ 'ਤੇ ਬੈਠ ਕੇ ਪੈਕੇਟ ਵਿੱਚੋਂ ਨੋਟ ਕੱਢ ਕੇ ਹੇਠਾਂ ਸੁੱਟਣੇ ਸ਼ੁਰੂ ਕਰ ਦਿੱਤੇ, ਜਿਸ ਨਾਲ ਉੱਥੇ ਨੋਟਾਂ ਦੀ ਬਾਰਿਸ਼ ਹੋ ਗਈ। ਕੁਝ ਹੀ ਮਿੰਟਾਂ ਵਿੱਚ ਦਰੱਖਤ ਹੇਠਾਂ ਹਜ਼ਾਰਾਂ ਰੁਪਏ ਦੇ ਨੋਟ ਖਿੱਲਰ ਗਏ। ਉਥੇ ਮੌਜੂਦ ਕਰਮਚਾਰੀ ਅਤੇ ਹੋਰ ਲੋਕ ਮਦਦ ਲਈ ਅੱਗੇ ਆਏ। ਸਾਰਿਆਂ ਨੇ ਮਿਲ ਕੇ ਦਰੱਖਤ ਦੇ ਆਲੇ-ਦੁਆਲੇ ਖਿੱਲਰੇ ਨੋਟ ਇਕੱਠੇ ਕੀਤੇ। ਕਾਫ਼ੀ ਮੁਸ਼ੱਕਤ ਤੋਂ ਬਾਅਦ ਜ਼ਿਆਦਾਤਰ ਰਕਮ ਇਕੱਠੀ ਕਰ ਲਈ ਗਈ । ਪੈਸਿਆਂ ਦੇ ਮਾਲਕ ਅਨੁਸਾਰ ਕਰੀਬ 1,500 ਰੁਪਏ ਨਹੀਂ ਮਿਲੇ। ਇਸ ਤੋਂ ਇਲਾਵਾ ਬਾਂਦਰ ਨੇ 500 ਰੁਪਏ ਦੇ ਕੁਝ ਨੋਟ ਪਾੜ ਕੇ ਨੁਕਸਾਨ ਪਹੁੰਚਾਇਆ।

ਫ਼ਾਸ਼ੀਵਾਦੀ ਤਾਕਤਾਂ ਦਾ ਟਾਕਰਾ ਕਰਨ ਲਈ ਖੱਬੀਆਂ ਧਿਰਾਂ ਦਾ ਲਾਮਬੰਦ ਹੋਣਾ ਸਮੇਂ ਦੀ ਲੋੜ : ਅਰਸ਼ੀ



ਚੇਤਨਪੁਰਾ (ਸੁਖਵੰਤ ਚੇਤਨਪੁਰੀ) : ਦੇਸ਼ ਵਿੱਚ ਭਾਜਪਾ ਵਰਗੀਆਂ ਫਾਸ਼ੀਵਾਦੀ ਸ਼ਕਤੀਆਂ ਨੂੰ ਭਾਂਜ ਦੇਣ ਲਈ ਖੱਬੀਆਂ ਧਿਰਾਂ ਦਾ ਲਾਮਬੰਦ ਹੋਣਾ ਸਮੇਂ ਦੀ ਲੋੜ ਹੈ। ਇਹ ਸ਼ਬਦ ਸੀ ਪੀ ਆਈ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਵੀਰਵਾਰ ਉੱਘੇ ਕਮਿਊਨਿਸਟ ਨੇਤਾ ਅਤੇ ਕਮਿਊਨਿਸਟ ਪਾਰਟੀ ਦੇ ਬਾਨੀਆਂ ਵਿੱਚੋਂ ਇੱਕ ਕਾਮਰੇਡ ਸੋਹਣ ਸਿੰਘ ਜੋਸ਼ ਦੇ ਜਨਮ ਦਿਨ ਮੌਕੇ ਉਨ੍ਹਾ ਦੇ ਜੱਦੀ ਪਿੰਡ ਚੇਤਨਪੁਰਾ ਵਿਖੇ ਇੱਕ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਹੇ। ਉਹਨਾ ਕਿਹਾ ਕਿ ਦੇਸ਼ ਵਿੱਚ ਵੰਡੀਆਂ ਪਾਉਣ ਵਾਲੀ ਭਾਰਤੀ ਜਨਤਾ ਪਾਰਟੀ ਨੂੰ ਸੱਤਾ ਤੋਂ ਲਾਹੁਣ ਵਾਸਤੇ ਖੱਬੀਆਂ ਤਾਕਤਾਂ ਦਾ ਇਕੱਠੇ ਹੋਣਾ ਜ਼ਰੂਰੀ ਹੈ। ਉਹਨਾ ਦੇਸ਼ ਅੰਦਰ ਵੋਟਾਂ ਦੀ ਸੁਧਾਈ ਦੇ ਨਾਂਅ 'ਤੇ ਆਮ ਲੋਕਾਂ ਦੀਆਂ ਵੋਟਾਂ ਕੱਟੇ ਜਾਣ ਦੇ ਮੁੱਦੇ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਭੂਮਿਕਾ 'ਤੇ ਗੰਭੀਰ ਸਵਾਲ ਉਠਾਏ। ਉਹਨਾ ਕਿਹਾ ਕਿ ਅਧਿਕਾਰਾਂ ਦੀ ਰਾਖੀ ਕਰਨਾ ਚੋਣ ਕਮਿਸ਼ਨ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ। ਉਹਨਾ ਦੋਸ਼ ਲਾਇਆ ਕਿ ਚੋਣ ਕਮਿਸ਼ਨ ਸੱਤਾਧਾਰੀ ਭਾਜਪਾ ਅਤੇ ਆਰ ਐੱਸ ਐੱਸ ਦੇ ਪ੍ਰਭਾਵ ਹੇਠ ਕੰਮ ਕਰ ਰਿਹਾ ਹੈ ਅਤੇ ਵੋਟ ਦੇ ਜਮਹੂਰੀ ਅਧਿਕਾਰ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾ ਵੱਲੋਂ ਦੇਸ਼ ਦੇ 13 ਕਰੋੜ ਲੋਕਾਂ ਦੀਆਂ ਵੋਟਾਂ ਕੱਟੇ ਜਾਣ ਦੇ ਦੋਸ਼ਾਂ ਦਾ ਹਵਾਲਾ ਦਿੰਦਿਆਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਅਤੇ ਉਨ੍ਹਾ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਗਈ।

ਕਾਮਰੇਡ ਅਰਸ਼ੀ ਨੇ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਮਾਨਸਾ ਜ਼ਿਲ੍ਹੇ ਦੇ ਨੌਜਵਾਨ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾ ਦੋਸ਼ ਲਾਇਆ ਕਿ ਇਸ ਘਟਨਾ ਪਿੱਛੇ ਨਸ਼ਾ ਵੇਚਣ ਵਾਲੇ ਮੈਡੀਕਲ ਸਟੋਰ ਦੇ ਮਾਲਕ ਦੀ ਭੂਮਿਕਾ ਹੈ। ਉਨ੍ਹਾ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਸਤੀਫ਼ੇ ਅਤੇ ਪੰਜਾਬ ਪੁਲਸ ਦੇ ਡੀ ਜੀ ਪੀ ਨੂੰ ਤੁਰੰਤ ਬਰਖ਼ਾਸਤ ਕਰਨ ਦੀ ਮੰਗ ਕੀਤੀ। ਇਸ ਮੌਕੇ ਸੀ ਪੀ ਆਈ ਵੱਲੋਂ ਲਖਬੀਰ ਸਿੰਘ ਨਿਜ਼ਾਮਪੁਰਾ ਨੇ ਡਾਕਟਰ ਪਰਮਜੀਤ ਸਿੰਘ ਜੋਸ਼ ਅਤੇ ਹਰਦੇਵ ਅਰਸ਼ੀ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

ਕਾਨਫਰੰਸ ਨੂੰ ਲਖਬੀਰ ਸਿੰਘ ਨਿਜ਼ਾਮਪੁਰਾ, ਨਰਿੰਦਰ ਬੱਲ, ਮੰਗਲ ਸਿੰਘ ਖੁਜਾਲਾ, ਗੁਰਮੁਖ ਸਿੰਘ ਸ਼ੇਰਗਿੱਲ, ਜੋਗਿੰਦਰ ਸਿੰਘ ਗੋਪਾਲਪੁਰਾ, ਸੁਖਦੇਵ ਸਿੰਘ ਜਗਦੇਵ ਕਲਾਂ, ਜਗਜੀਤ ਸਿੰਘ ਅਲੂਣਾ, ਟਹਿਲ ਸਿੰਘ ਚੇਤਨਪੁਰਾ, ਪਰਮਜੀਤ ਸਿੰਘ ਜੋਸ਼, ਚਰਨਜੀਤ ਸਿੰਘ ਜੋਸ਼, ਬਲਵਿੰਦਰ ਦੁਧਾਲਾ, ਬਲਕਾਰ ਦੁਧਾਲਾ, ਮਨਜੀਤ ਬਾਸਰਕੇ, ਸ਼ਰਨਜੀਤ ਕੌਰ, ਪ੍ਰਿੰਸੀਪਲ ਬਲਦੇਵ ਸਿੰਘ ਲੁਹਾਰਕਾ, ਅਮਰੀਕ ਸਿੰਘ ਸੰਗਤਪੁਰਾ, ਰਤਨ ਸਿੰਘ ਪੱਡਾ, ਹਰਜੀਤ ਸਿੰਘ ਨਿਜ਼ਾਮਪੁਰਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ ਗਿੱਲ, ਪਟਵਾਰੀ ਮਨਜੀਤ ਸਿੰਘ ਚੇਤਨਪੁਰਾ, ਬਲਕਾਰ ਸਿੰਘ ਦੋਧੀ, ਗੁਲਜ਼ਾਰ ਸਿੰਘ ਦੋਧੀ ਤੇ ਜਸਵੰਤ ਸਿੰਘ ਚੇਤਨਪੁਰਾ ਆਦਿ ਹਾਜ਼ਰ ਸਨ।

ਸਾਬਕਾ ਐੱਸ ਐੱਸ ਪੀ ਰੰਧਾਵਾ ਨੂੰ 5 ਸਾਲ ਕੈਦ



ਮੁਹਾਲੀ (ਨਵਾਂ ਜ਼ਮਾਨਾ ਸਰਵਿਸ) : ਮੁਹਾਲੀ ਵਿਖੇ ਸੀ ਬੀ ਆਈ ਦੀ ਵਿਸ਼ੇਸ਼ ਅਦਾਲਤ ਨੇ 1992 ਵਿੱਚ ਟਰਾਂਸਪੋਰਟਰ ਅਮਰੀਕ ਸਿੰਘ ਸਾਕਰੀ ਨੂੰ ਅਗਵਾ ਕਰਨ ਅਤੇ ਲਾਪਤਾ ਕਰਨ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਸਾਬਕਾ ਐੱਸ ਐੱਸ ਪੀ ਗੁਰਮੀਤ ਸਿੰਘ ਰੰਧਾਵਾ ਨੂੰ ਪੰਜ ਸਾਲ ਦੀ ਕੈਦ ਅਤੇ ਪੰਜਾਹ ਹਜ਼ਾਰ ਰੁਪਏ ਜੁਰਮਾਨਾ ਕੀਤਾ ਹੈ। ਇੱਕ ਹੋਰ ਧਾਰਾ ਵਿੱਚ ਉਸ ਨੂੰ ਦੋ ਸਾਲ ਦੀ ਕੈਦ ਅਤੇ 25 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਹੈ। ਦੋਵੇਂ ਸਜ਼ਾਵਾਂ ਨਾਲ-ਨਾਲ ਚੱਲਣਗੀਆਂ। ਮੁਹਾਲੀ ਦੀ ਵਿਸ਼ੇਸ਼ ਸੀ ਬੀ ਆਈ ਅਦਾਲਤ ਨੇ ਟਰਾਂਸਪੋਰਟਰ ਅਮਰੀਕ ਸਿੰਘ ਸਾਕਰੀ ਨੂੰ ਲੁਧਿਆਣਾ 'ਚ ਵਿਆਹ ਸਮਾਗਮ 'ਚੋਂ ਅਗਵਾ ਅਤੇ ਲਾਪਤਾ ਕਰਨ ਦੇ 34 ਸਾਲ ਪੁਰਾਣੇ ਬਹੁ-ਚਰਚਿਤ ਮਾਮਲੇ ਵਿੱਚ ਬੁੱਧਵਾਰ ਨੂੰ ਸਾਬਕਾ ਐੱਸ ਐੱਸ ਪੀ ਗੁਰਮੀਤ ਸਿੰਘ ਰੰਧਾਵਾ ਨੂੰ ਦੋਸ਼ੀ ਕਰਾਰ ਦਿੱਤਾ ਸੀ।

ਚੰਦਰ ਸ਼ੇਖਰ ਆਜ਼ਾਦ ਤੇ ਓਵੈਸੀ ਵੱਲੋਂ ਚੋਣ ਗੱਠਜੋੜ ਦਾ ਐਲਾਨ

ਲਖਨਊ : ਏ ਆਈ ਐੱਮ ਆਈ ਐੱਮ ਨਾਲ ਚੋਣ ਸਮਝੌਤੇ ਤੋਂ ਬਾਅਦ ਆਜ਼ਾਦ ਨੇ ਭਾਜਪਾ ਦੇ 'ਬੀ ਟੀਮ' ਟੈਗ ਨੂੰ ਰੱਦ ਕਰ ਦਿੱਤਾ ਤੇ ਉਨ੍ਹਾ ਵਿਰੋਧੀ ਧਿਰ ਦੇ ਦੋਹਰੇ ਮਾਪਦੰਡਾਂ 'ਤੇ ਸਵਾਲ ਉਠਾਏ । ਉਨ੍ਹਾ ਕਿਹਾ ਕਿ ਕਾਂਗਰਸ ਅਤੇ 'ਆਪ' ਨੇ 2024 ਦੀਆਂ ਲੋਕ ਸਭਾ ਚੋਣਾਂ ਦਿੱਲੀ ਵਿੱਚ ਇੰਡੀਆ ਬਲਾਕ ਦੇ ਹਿੱਸੇ ਵਜੋਂ ਇਕੱਠੇ ਲੜੀਆਂ ਸਨ, ਕੀ 'ਆਪ' ਉਦੋਂ ਭਾਜਪਾ ਦੀ 'ਬੀ ਟੀਮ' ਸੀ । ਏ ਆਈ ਐੱਮ ਆਈ ਐੱਮ ਮੁਖੀ ਅਸਦੁਦੀਨ ਓਵੈਸੀ ਅਤੇ ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਦੇ ਰਾਸ਼ਟਰੀ ਪ੍ਰਧਾਨ ਚੰਦਰ ਸ਼ੇਖਰ ਆਜ਼ਾਦ ਨੇ ਵੀਰਵਾਰ ਲਖਨਊ ਵਿੱਚ ਪ੍ਰੈੱਸ ਕਾਨਫਰੰਸ 'ਚ ਉਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਸਾਂਝੇ ਤੌਰ 'ਤੇ ਲੜਨ ਲਈ 'ਸਮਾਜਿਕ ਪਰਿਵਰਤਨ ਮੋਰਚਾ' ਦੇ ਗਠਨ ਦਾ ਐਲਾਨ ਕੀਤਾ। ਆਜ਼ਾਦ ਨੇ ਕਿਹਾ ਕਿ ਉਨ੍ਹਾ ਦੀ ਪਾਰਟੀ ਆਪਣੇ ਲੋਕਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਚੋਣਾਂ ਲੜ ਰਹੀ ਹੈ। ਉਨ੍ਹਾ ਦੋਸ਼ ਲਗਾਇਆ ਕਿ ਜਦੋਂ ਹਾਸ਼ੀਏ 'ਤੇ ਧੱਕੇ ਗਏ ਭਾਈਚਾਰਿਆਂ ਦੇ ਮੈਂਬਰਾਂ ਨੂੰ ਹਿੰਸਾ ਜਾਂ ਬੇਇਨਸਾਫ਼ੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਦੂਜੀਆਂ ਪਾਰਟੀਆਂ ਅਕਸਰ ਚੁੱਪ ਰਹਿੰਦੀਆਂ ਹਨ। ਓਵੈਸੀ ਨੇ ਐਲਾਨ ਕੀਤਾ ਕਿ ਆਜ਼ਾਦ ਉਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਲਈ ਨਵੇਂ ਬਣੇ ਸਮਾਜਿਕ ਪਰਿਵਰਤਨ ਮੋਰਚੇ ਦਾ ਮੁੱਖ ਮੰਤਰੀ ਚਿਹਰਾ ਹੋਵੇਗਾ।

ਕੇਜਰੀਵਾਲ ਤੇ ਉਸ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ) : ਪੰਜਾਬ ਪੁਲਸ ਨੇ ਦਿੱਲੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਰਨੈਲ ਸਿੰਘ ਦੀ ਸ਼ਿਕਾਇਤ 'ਤੇ ਪਾਰਟੀ ਆਗੂ ਅਰਵਿੰਦ ਕੇਜਰੀਵਾਲ ਅਤੇ ਉਨ੍ਹਾ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ ਭਰਿਆ ਸੁਨੇਹਾ ਮਿਲਣ ਅਤੇ 7 ਕਰੋੜ ਰੁਪਏ ਦੀ ਫਿਰੌਤੀ ਮੰਗੇ ਜਾਣ ਦੇ ਮਾਮਲੇ 'ਚ ਕੇਸ ਦਰਜ ਕੀਤਾ ਹੈ। ਅਣਪਛਾਤੇ ਵਿਅਕਤੀ ਨੇ ਆਪਣੇ ਆਪ ਨੂੰ ਲਾਰੈਂਸ ਬਿਸ਼ਨੋਈ ਗੈਂਗ ਦਾ ਮੈਂਬਰ ਦੱਸਦਿਆਂ 7 ਕਰੋੜ ਰੁਪਏ ਦੀ ਮੰਗ ਕੀਤੀ ਅਤੇ ਪੈਸੇ ਨਾ ਦੇਣ ਦੀ ਸੂਰਤ ਵਿਚ ਕੇਜਰੀਵਾਲ ਅਤੇ ਉਨ੍ਹਾ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ। ਪੁਲਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ 6 ਨਵੰਬਰ ਨੂੰ ਵਿਧਾਇਕ ਜਰਨੈਲ ਸਿੰਘ ਦੇ ਮੋਬਾਇਲ ਫੋਨ 'ਤੇ ਧਮਕੀ ਭਰੀ ਕਾਲ ਆਈ ਅਤੇ ਵਟਸਐਪ 'ਤੇ ਸੁਨੇਹਾ ਵੀ ਭੇਜਿਆ ਗਿਆ।

ਗੁਰਦੁਆਰੇ ਬਾਹਰ ਆਤਿਸ਼ਬਾਜ਼ੀ, ਕਈ ਨੌਜਵਾਨ ਗ੍ਰਿਫ਼ਤਾਰ

ਨਿਊ ਯਾਰਕ (ਨਵਾਂ ਜ਼ਮਾਨਾ ਸਰਵਿਸ) : ਨਿਊ ਯਾਰਕ ਦੇ ਰਿਚਮੰਡ ਹਿੱਲ ਸਥਿਤ ਸਿੱਖ ਕਲਚਰਲ ਸੁਸਾਇਟੀ ਗੁਰਦੁਆਰੇ ਵਿੱਚ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਜਸ਼ਨ ਉਸ ਸਮੇਂ ਸਵਾਲਾਂ ਦੇ ਘੇਰੇ ਵਿੱਚ ਆ ਗਏ, ਜਦੋਂ ਉਥੇ ਗ਼ੈਰ-ਕਾਨੂੰਨੀ ਆਤਿਸ਼ਬਾਜ਼ੀ ਕੀਤੀ ਗਈ। ਇਸ ਮੌਕੇ ਕਈ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਕੁਝ ਨੌਜਵਾਨਾਂ ਕੋਲੋਂ ਗ਼ੈਰ-ਕਾਨੂੰਨੀ ਹਥਿਆਰ ਵੀ ਬਰਾਮਦ ਹੋਣ ਦੀ ਖ਼ਬਰ ਹੈ। ਇਸ ਘਟਨਾ ਦੌਰਾਨ ਇੱਕ ਪੁਲਸ ਅਧਿਕਾਰੀ ਵੀ ਜ਼ਖ਼ਮੀ ਹੋ ਗਿਆ। ਹਿੰਸਾ ਅਤੇ ਕਾਨੂੰਨ ਦੀ ਉਲੰਘਣਾ ਦੀ ਨਿਖੇਧੀ ਕਰਦਿਆਂ ਸਿੱਖ ਕਲਚਰਲ ਸੁਸਾਇਟੀ ਇੰਕ ਰਿਚਮੰਡ ਹਿੱਲ ਦੇ ਪ੍ਰਧਾਨ ਜਤਿੰਦਰ ਸਿੰਘ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ ਅਤੇ ਰਿਚਮੰਡ ਵਿੱਚ ਵਾਪਰੀ ਇਸ ਘਟਨਾ ਦੌਰਾਨ ਜ਼ਖ਼ਮੀ ਹੋਏ ਪੁਲਸ ਅਧਿਕਾਰੀ ਤੋਂ ਬਿਨਾਂ ਸ਼ਰਤ ਮੁਆਫ਼ੀ ਮੰਗੀ। ਉਨ੍ਹਾ ਕਿਹਾ ਕਿ ਇਸ ਮੌਕੇ ਹਜ਼ਾਰਾਂ ਸ਼ਰਧਾਲੂ ਮੱਥਾ ਟੇਕਣ ਲਈ ਗੁਰਦੁਆਰੇ ਆਏ ਸਨ, ਪਰ ਕੁਝ ਸ਼ਰਾਰਤੀ ਅਨਸਰਾਂ ਨੇ ਜਸ਼ਨਾਂ ਵਿੱਚ ਵਿਘਨ ਪਾਇਆ। ਉਨ੍ਹਾ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਸ਼ਾਸਨ ਨਾਲ ਇਹ ਸਮਝੌਤਾ ਕੀਤਾ ਸੀ ਕਿ ਆਤਿਸ਼ਬਾਜ਼ੀ ਦੀ ਵਰਤੋਂ ਨਹੀਂ ਕੀਤੀ ਜਾਵੇਗੀ, ਪਰ ਕੁਝ ਨੌਜਵਾਨਾਂ ਨੇ ਜਾਣਬੁੱਝ ਕੇ ਪਾਬੰਦੀਆਂ ਦੀ ਉਲੰਘਣਾ ਕੀਤੀ।

ਅੱਜ-ਨਾਮਾ

ਨਿਕਲਣ ਲੱਗੇ ਨੇ ਚੋਣ ਲਈ ਜਦੋਂ ਆਗੂ,
ਲੱਗੇ ਪਏ ਸੁਣੀਂਦੇ ਹੋਣ ਫਿਰ ਜੋੜ ਬੇਲੀ।
ਅੱਖ ਕਿਸੇ ਦੀ ਕਿਸੇ ਨਾਲ ਜਿਵੇਂ ਮਿਲਦੀ,
ਯਾਰਾਨੇ ਜਾਂਦਾ ਉਹ ਪਹਿਲੜੇ ਛੋੜ ਬੇਲੀ।
ਕਾਰਨ ਪੁੱਛਣ ਲਈ ਫੋਨ ਜੇ ਆਏ ਕੋਈ,
ਕਹਿੰਦਾ ਪੁੱਛਣ ਦੀ ਕੋਈ ਨਾ ਲੋੜ ਬੇਲੀ।
ਜਿਨ੍ਹਾਂ ਨੂੰ ਛੱਡਿਆ, ਉਹ ਹਨ ਕਹਿ ਦੇਂਦੇ,
ਏਹੋ ਜਿਹਿਆਂ ਦੀ ਕਦੇ ਨਹੀਂ ਥੋੜ੍ਹ ਬੇਲੀ।
ਕੱਪੜਿਆਂ ਵਾਂਗ ਜੇ ਦਲ ਵੀ ਬਦਲ ਲੈਣਾ,
ਕਾਹਦੀ ਵਫਾ ਜਿਹੀ ਗੱਲ ਆ ਰਹੀ ਬੇਲੀ।
ਫਿਰ ਵੀ ਦਾਅਵੇ ਅਸੂਲਾਂ ਦੇ ਕਰਨ ਸਾਰੇ,
ਅਸੂਲ-ਅਸੂਲ ਹੀ ਜਾਂਦੇ ਆ ਕਹੀ ਬੇਲੀ।

-ਤੀਸ ਮਾਰ ਖਾਂ

ਨਰੇਗਾ, ਮਕਾਨਾਂ ਤੇ ਗਰਾਂਟਾਂ 'ਚ ਘਪਲੇਬਾਜ਼ੀ ਦੀ ਸੀ ਬੀ ਆਈ ਜਾਂਚ ਹੋਵੇ : ਸੀ ਪੀ ਆਈ



ਜਲਾਲਾਬਾਦ (ਬਲਵਿੰਦਰ ਸਿੰਘ) ਜ਼ਿਲ੍ਹੇ ਭਰ ਵਿੱਚ ਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ ਦਿੱਤੇ ਕੰਮ ਵਿੱਚ ਹੋਏ ਵੱਡੇ ਘਪਲੇ, ਲੋੜਵੰਦ ਪਰਵਾਰਾਂ ਦੇ ਮਕਾਨ ਬਣਾਉਣ ਲਈ ਆਈਆਂ ਗਰਾਂਟਾਂ ਅਤੇ ਜ਼ਿਲ੍ਹੇ ਵਿੱਚ ਹੋਰ ਆਈਆਂ ਗਰਾਂਟਾਂ ਵਿੱਚ ਹੋਏ ਵੱਡੇ ਘਪਲੇ ਦੀ ਭਾਰਤੀ ਕਮਿਊਨਿਸਟ ਪਾਰਟੀ ਨੇ ਸੀ ਬੀ ਆਈ ਤੋਂ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਵੀਰਵਾਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਐਗਜ਼ੈਕਟਿਵ ਮੈਂਬਰ ਹੰਸ ਰਾਜ ਗੋਲਡਨ, ਜ਼ਿਲ੍ਹਾ ਸਕੱਤਰ ਸੁਰਿੰਦਰ ਢੰਡੀਆਂ ਅਤੇ ਬਲਾਕ ਫਾਜ਼ਿਲਕਾ ਦੇ ਸਕੱਤਰ ਸ਼ੁਬੇਗ ਝੰਗੜਭੈਣੀ ਨੇ ਦੱਸਿਆ ਕਿ ਨਰੇਗਾ ਕਾਨੂੰਨ ਤਹਿਤ ਜ਼ਿਲ੍ਹਾ ਫਾਜ਼ਿਲਕਾ ਵਿੱਚ ਸਾਲ 2024-2025 ਵਿੱਚ 1300 ਕਰੋੜ ਦੇ ਕਰੀਬ ਬਜਟ ਆਇਆ ਹੈ, ਜਿਸ ਨੂੰ ਪਾਰਦਰਸ਼ੀ ਢੰਗ ਨਾਲ ਨਹੀਂ ਵਰਤਿਆ ਗਿਆ। ਪਾਰਟੀ ਨੇ ਪੜਤਾਲ ਕੀਤੀ ਹੈ ਕਿ ਨਰੇਗਾ ਕਾਨੂੰਨ ਤਹਿਤ ਫੌਤ ਹੋ ਚੁੱਕੇ ਵਿਅਕਤੀਆਂ ਦੀਆਂ ਵੀ ਹਾਜ਼ਰੀਆਂ ਪਾ ਕੇ ਪੈਸੇ ਕਢਵਾਏ ਗਏ ਹਨ। ਇੱਥੇ ਹੀ ਬੱਸ ਨਹੀਂ, ਵੱਖ-ਵੱਖ ਪਿੰਡਾਂ ਵਿੱਚ ਕਰੋੜਾਂ ਰੁਪਏ ਦੀਆਂ ਨਰੇਗਾ ਕਾਨੂੰਨ ਤਹਿਤ ਨਜਾਇਜ਼ ਹਾਜ਼ਰੀਆਂ ਪਵਾ ਕੇ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਯੋਗ ਲਾਭਪਾਤਰੀਆਂ ਨਾਲ ਵੱਡਾ ਘਪਲਾ ਕੀਤਾ ਗਿਆ ਹੈ।

ਆਗੂਆਂ ਦੱਸਿਆ ਕਿ ਵੱਖ-ਵੱਖ ਪਿੰਡਾਂ ਵਿੱਚ ਜਿਹੜੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੋੜਵੰਦ ਪਰਵਾਰਾਂ ਦੇ ਮਕਾਨ ਬਣਾਏ ਜਾਣੇ ਸਨ, ਭਾਵ ਉਹਨਾਂ ਨੂੰ ਗਰਾਂਟ ਪਾਈ ਜਾਣੀ ਸੀ, ਲੋੜਵੰਦ ਪਰਵਾਰਾਂ ਨੂੰ ਗਰਾਂਟ ਦੇਣ ਦੀ ਬਜਾਏ ਜ਼ਿਲ੍ਹਾ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਵੱਡੇ ਪੱਧਰ 'ਤੇ ਕਾਗਜ਼ਾਂ ਵਿੱਚ ਮਕਾਨ ਬਣਾ ਕੇ ਦੇ ਦਿੱਤੇ ਗਏ ਹਨ, ਪਰੰਤੂ ਹਕੀਕਤ ਵਿੱਚ ਉਹ ਮਕਾਨ ਬਣੇ ਹੋਏ ਨਜ਼ਰ ਨਹੀਂ ਆ ਰਹੇ। ਉਹਨਾਂ ਪਿੰਡਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਿੰਡ ਸਲੇਮ ਸ਼ਾਹ, ਮੁਹੰਮਦ ਪੀਰਾ, ਬੱਖੂਸ਼ਾਹ, ਚੱਕ ਮੌਜਦੀਨ ਵਾਲਾ, ਬੇਗਾਂ ਵਾਲੀ, ਨਿਉਲਾ, ਬਨਵਾਲਾ ਹਨਵੰਤਾ, ਭੜੋਲੀ ਵਾਲਾ ਮੁੱਖ ਰੂਪ ਵਿੱਚ ਪਿੰਡ ਹਨ, ਜਿਨ੍ਹਾਂ ਵਿੱਚ ਵੱਡੇ ਪੱਧਰ 'ਤੇ ਘਪਲਾ ਹੋਇਆ ਹੈ, ਪਰੰਤੂ ਜੇਕਰ ਪੂਰੇ ਜ਼ਿਲ੍ਹੇ ਵਿੱਚ ਇਸ ਦੀ ਜਾਂਚ-ਪੜਤਾਲ ਕਰ ਲਈ ਜਾਵੇ ਤਾਂ ਹੇਠਲੇ ਮੁਲਾਜ਼ਮ ਤੋਂ ਲੈ ਕੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਤੱਕ ਵੱਡੇ ਸਕੈਂਡਲ ਵਿੱਚ ਸ਼ਾਮਲ ਹੋ ਸਕਦੇ ਹਨ। ਪਾਰਟੀ ਆਗੂਆਂ ਨੇ ਪੰਜਾਬ ਦੇ ਰਾਜਪਾਲ ਤੋਂ ਸੀ ਬੀ ਆਈ ਤੋਂ ਜਾਂਚ ਕਰਵਾਉਣ ਦੀ ਮੰਗ ਕਰਦਿਆਂ ਕਿਹਾ ਕਿ ਜ਼ਿਲ੍ਹਾ ਫਾਜ਼ਿਲਕਾ ਵਿੱਚ ਆਈਆਂ ਗਰਾਂਟਾਂ ਨਰੇਗਾ ਅਤੇ ਪ੍ਰਧਾਨ ਮੰਤਰੀ ਆਵਾਜ ਯੋਜਨਾ ਤਹਿਤ ਬਣੇ ਮਕਾਨਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਤਾਂ ਕਿ ਯੋਗ ਲਾਭਪਾਤਰੀਆਂ ਨੂੰ ਇਨਸਾਫ ਮਿਲ ਸਕੇ। ਉਹਨਾਂ ਐਲਾਨ ਕੀਤਾ ਕਿ ਜੇਕਰ ਤੁਰੰਤ ਦੋਸ਼ੀ ਪਾਏ ਜਾਂਦੇ ਮੁਲਾਜ਼ਮਾਂ ਅਤੇ ਅਫਸਰਾਂ ਖਿਲਾਫ਼ ਜਾਂਚ-ਪੜਤਾਲ ਕਰਕੇ ਕਾਰਵਾਈ ਨਾ ਕੀਤੀ ਗਈ ਤਾਂ ਪੰਜਾਬ ਸਰਕਾਰ ਦੇ ਪ੍ਰਿੰਸੀਪਲ ਸੈਕਟਰੀ ਦਾ ਪੁਤਲਾ ਫੂਕਿਆ ਜਾਵੇਗਾ ਅਤੇ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਵੀ ਪੁਤਲੇ ਫੂਕੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਪਰਮਜੀਤ ਢਾਬਾਂ, ਜ਼ਿਲ੍ਹਾ ਕੌਂਸਲ ਮੈਂਬਰ ਨਰਿੰਦਰ ਢਾਬਾਂ, ਗੁਰਦਿਆਲ ਢਾਬਾਂ, ਸੋਨਾ ਧੁਨਕੀਆਂ ਅਤੇ ਸੰਦੀਪ ਜੋਧਾਂ ਸ਼ਾਮਲ ਸਨ।

ਭਾਰਤੀ ਮੂਲ ਦਾ ਡਰਾਈਵਰ ਕੋਕੀਨ ਤਸਕਰੀ ਮਾਮਲੇ 'ਚ ਦੋਸ਼ੀ ਕਰਾਰ



ਓਨਟਾਰੀਓ (ਨਵਾਂ ਜ਼ਮਾਨਾ ਸਰਵਿਸ) : ਇੱਕ ਅਦਾਲਤ ਨੇ 33 ਸਾਲਾ ਭਾਰਤੀ ਮੂਲ ਦੇ ਸਿੱਖ ਟਰੱਕ ਡਰਾਈਵਰ ਨੂੰ ਅਪਰੈਲ 2024 ਵਿੱਚ ਬਲੂ ਵਾਟਰ ਬ੍ਰਿਜ ਰਾਹੀਂ ਕੈਨੇਡਾ ਵਿੱਚ ਲਗਭਗ 48 ਲੱਖ ਡਾਲਰ ਦੀ ਕੀਮਤ ਦੀ ਲਗਭਗ 40 ਕਿਲੋ ਕੋਕੀਨ ਦਰਾਮਦ ਕਰਨ ਦੇ ਦੋਸ਼ ਵਿੱਚ ਦੋਸ਼ੀ ਕਰਾਰ ਦਿੱਤਾ ਹੈ। ਰਣਜੀਤ ਸਿੰਘ ਨੂੰ ਓਨਟਾਰੀਓ ਸੁਪੀਰੀਅਰ ਕੋਰਟ ਦੇ ਜਸਟਿਸ ਸਕੌਟ ਪ੍ਰੈਟ ਵੱਲੋਂ ਸੋਮਵਾਰ ਨੂੰ ਨਸ਼ੀਲੇ ਪਦਾਰਥਾਂ ਦੀ ਦਰਾਮਦ ਕਰਨ ਅਤੇ ਤਸਕਰੀ ਦੇ ਉਦੇਸ਼ ਨਾਲ ਆਪਣੇ ਕੋਲ ਰੱਖਣ ਦੇ ਦੋਸ਼ਾਂ ਤਹਿਤ ਦੋਸ਼ੀ ਪਾਇਆ ਗਿਆ। ਰਣਜੀਤ ਸਿੰਘ ਨੇ ਦੋਵਾਂ ਦੋਸ਼ਾਂ 'ਚ ਬੇਕਸੂਰ ਹੋਣ ਦੀ ਪਟੀਸ਼ਨ ਦਾਇਰ ਕੀਤੀ ਸੀ। ਜਸਟਿਸ ਪ੍ਰੈਟ ਨੇ ਕਿਹਾ ਕਿ ਉਨ੍ਹਾ ਸਿੰਘ ਦੇ ਬਿਆਨ 'ਤੇ ਯਕੀਨ ਨਹੀਂ ਕੀਤਾ ਅਤੇ ਉਸ ਦੀ ਗਵਾਹੀ ਵਿੱਚ ਕਈ ਤਰ੍ਹਾਂ ਦੀਆਂ ਅਸੰਗਤਾਵਾਂ ਵੱਲ ਇਸ਼ਾਰਾ ਕੀਤਾ। ਸਜ਼ਾ ਸੁਣਾਏ ਜਾਣ ਤੱਕ ਉਹ ਜ਼ਮਾਨਤ 'ਤੇ ਬਾਹਰ ਰਹੇਗਾ। ਸਜ਼ਾ ਸੁਣਾਉਣ ਲਈ ਸੁਣਵਾਈ ਫਰਵਰੀ ਵਿਚ ਹੋਵੇਗੀ।

ਆਸਰਾ ਕਾਲਜ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ

ਭਵਾਨੀਗੜ੍ਹ (ਰਾਜ ਖੁਰਮੀ) : ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸਥਿਤ ਆਸਰਾ ਕਾਲਜ ਵਿਖੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਨਸ਼ਿਆਂ ਦਾ ਦਿਮਾਗ ਤੇ ਸਿਹਤ 'ਤੇ ਪ੍ਰਭਾਵ ਵਿਸ਼ੇ 'ਤੇ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਗੁਰੂ ਕਾਸ਼ੀ



ਯੂਨੀਵਰਸਿਟੀ ਦੇ ਡੀਨ ਫਿਜੀਕਲ ਐਜੂਕੇਸ਼ਨ ਪ੍ਰੋਫੈਸਰ (ਡਾ.) ਸੁਖਜੀਤ ਸਿੰਘ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਤੇ ਸਮਾਜਿਕ ਨੁਕਸਾਨਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪ੍ਰੋ. ਡਾ. ਸੁਖਜੀਤ ਸਿੰਘ ਨੇ ਕਿਹਾ ਕਿ ਨਸ਼ਿਆਂ ਦੀ ਲਤ ਮਨੁੱਖੀ ਦਿਮਾਗ ਦੀ ਕਾਰਜਸ਼ੀਲਤਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੀ ਹੈ।ਇਸ ਨਾਲ ਵਿਅਕਤੀ ਦੀ ਯਾਦਦਾਸ਼ਤ, ਸੋਚਣ-ਸਮਝਣ ਦੀ ਸ਼ਕਤੀ, ਫੈਸਲੇ ਲੈਣ ਦੀ ਸਮਰੱਥਾ ਤੇ ਮਾਨਸਿਕ ਸੰਤੁਲਨ 'ਤੇ ਮਾੜਾ ਅਸਰ ਪੈਂਦਾ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਮੁਨੀਸ਼ ਗੋਇਲ ਨੇ ਕਿਹਾ ਕਿ ਨਸ਼ਾ ਅੱਜ ਦੇ ਸਮਾਜ ਸਾਹਮਣੇ ਇੱਕ ਗੰਭੀਰ ਚੁਣੌਤੀ ਬਣਿਆ ਹੋਇਆ ਹੈ।ਇਸ ਸਮੱਸਿਆ ਦੇ ਖਾਤਮੇ ਲਈ ਸਰਕਾਰ ਦੇ ਨਾਲ-ਨਾਲ ਸਮਾਜ ਦੇ ਹਰੇਕ ਵਰਗ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਆਸਰਾ ਕਾਲਜ ਦਾ ਉਦੇਸ਼ ਵਿਦਿਆਰਥੀਆਂ ਨੂੰ ਕੇਵਲ ਵਿੱਦਿਅਕ ਗਿਆਨ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਸਿਹਤਮੰਦ, ਜ਼ਿੰਮੇਵਾਰ ਤੇ ਚੰਗੇ ਨਾਗਰਿਕ ਬਣਾਉਣਾ ਵੀ ਹੈ।ਸੈਮੀਨਾਰ ਦੇ ਅੰਤ ਵਿੱਚ ਕਾਲਜ ਦੇ ਚੇਅਰਮੈਨ ਡਾ. ਆਰ. ਕੇ. ਗੋਇਲ, ਐੱਮ. ਡੀ. ਡਾ. ਕੇਸ਼ਵ ਗੋਇਲ ਤੇ ਕੈਂਪਸ ਡਾਇਰੈਕਟਰ ਅਰਪਿਤ ਗੋਇਲ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੰਦੇਸ਼ ਦਿੱਤਾ।

ਮੰਡਲ ਮੁਖੀ ਨਵੀਨ ਗੁਪਤਾ ਵੱਲੋਂ ਏ ਟੀ ਐੱਮ ਦਾ ਉਦਘਾਟਨ



ਫਾਜ਼ਿਲਕਾ (ਨਿਸ਼ਾ ਸ਼ਰਮਾ)- ਗਾਹਕਾਂ ਦੀ ਸਹੂਲਤ, ਬਿਹਤਰ ਬੈਂਕਿੰਗ ਸੇਵਾਵਾਂ ਤੇ ਆਧੁਨਿਕ ਬੈਂਕਿੰਗ ਵਿਵਸਥਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਪੰਜਾਬ ਨੈਸ਼ਨਲ ਬੈਂਕ ਫਾਜ਼ਿਲਕਾ ਮੰਡਲ ਨੇ ਬੀਕਾਨੇਰੀ ਰੋਡ ਫਾਜ਼ਿਲਕਾ ਵਿਖੇ ਨਵੇਂ ਏ ਟੀ ਐੱਮ ਦੀ ਸਥਾਪਨਾ ਕਰਕੇ ਇਲਾਕਾ ਨਿਵਾਸੀਆਂ ਲਈ ਇੱਕ ਮਹੱਤਵਪੂਰਨ ਸਹੂਲਤ ਉਪਲਬਧ ਕਰਵਾਈ ਹੈ।ਏ ਟੀ ਐੱਮ ਦਾ ਉਦਘਾਟਨ ਮੰਡਲ ਮੁਖੀ ਨਵੀਨ ਗੁਪਤਾ ਵੱਲੋਂ ਕੀਤਾ ਗਿਆ।ਇਸ ਮੌਕੇ ਉਪ-ਮੰਡਲ ਮੁਖੀ ਤਾਰਾ ਚੰਦ ਪਰਿਹਾਰ ਤੇ ਸੁਭਾਸ਼ ਚੰਦ ਸ਼ਰਮਾ ਵੀ ਹਾਜ਼ਰ ਸਨ।ਪੰਜਾਬ ਨੈਸ਼ਨਲ ਬੈਂਕ ਲਗਾਤਾਰ ਆਪਣੀਆਂ ਸੇਵਾਵਾਂ ਨੂੰ ਵਧੇਰੇ ਸੁਲਭ, ਸੁਵਿਧਾਜਨਕ ਤੇ ਗਾਹਕ-ਕੇਂਦਰਤ ਬਣਾਉਣ ਦੀ ਦਿਸ਼ਾ ਵਿੱਚ ਯਤਨਸ਼ੀਲ ਹੈ।ਇਸੇ ਲੜੀ ਤਹਿਤ ਸਥਾਪਤ ਕੀਤਾ ਗਿਆ ਇਹ ਨਵਾਂ ਏ ਟੀ ਐੱਮ ਸਥਾਨਕ ਨਿਵਾਸੀਆਂ, ਵਪਾਰੀਆਂ ਤੇ ਆਸ-ਪਾਸ ਦੇ ਖੇਤਰ ਦੇ ਗਾਹਕਾਂ ਲਈ ਬੈਂਕਿੰਗ ਸਹੂਲਤਾਂ ਨੂੰ ਹੋਰ ਵੀ ਸਹਿਜ ਬਣਾਉਣ ਵਿੱਚ ਸਹਾਇਕ ਹੋਵੇਗਾ।

16 ਨਵੰਬਰ ਤੋਂ ਸ਼ੁਰੂ ਹੋਵੇਗੀ ਸਵੈ-ਗਣਨਾ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਭਾਰਤ ਸਰਕਾਰ ਵਲੋਂ ਜਨਗਣਨਾ—2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਚਲਾਈ ਜਾਵੇਗੀ। ਇਸ ਦੌਰਾਨ ਨਾਗਰਿਕਾਂ ਨੂੰ ਆਪਣੇ ਪਰਿਵਾਰ ਅਤੇ ਘਰ ਸਬੰਧੀ ਵੇਰਵੇ ਖੁਦ ਭਰਨ ਦੀ ਸਹੂਲਤ ਦਿੱਤੀ ਜਾਵੇਗੀ। ਇਸ ਉਪਰੰਤ 1 ਦੰਸਬਰ 2026 ਤੋਂ 4 ਜਨਵਰੀ 2027 ਤੱਕ ਜਨਗਣਨਾ ਦਾ ਕੰਮ ਕੀਤਾ ਜਾਵੇਗਾ। ਇਸ ਸਬੰਧੀ ਫਾਜ਼ਿਲਕਾ ਵਾਸੀਆਂ ਨੂੰ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਜਨਗਣਨਾ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ ।

ਹੈਰੋਇਨ ਦਾ ਸੇਵਨ ਕਰਨ 'ਤੇ ਗ੍ਰਿਫਤਾਰ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਇਕ ਵਿਅਕਤੀ ਨੂੰ ਹੈਰੋਇਨ ਦਾ ਸੇਵਨ ਕਰਨ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਚ. ਸੀ. ਰਾਜਵਿੰਦਰ ਕੌਰ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਬਾਗ ਕਲੋਨੀ ਜਲਾਲਾਬਾਦ ਦੇ ਬੈਕ ਸਾਇਡ ਸੇਮਨਾਲੇ ਕੋਲ ਪੁੱਜੇ ਤਾਂ ਮੰਗਤ ਕੁਮਾਰ ਸ਼ਰਮਾ ਪੁੱਤਰ ਵਿਜੇ ਕੁਮਾਰ ਵਾਸੀ ਇੰਦਰਾ ਨਗਰ ਉਥੇ ਬੈਠ ਕੇ ਹੈਰੋਇਨ ਦਾ ਸੇਵਨ ਕਰਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕੀਤਾ ਅਤੇ ਉਸ ਪਾਸੋਂ ਇਕ ਲਾਈਟਰ, ਇੱਕ ਸਿਲਵਰ ਪੰਨੀ, ਜਿਸ 'ਤੇ ਹੈਰੋਇਨ ਚਿਪਕੀ ਤੇ ਸੜੀ ਹੋਈ ਅਤੇ ਇੱਕ 50 ਰੁਪਏ ਦਾ ਭਾਰਤੀ ਕਰੰਸੀ ਨੋਟ ਪਾਇਪਨੁਮਾ ਸੜਿਆ ਹੋਇਆ ਬਰਾਮਦ ਕੀਤਾ। ਪੁਲਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕਰ ਲਿਆ ਹੈ।

'ਜਵਾਨੀ ਸੰਭਾਲ ਸਾਈਕਲ ਯਾਤਰਾ' ਸਫਲ ਬਣਾਉਣ ਲਈ ਵਿਚਾਰਾਂ

ਦੋਰਾਹਾ (ਹਰਮਿੰਦਰ ਸੇਠ) - ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸ ਦੀ ਕੰਪੇਨ ਕਮੇਟੀ ਦੇ ਚੇਅਰਮੈਨ ਸ. ਚਰਨਜੀਤ ਸਿੰਘ ਚੰਨੀ ਵੱਲੋਂ ਸ਼ੁਰੂ ਕੀਤੀ ਗਈ 'ਜਵਾਨੀ ਸੰਭਾਲ ਸਾਈਕਲ ਯਾਤਰਾ'



ਦੇ 19 ਨਵੰਬਰ ਨੂੰ ਹਲਕਾ ਪਾਇਲ ਪਹੁੰਚਣ ਸਬੰਧੀ ਪਾਇਲ ਸਥਿਤ ਕਾਂਗਰਸ ਦਫ਼ਤਰ ਵਿਖੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਸ. ਲਖਵੀਰ ਸਿੰਘ ਲੱਖਾ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸਾਈਕਲ ਯਾਤਰਾ ਨੂੰ ਸਫ਼ਲ ਬਣਾਉਣ ਲਈ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਵੱਖ-ਵੱਖ ਅਹੁਦੇਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਯਾਤਰਾ ਦੇ ਕੋਆਰਡੀਨੇਟਰ ਅਤੇ ਚੇਅਰਮੈਨ ਬੰਤ ਸਿੰਘ ਦੋਬੁਰਜੀ ਸਮੇਤ ਦੋਰਾਹਾ ਅਤੇ ਪਾਇਲ ਦੀ ਸਮੁੱਚੀ ਸੀਨੀਅਰ ਕਾਂਗਰਸੀ ਲੀਡਰਸ਼ਿਪ, ਬਲਾਕ ਪ੍ਰਧਾਨ ਅਤੇ ਮੰਡਲ ਪ੍ਰਧਾਨ ਹਾਜ਼ਰ ਸਨ।

ਸ਼ਹੀਦ ਸਰਾਭਾ ਨੂੰ ਆਗੂ ਭੇਟ ਕਰਨਗੇ ਸ਼ਰਧਾ ਦੇ ਫੁੱਲ

ਜੋਧਾਂ/ਲੁਧਿਆਣਾ (ਸਤੀਸ਼ ਸਚਦੇਵਾ)- ਗ਼ਦਰ ਪਾਰਟੀ ਦੇ ਨਾਇਕ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 111ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 16 ਨਵੰਬਰ ਨੂੰ ਦੁਪਹਿਰ 12 ਵਜੇ ਸ਼ਹੀਦ




ਕਰਤਾਰ ਸਿੰਘ ਸਰਾਭਾ ਪੰਥਕ ਮੋਰਚਾ ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੀਨੀਅਰ ਆਗੂਆਂ ਵੱਲੋਂ ਸ਼ਹੀਦ ਦੀ ਯਾਦ ਵਿੱਚ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਪੰਥਕ ਮੋਰਚੇ ਦੇ ਸਰਪ੍ਰਸਤ ਮਾਸਟਰ ਦਰਸ਼ਨ ਸਿੰਘ ਰਕਬਾ, ਕਨਵੀਨਰ ਬਲਦੇਵ ਸਿੰਘ ਦੇਵ ਸਰਾਭਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਲੁਧਿਆਣਾ ਦੇ ਪ੍ਰਧਾਨ ਹਰਦੀਪ ਸਿੰਘ ਬੱਲੋਵਾਲ, ਮੀਤ ਪ੍ਰਧਾਨ ਕੁਲਦੀਪ ਸਿੰਘ ਮੋਹੀ ਅਤੇ ਜਨਰਲ ਸਕੱਤਰ ਮਾਸਟਰ ਗੁਰਮੀਤ ਸਿੰਘ ਮੋਹੀ ਨੇ ਕਿਹਾ ਕਿ ਨਿੱਕੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਵੱਡੀ ਕੁਰਬਾਨੀ ਕਰਨ ਵਾਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਲਾਸਾਨੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਵਿਪਨ ਕੁਮਾਰ ਹੋਣਗੇ ਮਲੋਟ ਦੇ ਨਵੇਂ ਈ ਓ



ਮਲੋਟ (ਰਜਿੰਦਰ ਜੁਨੇਜਾ) - ਨਗਰ ਕੌਂਸਲ ਮਲੋਟ ਦੇ ਕਾਰਜਸਾਧਕ ਅਫ਼ਸਰ (ਈ ਓ) ਮੰਗਤ ਕੁਮਾਰ ਦਾ ਤਬਾਦਲਾ ਹੋ ਗਿਆ ਹੈ। ਉਨ੍ਹਾਂ ਦੀ ਥਾਂ 'ਤੇ ਹੁਣ ਵਿਪਨ ਕੁਮਾਰ ਨਗਰ ਕੌਂਸਲ ਮਲੋਟ ਦੇ ਨਵੇਂ ਈ ਓ ਵਜੋਂ ਅਹੁਦਾ ਸੰਭਾਲਣਗੇ, ਜੋ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਤਲਵੰਡੀ ਸਾਬੋ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ।

ਡਾ. ਜਸਕਰਨ ਸਿੰਘ ਭੁੱਲਰ ਬਣੇ 'ਮਿਮਿਟ' ਦੇ ਡਾਇਰੈਕਟਰ




ਮਲੋਟ (ਰਜਿੰਦਰ ਜੁਨੇਜਾ)-ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ ਸਰਕਾਰ ਵੱਲੋਂ ਇਲਾਕੇ ਦੀ ਸਿਰਮੌਰ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਦੇ ਡਾਇਰੈਕਟਰ ਦਾ ਵਾਧੂ ਚਾਰਜ ਪ੍ਰੋਫੈਸਰ (ਡਾ.) ਜਸਕਰਨ ਸਿੰਘ ਭੁੱਲਰ ਨੂੰ ਦਿੱਤਾ ਗਿਆ ਹੈ।ਸੰਸਥਾ ਦੇ ਡਾਇਰੈਕਟਰ ਦਾ ਅਹੁਦਾ ਸੰਭਾਲਣ ਉਪਰੰਤ ਡਾ. ਜਸਕਰਨ ਸਿੰਘ ਭੁੱਲਰ ਨੇ ਮਾਨਯੋਗ ਤਕਨੀਕੀ ਸਿੱਖਿਆ ਮੰਤਰੀ (ਚੇਅਰਮੈਨ ਬੋਰਡ ਆਫ ਗਵਰਨਰਜ਼, ਮਿਮਿਟ, ਮਲੋਟ) ਸ. ਹਰਜੋਤ ਸਿੰਘ ਬੈਂਸ ਅਤੇ ਮਲੋਟ ਹਲਕੇ ਦੇ ਐੱਮ.ਐਲ.ਏ. ਤੇ ਕੈਬਨਿਟ ਮੰਤਰੀ, ਪੰਜਾਬ ਡਾ. ਬਲਜੀਤ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਦਾਜ ਮੰਗਣ ਤੇ ਤੰਗ-ਪ੍ਰੇਸ਼ਾਨ ਕਰਨ ਦੇ ਮਾਮਲੇ 'ਚ ਪਤੀ ਤੇ ਸੱਸ ਬਰੀ

ਧੂਰੀ (ਮਨੋਹਰ ਸਿੰਘ ਸੱਗੂ / ਮੋਹਿਤ ਗਰਗ)-ਸਬ-ਡਵੀਜ਼ਨਲ ਜੁਡੀਸ਼ੀਅਲ ਮੈਜਿਸਟ੍ਰੇਟ ਧੂਰੀ ਦੀ ਅਦਾਲਤ ਨੇ ਦਾਜ ਦੀ ਮੰਗ ਕਰਨ ਅਤੇ ਤੰਗ-ਪ੍ਰੇਸ਼ਾਨ ਕਰਨ ਦੇ ਮਾਮਲੇ ਵਿੱਚ ਪਤੀ ਮਨਜੀਤ ਸਿੰਘ ਅਤੇ ਉਸ ਦੀ ਮਾਤਾ ਜਸਵਿੰਦਰ ਕੌਰ ਨੂੰ ਸ਼ੱਕ ਦਾ ਲਾਭ ਦਿੰਦਿਆਂ ਬਰੀ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਲਜ਼ਮਾਂ ਦੇ ਵਕੀਲ ਐਡਵੋਕੇਟ ਗੁਰਵਿੰਦਰ ਸਿੰਘ ਸਰਾਓ ਨੇ ਦੱਸਿਆ ਕਿ ਮਨਦੀਪ ਕੌਰ ਦੀ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਿਟੀ ਧੂਰੀ ਵਿਖੇ 23 ਦਸੰਬਰ 2020 ਮਾਮਲਾ ਦਰਜ ਕੀਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਬਚਾਅ ਪੱਖ ਵੱਲੋਂ ਪੇਸ਼ ਕੀਤੀਆਂ ਦਲੀਲਾਂ ਅਤੇ ਸੁਪਰੀਮ ਕੋਰਟ ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਕਾਨੂੰਨੀ ਸਿਧਾਂਤਾਂ ਨੂੰ ਵਿਚਾਰਦਿਆਂ ਅਦਾਲਤ ਨੇ ਕਿਹਾ ਕਿ ਮਹਿਜ਼ ਦਾਜ ਦੀ ਮੰਗ ਦਾ ਦੋਸ਼ ਲੱਗਣਾ ਧਾਰਾ 498-ਏ ਅਧੀਨ ਅਪਰਾਧ ਸਾਬਤ ਕਰਨ ਲਈ ਕਾਫ਼ੀ ਨਹੀਂ ਹੈ। ਅਦਾਲਤ ਨੇ ਸਬੂਤਾਂ ਦੀ ਘਾਟ ਅਤੇ ਗਵਾਹੀਆਂ ਵਿੱਚ ਪਾਈਆਂ ਗਈਆਂ ਕਮੀਆਂ ਦੇ ਮੱਦੇਨਜ਼ਰ ਦੋਵਾਂ ਮੁਲਜ਼ਮਾਂ ਨੂੰ ਬਰੀ ਕਰਨ ਦਾ ਫ਼ੈਸਲਾ ਸੁਣਾਇਆ।

ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਭਲਕੇ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ) - ਸਥਾਨਕ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਵੱਖ-ਵੱਖ ਵਿਭਾਗਾਂ ਦੇ ਸੇਵਾ ਮੁਕਤ ਕਰਮਚਾਰੀਆਂ ਅਤੇ ਫੈਮਲੀ ਪੈਨਸ਼ਨਰਾਂ ਦੀ ਸਭ ਤੋਂ ਵੱਡੀ ਜਥੇਬੰਦੀ ਹੈ। ਇਹ ਐਸੋਸੀਏਸ਼ਨ ਪਿਛਲੇ ਲੰਮੇ ਸਮੇਂ ਤੋਂ ਸੇਵਾ ਮੁਕਤ ਕਰਮਚਾਰੀਆਂ ਦੇ ਹੱਕਾਂ ਲਈ ਯਤਨਸ਼ੀਲ ਹੈ। ਐਸੋਸੀਏਸ਼ਨ ਦੇ ਮੌਜੂਦਾ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਅਤੇ ਸਮੁੱਚੀ ਜ਼ਿਲ੍ਹਾ ਬਾਡੀ ਵੱਲੋਂ ਸੰਸਥਾ ਨੂੰ ਮਜ਼ਬੂਤ ਕਰਨ ਲਈ ਸਾਰਥਿਕ ਯਤਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਐਸੋਸੀਏਸ਼ਨ ਦੀ ਇਸ ਮਹੀਨੇ ਦੀ ਮਾਸਿਕ ਮੀਟਿੰਗ 14 ਨਵੰਬਰ ਸ਼ਨੀਵਾਰ ਨੂੰ ਸਵੇਰੇ 10:00 ਵਜੇ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਆਯੋਜਿਤ ਕੀਤੀ ਜਾਵੇਗੀ। ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਦੀ ਅਗਵਾਈ ਵਾਲੇ ਪ੍ਰਧਾਨਗੀ ਮੰਡਲ ਦੁਆਰਾ ਕੀਤੀ ਜਾਵੇਗੀ।

ਰਾਕੇਸ਼ ਬੱਗਾ ਨੂੰ ਸਲੇਮਪੁਰ ਵਾਲੀਆਂ 'ਚ ਮਿਲਿਆ ਭਰਵਾਂ ਸਮਰਥਨ



ਸਨੌਰ (ਰਾਜਿੰਦਰ ਸਿੰਘ ਥਿੰਦ) : ਹਲਕਾ ਸਨੌਰ ਅਧੀਨ ਪੈਂਦਾ ਪਿੰਡ ਸਲੇਮਪੁਰ ਵਾਲੀਆਂ ਵਿਖੇ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਦੇ ਸਮਰਥਨ 'ਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਪਿੰਡ ਵਾਸੀਆਂ ਵੱਲੋਂ ਵੱਡੀ ਗਿਣਤੀ ਵਿੱਚ ਇੱਕਠ ਵੇਖਣ ਨੂੰ ਮਿਲਿਆ ਤੇ ਰਾਕੇਸ਼ ਬੱਗਾ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ।ਇਸ ਮੌਕੇ ਰਾਕੇਸ਼ ਬੱਗਾ ਨੇ ਮੀਟਿੰਗ ਵਿੱਚ ਪਹੁੰਚੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਤਿਕਾਰ ਤੇ ਸਮਰਥਨ ਉਨ੍ਹਾਂ ਲਈ ਬਹੁਤ ਵੱਡੀ ਹੌਸਲਾ ਅਫ਼ਜ਼ਾਈ ਹੈ।ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਕੰਮ ਕਰਨ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨਾ ਤੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਣਾ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਆਮ ਲੋਕਾਂ ਦਾ ਸਹਿਯੋਗ ਤੇ ਵਿਸ਼ਵਾਸ ਹੀ ਸਭ ਤੋਂ ਵੱਡੀ ਤਾਕਤ ਹੁੰਦਾ ਹੈ।ਮੀਟਿੰਗ ਦੌਰਾਨ ਪਿੰਡ ਦੇ ਵਿਕਾਸ, ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਤੇ ਇਲਾਕੇ ਦੀ ਬਿਹਤਰੀ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਹਾਜ਼ਰ ਪਿੰਡ ਵਾਸੀਆਂ ਨੇ ਰਾਕੇਸ਼ ਬੱਗਾ ਨੂੰ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਪ੍ਰਗਟਾਇਆ।

ਪੰਜਾਬੀ ਯੂਨੀਵਰਸਿਟੀ ਦਾ ਅੰਤਰ-ਖੇਤਰੀ ਯੁਵਕ ਤੇ ਲੋਕ ਮੇਲਾ ਸ਼ੁਰੂ

ਅਮੀਰ ਪੰਜਾਬੀ ਵਿਰਾਸਤ ਦੀ ਸੰਭਾਲ 'ਚ ਯੁਵਕ ਮੇਲਿਆਂ ਦੀ ਅਹਿਮ ਭੂਮਿਕਾ : ਡਾ. ਜਗਦੀਪ ਸਿੰਘ



ਪਟਿਆਲਾ, (ਰਾਜਿੰਦਰ ਸਿੰਘ ਥਿੰਦ) : ਪੰਜਾਬੀ ਯੂਨੀਵਰਸਿਟੀ ਦਾ ਅੰਤਰ-ਖੇਤਰੀ ਯੁਵਕ ਤੇ ਲੋਕ ਮੇਲਾ ਅੱਜ ਸ਼ੁਰੂ ਹੋ ਗਿਆ ਹੈ।ਇਸ ਵਾਰ ਇਹ ਮੇਲਾ ਆਪਣੀ ਮੁੱਖ ਸਟੇਜ ਸ੍ਰੀ ਗੁਰੂ ਤੇਗ ਬਹਾਦਰ ਹਾਲ ਵਿਖੇ ਭੰਗੜੇ ਦੇ ਮੁਕਾਬਲੇ ਨਾਲ਼ ਸ਼ੁਰੂ ਹੋਇਆ।ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਵੱਲੋਂ ਕਰਵਾਏ ਜਾ ਰਹੇ ਇਸ ਮੇਲੇ ਦਾ ਉਦਘਾਟਨ ਉੱਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤਾ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਉਦਘਾਟਨੀ ਸ਼ਬਦ ਬੋਲਦਿਆਂ ਕਿਹਾ ਕਿ ਸਾਡੀ ਅਮੀਰ ਪੰਜਾਬੀ ਵਿਰਾਸਤ ਨੂੰ ਸੰਭਾਲਣ ਤੇ ਇਸ ਨੂੰ ਨਵੀਂ ਪੀੜ੍ਹੀ ਤੱਕ ਲੈ ਕੇ ਜਾਣ ਦੇ ਪੱਖ ਤੋਂ ਇਹ ਮੇਲੇ ਬੇਹੱਦ ਅਹਿਮੀਅਤ ਰੱਖਦੇ ਹਨ।ਉਨ੍ਹਾਂ ਕਿਹਾ ਕਿ ਇਹ ਮੇਲੇ ਪੰਜਾਬੀ ਯੂਨੀਵਰਸਿਟੀ ਦਾ ਨਿਵੇਕਲਾ ਪਛਾਣ-ਚਿੰਨ੍ਹ ਹਨ।ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਦੇ ਪ੍ਰਸਾਰ ਦੇ ਜਿਸ ਅਹਿਮ ਟੀਚੇ ਤਹਿਤ ਇਸ ਅਦਾਰੇ ਦੀ ਸਥਾਪਨਾ ਕੀਤੀ ਗਈ ਸੀ, ਉਸ ਨੂੰ ਇਨ੍ਹਾਂ ਮੇਲਿਆਂ ਦੀਆਂ ਕਲਾਤਮਿਕ ਪੇਸ਼ਕਾਰੀਆਂ ਜ਼ਰੀਏ ਬਾਖ਼ੂਬੀ ਅੱਗੇ ਵਧਾਇਆ ਜਾ ਰਿਹਾ ਹੈ। ਡਾਇਰੈਕਟਰ ਯੁਵਕ ਭਲਾਈ ਪ੍ਰੋ. ਭੀਮਇੰਦਰ ਸਿੰਘ ਨੇ ਆਪਣੇ ਸਵਾਗਤੀ ਸ਼ਬਦਾਂ ਦੌਰਾਨ ਦੱਸਿਆ ਕਿ ਇਸ ਮੇਲੇ ਵਿੱਚ ਛੇ ਖੇਤਰੀ ਯੁਵਕ ਮੇਲਿਆਂ ਵਿੱਚੋਂ ਜਿੱਤ ਕੇ ਆਈਆਂ ਟੀਮਾਂ ਸ਼ਿਰਕਤ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਚਾਰੋਂ ਦਿਨ ਯੂਨੀਵਰਸਿਟੀ ਕੈਂਪਸ ਦੇ ਪੰਜ ਵੱਖ-ਵੱਖ ਥਾਵਾਂ ਉੱਤੇ ਹੋਣ ਵਾਲ਼ੇ ਵੱਖ-ਵੱਖ ਕਲਾਤਮਿਕ ਵੰਨਗੀਆਂ ਦੇ ਮੁਕਾਬਲਿਆਂ ਦੇ ਨਤੀਜੇ ਇਸ ਵਾਰ ਵੀ ਆਖ਼ਰੀ ਦਿਨ ਐਲਾਨੇ ਜਾਣੇ ਹਨ। ਉਨ੍ਹਾਂ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ ਭੰਗੜੇ ਤੋਂ ਇਲਾਵਾ ਗਰੁੱਪ ਕੋਰੀਓਗ੍ਰਾਫ਼ੀ,ਸਮੂਹ ਸ਼ਬਦ/ ਭਜਨ ਗਾਇਨ,ਸ਼ਾਸਤਰੀ ਸੰਗੀਤ ਗਾਇਨ (ਕਲਾਸੀਕਲ ਵੋਕਲ), ਮਾਈਮ, ਸਕਿੱਟ, ਕੁਇੱਜ਼, ਪੰਜਾਬੀ ਲੋਕਧਾਰਾ ਤੇ ਸੱਭਿਆਚਾਰਕ ਕੁਇੱਜ਼, ਕਰੋਸ਼ੀਏ ਦੀ ਬੁਣਤੀ, ਨਾਲ਼ਾ ਬੁਣਨਾ, ਕਢਾਈ, ਪੱਖੀ ਬਣਾਉਣਾ, ਗੁੱਡੀਆਂ ਪਟੋਲੇ ਬਣਾਉਣਾ, ਪਰਾਂਦਾ ਬਣਾਉਣਾ, ਰੱਸਾ ਵੱਟਣਾ, ਟੋਕਰੀ ਬਣਾਉਣਾ, ਛਿੱਕੂ ਬਣਾਉਣਾ, ਪੀੜ੍ਹੀ ਬੁਣਨੀ, ਮਿੱਟੀ ਦੇ ਖਿਡੌਣੇ ਬਣਾਉਣਾ, ਖਿੱਦੋ ਤੇ ਇੰਨੂ ਬਣਾਉਣ ਦੇ ਮੁਕਾਬਲੇ ਹੋਏ।ਉਦਘਾਟਨੀ ਸੈਸ਼ਨ ਮੌਕੇ ਹੋਰਨਾਂ ਤੋਂ ਇਲਾਵਾ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਤੇ ਰਜਿਸਟਰਾਰ ਡਾ. ਅਜੀਤਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਬਰਸੀ 'ਤੇ ਵਿਸ਼ੇਸ਼:

ਆਰ ਐੱਨ ਕਾਂਸਲ ਅੱਜ ਵੀ ਲੋਕਾਂ ਦੇ ਦਿਲਾਂ 'ਚ ਵਸਦੇ



ਕੁਝ ਸ਼ਖ਼ਸੀਅਤਾਂ ਅਜਿਹੀਆਂ ਹੁੰਦੀਆਂ ਹਨ, ਜੋ ਦੁਨੀਆ ਤੋਂ ਰੁਖ਼ਸਤ ਹੋਣ ਤੋਂ ਬਾਅਦ ਵੀ ਆਪਣੇ ਨੇਕ ਕਾਰਜਾਂ ਤੇ ਸਮਾਜ ਪ੍ਰਤੀ ਸਮਰਪਣ ਸਦਕਾ ਲੋਕਾਂ ਦੇ ਦਿਲਾਂ ਵਿੱਚ ਸਦਾ ਲਈ ਵੱਸ ਜਾਂਦੀਆਂ ਹਨ। ਸਮਾਜ ਸੇਵੀ ਸਵਰਗੀ ਆਰ. ਐੱਨ. ਕਾਂਸਲ ਵੀ ਅਜਿਹੀ ਹੀ ਮਹਾਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਸਮਾਜ ਸੇਵਾ ਤੇ ਲੋਕ ਭਲਾਈ ਲਈ ਸਮਰਪਤ ਕਰ ਦਿੱਤਾ।ਪਿਛਲੇ ਸਾਲ ਅੱਜ ਦੇ ਹੀ ਦਿਨ ਇੱਕ ਸੜਕ ਹਾਦਸੇ ਵਿੱਚ ਉਨ੍ਹਾਂ ਦੇ ਬੇਵਕਤੀ ਦੇਹਾਂਤ ਨਾਲ ਸ਼ਹਿਰ ਨੇ ਇੱਕ ਸਮਰਪਤ ਸਮਾਜ ਸੇਵੀ ਤੇ ਸੰਵੇਦਨਸ਼ੀਲ ਸ਼ਖ਼ਸੀਅਤ ਨੂੰ ਗੁਆ ਦਿੱਤਾ ਸੀ। ਸਵਰਗੀ ਕਾਂਸਲ ਦਾ ਜੀਵਨ ਸੇਵਾ, ਸਹਿਯੋਗ ਤੇ ਮਨੁੱਖੀ ਸੰਵੇਦਨਾਵਾਂ ਦੀ ਇੱਕ ਮਿਸਾਲ ਰਿਹਾ। ਉਹ ਅਗਰਵਾਲ ਸਭਾ ਸੁਨਾਮ, ਰੋਟਰੀ ਕਲੱਬ, ਭਾਰਤ ਵਿਕਾਸ ਪ੍ਰੀਸ਼ਦ, ਸੁਨਾਮ ਨੇਤਰ ਬੈਂਕ ਕਮੇਟੀ, ਬ੍ਰਹਮਾਕੁਮਾਰੀਜ਼ ਰਾਜਯੋਗ ਆਸ਼ਰਮ ਤੇ ਸ਼ਿਵ ਮੰਦਰ ਕਮੇਟੀ ਸਮੇਤ ਕਈ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨਾਲ ਸਰਗਰਮ ਮੈਂਬਰ ਵਜੋਂ ਜੁੜੇ ਰਹੇ।ਇਨ੍ਹਾਂ ਸੰਸਥਾਵਾਂ ਰਾਹੀਂ ਉਨ੍ਹਾਂ ਨੇ ਲੋੜਵੰਦਾਂ ਦੀ ਸਹਾਇਤਾ ਕਰਨ ਤੇ ਸਮਾਜ ਦੀ ਭਲਾਈ ਵਿੱਚ ਅਹਿਮ ਯੋਗਦਾਨ ਪਾਇਆ। ਸਮਾਜ ਸੇਵਾ ਪ੍ਰਤੀ ਉਨ੍ਹਾਂ ਦਾ ਸਮਰਪਣ ਸਿਰਫ਼ ਸਮਾਜਿਕ ਸੰਸਥਾਵਾਂ ਤੱਕ ਹੀ ਸੀਮਤ ਨਹੀਂ ਸੀ, ਸਗੋਂ ਮੀਡੀਆ ਜਗਤ ਵਿੱਚ ਵੀ ਉਨ੍ਹਾਂ ਆਪਣੀ ਵਿਸ਼ੇਸ਼ ਪਛਾਣ ਬਣਾਈ।ਪੰਜਾਬ ਟੁਡੇ, ਪੀ.ਟੀ.ਸੀ. ਨਿਊਜ਼, ਜੀ ਪੰਜਾਬ-ਹਰਿਆਣਾ-ਹਿਮਾਚਲ, ਟੀਵੀ 9 ਭਾਰਤਵਰਸ਼ ਅਤੇ ਪ੍ਰਿੰਟ ਮੀਡੀਆ ਦੇ ਪ੍ਰਮੁੱਖ ਅਦਾਰਿਆਂ ਪੰਜਾਬ ਕੇਸਰੀ ਤੇ ਅਜੀਤ ਸਮਾਚਾਰ ਸਮੇਤ ਵੱਖ-ਵੱਖ ਮੀਡੀਆ ਮਾਧਿਅਮਾਂ ਨਾਲ ਜੁੜੇ ਰਹਿ ਕੇ ਉਨ੍ਹਾਂ ਨੇ ਸਮਾਜ ਦੇ ਹਰ ਵਰਗ ਦੀ ਆਵਾਜ਼ ਨੂੰ ਬੁਲੰਦ ਕੀਤਾ।ਅੱਜ ਉਨ੍ਹਾਂ ਦੇ ਦੇਹਾਂਤ ਨੂੰ ਇੱਕ ਸਾਲ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਦੀਆਂ ਯਾਦਾਂ ਸ਼ਹਿਰ ਵਾਸੀਆਂ ਤੇ ਸਨੇਹੀਆਂ ਦੇ ਦਿਲਾਂ ਵਿੱਚ ਉਨੀਆਂ ਹੀ ਤਾਜ਼ਾ ਹਨ। ਉਨ੍ਹਾਂ ਦੀ ਪਹਿਲੀ ਬਰਸੀ ਮੌਕੇ ਲੋਕ ਭਾਵੁਕ ਮਨ ਨਾਲ ਉਨ੍ਹਾਂ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕਰ ਰਹੇ ਹਨ।ਸਵਰਗੀ ਆਰ. ਐੱਨ. ਕਾਂਸਲ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਗਏ ਕਾਰਜ ਤੇ ਉਨ੍ਹਾਂ ਦਾ ਸਮਰਪਤ ਜੀਵਨ ਸਦਾ ਹੀ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਬਣੇ ਰਹਿਣਗੇ।

-ਅਸ਼ੋਕ ਬਾਂਸਲ, ਹਾਕਮ ਭੱਟੀ

ਔਰਤ ਕਤਲ ਮਾਮਲੇ 'ਚ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਬੀਤੇ ਦਿਨ ਕਨਲਾ ਵਾਲੇ ਝੁੱਗੇ ਜਲਾਲਾਬਾਦ ਵਿਖੇ ਔਰਤ ਦਾ ਕਤਲ ਹੋਣ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਐੱਸ. ਆਈ. ਸ਼ਮੀਨਾ ਕੰਬੋਜ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਰਜੀਤ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਕਨਲਾ ਵਾਲੇ ਝੁੱਗੇ ਜਲਾਲਾਬਾਦ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਬੀਤੀ 11 ਨਵੰਬਰ ਨੂੰ ਸਵੇਰੇ ਕਰੀਬ 8 ਵਜੇ ਉਸ ਦੀ ਮਾਤਾ ਇੰਦਰੋ ਬਾਈ ਦਾ ਕਤਲ ਕੀਤਾ ਗਿਆ ਹੈ, ਜਿਸ 'ਤੇ ਪੁਲਸ ਵੱਲੋਂ ਮੁੱਦਈ ਸੁਰਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਇਸ ਮੁਕੱਦਮੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਪਟਾਕੇ ਚਲਾਉਣ ਤੋਂ ਰੋਕਣ 'ਤੇ ਹੋਇਆ ਝਗੜਾ, 5 ਵਿਰੁੱਧ ਕੇਸ ਦਰਜ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਮੋਹਰ ਸਿੰਘ ਵਾਲਾ ਵਿਖੇ ਪਟਾਕੇ ਚਲਾਉਣ ਤੋਂ ਰੋਕਣ 'ਤੇ ਹੋਏ ਝਗੜੇ ਦੇ ਸਬੰਧ ਵਿੱਚ 5 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸਿਮਰਨ ਪਤਨੀ ਸੁਖਵਿੰਦਰ ਸਿੰਘ ਵਾਸੀ ਮੋਹਰ ਸਿੰਘ ਵਾਲਾ ਵੱਲੋਂ ਪੁਲਸ ਕੋਲ ਬਿਆਨ ਦਿੱਤੇ ਗਏ, ਜਿਸ ਵਿੱਚ ਦੱਸਿਆ ਕਿ ਬੀਤੀ 4 ਨਵੰਬਰ 2026 ਨੂੰ ਰਾਤ ਕਰੀਬ 9 ਵਜੇ ਪ੍ਰਿੰਸ ਸਿੰਘ ਪਟਾਕੇ ਚਲਾ ਰਿਹਾ ਸੀ, ਜਿਸ ਨੂੰ ਰੋਕਣ 'ਤੇ ਝਗੜਾ ਹੋ ਗਿਆ ਅਤੇ ਪ੍ਰਿੰਸ ਸਿੰਘ ਵਗੈਰਾ ਨੇ ਇਕੱਠੇ ਹੋ ਕੇ ਉਸ ਦੀ ਕੁੱਟਮਾਰ ਕੀਤੀ ਗਈ ਹੈ, ਜਿਸ 'ਤੇ ਪੁਲਸ ਨੇ ਮੁੱਦਈ ਸਿਮਰਨ ਦੇ ਬਿਆਨਾਂ ਦੇ ਅਧਾਰ 'ਤੇ ਪ੍ਰਿੰਸ ਸਿੰਘ ਪੁੱਤਰ ਬਲਵੰਤ ਸਿੰਘ, ਛਿੰਦਰ ਸਿੰਘ ਪੁੱਤਰ ਜੰਗੀਰ ਸਿੰਘ, ਪ੍ਰਕਾਸ਼ ਕੌਰ ਪਤਨੀ ਛਿੰਦਰ ਸਿੰਘ, ਬਲਵੰਤ ਸਿੰਘ ਪੁੱਤਰ ਸੁਰੈਣ ਸਿੰਘ ਤੇ ਪਰਮਜੀਤ ਕੌਰ ਪਤਨੀ ਬਲਵੰਤ ਸਿੰਘ ਵਾਸੀਆਨ ਮੋਹਰ ਸਿੰਘ ਵਾਲਾ ਖਿਲਾਫ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਵਕ਼ਫ਼ ਬੋਰਡ ਦੇ ਸੇਵਾਮੁਕਤ ਮੁਲਾਜ਼ਮਾਂ ਵੱਲੋਂ ਐੱਮ ਐੱਫ ਫਾਰੂਕੀ ਨਾਲ ਮੁਲਾਕਾਤ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਸਰਕਾਰ ਵੱਲੋਂ ਸੀਨੀਅਰ ਆਈ.ਪੀ.ਐੱਸ. ਅਧਿਕਾਰੀ ਐੱਮ. ਐੱਫ. ਫਾਰੂਕੀ ਨੂੰ ਤਰੱਕੀ ਦੇ ਕੇ ਡੀ.ਜੀ.ਪੀ. ਰੈਂਕ ਦਿੰਦਿਆਂ ਸਪੈਸ਼ਲ ਡੀ.ਜੀ.ਪੀ. ਸਟੇਟ ਆਰਮਡ ਪੁਲਸ (ਜਲੰਧਰ ਕੈਂਟ) ਨਿਯੁਕਤ ਕੀਤਾ ਗਿਆ ਹੈ।ਇਸ ਨਵੀਂ ਜ਼ਿੰਮੇਵਾਰੀ ਤੇ ਉੱਚ ਪਦ 'ਤੇ ਅਹੁਦਾ ਸੰਭਾਲਣ 'ਤੇ ਪੰਜਾਬ ਵਕ਼ਫ਼ ਬੋਰਡ ਦੇ ਸੇਵਾਮੁਕਤ ਮੁਲਾਜ਼ਮਾਂ ਦੇ ਇੱਕ ਵਿਸ਼ੇਸ਼ ਵਫ਼ਦ ਨੇ ਉਨ੍ਹਾਂ ਨਾਲ ਸੁਹਿਰਦ ਤੇ ਸਦਭਾਵਨਾਪੂਰਨ ਮੁਲਾਕਾਤ ਕੀਤੀ। ਵਫ਼ਦ ਨੇ ਨਵੇਂ ਬਣੇ ਡੀ.ਜੀ.ਪੀ. ਐੱਮ.ਐੱਫ. ਫਾਰੂਕੀ ਨੂੰ ਗੁਲਦਸਤਾ ਭੇਟ ਕਰਕੇ ਜੀ ਆਇਆਂ ਨੂੰ ਕਿਹਾ ਤੇ ਉਨ੍ਹਾਂ ਦੇ ਨਵੇਂ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਵਫ਼ਦ ਦੇ ਆਗੂਆਂ ਨੇ ਆਖਿਆ ਕਿ ਐੱਮ. ਐੱਫ. ਫਾਰੂਕੀ ਵਰਗੇ ਅਨੁਭਵੀ, ਇਮਾਨਦਾਰ ਤੇ ਨਿਪੁੰਨ ਅਧਿਕਾਰੀ ਦੀ ਇਸ ਉੱਚ ਪਦਵੀ 'ਤੇ ਤਰੱਕੀ ਨਾਲ ਸਮੁੱਚੇ ਪੰਜਾਬ ਵਿੱਚ ਖੁਸ਼ੀ ਦੀ ਲਹਿਰ ਹੈ।ਉਨ੍ਹਾਂ ਉਮੀਦ ਪ੍ਰਗਟਾਈ ਕਿ ਉਹ ਆਪਣੀ ਬਿਹਤਰੀਨ ਅਗਵਾਈ, ਵਿਸ਼ਾਲ ਤਜਰਬੇ ਤੇ ਪ੍ਰਸ਼ਾਸਨਕ ਸਮਰੱਥਾ ਦੇ ਬਲਬੂਤੇ ਸੂਬੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਹੋਰ ਸੁਚਾਰੂ ਬਣਾਉਣਗੇ ਅਤੇ ਆਮ ਲੋਕਾਂ ਵਿੱਚ ਸੁਰੱਖਿਆ ਤੇ ਵਿਸ਼ਵਾਸ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਗੇ। ਡੀ.ਜੀ.ਪੀ. ਐੱਮ ਐੱਫ ਫਾਰੂਕੀ ਨੇ ਵਫ਼ਦ ਵੱਲੋਂ ਦਿੱਤੀਆਂ ਮੁਬਾਰਕਬਾਦਾਂ ਤੇ ਸ਼ੁਭਕਾਮਨਾਵਾਂ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਪੁਲਸ ਪ੍ਰਸ਼ਾਸਨ ਸਮਾਜ ਵਿੱਚ ਸ਼ਾਂਤੀ, ਸੁਰੱਖਿਆ ਤੇ ਭਾਈਚਾਰਕ ਸਾਂਝ ਬਣਾਏ ਰੱਖਣ ਲਈ ਹਮੇਸ਼ਾ ਤਤਪਰ ਰਹੇਗਾ।ਇਸ ਮੌਕੇ ਵਫ਼ਦ 'ਚ ਜਮੀਲ ਅਹਿਮਦ ਸਾਬਕਾ ਪੀ.ਏ., ਤਾਜ ਰਾਣਾ, ਰਾਸ਼ਿਦ ਮੁਹੰਮਦ, ਮੁਹੰਮਦ ਵਕੀਲ, ਮੁਹੰਮਦ ਅਯੂਬ, ਮੁਹੰਮਦ ਅਲੀ, ਮੁਹੰਮਦ ਨੁਸਰਤ, ਮੁਹੰਮਦ ਯੂਸਫ, ਜਮੀਲ ਅਹਿਮਦ, ਜਮਾਲਦੀਨ ਮਲਿਕ ਤੇ ਅਨਵਰ ਹੁਸੈਨ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਭੈਣ ਨਾਲ ਸੰਬੰਧਾਂ ਦੇ ਸ਼ੱਕ 'ਚ 20 ਸਾਲਾ ਨੌਜਵਾਨ ਦਾ ਕਤਲ

ਰਾਏਕੋਟ (ਸੰਤੋਖ ਗਿੱਲ) : ਥਾਣਾ ਜੋਧਾਂ ਅਧੀਨ ਪਿੰਡ ਲਤਾਲਾ ਦੇ 20 ਸਾਲਾ ਨੌਜਵਾਨ ਕਰਨਵੀਰ ਸਿੰਘ ਉਰਫ਼ ਗੋਪੀ ਦੀ ਭੇਦਭਰੀ ਹਾਲਾਤ ਵਿੱਚ ਮੌਤ ਹੋ ਗਈ ਹੈ। ਪੁਲੀਸ ਨੇ ਕੇਸ ਦਰਜ





ਕਰ ਕੇ ਮਾਮਲੇ ਦੀ ਜਾਂਚ ਅਰੰਭ ਦਿੱਤੀ ਹੈ। ਪੁਲੀਸ ਚੌਕੀ ਲਤਾਲਾ ਦੇ ਇੰਚਾਰਜ ਥਾਣੇਦਾਰ ਜਸਪਾਲ ਸਿੰਘ ਅਨੁਸਾਰ ਮ੍ਰਿਤਕ ਨੌਜਵਾਨ ਕਰਨਵੀਰ ਸਿੰਘ ਉਰਫ਼ ਗੋਪੀ ਦੇ ਪਿਤਾ ਬਲਵਿੰਦਰ ਸਿੰਘ ਵਾਸੀ ਪਿੰਡ ਲਤਾਲਾ ਨੇ ਮ੍ਰਿਤਕ ਦੇ ਦੋਸਤ ਉਪਰ ਹੀ ਕਤਲ ਦਾ ਸ਼ੱਕ ਪ੍ਰਗਟ ਕੀਤਾ ਹੈ। ਪੁਲੀਸ ਨੇ ਗੁਰਕੀਰਤ ਸਿੰਘ ਉਰਫ਼ ਰਵੀ ਨੂੰ ਹਿਰਾਸਤ ਵਿੱਚ ਲੈਣ ਉਪਰੰਤ ਅਦਾਲਤ ਤੋਂ 3 ਦਾ ਰਿਮਾਂਡ ਹਾਸਲ ਕਰ ਲਿਆ ਹੈ। ਬਲਵਿੰਦਰ ਸਿੰਘ ਅਨੁਸਾਰ ਗੁਰਕੀਰਤ ਉਰਫ਼ ਰਵੀ ਸ਼ੱਕ ਕਰਦਾ ਸੀ ਕਿ ਗੋਪੀ ਦੇ ਉਸ ਦੀ ਭੈਣ ਨਾਲ ਸਬੰਧ ਹਨ।

ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਭਲਕੇ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ) : ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਿ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਨਵੰਬਰ ਮਹੀਨੇ ਦੀ ਮੀਟਿੰਗ 14 ਨਵੰਬਰ ਨੂੰ ਪੈਨਸ਼ਨਰਜ਼ ਭਵਨ ਨੇੜੇ ਡੀ.ਈ.ਓ. ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਸੁਬ੍ਹਾ 10:30 ਵਜੇ ਹੋਵੇਗੀ।ਇਸ ਮੀਟਿੰਗ ਵਿੱਚ ਮਾਨਯੋਗ ਸੁਪਰੀਮ ਕੋਰਟ ਦੇ ਡੀ. ਏ. ਸਬੰਧੀ ਹੋਏ ਫ਼ੈਸਲੇ 'ਤੇ ਚਰਚਾ ਹੋਵੇਗੀ ਤੇ ਅਗਲੇ ਜਥੇਬੰਦੀ ਦੇ ਪ੍ਰੋਗਰਾਮਾਂ ਬਾਰੇ ਦੱਸਿਆ ਜਾਵੇਗਾ।ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਦਿੱਤੇ ਸੱਦੇ ਅਨੁਸਾਰ ਦਿਨ-ਰਾਤ ਦਿੱਤੇ ਜਾ ਰਹੇ ਧਰਨੇ ਵਿੱਚ 16-11-2026 ਸ਼ਾਮਲ ਹੋਣ, ਜੋ ਸੰਗਰੂਰ ਵਿਖੇ ਲਗਾਇਆ ਜਾ ਰਿਹਾ ਹੈ ਤੇ ਵੀ ਵਿਚਾਰ ਕੀਤਾ ਜਾਵੇਗਾ।ਇਸ ਦੇ ਨਾਲ ਹੀ ਸਾਲਾਨਾ ਪੈਨਸ਼ਨਰਜ਼ ਸਮਾਰੋਹ 17 ਦਸੰਬਰ 2026 ਨੂੰ ਮਨਾਉਣ ਲਈ ਵਿਚਾਰਾਂ ਕੀਤੀਆਂ ਜਾਣਗੀਆਂ।ਸਭ ਮੈਂਬਰਾਂ ਨੂੰ ਸਮੇਂ ਸਿਰ ਪਹੁੰਚਣ ਤੇ ਆਪਣੀ ਸਾਲ 2026 ਦੀ ਮੈਂਬਰਸ਼ਿਪ ਫੀਸ ਜਮ੍ਹਾਂ ਕਰਵਾਉਣ ਅਤੇ ਨਵੇਂ ਸੇਵਾ ਮੁਕਤ ਹੋਏ ਪੈਨਸ਼ਨਰਜ਼ ਨੂੰ ਆਪਣੇ ਨਾਲ ਪ੍ਰੇਰਤ ਕਰਕੇ ਲਿਆਉਣ ਦੀ ਅਪੀਲ ਕੀਤੀ।ਪ੍ਰੈੱਸ ਨੂੰ ਇਹ ਜਾਣਕਾਰੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਤੇ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਵੱਲੋਂ ਦਿੱਤੀ ਗਈ।

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਭਾਤ ਫੇਰੀਆਂ ਸ਼ੁਰੂ



ਭਵਾਨੀਗੜ੍ਹ, (ਰਾਜ ਖੁਰਮੀ) : ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਭਾਤ ਫੇਰੀਆਂ ਦੀ ਸ਼ੁਰੂਆਤ ਸ਼ਰਧਾ ਤੇ ਉਤਸ਼ਾਹ ਨਾਲ ਕੀਤੀ ਗਈ।ਇਸ ਮੌਕੇ ਸਵੇਰ ਸਮੇਂ ਸੰਗਤਾਂ ਵੱਲੋਂ ਗੁਰਬਾਣੀ ਦਾ ਜਾਪ ਕਰਦਿਆਂ ਪ੍ਰਭਾਤ ਫੇਰੀਆਂ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਭਾਤ ਫੇਰੀਆਂ ਆਰੰਭ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਪ੍ਰਭਾਤ ਫੇਰੀਆਂ ਦਾ ਮਕਸਦ ਸੰਗਤਾਂ ਨੂੰ ਗੁਰਬਾਣੀ, ਨਾਮ ਸਿਮਰਨ ਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੱਚ, ਸੇਵਾ ਤੇ ਆਪਸੀ ਭਾਈਚਾਰੇ ਦੇ ਮਾਰਗ ਨਾਲ ਜੋੜਨਾ ਹੈ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪ੍ਰਭਾਤ ਫੇਰੀਆਂ ਵਿੱਚ ਸ਼ਾਮਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਤੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ।ਇਸ ਮੌਕੇ ਬਲਵਿੰਦਰ ਸਿੰਘ ਸੱਗੂ, ਕਰਨੈਲ ਸਿੰਘ ਸਹੋਤਾ, ਸਵਰਨ ਸਿੰਘ, ਬਾਬਾ ਜਖੇਪਲ, ਸਤਪਾਲ ਸਿੰਘ, ਰਾਜਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਸੰਗਤਾਂ ਹਾਜ਼ਰ ਸਨ।




ਆਮ ਆਦਮੀ ਪਾਰਟੀ ਦੇ ਨਵੇਂ ਬਣੇ ਬਲਾਕ ਪ੍ਰਧਾਨ ਗਗਨ ਆਹੂਜਾ ਨੂੰ ਖਾਟੂ ਸ਼ਾਮ ਮੰਦਰ, ਆਰੀਆ ਸਮਾਜ ਰੋਡ ਵਿਖੇ ਹੋਣ ਵਾਲੇ ਤਿੰਨ ਰੋਜ਼ਾ ਸਮਾਗਮ ਲਈ ਪ੍ਰਧਾਨ ਮਹਿੰਦਰ ਸ਼ਮੀ, ਕੈਸ਼ੀਅਰ ਸੌਰਭ ਚੌਧਰੀ, ਕੰਵਲ ਨਾਗਪਾਲ, ਦੀਪਕ ਅਰੋੜਾ ਸੱਦਾ ਪੱਤਰ ਦਿੰਦੇ ਹੋਏ। (ਫੋਟੋ ਤੇ ਵੇਰਵਾ-ਰਮੇਸ਼ ਕਟਾਰੀਆ, ਰਾਜਪੁਰਾ)

ਸ਼ਾਨਦਾਰ ਸੇਵਾਵਾਂ ਲਈ ਖੰਨਾ ਪੁਲਸ ਦੇ ਮੁਲਾਜ਼ਮਾਂ ਦਾ ਸਨਮਾਨ



ਦੋਰਾਹਾ (ਹਰਮਿੰਦਰ ਸੇਠ) - ਆਪਣੀ ਡਿਊਟੀ ਪ੍ਰਤੀ ਅਟੁੱਟ ਨਿਸ਼ਠਾ, ਇਮਾਨਦਾਰੀ, ਮਿਹਨਤ ਅਤੇ ਪੇਸ਼ੇਵਰ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖੰਨਾ ਪੁਲਿਸ ਦੇ ਮੁਲਾਜ਼ਮਾਂ ਨੂੰ ਐੱਸ.ਐੱਸ.ਪੀ. ਖੰਨਾ ਡਾ. ਦਰਪਨ ਆਹਲੂਵਾਲੀਆ, ਆਈ.ਪੀ.ਐੱਸ. ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਡੀ.ਜੀ.ਪੀ. ਕਮੇਂਡੇਸ਼ਨ ਡਿਸਕ ਅਤੇ ਨਕਦ ਇਨਾਮ ਪ੍ਰਦਾਨ ਕੀਤੇ ਗਏ।ਇਹ ਸਨਮਾਨ ਪੁਲਿਸ ਕਰਮਚਾਰੀਆਂ ਵੱਲੋਂ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਅਤੇ ਉਨ੍ਹਾਂ ਦੀ ਮਿਹਨਤ ਦੀ ਕਦਰ ਦਾ ਪ੍ਰਤੀਕ ਹੈ। ਇਸ ਨਾਲ ਪੁਲਿਸ ਮੁਲਾਜ਼ਮਾਂ ਦਾ ਮਨੋਬਲ ਵਧਣ ਦੇ ਨਾਲ-ਨਾਲ ਸਮੁੱਚੇ ਪੁਲਿਸ ਬਲ ਨੂੰ ਵੀ ਆਪਣੀ ਡਿਊਟੀ ਹੋਰ ਵਧੇਰੇ ਜੋਸ਼, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਪ੍ਰੇਰਨਾ ਮਿਲਦੀ ਹੈ।ਇਸ ਮੌਕੇ ਐੱਸ.ਐੱਸ.ਪੀ. ਨੇ ਪੁਲਿਸ ਕਰਮਚਾਰੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਮਾਨਦਾਰੀ, ਅਨੁਸ਼ਾਸਨ ਅਤੇ ਲੋਕ ਸੇਵਾ ਦੀ ਭਾਵਨਾ ਪੁਲਿਸ ਵਿਭਾਗ ਦੀ ਮਜ਼ਬੂਤੀ ਦੇ ਅਹਿਮ ਆਧਾਰ ਹਨ।

ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੰਜਾਬ ਲਿਆਂਦਾ ਜਾਵੇ : ਰੁਪਾਲੋਂ



ਦੋਰਾਹਾ (ਹਰਮਿੰਦਰ ਸੇਠ) - ਸ੍ਰੀ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ ਵਾਰਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਦਾਦੀ ਮਾਤਾ ਚਰਨ ਕੌਰ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਅਤੇ ਉਹਨਾਂ ਦੇ ਅੰਤਿਮ ਦਰਸ਼ਨ ਦੇ ਲਈ ਭਾਈ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਤੋਂ ਪੰਜਾਬ ਲਿਆਂਦਾ ਜਾਵੇ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਸ ਪੰਜਾਬ ਦੇ ਵਿਧਾਨ ਸਭਾ ਹਲਕਾ ਪਾਇਲ ਦੇ ਇੰਚਾਰਜ ਸੰਦੀਪ ਸਿੰਘ ਰੁਪਾਲੋਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਨੇ ਕਿਹਾ ਕਿ ਇਹ ਉਹਨਾਂ ਦਾ ਮਨੁੱਖੀ ਅਧਿਕਾਰ ਵੀ ਹੈ ਕਿ ਇੱਕ ਪੋਤੇ ਨੂੰ ਆਪਣੀ ਦਾਦੀ ਦੇ ਅੰਤਿਮ ਦਰਸ਼ਨ ਕਰਵਾਏ ਜਾਣ ਕਿਉਂਕਿ ਭਾਰਤੀ ਕਾਨੂੰਨ ਸਾਰਿਆਂ ਨੂੰ ਬਰਾਬਰਤਾ ਦਾ ਹੱਕ ਦਿੰਦਾ ਹੈ। ਇਸ ਮੌਕੇ ਹੋਰਨਾਂ ਤੋ ਇਲਾਵਾ ਹਰਬੰਤ ਸਿੰਘ ਗਿੱਲ, ਗਗਨਦੀਪ ਸਿੰਘ ਪਾਇਲ, ਸੁਰਿੰਦਰ ਸਿੰਘ ਸ਼ਾਹਪੁਰ ਹਾਜ਼ਰ ਸਨ।

ਸਰਕਾਰ ਲੋਕਾਂ ਨੂੰ ਬੇਹਤਰ ਸੇਵਾਵਾਂ ਦੇਣ ਲਈ ਵਚਨਬੱਧ : ਗੋਲਡੀ


ਜਲਾਲਾਬਾਦ (ਨਿਸ਼ਾ ਸ਼ਰਮਾ)-ਹਲਕਾ ਜਲਾਲਾਬਾਦ ਦੇ ਮੁੱਖ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਇਲਾਕੇ ਦੇ ਲੋਕਾਂ ਨੂੰ ਦੋ ਵੱਡੀਆਂ ਸੌਗਾਤਾਂ ਦਿੱਤੀਆਂ ਗਈਆਂ। ਵਿਧਾਇਕ ਗੋਲਡੀ ਨੇ ਪਿੰਡ ਘੁਬਾਇਆ ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਬਣੇ 'ਹੈਲਥ ਐਂਡ ਵੈੱਲਨੈੱਸ ਸੈਂਟਰ' ਅਤੇ 33 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਖੇਡ ਸਟੇਡੀਅਮ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ ਉਹਨਾਂ ਪਿੰਡ ਚੱਕ ਅਰਨੀ ਵਾਲਾ ਵਿੱਚ ਵੀ ਖੇਡ ਸਟੇਡੀਅਮ ਦਾ ਉਦਘਾਟਨ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ.ਜਗਦੀਪ ਕੰਬੋਜ ਗੋਲਡੀ ਨੇ ਦੱਸਿਆ



ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਜਿਵੇਂ ਕਿ ਬਿਹਤਰ ਸਿਹਤ ਸੇਵਾਵਾਂ ਅਤੇ ਖੇਡਾਂ ਦੇ ਬਹਿਤਰੀਨ ਪ੍ਰਬੰਧ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਘੁਬਾਇਆ ਵਿਖੇ ਬਣੇ ਹੈਲਥ ਐਂਡ ਵੈੱਲਨੈੱਸ ਸੈਂਟਰ ਅਤੇ ਖੇਡ ਸਟੇਡੀਅਮ ਨਾਲ ਇਲਾਕੇ ਦੇ ਲੋਕਾਂ ਨੂੰ ਘਰਾਂ ਦੇ ਨੇੜੇ ਹੀ ਮਿਆਰੀ ਸਿਹਤ ਸੁਵਿਧਾਵਾਂ ਮਿਲਣਗੀਆਂ, ਜਦ ਕਿ ਖੇਡ ਸਟੇਡੀਅਮ ਨਾਲ ਪਿੰਡ ਅਤੇ ਆਸ-ਪਾਸ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਦੇ ਖੇਤਰ ਵਿੱਚ ਆਪਣਾ ਅਤੇ ਆਪਣੇ ਇਲਾਕੇ ਦਾ ਨਾਂ ਰੋਸ਼ਨ ਕਰ ਸਕਣ।

ਸਿਵਲ ਸਰਜਨ ਵੱਲੋਂ ਹੈਲਥ ਤੇ ਆਸ਼ਾ ਵਰਕਰਾਂ ਨਾਲ ਟੀਕਾਕਰਨ ਸੰਬੰਧੀ ਮੀਟਿੰਗ


ਫ਼ਾਜ਼ਿਲਕਾ (ਨਿਸ਼ਾ ਸ਼ਰਮਾ) : ਸਿਵਲ ਸਰਜਨ ਫ਼ਾਜ਼ਿਲਕਾ ਡਾ. ਕਵਿਤਾ ਸਿੰਘ ਦੀ ਪ੍ਰਧਾਨਗੀ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਿੰਕੂ ਚਾਵਲਾ ਦੀ ਅਗਵਾਈ ਤੇ ਸੀਨੀਅਰ ਮੈਡੀਕਲ ਅਫਸਰ ਡਾ. ਐਡੀਸਨ ਏਰਿਕ ਦੀ ਮੌਜੂਦਗੀ ਵਿੱਚ ਅਰਬਨ ਫਾਜ਼ਿਲਕਾ ਏਰੀਏ ਦੀ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਤੇ ਆਸ਼ਾ ਵਰਕਰਾਂ ਨਾਲ ਟੀਕਾਕਰਨ ਪ੍ਰੋਗ੍ਰਾਮ ਸਬੰਧੀ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਡਾ. ਕਵਿਤਾ ਸਿੰਘ ਨੇ ਮੌਜੂਦ ਸਟਾਫ਼ ਨੂੰ ਨਿਯਮਤ ਟੀਕਾਕਰਨ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੀਆਂ ਹਦਾਇਤਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਆਪਣੇ ਅਧੀਨ ਆਉਂਦੇ ਏਰੀਏ ਵਿੱਚ ਤੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਤੇ ਗਰਭਵਤੀ ਔਰਤਾਂ ਦੀ ਸੂਚੀ



ਤਿਆਰ ਕੀਤੀ ਜਾਵੇ ਅਤੇ ਉਨ੍ਹਾਂ ਦਾ ਟੀਕਾਕਰਨ ਮੁਕੰਮਲ ਕਰਵਾਇਆ ਜਾਵੇ।ਇਸ ਦੇ ਨਾਲ ਹੀ ਹਾਈ ਰਿਸਕ ਗਰਭਵਤੀ ਔਰਤਾਂ ਦੀ ਸਮੇਂ ਸਿਰ ਪਛਾਣ ਕਰਨ ਤੇ ਉਨ੍ਹਾਂ ਦੀ ਨਿਯਮਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।ਉਨ੍ਹਾਂ ਕਿਹਾ ਕਿ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਤੇ ਆਸ਼ਾ ਵਰਕਰ ਹੇਠਲੇ ਪੱਧਰ 'ਤੇ ਗਰਭਵਤੀ ਔਰਤਾਂ ਨਾਲ ਸਿੱਧੇ ਸੰਪਰਕ ਵਿੱਚ ਹੁੰਦੀਆਂ ਹਨ, ਇਸ ਲਈ ਉਨ੍ਹਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਡਾ. ਰਿੰਕੂ ਚਾਵਲਾ ਨੇ ਐੱਚਪੀਵੀ (ਹਿਊਮਨ ਪੈਪੀਲੋਮਾ ਵਾਇਰਸ) ਟੀਕਾਕਰਨ ਬਾਰੇ ਹਦਾਇਤਾਂ ਕਰਦੇ ਕਿਹਾ ਕਿ ਯੋਗ ਬੱਚੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਐੱਚਪੀਵੀ ਟੀਕੇ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਤੇ ਟੀਕਾਕਰਨ ਸਬੰਧੀ ਕਿਸੇ ਵੀ ਭਰਮ ਜਾਂ ਗਲਤਫਹਿਮੀ ਨੂੰ ਦੂਰ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਐੱਚਪੀਵੀ ਟੀਕਾਕਰਨ ਮੁਹਿੰਮ 31 ਦਸੰਬਰ ਤੱਕ ਜਾਰੀ ਰਹੇਗੀ।ਇਹ ਵੈਕਸੀਨ ਸਰਵਾਈਕਲ ਕੈਂਸਰ ਦੀ ਰੋਕਥਾਮ ਵਿੱਚ ਸਹਾਇਕ ਹੈ।ਇਸ ਦੌਰਾਨ ਡਾ. ਰਾਜਵੀਰ ਕੰਬੋਜ, ਮਾਸ ਮੀਡੀਆ ਵਿੰਗ ਤੋਂ ਮਨਬੀਰ ਸਿੰਘ, ਦਿਵੇਸ਼ ਕੁਮਾਰ ਤੇ ਅਮਨ ਕੰਬੋਜ ਮੌਜੂਦ ਸਨ।

ਗੌਰਵ ਸੰਧੂ ਸਾਥੀਆਂ ਸਮੇਤ 'ਜਵਾਨੀ ਸੰਭਾਲ ਸਾਈਕਲ ਯਾਤਰਾ' 'ਚ ਹੋਏ ਸ਼ਾਮਲ

ਸਨੌਰ, (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਕਾਂਗਰਸ ਸੇਵਾ ਦਲ ਯੂਥ ਬ੍ਰਿਗੇਡ ਪੰਜਾਬ ਦੇ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਆਪਣੇ ਸਾਥੀਆਂ ਸਮੇਤ ਪੰਜਾਬ ਕਾਂਗਰਸ



ਦੇ ਇੰਚਾਰਜ ਸਚਿਨ ਪਾਇਲਟ, ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਤੇ ਸਾਬਕਾ ਮੁੱਖ ਮੰਤਰੀ ਪੰਜਾਬ ਸ੍ਰ. ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵੱਲੋਂ ਸ੍ਰੀ ਚਮਕੌਰ ਸਾਹਿਬ ਤੋਂ ਸ਼ੁਰੂ ਹੋਈ 'ਜਵਾਨੀ ਸੰਭਾਲ ਸਾਈਕਲ ਯਾਤਰਾ' ਵਿੱਚ ਸ਼ਮੂਲੀਅਤ ਕੀਤੀ।ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦਾ ਆਗਾਜ਼ ਸਿੰਘਾਂ ਅਤੇ ਸ਼ਹੀਦਾਂ ਦੀ ਇਤਿਹਾਸਕ ਧਰਤੀ ਸ੍ਰੀ ਚਮਕੌਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਕਾਂਗਰਸ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿੱਚ ਕੀਤਾ ਗਿਆ।ਇਸ ਮੌਕੇ ਗੌਰਵ ਸੰਧੂ ਨੇ ਕਿਹਾ ਕਿ 'ਜਵਾਨੀ ਸੰਭਾਲ ਸਾਈਕਲ ਯਾਤਰਾ' ਦਾ ਮੁੱਖ ਮਕਸਦ ਪੰਜਾਬ ਨੂੰ ਨਸ਼ਿਆਂ, ਗੈਂਗਸਟਰਵਾਦ, ਭ੍ਰਿਸ਼ਟਾਚਾਰ, ਦਿੱਲੀ ਦੇ ਇਸ਼ਾਰਿਆਂ 'ਤੇ ਚੱਲਦੇ ਰਾਜ ਤੇ ਨਾਜਾਇਜ਼ ਮਾਈਨਿੰਗ ਵਰਗੀਆਂ ਸਮੱਸਿਆਵਾਂ ਤੋਂ ਮੁਕਤ ਕਰਵਾਉਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਤੇ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨਾ ਹੈ। ਗੌਰਵ ਸੰਧੂ ਨੇ ਕਿਹਾ ਕਿ ਪੰਜਾਬ ਦੇ ਹਿੱਤਾਂ, ਨੌਜਵਾਨਾਂ ਦੇ ਭਵਿੱਖ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਅਜਿਹੇ ਉਪਰਾਲਿਆਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਇਸ ਯਾਤਰਾ ਵਿੱਚ ਸ਼ਾਮਲ ਹੋਣ ਵਾਲੇ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਪੰਜਾਬ ਦੇ ਹੱਕਾਂ ਤੇ ਨੌਜਵਾਨ ਪੀੜ੍ਹੀ ਦੇ ਸੁਨਹਿਰੀ ਭਵਿੱਖ ਲਈ ਇਕਜੁੱਟ ਹੋ ਕੇ ਯਤਨ ਕਰਨ ਦਾ ਸੱਦਾ ਦਿੱਤਾ।

ਸਫਾ 1 ਦੇ ਬਾਕੀ...

ਇਕੱਤੀਆਂ ਦੀ ਦੂਜੀ ਲਿਸਟ 'ਚ 2 ਸਾਂਸਦ ਉਤਾਰੇ...

ਦੀਨਾਨਗਰ-ਸ਼ਮਸ਼ੇਰ ਸਿੰਘ, ਫਤਿਹਗੜ੍ਹ ਚੂੜੀਆਂ-ਹਰਜੋਬਨਜੀਤ ਸਿੰਘ ਰੰਧਾਵਾ (ਜੋਬਨ ਰੰਧਾਵਾ), ਕਾਦੀਆਂ-ਗੁਰਇਕਬਾਲ ਸਿੰਘ ਮਾਹਲ, ਰਾਜਾਸਾਂਸੀ-ਸੋਨੀਆ ਮਾਨ, ਮਜੀਠਾ-ਤਲਬੀਰ ਸਿੰਘ ਗਿੱਲ, ਅੰਮ੍ਰਿਤਸਰ ਉਤਰੀ-ਕਰਮਜੀਤ ਸਿੰਘ ਰਿੰਟੂ, ਪੱਟੀ-ਜਸਕਰਨਵਰ ਸਿੰਘ ਗਿੱਲ (ਜੱਸਾ ਪੱਟੀ), ਭੁਲੱਥ-ਐਡਵੋਕੇਟ ਹਰਸਿਮਰਨ ਸਿੰਘ, ਕਪੂਰਥਲਾ-ਦਵਿੰਦਰ ਪਾਲ ਸਿੰਘ ਰੰਗਾ, ਫਗਵਾੜਾ - ਡਾ. ਰਾਜ ਕੁਮਾਰ ਚੱਬੇਵਾਲ, ਫਿਲੌਰ-ਹਰਜੋਤ ਕੌਰ ਲੋਹਟੀਆ, ਸ਼ਾਹਕੋਟ - ਬਲਵੀਰ ਸਿੰਘ ਪਾਲਾ ਜਲਾਲਪੁਰ, ਜਲੰਧਰ ਕੇਂਦਰੀ-ਨਿਤਿਨ ਕੋਹਲੀ, ਜਲੰਧਰ ਉੱਤਰੀ-ਵਨੀਤ ਧੀਰ, ਜਲੰਧਰ ਛਾਉਣੀ-ਦੀਪਕ ਬਾਲੀ, ਆਦਮਪੁਰ-ਪਵਨ ਕੁਮਾਰ ਟੀਨੂੰ, ਮੁਕੇਰੀਆਂ-ਸਰਬਜੋਤ ਸਿੰਘ ਸਾਬੀ, ਨਵਾਂਸ਼ਹਿਰ-ਰੌਬੀ ਕੰਗ, ਚਮਕੌਰ ਸਾਹਿਬ-ਜਸਵੀਰ ਸਿੰਘ ਗੜ੍ਹੀ, ਖਰੜ-ਪਰਮਿੰਦਰ ਸਿੰਘ ਗੋਲਡੀ, ਦਾਖਾ-ਡਾ. ਕੇ ਐੱਨ.ਐੱਸ. ਕੰਗ, ਜਗਰਾਉਂ - ਸਰਵਜੀਤ ਕੌਰ ਮਾਣੂੰਕੇ, ਅਬੋਹਰ-ਡਾ. ਸੁਹਾਨੀ ਡੋਡਾ, ਬੱਲੂਆਣਾ- ਅਮਨਦੀਪ ਸਿੰਘ ਗੋਲਡੀ ਮੁਸਾਫਰ, ਲੰਬੀ-ਰਣਧੀਰ ਸਿੰਘ ਧੀਰਾ ਖੁੱਡੀਆਂ, ਬਠਿੰਡਾ ਦਿਹਾਤੀ-ਗੋਪਾਲ ਸਿੰਘ, ਬਰਨਾਲਾ-ਗੁਰਮੀਤ ਸਿੰਘ ਮੀਤ ਹੇਅਰ, ਸ਼ੁਤਰਾਣਾ—ਵਰਿੰਦਰ ਕੌਰ ਲੂੰਬਾ।

ਜਿਨ੍ਹਾਂ ਸੀਟਾਂ 'ਤੇ ਉਮੀਦਵਾਰ ਬਦਲੇ :

ਖਰੜ: ਅਨਮੋਲ ਗਗਨ ਮਾਨ 2022 ਵਿੱਚ ਜਿੱਤੀ ਸੀ। ਪਰਮਿੰਦਰ ਸਿੰਘ ਗੋਲਡੀ ਨੂੰ ਪਹਿਲਾਂ ਹਲਕਾ ਇੰਚਾਰਜ ਬਣਾਏ ਜਾਣ ਤੋਂ ਬਾਅਦ ਹੁਣ ਟਿਕਟ ਮਿਲੀ ਹੈ। **ਪੱਟੀ** : ਲਾਲਜੀਤ ਸਿੰਘ ਭੁੱਲਰ 2022 ਵਿੱਚ ਜਿੱਤੇ ਸਨ। ਜਸਕੰਵਰ ਸਿੰਘ ਗਿੱਲ (ਜੱਸਾ ਪੱਟੀ) ਉਨ੍ਹਾਂ ਦੀ ਥਾਂ ਲੈਣਗੇ। **ਜਲੰਧਰ ਕੇਂਦਰੀ** : ਰਮਨ ਅਰੋੜਾ 2022 ਵਿਚ ਜਿੱਤੇ ਸਨ। ਨਿਤਿਨ ਕੋਹਲੀ ਉਨ੍ਹਾਂ ਦੀ ਥਾਂ ਲੈਣਗੇ। **ਜਲੰਧਰ ਛਾਉਣੀ** ਤੋਂ ਦੀਪਕ ਬਾਲੀ ਨੂੰ ਉਮੀਦਵਾਰ ਬਣਾਇਆ ਗਿਆ ਹੈ ਜਿਨ੍ਹਾਂ ਨੂੰ ਕੁਝ ਸਮਾਂ ਪਹਿਲਾ ਹਲਕਾ ਇੰਚਾਰਜ ਲਾਇਆ ਗਿਆ ਸੀ। **ਅੰਮ੍ਰਿਤਸਰ ਉੱਤਰੀ** : ਇਹ ਸੀਟ ਸਾਬਕਾ ਆਈ ਪੀ ਐਸ ਅਧਿਕਾਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਸੀਟ ਸੀ ਅਤੇ ਹੁਣ ਇਹ ਖਾਲੀ ਹੈ। ਕਰਮਜੀਤ ਸਿੰਘ ਰਿੰਟੂ ਨੂੰ ਉਮੀਦਵਾਰ ਬਣਾਇਆ ਹੈ। **ਲੰਬੀ**: ਗੁਰਮੀਤ ਸਿੰਘ ਖੁੱਡੀਆਂ ਨੇ 2022 ਵਿੱਚ ਇੱਥੇ ਸਾਬਕਾ ਮੁੱਖ ਮੰਤਰੀ ਮਰਹੂਮ ਸ. ਪ੍ਰਕਾਸ਼ ਸਿੰਘ ਬਾਦਲ ਨੂੰ ਹਰਾਇਆ ਸੀ। ਇਥੋਂ ਰਣਧੀਰ ਸਿੰਘ ਧੀਰਾ ਖੁੱਡੀਆਂ ਨੂੰ ਉਮੀਦਵਾਰ ਐਲਾਨਿਆ ਗਿਆ ਹੈ। ਉਹ ਵਿਧਾਇਕ ਗੁਰਮੀਤ ਸਿੰਘ ਖੁੱਡੀਆਂ ਦਾ ਭਤੀਜਾ ਹੈ।

ਭਾਜਪਾ ਦੇ ਗੱਠਜੋੜ ਨੂੰ ਹਰਾਉਣ ਲਈ ...

ਤਿਆਰੀਆਂ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਨੂੰ ਕਿਹਾ ਗਿਆ ਕਿ ਅਗਲੇ 10 ਦਿਨਾਂ ਦੇ ਅੰਦਰ-ਅੰਦਰ ਜਨਰਲ ਬਾਡੀ ਮੀਟਿੰਗਾਂ ਕਰਕੇ ਇਸ ਅੰਦੋਲਨ ਦੀ ਜ਼ੋਰਦਾਰ ਤਰੀਕੇ ਨਾਲ ਤਿਆਰੀ ਕੀਤੀ ਜਾਵੇ। ਟੀਚਾ ਮਿੱਥਿਆ ਗਿਆ ਹੈ ਕਿ ਘੱਟੋ-ਘੱਟ 15,000 ਤੋਂ ਵੱਧ ਸਾਥੀ ਸਾਰੇ ਸੂਬੇ ਵਿਚ ਗ੍ਰਿਫਤਾਰੀਆਂ ਦੇਣਗੇ। ਸਾਰੇ ਜ਼ਿਲ੍ਹਿਆਂ ਦੀ ਸੀ ਪੀ ਆਈ ਦੀ ਮੁੱਖ ਲੀਡਰਸ਼ਿਪ ਗ੍ਰਿਫਤਾਰੀ ਦੇਣ ਵਾਲੇ ਜਥਿਆਂ ਦੀ ਆਪਣੇ-ਆਪਣੇ ਜ਼ਿਲ੍ਹੇ ਵਿਚ ਅਗਵਾਈ ਕਰੇਗੀ। ਜਿਹਨਾਂ ਮੁੱਦਿਆਂ ਨੂੰ ਲੈ ਕੇ ਇਹ ਅੰਦੋਲਨ ਕੀਤਾ ਜਾ ਰਿਹਾ ਹੈ, ਉਹਨਾਂ ਵਿਚ ਫਿਰਕਾਪ੍ਰਸਤੀ ਅਤੇ ਘੱਟ ਗਿਣਤੀਆਂ ਵਿਰੋਧੀ ਨੀਤੀ, ਕਾਰਪੋਰੇਟ-ਪੱਖੀ ਆਰਥਕ ਨੀਤੀਆਂ ਬਦਲਣਾ, ਕਿਸਾਨੀ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨਾ, ਬੇਰੁਜ਼ਗਾਰੀ ਦਾ ਹੱਲ ਕੱਢਣਾ, ਭ੍ਰਿਸ਼ਟਾਚਾਰ, ਸੰਵਿਧਾਨਕ ਸੰਸਥਾਵਾਂ ਨੂੰ ਬਚਾਉਣਾ, ਮੁੱਖ ਚੋਣ ਕਮਿਸ਼ਨਰ ਤੋਂ ਅਸਤੀਫਾ ਲੈਣਾ ਅਤੇ ਕੱਟੀਆਂ ਗਈਆਂ ਵੋਟਾਂ ਬਹਾਲ ਕਰਨਾ, ਮਹਿੰਗਾਈ ਰੋਕਣਾ, ਵਿੱਦਿਆ, ਸਿਹਤ ਆਦਿ ਸ਼ਾਮਲ ਹਨ। ਮੀਟਿੰਗਾਂ ਵਿਚ ਜਿਹਨਾਂ ਮੁੱਖ ਆਗੂਆਂ ਨੇ ਆਪਣੇ ਵਿਚਾਰ ਰੱਖੇ ਅਤੇ ਸੁਝਾਅ ਦਿੱਤੇ, ਉਹਨਾਂ ਵਿਚ ਬੰਤ ਸਿੰਘ ਬਰਾੜ ਕੌਮੀ ਸਕੱਤਰ ਸੀ ਪੀ ਆਈ, ਹਰਦੇਵ ਸਿੰਘ ਅਰਸ਼ੀ ਕੌਮੀ ਕੰਟਰੋਲ ਕਮਿਸ਼ਨ ਮੈਂਬਰ ਸੀ ਪੀ ਆਈ, ਜਗਰੂਪ ਸਿੰਘ ਕੌਮੀ ਕੌਂਸਲ ਮੈਂਬਰ ਸੀ ਪੀ ਆਈ, ਅਮਰਜੀਤ ਆਸਲ, ਪ੍ਰਿਥੀਪਾਲ ਸਿੰਘ ਮਾੜੀਮੇਘਾ ਤੇ ਦੇਵੀ ਕੁਮਾਰੀ ਮੁੱਖ ਤੌਰ 'ਤੇ ਸ਼ਾਮਲ ਸਨ।

'ਜਵਾਨੀ ਸੰਭਾਲ' ਸਾਈਕਲ ਯਾਤਰਾ 'ਤੇ ਨਿਕਲੇ ਚੰਨੀ

ਗਾਇਕਾਂ ਦਾ ਵੀ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਨੌਜਵਾਨਾਂ ਅਤੇ ਹੋਰ ਭਾਗੀਦਾਰਾਂ ਨੂੰ ਕਰੀਬ 2 ਹਜ਼ਾਰ ਨਵੇਂ ਸਾਈਕਲ ਵੰਡੇ ਗਏ। 8 ਦਿਨਾਂ ਤੱਕ ਚੱਲਣ ਵਾਲੀ ਇਹ ਯਾਤਰਾ 12 ਤੋਂ 19 ਨਵੰਬਰ ਤੱਕ ਜਾਰੀ ਰਹੇਗੀ। ਇਹ ਕਾਂਗਰਸ ਦੀ ਵੱਡੀ 'ਪੰਜਾਬ ਮੰਗਦਾ ਇਨਸਾਫ਼' ਯਾਤਰਾ ਦਾ ਹਿੱਸਾ ਹੈ। ਇਸ ਦੌਰਾਨ ਕਰੀਬ 625 ਕਿਲੋਮੀਟਰ ਦਾ ਸਫ਼ਰ ਤੈਅ ਕਰਦਿਆਂ 27 ਵਿਧਾਨ ਸਭਾ ਹਲਕਿਆਂ ਨੂੰ ਕਵਰ ਕੀਤਾ ਜਾਵੇਗਾ। ਪਹਿਲੇ ਪੜਾਅ ਵਿੱਚ ਲਗਭਗ 2 ਹਜ਼ਾਰ ਸਾਈਕਲ ਸਵਾਰ ਹਿੱਸਾ ਲੈ ਰਹੇ ਹਨ। ਚੰਨੀ ਨੇ ਇਸ ਯਾਤਰਾ ਰਾਹੀਂ ਪੰਜਾਬ ਦੇ ਨੌਜਵਾਨਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਦਾ ਐਲਾਨ ਕੀਤਾ ਹੈ। ਇਨ੍ਹਾਂ ਵਿੱਚ ਨਸ਼ੇ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਸੂਬੇ ਦੀ ਵਿਗੜ ਰਹੀ ਕਾਨੂੰਨ ਵਿਵਸਥਾ ਵਰਗੇ ਮੁੱਦੇ ਸ਼ਾਮਲ ਹਨ। ਕਾਂਗਰਸ ਵੱਲੋਂ ਹਰ ਵਿਧਾਨ ਸਭਾ ਹਲਕੇ ਵਿੱਚ ਮਾਰਚ ਅਤੇ ਲੋਕਾਂ ਨਾਲ ਸਿੱਧਾ ਸੰਵਾਦ ਵੀ ਕੀਤਾ ਜਾਵੇਗਾ, ਤਾਂ ਜੋ ਸਥਾਨਕ ਸਮੱਸਿਆਵਾਂ ਬਾਰੇ ਲੋਕਾਂ ਦੀ ਰਾਏ ਜਾਣੀ ਜਾ ਸਕੇ। ਇਸ ਮੌਕੇ ਸੰਬੋਧਨ ਕਰਦਿਆਂ ਕਾਂਗਰਸ ਆਗੂ ਸਚਿਨ ਪਾਇਲਟ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਧੋਖਾ ਹੋਇਆ ਹੈ ਅਤੇ ਦਿੱਲੀ ਤੋਂ ਆਏ ਲੋਕ ਸੂਬੇ ਦੀ ਸਰਕਾਰ ਚਲਾ ਰਹੇ ਹਨ। ਸਾਈਕਲ ਯਾਤਰਾ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਦਿਖਾਏ ਗਏ ਕਾਲੇ ਝੰਡਿਆਂ 'ਤੇ ਪ੍ਰਤੀਕਿਰਿਆ ਦਿੰਦਿਆਂ ਪਾਇਲਟ ਨੇ ਇਸ ਨੂੰ ਕਾਂਗਰਸ ਲਈ ਸ਼ੁਭ ਸੰਕੇਤ ਕਰਾਰ ਦਿੱਤਾ। ਉਨ੍ਹਾ ਕਿਹਾ ਕਿ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਆਗੂਆਂ ਨੂੰ ਹੀ ਚੋਣਾਂ ਵਿੱਚ ਟਿਕਟਾਂ ਦਿੱਤੀਆਂ ਜਾਣਗੀਆਂ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਦੀ ਹੈ ਤਾਂ ਮੁਫ਼ਤ ਬਿਜਲੀ ਵਰਗੀਆਂ ਸਹੂਲਤਾਂ ਬੰਦ ਨਹੀਂ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਦੇਣ ਦੀ ਪ੍ਰਸਤਾਵਿਤ ਸਹਾਇਤਾ ਯੋਜਨਾ ਵੀ ਜਾਰੀ ਰੱਖੀ ਜਾਵੇਗੀ। ਬਾਜਵਾ ਨੇ ਕਾਂਗਰਸੀ ਆਗੂਆਂ ਨੂੰ ਇਕਜੁੱਟ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਪਾਰਟੀ ਦੀ ਹਾਈਕਮਾਂਡ ਸਹੀ ਸਮੇਂ 'ਤੇ ਲੀਡਰਸ਼ਿਪ ਸੰਬੰਧੀ ਫੈਸਲੇ ਲਵੇਗੀ। ਚਰਨਜੀਤ ਸਿੰਘ ਚੰਨੀ ਨੇ ਸਾਈਕਲ ਯਾਤਰਾ ਨੂੰ 'ਆਪ' ਸਰਕਾਰ ਵਿਰੁੱਧ ਸਿਆਸੀ ਲਹਿਰ ਦੀ ਸ਼ੁਰੂਆਤ ਦੱਸਿਆ। ਉਨ੍ਹਾ ਦਾਅਵਾ ਕੀਤਾ ਕਿ ਯਾਤਰਾ ਨੂੰ ਮਿਲ ਰਹੇ ਹੁੰਗਾਰੇ ਤੋਂ ਸਪੱਸ਼ਟ ਹੈ ਕਿ ਪੰਜਾਬ ਵਿੱਚ ਕਾਂਗਰਸ ਦੀ ਲਹਿਰ ਤੇਜ਼ੀ ਨਾਲ ਵਧ ਰਹੀ ਹੈ। ਰਸਤੇ ਵਿੱਚ ਕੁਝ ਆਮ ਆਦਮੀ ਪਾਰਟੀ ਦੇ ਸਮਰਥਕਾਂ ਵੱਲੋਂ ਦਿਖਾਏ ਗਏ ਕਾਲੇ ਝੰਡਿਆਂ 'ਤੇ ਚੰਨੀ ਨੇ ਕਿਹਾ ਕਿ ਕਾਂਗਰਸ ਵਿਰੋਧੀ ਪਾਰਟੀਆਂ ਦੇ ਪ੍ਰੋਗਰਾਮਾਂ ਵਿੱਚ ਕਦੇ ਵਿਘਨ ਨਹੀਂ ਪਾਉਂਦੀ। ਉਨ੍ਹਾ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਨੇ ਕਾਂਗਰਸ ਦੇ ਪ੍ਰੋਗਰਾਮਾਂ ਵਿੱਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਪਾਰਟੀ ਵਰਕਰ ਇਸ ਦਾ ਵਿਰੋਧ ਕਰਨਗੇ।

ਸਮਾਗਮ ਵਿੱਚ ਕਈ ਹੋਰ ਸੀਨੀਅਰ ਕਾਂਗਰਸੀ ਆਗੂ ਵੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਸੰਗਤ ਸਿੰਘ ਗਿਲਜ਼ੀਆਂ, ਰਾਜ ਕੁਮਾਰ ਵੇਰਕਾ, ਸੁਖਵਿੰਦਰ ਸਿੰਘ ਡੈਨੀ, ਹਰਪ੍ਰਤਾਪ ਸਿੰਘ ਅਜਨਾਲਾ, ਸੁਨੀਲ ਦੱਤੀ, ਸੰਤੋਖ ਸਿੰਘ ਭਲਾਈਪੁਰ, ਸੁਰਿੰਦਰ ਸਿੰਘ ਕਰਤਾਰਪੁਰ, ਰਜ਼ੀਆ ਸੁਲਤਾਨਾ ਅਤੇ ਸੁਖਪਾਲ ਸਿੰਘ ਖਹਿਰਾ ਦੇ ਨਾਂਅ ਸ਼ਾਮਲ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਡੱਲਾ ਵਿਖੇ ਖੇਡ ਸਟੇਡੀਅਮ ਦਾ ਉਦਘਾਟਨ

ਬਟਾਲਾ, (ਡਾ. ਮਲਵਿੰਦਰ ਸਿੰਘ)- ਹਲਕਾ ਬਟਾਲਾ ਦੇ ਮੁੱਖ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਇਲਾਕੇ ਦੇ ਲੋਕਾਂ ਨੂੰ ਵੱਡੀ ਸੌਗਾਤ ਦਿੱਤੀ ਗਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਡੱਲਾ ਵਿਖੇ ਨਵੇਂ ਤਿਆਰ ਕੀਤੇ ਗਏ ਖੇਡ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸਰਪੰਚ ਮੇਜਰ ਸਿੰਘ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।ਇਸ ਮੌਕੇ ਖਿਡਾਰੀਆਂ ਨੂੰ ਕਿੱਟਾਂ ਵੀ ਵੰਡੀਆਂ ਗਈਆਂ।



ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਜਿਵੇਂ ਕਿ ਬਿਹਤਰ ਸਿਹਤ ਸੇਵਾਵਾਂ ਅਤੇ ਖੇਡਾਂ ਦੇ ਬਿਹਤਰੀਨ ਪ੍ਰਬੰਧ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪਿੰਡ ਡੱਲਾ ਖੇਡ ਸਟੇਡੀਅਮ ਨਾਲ ਪਿੰਡ ਅਤੇ ਆਸ-ਪਾਸ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਦੇ ਖੇਤਰ ਵਿੱਚ ਆਪਣਾ ਅਤੇ ਆਪਣੇ ਇਲਾਕੇ ਦਾ ਨਾਂ ਰੋਸ਼ਨ ਕਰ ਸਕਣ।

ਉਨ੍ਹਾਂ ਅੱਗੇ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਕਈ ਵਿਕਾਸ ਪ੍ਰੋਜੈਕਟ ਹਲਕਾ ਵਾਸੀਆਂ ਨੂੰ ਸਮਰਪਿਤ ਕੀਤੇ ਜਾਣਗੇ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੇ ਪ੍ਰੋਜੈਕਟ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਇਸ ਉਦਘਾਟਨੀ ਸਮਾਰੋਹ ਦੌਰਾਨ ਪਿੰਡਾਂ ਦੀ ਪੰਚਾਇਤ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਜ਼ਿਲ੍ਹਾ ਤੇ ਚੋਣ ਹਲਕਾ ਪੱਧਰ 'ਤੇ ਸਕੂਲਾਂ/ਕਾਲਜਾਂ 'ਚ ਲੇਖ ਲਿਖਣ ਤੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਜਾਣਗੇ : ਡਿਪਟੀ ਕਮਿਸ਼ਨਰ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਦਿਤਿਆ ਉੱਪਲ ਵਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਗਾਮੀ ਵਿਧਾਨ ਸਭਾ ਸਭਾ ਚੋਣਾਂ-2027 ਦੀਆਂ ਤਿਆਰੀਆਂ ਆਰੰਭ ਹੋ ਗਈਆਂ ਹਨ।



ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਵਿਦਿਆਰਥੀਆਂ ਵਿਚ ਵੋਟ ਦੇ ਮਹੱਤਵ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਲੇਖ ਲਿਖਣ ਤੇ ਕੁਇਜ਼ ਮੁਕਾਬਲੇ ਕਰਵਾਏ ਜਾਣੇ ਹਨ। ਇਹ ਮੁਕਾਬਲੇ ਚੋਣ ਸਾਖਰਤਾ ਕਲੱਬਾਂ ਰਾਹੀਂ ਜ਼ਿਲ੍ਹਾ ਪੱਧਰ ਅਤੇ ਚੋਣ ਹਲਕਾ ਪੱਧਰ 'ਤੇ ਸਕੂਲਾਂ ਤੇ ਕਾਲਜਾਂ ਵਿਚ ਕਰਵਾਏ ਜਾਣੇ ਹਨ। ਉਨ੍ਹਾਂ ਦੱਸਿਆ ਕਿ 11 ਅਤੇ 12 ਨਵੰਬਰ ਨੂੰ ਸੰਸਥਾ-ਪੱਧਰੀ ਦੌਰ ਤਹਿਤ ਹਰੇਕ ਮੁਕਾਬਲੇ ਲਈ 2 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ, ਜਦਕਿ 16 ਨਵੰਬਰ ਨੂੰ ਵਿਧਾਨ ਸਭਾ ਹਲਕਾ ਪੱਧਰੀ ਦੌਰ ਵਿਚ ਪ੍ਰਤੀ ਮੁਕਾਬਲਾ ਹਰੇਕ ਵਿਧਾਨ ਸਭਾ ਹਲਕੇ ਵਿਚੋਂ 10 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ, ਜ਼ਿਲ੍ਹਾ ਪੱਧਰੀ ਮੁਕਾਬਲਾ 18 ਨਵੰਬਰ ਨੂੰ ਹੋਵੇਗਾ ਅਤੇ 20 ਨਵੰਬਰ ਨੂੰ ਨਤੀਜਿਆਂ ਦੀ ਘੋਸ਼ਣਾ ਕਰਦਿਆਂ ਸਰਟੀਫਿਕੇਟ ਜਾਰੀ ਕੀਤੇ ਜਾਣਗੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪੱਧਰ ਅਤੇ ਚੋਣ ਹਲਕਾ ਪੱਧਰ 'ਤੇ ਸਕੂਲਾਂ ਅਤੇ ਕਾਲਜਾਂ ਵਿਚ ਸਵੀਪ ਜਾਗਰੂਕਤਾ ਗਤੀਵਿਧੀਆਂ ਦਾ ਵਿਸ਼ੇਸ਼ ਮਹੱਤਵ ਹੈ ਤਾਂ ਜੋ ਵਿਦਿਆਰਥੀਆਂ ਰਾਹੀਂ ਉਨ੍ਹਾਂ ਦੇ ਮਾਪਿਆਂ ਅਤੇ ਸਮਾਜ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਸਕੇ।

ਸਾਹਿਤ ਕੌਮ ਦੀ ਇਤਿਹਾਸਕ ਯਾਦ ਨੂੰ ਜਿਉਂਦਾ ਰੱਖਣ ਦਾ ਸਮਰੱਥ ਮਾਧਿਅਮ : ਸਰਬਪ੍ਰੀਤ ਸਿੰਘ

ਧਾਰੀਵਾਲ (ਮਨਦੀਪ ਵਿੱਕੀ)- 'ਖ਼ਵਾਬਗਾਹ ਵਿੱਚ ਵਾਸਾ ਮੇਰਾ, ਆਸ ਵਸਲ ਦੀ ਰੱਖਦੀ ਹਾਂ'। ਸੁਪਨਿਆਂ ਦੇ ਘਰ ਵਿੱਚ ਵੱਸਦਿਆਂ ਪ੍ਰੀਤਮ ਨਾਲ ਮਿਲਾਪ ਦੀ ਤਾਂਘ ਵਾਲੀਆਂ ਇਹ ਸਤਰਾਂ ਉਸ ਲੇਖਕ ਦੀਆਂ ਹਨ, ਜੋ ਆਪਣੀਆਂ ਪੁਸਤਕਾਂ ਰਾਹੀਂ ਪੰਜਾਬ ਦੀ ਸੂਫ਼ੀ ਪਰੰਪਰਾ ਅਤੇ ਸਿੱਖ ਇਤਿਹਾਸ ਦੇ ਝਰੋਖੇ ਖੋਲ੍ਹ ਰਿਹਾ ਹੈ। ਉੱਘੇ ਸਿੱਖ ਲੇਖਕ, ਕਵੀ ਅਤੇ ਨਾਟਕਕਾਰ ਸਰਬਪ੍ਰੀਤ ਸਿੰਘ ਇਨ੍ਹੀਂ ਦਿਨੀਂ ਆਪਣੀ ਨਵੀਂ ਪੁਸਤਕ 'ਖ਼ਵਾਬਗਾਹ: ਦਿ ਹਾਊਸ ਆਫ਼ ਡਰੀਮਜ਼' ਨਾਲ ਪੰਜਾਬ ਭਰ ਦੀ ਸਾਹਿਤਕ ਯਾਤਰਾ 'ਤੇ ਹਨ।ਇਸੇ ਯਾਤਰਾ ਦੌਰਾਨ ਉਹ ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣੀ ਜਾਂਦੀ ਸਿਰਮੌਰ ਵਿਦਿਅਕ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਕਾਲਜ, ਤੁਗਲਵਾਲਾ ਅਤੇ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਵਿਸ਼ੇਸ਼ ਸਾਹਿਤਕ ਫੇਰੀ ਤੇ ਪਹੁੰਚੇ।ਇੱਥੇ 'ਆਪਣੇ ਬਿਰਤਾਂਤ ਦੀ ਮੁੜ ਪ੍ਰਾਪਤੀ' ਵਿਸ਼ੇ ਤੇ ਵਿਦਿਆਰਥੀਆਂ ਨਾਲ ਸੰਵਾਦ ਹੋਇਆ।ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਅਜਿਹੀਆਂ ਵਿਦਵਾਨ ਅਤੇ ਅਨੁਭਵੀ ਸ਼ਖ਼ਸੀਅਤਾਂ ਦਾ ਕਾਲਜ ਵਿੱਚ ਆਉਣਾ ਵਿਦਿਆਰਥੀਆਂ ਲਈ ਕਿਸੇ ਅਨਮੋਲ ਸੁਗਾਤ ਤੋਂ ਘੱਟ ਨਹੀਂ ਹੁੰਦਾ।ਉਨ੍ਹਾਂ ਦੀ ਜੀਵਨ-ਯਾਤਰਾ, ਵਿਚਾਰਧਾਰਾ ਅਤੇ ਪ੍ਰਾਪਤੀਆਂ ਨੌਜਵਾਨਾਂ ਲਈ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਨਵੀਂ ਉਡਾਣ ਦਿੰਦੀਆਂ ਹਨ।ਕੈਂਪਸ ਦੇ ਦੌਰੇ ਦੌਰਾਨ ਸ੍ਰ. ਸਰਬਪ੍ਰੀਤ ਸਿੰਘ ਨੇ ਵਿਦਿਆਰਥੀਆਂ ਵੱਲੋਂ ਬਲੈਕ ਬੋਰਡਾਂ ਉਤੇ ਉਕੇਰੀਆਂ ਸਿੱਖ ਇਤਿਹਾਸ, ਵਿਰਾਸਤ, ਗੁਰਮਤਿ ਵਿਚਾਰਧਾਰਾ ਅਤੇ ਜੀਵਨ-ਮੁੱਲਾਂ ਨਾਲ ਸਬੰਧਿਤ ਲਿਖਤਾਂ ਨੂੰ ਬੜੀ ਦਿਲਚਸਪੀ ਨਾਲ ਵਾਚਿਆ। ਉਨ੍ਹਾਂ ਨੇ ਕਾਲਜ ਦੀ ਕਾਰਜਸ਼ੈਲੀ, ਅਨੁਸ਼ਾਸਨ, ਵਿਦਿਅਕ ਵਾਤਾਵਰਨ ਅਤੇ ਵਿਦਿਆਰਥੀਆਂ ਦੀਆਂ ਸਿਰਜਣਾਤਮਕ ਗਤੀਵਿਧੀਆਂ ਦਾ ਗਹੁ ਨਾਲ ਨਿਰੀਖਣ ਕੀਤਾ ਅਤੇ ਸੰਸਥਾ ਦੇ ਕਾਰਜਾਂ ਪ੍ਰਤੀ ਪ੍ਰਸੰਨਤਾ ਪ੍ਰਗਟਾਈ। ਸ੍ਰ. ਗਗਨਦੀਪ ਸਿੰਘ ਵਿਰਕ ਨੇ ਸ੍ਰ. ਸਰਬਪ੍ਰੀਤ ਸਿੰਘ ਦੀ ਸਾਹਿਤਕ ਘਾਲਣਾ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਲੇਖਕ ਦੀਆਂ ਛੇ ਪੁਸਤਕਾਂ, ਇਤਿਹਾਸ, ਇਤਿਹਾਸਕ ਕਹਾਣੀਆਂ, ਤੱਥਾਂ ਅਤੇ ਕਵਿਤਾ ਰਾਹੀਂ ਸਾਡੇ ਇਤਿਹਾਸਕ ਅਤੇ ਸੱਭਿਆਚਾਰਕ ਵਿਰਸੇ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਮਜ਼ਬੂਤ ਪੁਲ ਹਨ।ਨਵੀਂ ਪੁਸਤਕ 36 ਮੌਲਿਕ ਕਵਿਤਾਵਾਂ ਦਾ ਸੰਗ੍ਰਹਿ ਹੈ।ਇਹ ਪੰਜਾਬ ਦੇ ਮਹਾਨ ਸੂਫ਼ੀ ਸੰਤਾਂ ਦੀ ਪਰੰਪਰਾ ਤੋਂ ਪ੍ਰੇਰਿਤ ਹੈ ਅਤੇ ਗੁਰਮੁਖੀ ਤੇ ਸ਼ਾਹਮੁਖੀ ਦੋਵਾਂ ਲਿਪੀਆਂ ਵਿੱਚ, ਅੰਗਰੇਜ਼ੀ ਅਨੁਵਾਦ ਸਮੇਤ, ਛਪੀ ਹੈ।



ਵੇਰਕਾ ਵੱਲੋਂ ਪਸ਼ੂ ਫੀਡ ਦੇ ਵਧਾਏ ਰੇਟਾਂ ਨੇ ਦੁੱਧ ਉਤਪਾਦਕਾਂ ਨੂੰ ਚਿੰਤਾ 'ਚ ਪਾਇਆ : ਸੰਧੂ

ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)- ਸਕੱਤਰ ਯੂਨੀਅਨ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵੇਰਕਾ ਪਲਾਂਟ ਵੱਲੋਂ ਪਿਛਲੇ ਸਾਲ ਦੇ ਮੁਕਾਬਲੇ ਪਸ਼ੂ ਫੀਡ ਦੇ ਰੇਟਾਂ ਵਿੱਚ ਲਗਭਗ 25 ਫ਼ੀਸਦੀ ਵਾਧਾ ਕਰ ਦਿੱਤਾ ਗਿਆ ਹੈ, ਜਦਕਿ ਦੁੱਧ ਉਤਪਾਦਕ ਕਿਸਾਨਾਂ ਨੂੰ ਦੁੱਧ ਦੇ ਰੇਟਾਂ ਵਿੱਚ ਉਸ ਅਨੁਪਾਤ ਅਨੁਸਾਰ ਕੋਈ ਵਾਧਾ ਨਹੀਂ ਦਿੱਤਾ ਗਿਆ। ਇਹ ਕਿਸਾਨਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਹੀ ਦੁੱਧ ਉਤਪਾਦਕ ਕਿਸਾਨ ਦੁੱਧ ਦੇ ਕਾਰੋਬਾਰ ਤੋਂ ਦੂਰ ਹੁੰਦੇ ਜਾ ਰਹੇ ਹਨ। ਹੁਣ ਪਸ਼ੂ ਫੀਡ ਦੀਆਂ ਵਧੀਆਂ ਕੀਮਤਾਂ ਨੇ ਕਿਸਾਨਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ।ਜੇਕਰ ਵੇਰਕਾ ਵੱਲੋਂ ਦੁੱਧ ਦੇ ਖਰੀਦ ਰੇਟਾਂ ਵਿੱਚ ਵਾਧਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਦੁੱਧ ਦਾ ਕਾਰੋਬਾਰ ਹੋਰ ਵੀ ਪ੍ਰਭਾਵਿਤ ਹੋਵੇਗਾ।ਭੁਪਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਵੇਰਕਾ ਦੇ ਐੱਫ. ਸੀ. ਸਾਹਿਬ ਚੰਡੀਗੜ੍ਹ ਤੋਂ ਮੀਟਿੰਗ ਲਈ ਸਮਾਂ ਮੰਗ ਰਹੇ ਹਨ, ਪਰ ਅਜੇ ਤੱਕ ਉਨ੍ਹਾਂ ਨੂੰ ਮੀਟਿੰਗ ਦਾ ਸਮਾਂ ਨਹੀਂ ਦਿੱਤਾ ਗਿਆ। ਕੁਝ ਸਮਾਂ ਪਹਿਲਾਂ ਵੀ ਐੱਫ. ਸੀ. ਸਾਹਿਬ ਚੰਡੀਗੜ੍ਹ ਨੂੰ ਪਸ਼ੂ ਫੀਡ ਦੀ ਗੁਣਵੱਤਾ ਅਤੇ ਰੇਟਾਂ ਸਬੰਧੀ ਲਿਖਤੀ ਪੱਤਰ ਦਿੱਤਾ ਗਿਆ ਸੀ, ਪਰ ਉਸ 'ਤੇ ਅੱਜ ਤੱਕ ਕੋਈ ਠੋਸ ਕਾਰਵਾਈ ਸਾਹਮਣੇ ਨਹੀਂ ਆਈ।ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ ਵੇਰਕਾ ਪਲਾਂਟ ਦੀ ਲੈਬ ਵਿੱਚ ਸੁਧਾਰ ਲਿਆਉਣ ਲਈ ਦੋ ਮੁਲਾਜ਼ਮਾਂ ਦੀ ਬਦਲੀ ਦੀ ਮੰਗ ਵੀ ਇਸੇ ਪੱਤਰ ਵਿੱਚ ਕੀਤੀ ਗਈ ਸੀ। ਪਲਾਂਟ ਦੇ ਜੀ. ਐੱਮ. ਵੱਲੋਂ ਕੁਝ ਦਿਨਾਂ ਲਈ ਉਕਤ ਮੁਲਾਜ਼ਮਾਂ ਦੀ ਬਦਲੀ ਕੀਤੀ ਗਈ ਸੀ, ਜਿਸ ਦੌਰਾਨ ਲੈਬ ਦਾ ਕੰਮ ਵਧੀਆ ਢੰਗ ਨਾਲ ਚੱਲਿਆ, ਪਰ ਬਾਅਦ ਵਿੱਚ ਮੁੜ ਉਨ੍ਹਾਂ ਹੀ ਮੁਲਾਜ਼ਮਾਂ ਨੂੰ ਲੈਬ ਵਿੱਚ ਤਾਇਨਾਤ ਕਰ ਦਿੱਤਾ ਗਿਆ। ਉਨ੍ਹਾਂ ਅਨੁਸਾਰ ਇਸ ਤੋਂ ਬਾਅਦ ਲੈਬ ਵਿੱਚ ਦੁਬਾਰਾ ਗੜਬੜੀਆਂ ਅਤੇ ਗ੍ਰੈਵਿਟੀ ਸਬੰਧੀ ਸਮੱਸਿਆਵਾਂ ਸ਼ੁਰੂ ਹੋ ਗਈਆਂ ਹਨ।ਉਨ੍ਹਾਂ ਵੇਰਕਾ ਦੇ ਐੱਫ. ਸੀ. ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਯੂਨੀਅਨ ਨਾਲ ਮੀਟਿੰਗ ਦਾ ਸਮਾਂ ਦਿੱਤਾ ਜਾਵੇ, ਪਸ਼ੂ ਫੀਡ ਦੀ ਗੁਣਵੱਤਾ ਅਤੇ ਕੀਮਤਾਂ ਸਬੰਧੀ ਮਸਲੇ ਹੱਲ ਕੀਤੇ ਜਾਣ ਅਤੇ ਲੈਬ ਦੇ ਸਬੰਧਤ ਮੁਲਾਜ਼ਮਾਂ ਦੀ ਬਦਲੀ ਕੀਤੀ ਜਾਵੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਵੱਲ ਜਲਦੀ ਧਿਆਨ ਨਾ ਦਿੱਤਾ ਗਿਆ ਤਾਂ ਕਿਸਾਨ ਜਥੇਬੰਦੀਆਂ ਅਤੇ ਦੁੱਧ ਉਤਪਾਦਕਾਂ ਵੱਲੋਂ ਅੰਮ੍ਰਿਤਸਰ ਵੇਰਕਾ ਪਲਾਂਟ ਦੇ ਗੇਟ ਬੰਦ ਕਰਕੇ ਧਰਨਾ-ਪ੍ਰਦਰਸ਼ਨ ਕੀਤਾ ਜਾਵੇਗਾ।



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਿਆਈ ਦਿਵਸ ਮਨਾਇਆ



ਧਾਰੀਵਾਲ, (ਮਨਦੀਪ ਵਿੱਕੀ) ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ) ਸਕੂਲ ਕਲਿਆਣਪੁਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਿਆਈ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੀਮਾ ਰਾਠੌਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਸਬੰਧੀ ਸਕੂਲ ਵਿੱਚ ਸਮਾਗਮ ਦੌਰਾਨ ਸਕੂਲੀ ਬੱਚਿਆਂ, ਅਧਿਆਪਕਾਂ ਅਤੇ ਪ੍ਰਬੰਧਕਾਂ ਨੇ ਸੰਗਤੀ ਰੂਪ ਵਿੱਚ ਰਲ਼ ਮਿਲ ਕੇ ਸਭ ਤੋਂ ਪਹਿਲਾਂ ਜਪੁਜੀ ਸਾਹਿਬ ਦੇ ਪਾਠ ਦਾ ਸਿਮਰਨ ਕੀਤਾ। ਉਪਰੰਤ ਪੰਜਵੀਂ ਜਮਾਤ ਦੀਆਂ ਵਿਦਿਆਰਥਣਾਂ ਪ੍ਰਭਜੋਤ ਕੌਰ, ਯੁਵਲੀਨ ਕੌਰ, ਕਵਨੀਤ ਕੌਰ, ਨਿਮਰਤਜੀਤ ਕੌਰ, ਗੁਰਸੀਰਤ ਕੌਰ, ਸਮਰਦੀਪ ਕੌਰ, ਸੁਖਮਨ ਕੌਰ ਅਤੇ ਤੇਗਬੀਰ ਸਿੰਘ ਵੱਲੋਂ ਰਸਭਿੰਨਾ ਸ਼ਬਦ ਕੀਰਤਨ ਗਾਇਨ ਕੀਤੇ। ਇਸ ਮੌਕੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਤਿਹਾਸ, ਗੁਰਗੱਦੀ ਦਿਵਸ ਦੀ ਮਹੱਤਤਾ ਅਤੇ ਗੁਰਬਾਣੀ ਦੀਆਂ ਸਿੱਖਿਆਵਾਂ 'ਤੇ ਆਧਾਰਿਤ ਭਾਸ਼ਣ, ਕਵਿਤਾਵਾਂ ਪੇਸ਼ ਕੀਤੀਆਂ। ਅਧਿਆਪਕਾ ਕੁਲਵਿੰਦਰ ਕੌਰ ਨੇ ਗੁਰੂ ਗ੍ਰੰਥ ਸਾਹਿਬ ਦੇ ਸੰਕਲਪ ਅਤੇ ਗੁਰਿਆਈ ਬਾਰੇ ਜਾਣਕਾਰੀ ਦਿੱਤੀ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਨੇ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੀ ਮਨੁੱਖਤਾ ਦੇ ਸਾਂਝੇ ਰਹਿਬਰ ਹਨ ਅਤੇ ਸਾਨੂੰ ਸਾਰਿਆਂ ਨੂੰ ਗੁਰਬਾਣੀ ਦੇ ਉਪਦੇਸਾਂ ਅਨੁਸਾਰ ਕਿਰਤ ਕਰਨ, ਨਾਮ ਜਪਣ, ਵੰਡ ਛਕਣ ਅਤੇ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਦਾ ਪ੍ਰਣ ਲੈਣਾ ਚਾਹੀਦਾ ਹੈ। ਉਨ੍ਹਾਂ ਨੇ ਬੱਚਿਆਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਚੰਗੇ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਸਮਾਜਿਕ ਬੁਰਾਈਆਂ ਵਿਰੁੱਧ ਜਾਗਰੂਕਤਾ ਹੀ ਸੁਰੱਖਿਅਤ ਸਮਾਜ ਦੀ ਨੀਂਹ : ਪ੍ਰਿੰ. ਮਹਿਤਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਅਤੇ ਖਾਲਸਾ ਕਾਲਜੀਏਟ ਵਿਖੇ ਸਮਾਜਿਕ ਬੁਰਾਈਆਂ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਸਾਰੇ ਵਿਦਿਆਰਥੀਆਂ ਨੇ ਬਹੁਤ ਹੀ ਪ੍ਰਸ਼ੰਸਾ ਯੋਗ ਪ੍ਰਦਰਸ਼ਨ ਕੀਤਾ। ਕਾਲਜ ਦੇ ਹੋਣਹਾਰ ਵਿਦਿਆਰਥੀ ਕੋਮਲਪ੍ਰੀਤ ਕੌਰ, ਗੁਰਲੀਨ ਕੌਰ, ਮਨਮੀਤ ਕੌਰ, ਪ੍ਰੀਆ ਆਦਿ ਨੇ ਭਾਸ਼ਣ ਰਾਹੀਂ ਸਮਾਜ ਵਿੱਚ ਵੱਧ ਰਹੀਆਂ ਬੁਰਾਈਆਂ ਸੋਸ਼ਲ ਮੀਡੀਆ ਦੇ ਚੰਗੇ ਮਾੜੇ ਪੱਖ, ਭਰੂਣ ਹੱਤਿਆ ਅਤੇ ਨਸ਼ਿਆਂ ਦੇ ਸਮਾਜ ਤੇ ਪੈ ਰਹੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਇਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨਾਲ ਆਪਣੇ ਮਨ ਦੇ ਵਿਚਾਰ ਸਾਂਝਾ ਕਰਦਿਆਂ ਦੱਸਿਆ ਕਿ ਦਿਨੋ ਦਿਨ ਵਧ ਰਹੇ ਨਸ਼ੇ, ਮੋਬਾਈਲ ਦੀ ਦੁਰਵਰਤੋਂ ਅਤੇ ਭਰੂਣ ਹੱਤਿਆ ਵਰਗੀਆਂ ਬਿਮਾਰੀਆਂ ਇਨਸਾਨ ਨੂੰ ਖੋਖਲਾ ਬਣਾ ਰਹੀਆਂ ਹਨ।ਮਨੁੱਖ ਨੂੰ ਇਨ੍ਹਾਂ ਦੀ ਲਤ ਲੱਗ ਗਈ ਹੈ।ਨਿੱਤ ਹੀ ਅਖਬਾਰਾਂ ਲੁੱਟਾਂ ਖੋਹਾਂ, ਬਲਾਤਕਾਰ ਅਤੇ ਕਤਲ ਆਦਿ ਦੀਆਂ ਖਬਰਾਂ ਨਾਲ ਭਰੀਆਂ ਛਪਦੀਆਂ ਹਨ। ਜੋ ਕਿ ਅੱਜ ਦੇ ਮਨੁੱਖ ਦੀ ਜ਼ਿੰਦਗੀ ਨੂੰ ਦਿਖਾਉਂਦੀਆਂ ਹਨ। ਇਹਨਾਂ ਕੁਰੀਤੀਆਂ ਨੂੰ ਖਤਮ ਕਰਨ ਦੇ ਲਈ ਹਰ ਮਨੁੱਖ ਨੂੰ ਘਰ ਤੋਂ ਕਦਮ ਚੁੱਕਣੇ ਚਾਹੀਦੇ ਹਨ। ਬੱਚਿਆਂ ਨੂੰ ਫੋਨ ਤੋਂ ਦੂਰ ਰੱਖਣਾ ਤੇ ਬਾਣੀ ਵੱਲ ਜੋੜਨਾ ਚਾਹੀਦਾ ਹੈ । ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ ਅਤੇ ਔਰਤ ਦੀ ਇੱਜਤ, ਮਾਨ- ਸਤਿਕਾਰ ਕਰਨ ਦੇ ਨਾਲ-ਨਾਲ ਭਰੂਣ ਹੱਤਿਆ, ਦਹੇਜ ਅਤੇ ਬਲਾਤਕਾਰ ਆਦਿ ਵਰਗੇ ਪਾਪ ਬੰਦ ਕਰਨੇ ਚਾਹੀਦੇ ਹਨ ਤਾਂ ਜੋ ਇੱਕ ਨਵਾਂ ਨਰੋਇਆ ਸਮਾਜ ਸਿਰਜਿਆ ਜਾ ਸਕੇ।ਇਸ ਮੌਕੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ, ਸੁਖਦੇਵ ਸਿੰਘ, ਮੋਟੂ ਸਿੰਘ ਅਤੇ ਸਮੂਹ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਇਨਾਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ।



ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦਾ ਸਾਲਾਨਾ ਇਨਾਮ ਵੰਡ ਸਮਾਗਮ ਸ਼ਾਨੋ-ਸ਼ੌਕਤ ਨਾਲ ਸੰਪੰਨ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਵਿਦਿਆਰਥੀਆਂ ਦੀਆਂ ਸਾਲ ਭਰ ਦੀਆਂ ਪ੍ਰਾਪਤੀਆਂ ਨੂੰ ਸਨਮਾਨਿਤ ਕਰਨ ਲਈ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸੰਜੀਵ ਸ਼ਰਮਾ (ਪੀ.ਸੀ.ਐੱਸ.), ਸਬ ਡਵੀਜ਼ਨਲ ਮੈਜਿਸਟਰੇਟ, ਖਡੂਰ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਕਿਡਜ਼ ਪੈਰਾਡਾਈਜ਼ ਦੇ ਵਿਦਿਆਰਥੀਆਂ ਵੱਲੋਂ 'ਚਾਈਲਡਹੁੱਡ ਬਲਿੱਸ' ਵਿਸ਼ੇ ਅਧੀਨ ਸ਼ਾਨਦਾਰ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਬਚਪਨ ਦੀਆਂ ਖੁਸ਼ੀਆਂ ਅਤੇ ਇਸ ਦੇ ਵੱਖ-ਵੱਖ ਰੰਗਾਂ ਨੂੰ ਬੇਹੱਦ ਖੂਬਸੂਰਤੀ ਨਾਲ ਦਰਸਾਇਆ।ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸੰਜੀਵ ਸ਼ਰਮਾ ਨੇ ਕਿਹਾ ਕਿ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਉਚ ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਲਗਾਤਾਰ ਦਸ ਸਾਲਾਂ ਤੋਂ ਸੀ. ਬੀ. ਐੱਸ. ਈ. ਦੀ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚ ਜ਼ਿਲ੍ਹਾ ਟਾਪਰ ਦੇਣਾ ਸੰਸਥਾ ਦੀ ਵੱਡੀ ਪ੍ਰਾਪਤੀ ਹੈ। ਇਹ ਸਫਲਤਾ ਸਕੂਲ ਮੈਨੇਜਮੈਂਟ, ਪ੍ਰਿੰਸੀਪਲ, ਅਧਿਆਪਕਾਂ ਅਤੇ ਮਾਪਿਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਸੰਸਥਾ ਦੀਆਂ ਸਾਲ ਭਰ ਦੀਆਂ ਵਿੱਦਿਅਕ, ਸੱਭਿਆਚਾਰਕ ਅਤੇ ਖੇਡਾਂ ਦੇ ਖੇਤਰ ਵਿੱਚ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਕਿਡਜ਼ ਪੈਰਾਡਾਈਜ਼ ਦੇ ਹੋਣਹਾਰ ਵਿਦਿਆਰਥੀਆਂ ਤੋਂ ਇਲਾਵਾ ਜ਼ਿਲ੍ਹਾ, ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡਾਂ ਵਿੱਚ ਜਿੱਤਾਂ ਦਰਜ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਵਿੱਚ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਕੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਅੰਤ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਮੁੱਖ ਮਹਿਮਾਨ ਅਤੇ ਸਮੂਹ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਸੰਸਥਾ ਭਵਿੱਖ ਵਿੱਚ ਵੀ ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਨਵੀਆਂ ਬੁਲੰਦੀਆਂ ਛੂਹਣ ਲਈ ਨਿਰੰਤਰ ਯਤਨਸ਼ੀਲ ਰਹੇਗੀ।



ਅਵਾਂਖਾ ਵਿਖੇ ਮਹਾਰਾਣਾ ਪ੍ਰਤਾਪ ਸਪੋਰਟਸ ਕਲੱਬ ਨੇ ਦੂਜਾ ਵਾਲੀਬਾਲ ਟੂਰਨਾਮੈਂਟ ਕਰਵਾਇਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਪ੍ਰਧਾਨ ਵਿਨੇ ਚੌਧਰੀ ਬਬਲੀ ਨੇ ਆਪਣੇ ਜੱਦੀ ਪਿੰਡ ਅਵਾਂਖਾ ਵਿਖੇ ਮਹਾਰਾਣਾ ਪ੍ਰਤਾਪ ਸਪੋਰਟਸ ਕਲੱਬ ਵੱਲੋਂ ਕਰਵਾਏ ਗਏ ਦੂਜੇ ਵਾਲੀਬਾਲ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਨੇ ਕਲੱਬ ਦੇ ਸਮੂਹ ਅਹੁਦੇਦਾਰਾਂ, ਮੈਂਬਰਾਂ, ਪਿੰਡ ਦੇ ਨੌਜਵਾਨਾਂ ਅਤੇ ਪਿੰਡ ਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਆਪਣੇ ਹੀ ਜੱਦੀ ਪਿੰਡ ਵਿੱਚ ਮੁੱਖ ਮਹਿਮਾਨ ਵਜੋਂ ਸਨਮਾਨ ਮਿਲਣਾ ਉਨ੍ਹਾਂ ਲਈ ਬਹੁਤ ਹੀ ਮਾਣ ਅਤੇ ਭਾਵੁਕਤਾ ਵਾਲਾ ਪਲ ਹੈ।ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਨੌਜਵਾਨ ਪੀੜ੍ਹੀ ਦੇ ਸੁਨਹਿਰੇ ਭਵਿੱਖ ਦੀ ਨੀਂਹ ਹਨ। ਖੇਡਾਂ ਬੱਚਿਆਂ ਅਤੇ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਮਿਹਨਤ, ਆਪਸੀ ਭਾਈਚਾਰੇ ਅਤੇ ਜਿੱਤ-ਹਾਰ ਨੂੰ ਸਵੀਕਾਰ ਕਰਨ ਦੀ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਹਰ ਪਿੰਡ ਵਿੱਚ ਵਧੀਆ ਖੇਡ ਮੈਦਾਨ, ਸਟੇਡੀਅਮ ਅਤੇ ਖੇਡਾਂ ਲਈ ਆਧੁਨਿਕ ਸਹੂਲਤਾਂ ਉਪਲਬਧ ਕਰਵਾਈਆਂ ਜਾਣ, ਤਾਂ ਜੋ ਪਿੰਡਾਂ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਪੂਰਾ ਮੌਕਾ ਮਿਲ ਸਕੇ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਤ ਕਰਨ।ਉਨ੍ਹਾਂ ਕਿਹਾ ਕਿ ਜਦੋਂ ਸਾਡੇ ਨੌਜਵਾਨ ਖੇਡ ਮੈਦਾਨਾਂ ਨਾਲ ਜੁੜਨਗੇ ਤਾਂ ਉਹ ਨਸ਼ਿਆਂ, ਅਪਰਾਧ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਇੱਕ ਸਿਹਤਮੰਦ ਅਤੇ ਸਾਰਥਕ ਜੀਵਨ ਵੱਲ ਅੱਗੇ ਵਧਣਗੇ।ਸਾਡਾ ਸੁਪਨਾ ਹੈ ਕਿ ਪੰਜਾਬ ਦਾ ਹਰ ਨੌਜਵਾਨ ਨਸ਼ਿਆਂ ਦੀ ਦਲਦਲ ਤੋਂ ਦੂਰ ਰਹਿ ਕੇ ਖੇਡ ਮੈਦਾਨਾਂ ਵਿੱਚ ਆਪਣੀ ਮਿਹਨਤ ਅਤੇ ਪ੍ਰਤਿਭਾ ਦਾ ਲੋਹਾ ਮਨਵਾਏ। ਸਾਡੇ ਪਿੰਡਾਂ ਦੇ ਬੱਚੇ ਸਿਰਫ਼ ਜ਼ਿਲ੍ਹਾ ਜਾਂ ਸੂਬਾ ਪੱਧਰ 'ਤੇ ਹੀ ਨਹੀਂ, ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਮੈਡਲ ਜਿੱਤ ਕੇ ਆਪਣੇ ਪਿੰਡ, ਪੰਜਾਬ ਅਤੇ ਪੂਰੇ ਭਾਰਤ ਦਾ ਨਾਮ ਰੌਸ਼ਨ ਕਰਨ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਅਤੇ ਤੰਦਰੁਸਤ ਪੰਜਾਬ ਦੀ ਸਿਰਜਣਾ ਲਈ ਖੇਡਾਂ ਨੂੰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ।ਇਸ ਮੁਹਿੰਮ ਵਿੱਚ ਸਮਾਜਿਕ ਸੰਸਥਾਵਾਂ, ਖੇਡ ਕਲੱਬਾਂ, ਮਾਪਿਆਂ ਅਤੇ ਸਮੂਹ ਪਿੰਡ ਵਾਸੀਆਂ ਨੂੰ ਮਿਲ ਕੇ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਅਜਿਹੇ ਖੇਡ ਮੁਕਾਬਲੇ ਭਵਿੱਖ ਵਿੱਚ ਵੀ ਲਗਾਤਾਰ ਕਰਵਾਏ ਜਾਣਗੇ ਅਤੇ ਪਿੰਡ ਅਵਾਂਖਾ ਦੇ ਨੌਜਵਾਨ ਖੇਡਾਂ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹ ਕੇ ਆਪਣੇ ਪਿੰਡ, ਸੂਬੇ ਅਤੇ ਦੇਸ਼ ਦਾ ਮਾਨ ਵਧਾਉਣਗੇ।



ਕੂੜੇ-ਕਰਕਟ ਦੇ ਥਾਂ-ਥਾਂ ਲੱਗੇ ਢੇਰ ਚੁਕਾਉਣ ਦੀ ਮੰਗ

ਵੇਰਕਾ (ਰਾਣਾ)- ਉਂਝ ਤਾਂ ਗੰਦਗੀ ਤੇ ਕੂੜੇ-ਕਰਕਟ ਦੇ ਥਾਂ-ਥਾਂ ਲੱਗੇ ਹੋਏ ਢੇਰ ਆਮ ਲੋਕਾਂ ਲਈ ਬਿਮਾਰੀਆਂ ਤੇ ਅਨੇਕਾਂ ਸਮੱਸਿਆਵਾਂ ਪੈਦਾ ਕਰਦੇ ਹਨ ਜਿਸ ਬਾਬਤ ਪ੍ਰਸ਼ਾਸਨ ਵੀ ਭਲੀਭਾਂਤ ਜਾਣਦਾ ਹੈ।ਪ੍ਰੰਤੂ ਜੇਕਰ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਆਪਣੇ ਹੀ ਦਫ਼ਤਰਾਂ ਦੇ ਸਾਹਮਣੇ ਗੰਦਗੀ ਦੇ ਢੇਰ ਲੱਗੇ ਹੋਣ ਫਿਰ ਤਾਂ ਉਨ੍ਹਾਂ ਦਾ ਰੱਬ ਹੀ ਰਾਖਾ ਹੈ।ਦਫ਼ਤਰ ਜ਼ਿਲ੍ਹਾ ਖਜ਼ਾਨਾ ਅਫਸਰ ਅੰਮ੍ਰਿਤਸਰ ਅਤੇ ਰਜਿਸਟਰਾਰ ਤਹਿਸੀਲਦਾਰ ਕੰਪਲੈਕਸ ਅੰਮ੍ਰਿਤਸਰ-1 ਤੇ 2 ਨੂੰ ਵੀ ਗੰਦਗੀ ਦੇ ਲੱਗੇ ਢੇਰਾਂ ਨੇ ਘੇਰਿਆ ਹੋਇਆ ਹੈ।ਜਿਹੜੇ ਇੱਥੇ ਨਿੱਤ ਦਿਹਾੜੇ ਕੰਮ ਕਰਵਾਉਣ ਲਈ ਆਉਣ-ਜਾਣ ਵਾਲੇ ਲੋਕਾਂ ਨੂੰ ਤਾਂ ਕੂੜਾ-ਕਰਕਟ ਦੇ ਢੇਰ ਨਜ਼ਰ ਆਉਂਦੇ ਹਨ ਪ੍ਰੰਤੂ ਇਨ੍ਹਾਂ ਉਪਰੋਕਤ ਅਧਿਕਾਰੀਆਂ ਨੂੰ ਕਦੇ ਨਜ਼ਰ ਨਹੀਂ ਆਏ ਹਨ, ਜਾਂ ਫਿਰ ਅਧਿਕਾਰੀ ਇਸਨੂੰ ਜਾਣ ਬੁੱਝ ਕੇ ਨਜ਼ਰਅੰਦਾਜ਼ ਕਰਦੇ ਹਨ।ਇਸ ਬਾਬਤ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਕਾਰਜਸ਼ੈਲੀ ਉਪਰ ਹੀ ਸਵਾਲੀਆ ਚਿੰਨ੍ਹ ਨਹੀਂ ਲੱਗਦਾ ਹੈ, ਸਗੋਂ ਉਨ੍ਹਾਂ ਦੀ ਘੋਰ ਲਾਪ੍ਰਵਾਹੀ/ਅਣਗਹਿਲੀ ਦਾ ਵੀ ਪਤਾ ਲੱਗਦਾ ਹੈ।ਇਸ ਸੰਬੰਧ ਵਿੱਚ ਮਾਣਯੋਗ ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਪਾਸੋਂ ਸਥਾਨਕ ਅਤੇ ਕੰਮ ਕਰਵਾਉਣ ਲਈ ਆਉਣ-ਜਾਣ ਵਾਲੇ ਲੋਕਾਂ/ਲਾਭਪਾਤਰੀਆਂ ਨੇ ਕੂੜਾ-ਕਰਕਟ ਦੇ ਲੱਗੇ ਹੋਏ ਢੇਰਾਂ ਨੂੰ ਫੌਰੀ ਤੌਰ 'ਤੇ ਹਟਾਉਣ ਦੀ ਮੰਗ ਕੀਤੀ ਹੈ।




ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਲੈਵਲ ਟੂ ਸਕੈਨ ਦੀ ਸਹੂਲਤ ਨਾ ਮਿਲਣ ਕਾਰਨ ਗਰਭਵਤੀ ਔਰਤਾਂ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ) ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਗਰਭਵਤੀ ਮਹਿਲਾਵਾਂ ਦੀ ਸਹੂਲਤ ਲਈ ਲੈਵਲ ਟੂ ਸਕੈਨ ਜੋ ਪੰਜਵੇਂ ਮਹੀਨੇ ਵਿੱਚ ਹੋਣੀ ਅਤਿ ਜ਼ਰੂਰੀ ਹੁੰਦੀ ਹੈ, ਉਸ ਦੀ ਸਹੂਲਤ ਨਾ ਮਿਲਣ ਕਰਕੇ ਲੋਕਾਂ ਨੂੰ ਬਾਹਰੋਂ ਪ੍ਰਾਈਵੇਟ ਸਕੈਨ ਸੈਂਟਰਾਂ ਤੋਂ ਮਹਿੰਗੇ ਭਾਅ 'ਤੇ ਸਕੈਨ ਕਰਵਾਉਣ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਸਬੰਧੀ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ ਵਿੱਚ ਕੁਝ ਗਰਭਵਤੀ ਮਹਿਲਾਵਾਂ ਨੇ ਦੱਸਿਆ ਕਿ ਉਨਾਂ ਨੂੰ ਲੈਵਲ ਟੂ ਸਕੈਨ ਕਰਵਾਉਣ ਲਈ ਬਾਹਰਲੇ ਪ੍ਰਾਈਵੇਟ ਸੈਂਟਰਾਂ ਵਿੱਚ ਜਾਣਾ ਪੈਂਦਾ ਹੈ ਜਿੱਥੇ ਕਾਫੀ ਪੈਸੇ ਖਰਚ ਕਰਕੇ ਉਨ੍ਹਾਂ ਨੂੰ ਇਹ ਸਕੈਨ ਕਰਵਾਉਣੀ ਪੈਂਦੀ ਹੈ। ਉਨ੍ਹਾਂ ਦੱਸਿਆ ਕਿ ਸਿਹਤ ਸਹੂਲਤਾਂ ਦੇ ਦਾਅਵੇ ਕਰਨ ਵਾਲੀ 'ਆਪ' ਸਰਕਾਰ ਦੇ ਰਾਜ ਵਿੱਚ ਵੀ ਗਰਭਵਤੀ ਮਹਿਲਾਵਾਂ ਨੂੰ ਇਹ ਸਹੂਲਤ ਨਾ ਮਿਲਣ ਕਾਰਨ ਸਰਕਾਰ ਦੇ ਦਾਅਵੇ ਖੋਖਲੇ ਸਾਬਤ ਹੁੰਦੇ ਨਜ਼ਰ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਕੁਝ ਗਰੀਬ ਤਬਕੇ ਦੇ ਲੋਕ ਜੋ ਕੇਵਲ 600 ਰੁਪਏ ਦਿਹਾੜੀ ਕਰਕੇ ਆਪਣਾ ਪਰਿਵਾਰ ਚਲਾ ਰਹੇ ਹਨ, ਉਨ੍ਹਾਂ ਲਈ ਮਹਿੰਗੇ ਭਾਅ 'ਤੇ ਸਕੈਨ ਕਰਵਾਉਣਾ ਮੁਸ਼ਕਿਲ ਹੋ ਜਾਂਦਾ ਹੈ। ਗਰਭਵਤੀ ਔਰਤਾਂ ਦੱਸਿਆ ਕਿ ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਕੇਵਲ ਸਿੰਪਲ ਸਕੈਨਾ ਹੀ ਹੁੰਦੀਆਂ ਹਨ ਜਦੋਂ ਕਿ ਲੈਵਲ ਟੂ ਸਕੈਨ ਦੀ ਸਹੂਲਤ ਅਜੇ ਤੱਕ ਨਹੀਂ ਮਿਲ ਰਹੀ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਦੇ ਪ੍ਰਾਈਵੇਟ ਸਕੈਨ ਸੈਂਟਰਾਂ ਤੋਂ ਪਤਾ ਕਰਨ 'ਤੇ ਲੈਵਲ ਟੂ ਸਕੈਨ ਦੀ ਕੀਮਤ 2800 ਰੁਪਏ ਤੋਂ ਲੈ ਕੇ 3500 ਰੁਪਏ ਤੱਕ ਦੱਸੀ ਜਾਂਦੀ ਹੈ ਅਤੇ ਲੋਕਾਂ ਨੂੰ ਮਜਬੂਰਨ ਇਨ੍ਹਾਂ ਨਿੱਜੀ ਸੈਂਟਰਾਂ ਤੋਂ ਸਕੈਨ ਕਰਵਾਉਣੀ ਪੈਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਕੈਨ ਲਈ ਕੋਈ ਪੱਕਾ ਰੇਟ ਨਿਸ਼ਚਿਤ ਨਹੀਂ ਕੀਤਾ ਗਿਆ ਜਦੋਂ ਕਿ ਕੁਝ ਸਕੈਨ ਸੈਂਟਰਾਂ ਵਾਲੇ ਇਸ ਸਕੈਨ ਦੇ 3500 ਅਤੇ ਕੁਝ ਸਕੈਨ ਸੈਂਟਰਾਂ ਵਾਲੇ 2800 ਰੁਪਏ ਸਕੈਨ ਦੇ ਲੈਂਦੇ ਹਨ।

ਉਨ੍ਹਾਂ ਕਿਹਾ ਕਿ ਇਹ ਮਹਿੰਗੇ ਭਾਅ ਦੀ ਸਕੈਨ ਕਰਵਾਉਣ ਤੋਂ ਝਿਜਕਦੇ ਹੋਏ ਕੁਝ ਲੋਕ ਇਹ ਸਕੈਨ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ ਜਿਸ ਕਰਕੇ ਉਨ੍ਹਾਂ ਨੂੰ ਆਪਣੇ ਬੱਚੇ ਦੀ ਸਹੀ ਕੰਡੀਸ਼ਨ ਦਾ ਪਤਾ ਨਹੀਂ ਚੱਲਦਾ ਅਤੇ ਉਹ ਬਿਨਾਂ ਸਕੈਨ ਕਰਵਾਏ ਹੀ ਆਪਣਾ ਇਲਾਜ ਕਰਵਾਉਂਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਲੈਵਲ ਟੂ ਸਕੈਨ ਦੀ ਸਹੂਲਤ ਮਿਲ ਜਾਂਦੀ ਹੈ ਤਾਂ ਹਰ ਤਬਕੇ ਦੀਆਂ ਗਰਭਵਤੀ ਮਹਿਲਾਵਾਂ ਇਸ ਸਹੂਲਤ ਦਾ ਲਾਭ ਲੈ ਸਕਣਗੀਆਂ।

ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਵੀਜ਼ਨ ਲਈ ਸ਼ਡਿਊਲ ਜਾਰੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਮਾਨਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਨਿਰਧਾਰਤ ਸ਼ਡਿਊਲ ਅਨੁਸਾਰ ਯੋਗਤਾ ਮਿਤੀ 01.01.2027 ਦੇ ਅਧਾਰ 'ਤੇ ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਵੀਜ਼ਨ (ਐੱਸ. ਐੱਸ ਆਰ) ਦੀ ਡਰਾਫਟ ਵੋਟਰ ਸੂਚੀ (ਸਮੇਤ ਸਰਵਿਸ ਵੋਟਰ ਸੂਚੀ) ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ। ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਵਲੋਂ ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਨੂੰ ਡਰਾਫਟ ਵੋਟਰ ਸੂਚੀਆਂ ਦੀਆਂ ਕਾਪੀਆਂ ਅਤੇ ਸਾਫਟ ਕਾਪੀ (ਬਿਨਾਂ ਫੋਟੋ) ਸੌਂਪੀਆਂ ਗਈਆਂ ਅਤੇ ਉਨ੍ਹਾਂ ਵਲੋਂ ਸਪੈਸ਼ਲ ਸਮਰੀ ਰਵੀਜ਼ਨ (ਐਸ.ਐਸ.ਆਰ) ਦੀ ਪ੍ਰਕਿਰਿਆ ਤੋਂ ਜਾਣੂੰ ਕਰਵਾਇਆ ਗਿਆ। ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ 1.1.2027 ਦੇ ਆਧਾਰ ਤੇ ਫੋਟੋ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਵੀਜ਼ਨ ਲਈ ਸ਼ਡਿਊਲ ਜਾਰੀ ਕੀਤਾ ਗਿਆ ਹੈ ਜਿਸ ਤਹਿਤ 12 ਨਵੰਬਰ ਨੂੰ ਸਮੂਹ ਰਾਜਸੀ ਪਾਰਟੀਆਂ ਨੂੰ ਫੋਟੋ ਵੋਟਰ ਸੂਚੀਆਂ ਦੀਆਂ ਕਾਪੀਆਂ ਸੌਂਪੀਆਂ ਗਈਆਂ ਹਨ। 12 ਨਵੰਬਰ ਤੋਂ 12 ਦਸੰਬਰ 2026 ਤਕ ਦਾਅਵੇ ਅਤੇ ਇਤਰਾਜ਼ ਦਿੱਤੇ ਜਾ ਸਕਣਗੇ, 12 ਨਵੰਬਰ ਤੋਂ 12 ਦਸੰਬਰ 2026 ਤੱਕ ਸਵੀਪ ਗਤੀਵਿਧੀਆਂ ਕਰਵਾਈਆਂ ਜਾਣਗੀਆਂ, 14 ਨਵੰਬਰ, 15 ਨਵੰਬਰ ਅਤੇ 29 ਨਵੰਬਰ ਨੂੰ ਸਪੈਸ਼ਲ ਕੈਂਪ ਲੱਗਣਗੇ, 12 ਨਵੰਬਰ ਤੋਂ 28 ਦਸੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਡਿਸਪੋਜਲ ਕੀਤੇ ਜਾਣਗੇ, 1 ਦਸੰਬਰ ਤੋਂ 20 ਦਸੰਬਰ ਤੱਕ ਸੁਪਰਚੈਕਿੰਗ ਆਫ ਫਾਰਮ ਕੀਤੇ ਜਾਣਗੇ, 29 ਦਸੰਬਰ ਤੋਂ 2 ਜਨਵਰੀ 2027 ਤੱਕ ਫਾਈਨਲ ਸੂਚੀ ਪ੍ਰਿੰਟਿੰਗ ਹੋਵੇਗੀ ਅਤੇ 4 ਜਨਵਰੀ 2027 ਨੂੰ ਵੋਟਰ ਸੂਚੀਆਂ ਦੀ ਫਾਈਨਲ ਪਬਲੀਕੇਸ਼ਨ ਕੀਤੀ ਜਾਵੇਗੀ ਅਤੇ ਰਾਜਨੀਤਕ ਪਾਰਟੀਆਂ ਨਾਲ ਮੀਟਿੰਗ ਕੀਤੀ ਜਾਵੇਗੀ।ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਅੱਗੇ ਕਿਹਾ ਕਿ ਸਮੂਹ ਰਾਜਸੀ ਪਾਰਟੀਆਂ ਨੂੰ ਪਤਾ ਹੈ ਕਿ ਸਪੈਸ਼ਲ ਇੰਟਿਸ਼ਿਵ ਰਵੀਜ਼ਨ 2026 ਦੀ ਪ੍ਰਕਿਰਿਆ ਸਫਲਤਾਪੂਰਵਕ ਮੁਕੰਮਲ ਹੋ ਚੁੱਕੀ ਹੈ।ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਜੋ ਹਾਲੇ ਤੱਕ ਬਤੌਰ ਵੋਟਰ ਦਰਜ ਨਹੀਂ ਹੋਏ ਜਾਂ ਉਹ ਨੌਜਵਾਨ ਜੋ ਪਹਿਲੀ ਵਾਰ ਵੋਟਰ ਬਣਨ ਦੇ ਯੋਗ ਹੋਏ ਹਨ, ਦੀ ਵੋਟਰ ਰਜਿਸਟ੍ਰੇਸ਼ਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਹੁਣ 1 ਜਨਵਰੀ, 2027 ਦੀ ਯੋਗਤਾ ਮਿਤੀ ਦੇ ਅਧਾਰ ਤੇ ਯੋਗ ਵੋਟਰਾਂ ਦੀ ਰਜਿਸਟ੍ਰੇਸ਼ਨ ਨੂੰ ਸੁਖਾਲਾ ਬਣਾਉਣ ਅਤੇ ਨਾਲ ਹੀ ਆਉਣ ਵਾਲੀਆਂ ਤਿੰਨ ਹੋਰ ਯੋਗਤਾ ਮਿਤੀਆਂ 01 ਅਪ੍ਰੈਲ. 01 ਜੁਲਾਈ ਅਤੇ 01 ਅਕਤੂਬਰ, 2027 ਲਈ ਪਹਿਲਾਂ ਤੋਂ ਅਰਜ਼ੀਆਂ ਪ੍ਰਾਪਤ ਕਰਨ ਦੇ ਉਦੇਸ਼ ਨਾਲ ਚੋਣ ਕਮਿਸ਼ਨ ਵੱਲੋਂ ਯੋਗਤਾ 1 ਜਨਵਰੀ.2027 ਦੇ ਅਧਾਰ ਤੇ ਵੋਟਰ ਸੂਚੀਆਂ ਦੀ ਸਪੈਸ਼ਲ ਸਮਰੀ ਰਵੀਜ਼ਨ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਦੀ ਡਰਾਫਟ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਅੱਜ ਕੀਤੀ ਗਈ ਹੈ।



ਨਿੱਕੇ ਘੁੰਮਣ ਨੂੰ ਨਵੇਂ ਖੇਡ ਮੈਦਾਨ ਦੀ ਸੌਗਾਤ ਮਿਲੀ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਨਿੱਕੇ ਘੁੰਮਣ ਵਿਖੇ ਨਵੇਂ ਖੇਡ ਮੈਦਾਨ ਦਾ ਉਦਘਾਟਨ ਕੀਤਾ। ਇਸ ਮੌਕੇ ਖਿਡਾਰੀਆਂ ਨੂੰ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਖੇਡਾਂ ਜਿੱਥੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦਾ ਆਧਾਰ ਹਨ, ਉਥੇ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਇਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਉਦੇਸ਼ ਪਿੰਡ-ਪਿੰਡ ਖੇਡ ਸਹੂਲਤਾਂ ਪਹੁੰਚਾ ਕੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਅਤੇ ਉਨ੍ਹਾਂ ਨੂੰ ਖੇਡਾਂ ਦੇ ਖੇਤਰ ਵਿਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਹੈ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਸਾਡਾ ਭਵਿੱਖ ਹਨ ਤੇ ਸਾਡਾ ਭਵਿੱਖ ਹੱਸਦਾ ਖੇਡਦਾ ਤੇ ਰੁਸ਼ਨਾਉਂਦਾ ਹੀ ਹੋਵੇ ਇਸ ਲਈ ਪੰਜਾਬ ਸਰਕਾਰ ਨੌਜਵਾਨੀ ਨੂੰ ਬਚਾਉਣ ਲਈ ਸਾਰਥਕ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਦੀ ਉਸਾਰੀ ਨਾਲ ਜਿੱਥੇ ਨੌਜਵਾਨ ਮਾੜੀ ਸੰਗਤ ਵਿਚ ਜਾਣ ਤੋਂ ਬਚੇਗਾ ਉੱਥੇ ਖੇਡਾਂ ਖੇਡਣ ਨਾਲ ਨੌਜਵਾਨ ਸਿਹਤਮੰਦ ਤੇ ਤੰਦਰੁਸਤ ਹੋਵੇਗਾ। ਪਿੰਡਾਂ ਵਿਚ ਖੇਡ ਮੈਦਾਨ ਹੋਣ ਨਾਲ ਖਿਡਾਰੀ ਆਪਣੀ ਖੇਡ ਨੂੰ ਹੋਰ ਨਿਖਾਰ ਸਕੇਗਾ ਤੇ ਕਿਸੇ ਹੋਰ ਥਾਂ 'ਤੇ ਖੇਡ ਲਈ ਆਉਣ ਜਾਣ ਦੀ ਖੱਜਲ ਖਵਾਰੀ ਤੋਂ ਵੀ ਬਚੇਗਾ। ਨੌਜਵਾਨ ਖੇਡਾਂ, ਖੇਡ ਕੇ ਸੂਬੇ ਦਾ ਨਾਮ ਰੋਸ਼ਨ ਕਰੇਗਾ ਤੇ ਚੰਗੀ ਮੁਹਾਰਤ ਹਾਸਲ ਕਰੇਗਾ। ਨੌਜਵਾਨ ਵਰਗ ਨੂੰ ਮਾੜੀ ਆਦਤਾਂ ਤੋਂ ਬਚਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ ਜਿਥੇ ਲਗਾਤਾਰ ਮਿਹਨਤ ਕਰਕੇ ਜਿਥੇ ਇਕ-ਇਕ ਨੌਜਵਾਨ ਸਿਹਤਮੰਦ ਰਹੇਗਾ ਤੇ ਖੇਡਾਂ ਖੇਡ ਕੇ ਆਪਣੀ ਐਨਰਜੀ ਨੂੰ ਸਕਾਰਾਤਮਕ ਗਤੀਵਿਧੀਆਂ ਵੱਲ ਲਗਾਏਗਾ।



ਗੁਰਬਾਣੀ ਕੰਠ ਮੁਕਾਬਲੇ 'ਚ ਗੁਰੂ ਨਾਨਕ ਦੇਵ ਅਕੈਡਮੀ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਸੰਤ ਬਾਬਾ ਜਗਤਾਰ ਸਿੰਘ ਜੀ ਅਤੇ ਬਾਬਾ ਮਹਿੰਦਰ ਸਿੰਘ ਜੀ ਕਾਰ ਸੇਵਾ, ਤਰਨ ਤਾਰਨ ਦੀ ਰਹਿਨੁਮਾਈ ਹੇਠ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਨੂਰਦੀ, ਤਰਨ ਤਾਰਨ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੰਠ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਗੁਰਦੁਆਰਾ ਧੰਨ-ਧੰਨ ਭਾਈ ਭਾਵਾਂ ਸਿੰਘ, ਪਿੰਡ ਕੋਟ ਧਰਮ ਚੰਦ ਕਲਾਂ (ਤਰਨ ਤਾਰਨ ਸਾਹਿਬ) ਵਿਖੇ 11 ਨਵੰਬਰ 2026, ਦਿਨ ਬੁੱਧਵਾਰ ਨੂੰ 2 ਤੋਂ 15 ਸਾਲ ਤੱਕ ਦੀ ਉਮਰ ਦੇ ਬੱਚਿਆਂ ਲਈ ਚਾਰ ਗਰੁੱਪਾਂ ਵਿਚ ਗੁਰਬਾਣੀ ਕੰਠ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਗੁਰੂ ਨਾਨਕ ਦੇਵ ਅਕੈਡਮੀ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ ਅਤੇ ਗੁਰਬਾਣੀ ਪ੍ਰਤੀ ਸ਼ਰਧਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਵਿੱਚ ਅਕੈਡਮੀ ਦੇ ਕੁੱਲ 8 ਵਿਦਿਆਰਥੀਆਂ ਨੇ ਨਕਦ ਇਨਾਮ ਪ੍ਰਾਪਤ ਕੀਤੇ। ਇਨ੍ਹਾਂ ਵਿੱਚੋਂ 2 ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ 3100 ਰੁਪਏ ਪ੍ਰਤੀ ਵਿਦਿਆਰਥੀ, 4 ਵਿਦਿਆਰਥੀਆਂ ਨੇ ਦੂਜਾ ਸਥਾਨ ਪ੍ਰਾਪਤ ਕਰਕੇ 2100 ਰੁਪਏ ਪ੍ਰਤੀ ਵਿਦਿਆਰਥੀ ਅਤੇ 2 ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕਰਕੇ 1100 ਰੁਪਏ ਪ੍ਰਤੀ ਵਿਦਿਆਰਥੀ ਦੇ ਨਕਦ ਇਨਾਮ ਹਾਸਲ ਕੀਤੇ।ਇਸ ਮੌਕੇ ਅਕੈਡਮੀ ਦੇ ਧਾਰਮਿਕ ਵਿਸ਼ੇ ਦੇ ਅਧਿਆਪਕ ਮੈਡਮ ਜਗਜੀਤ ਕੌਰ, ਮੈਡਮ ਹਰਜਿੰਦਰ ਕੌਰ, ਮੈਡਮ ਜਸਪ੍ਰੀਤ ਕੌਰ ਅਤੇ ਸ. ਕਰਨਦੀਪ ਸਿੰਘ ਸਮੇਤ ਹੋਰ ਸਟਾਫ਼ ਮੈਂਬਰ ਵੀ ਮੌਜੂਦ ਸਨ। ਇਨ੍ਹਾਂ ਅਧਿਆਪਕਾਂ ਦੀ ਮਿਹਨਤ ਅਤੇ ਮਾਰਗਦਰਸ਼ਨ ਸਦਕਾ ਵਿਦਿਆਰਥੀਆਂ ਨੇ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ।ਅਕੈਡਮੀ ਦੇ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਨਾਲ ਜੁੜਨਾ ਬੱਚਿਆਂ ਦੇ ਜੀਵਨ ਵਿੱਚ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਸਿੱਖੀ ਸਿਧਾਂਤਾਂ ਨੂੰ ਮਜ਼ਬੂਤ ਬਣਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।



ਕਾਂਗਰਸੀ ਆਗੂ ਕਮਲਜੀਤ ਬੰਗਾ ਦਾ ਜਨਮ ਦਿਨ ਮਨਾਇਆ

ਬੰਗਾ (ਅਵਤਾਰ ਕਲੇਰ)- ਕਾਂਗਰਸ ਪਾਰਟੀ ਦੇ ਉੱਘੇ ਆਗੂ ਕਮਲਜੀਤ ਬੰਗਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਿਸਾਨ ਵਿੰਗ ਦਾ ਜਨਮ ਦਿਨ ਸਥਾਨਕ ਅਨਮੋਲ ਪੈਲਸ ਵਿਖੇ ਮਨਾਇਆ ਗਿਆ। ਇਸ ਮੌਕੇ ਉਹਨਾਂ ਨੂੰ ਹਾਜ਼ਰ ਕਾਂਗਰਸ ਦੇ ਵੱਖ ਵੱਖ ਆਗੂਆਂ ਨੇ ਵਧਾਈ ਦਿੱਤੀ ਅਤੇ ਇਸ ਮੌਕੇ ਕੇਕ ਕੱਟ ਕੇ ਉਹਨਾਂ ਦਾ ਮੂੰਹ ਵੀ ਮਿੱਠਾ ਕਰਵਾਇਆ ਗਿਆ। ਇਸ ਮੌਕੇ ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਕਮਲਜੀਤ ਬੰਗਾ ਨੇ ਕਿਹਾ ਕਿ ਵੋਟਾਂ ਆਉਂਦਿਆਂ ਹੀ ਵੱਖ ਵੱਖ ਇਲਾਕਿਆਂ ਤੋਂ ਕਈ ਬਰਸਾਤੀ ਡੱਡੂ ਬੰਗਾ ਵਿਧਾਨ ਸਭਾ ਤੋਂ ਟਿਕਟ ਲੈਣ ਲਈ ਤਰਲੋ ਮੱਛੀ ਹੋ ਰਹੇ ਹਨ। ਇਨ੍ਹਾਂ ਲੋਕਾਂ ਦਾ ਹਲਕੇ ਨਾਲ ਕੋਈ ਵਾਸਤਾ ਵੀ ਨਹੀਂ ਹੈ ਨਾਂ ਹੀ ਇਹ ਕਦੇ ਕਾਂਗਰਸ ਦੇ ਵਰਕਰਾਂ ਦੇ ਦੁੱਖ ਸੁੱਖ ਦੇ ਸਾਂਝੀਦਾਰ ਬਣੇ ਹਨ।



ਇਨ੍ਹਾਂ ਲੋਕਾਂ ਤੋ ਵਰਕਰਾਂ ਅਤੇ ਵੋਟਰਾਂ ਨੂੰ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਬੋਲਦੇ ਹੋਏ ਬੀਰਾ ਗੋਸਲ ਵਾਈਸ ਚੇਅਰਮੈਨ ਐਸ ਸੀ ਵਿੰਗ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਆਉਂਦੇ ਹੀ ਪਾਰਟੀ ਵਿੱਚ ਬਾਹਰੋਂ ਕਈ ਉਮੀਦਵਾਰ ਟਿਕਟ ਦੀ ਦੌੜ ਵਿੱਚ ਲੱਗੇ ਹੋਏ ਹਨ। ਇਨਾਂ ਦਾ ਬੰਗਾ ਵਿਧਾਨ ਸਭਾ ਹਲਕੇ ਨੂੰ ਕੀ ਦੇਣ ਹੈ। ਉਹਨਾਂ ਪਾਰਟੀ ਹਾਈ ਕਮਾਂਡ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਬੰਗਾ ਵਿਖੇ ਪਾਰਟੀ ਸਿਰਫ ਲੋਕਲ ਉਮੀਦਵਾਰ ਨੂੰ ਹੀ ਟਿਕਟ ਦੇਵੇ ਤਾਂ ਕਿ ਇੱਥੋ ਸ਼ਾਨਦਾਰ ਜਿੱਤ ਦਰਜ ਹੋ ਸਕੇ। ਇਸੇ ਤਰ੍ਹਾਂ ਪਿੰਡ ਜੰਡਿਆਲੀ ਦੇ ਸਰਪੰਚ ਸੁਰਿੰਦਰ ਪਾਲ ਨੇ ਕਿਹਾ ਕਿ ਜਿਨਾਂ ਲੋਕਾਂ ਤੱਕ ਸਾਡੀ ਜਾਣ ਪਹਿਚਾਣ ਨਹੀਂ ਹੈ ਉਨਾਂ ਲੋਕਾਂ ਨੂੰ ਉਮੀਦਵਾਰ ਬਣਾਉਣਾ ਬਿਲਕੁਲ ਗਲਤ ਹੈ। ਉਹਨਾਂ ਕਿਹਾ ਕਿ ਉਸੇ ਉਮੀਦਵਾਰ ਨੂੰ ਪਹਿਲ ਦੇ ਕੇ ਟਿਕਟ ਦੇਣੀ ਚਾਹੀਦੀ ਹੈ ਜੋ ਮੌਕੇ ਤੇ ਆ ਕੇ ਲੋਕਲ ਲੀਡਰਸ਼ਿਪ ਨਾਲ ਗੱਲਬਾਤ ਕਰ ਸਕੇ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਐਸਸੀ ਵਿੰਗ ਦੇ ਸੁਰਿੰਦਰ ਕੁਮਾਰ ਨੇ ਵੀ ਇਹ ਕਿਹਾ ਕਿ ਕਿ ਕਮਲਜੀਤ ਬੰਗਾ ਪਿਛਲੇ 15 ਸਾਲ ਤੋਂ ਸਾਡੇ ਵਿੱਚ ਵਿਚਰ ਰਹੇ ਹਨ। ਇਸ ਕਰਕੇ ਇਹ ਸਭ ਦੇ ਦੁੱਖ ਸੁੱਖ ਵਿੱਚ ਹਾਜ਼ਰ ਹੁੰਦੇ ਹਨ ਅਤੇ ਦੋ ਵਾਰ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਵੀ ਜਿੱਤ ਚੁੱਕੇ ਹਨ। ਇਸ ਕਰਕੇ ਇਸ ਨੂੰ ਹੀ ਪਾਰਟੀ ਦਾ ਉਮੀਦਵਾਰ ਬਣਾਉਣਾ ਚਾਹੀਦਾ ਹੈ। ਇਸੇ ਤਰ੍ਹਾਂ ਉੱਘੇ ਕਾਂਗਰਸ ਆਗੂ ਸਤਵੀਰ ਸਿੰਘ ਪੱਲੀ ਝਿੱਕੀ, ਕੁਲਵਰਨ ਸਿੰਘ ਥਾਂਦੀਆਂ ਬਲਾਕ ਪ੍ਰਧਾਨ ਕਾਂਗਰਸ ਅਤੇ ਦਰਵਜੀਤ ਸਿੰਘ ਪੂਨੀਆਂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ ਨੇ ਵੀ ਕਮਲਜੀਤ ਬੰਗਾ ਨੂੰ ਜਿੱਥੇ ਸ਼ੁਭਕਾਮਨਾਵਾਂ ਦਿੱਤੀਆਂ ਉੱਥੇ ਉਹਨਾਂ ਨੇ ਵੀ ਲੋਕਲ ਉਮੀਦਵਾਰ ਨੂੰ ਟਿਕਟ ਦੇਣ ਦੀ ਤਈਦ ਕੀਤੀ। ਇਸ ਮੌਕੇ ਪ੍ਰਦੀਪ ਰਟੈਂਡਾ ਜਨਰਲ ਸਕੱਤਰ ਯੂਥ ਵਿੰਗ ਪੰਜਾਬ, ਵਿਕਾਸ ਸੰਗਰ ਜ਼ਿਲ੍ਹਾ ਡੈਲੀਗੇਟ ਪ੍ਰਦੇਸ਼ ਕਾਂਗਰਸ, ਰਾਜ ਕੁਮਾਰ ਢੰਢੂਹਾ ਬਲਾਕ ਪ੍ਰਧਾਨ ਐੱਸ ਸੀ ਵਿੰਗ, ਪਿਰਥੀਪਾਲ ਸਿੰਘ ਖਹਿਰਾ ਹਲਕਾ ਫਿਲੌਰ, ਲਖਬੀਰ ਕੁਮਾਰ, ਜਰਨੈਲ ਸਿੰਘ ਪੱਲੀ ਝਿੱਕੀ, ਲਵਲੀ ਇਟਲੀ, ਰਾਜਨ ਅਰੋੜਾ, ਗਿਆਨ ਚੰਦ ਚੱਕ ਮੰਡੇਰ ਆਦਿ ਵੀ ਹਾਜ਼ਰ ਸਨ।

ਜਨਗਣਨਾ-2027 ਤਹਿਤ ਸਵੈ ਗਣਨਾ 16 ਨਵੰਬਰ ਤੋਂ ਹੋਵੇਗੀ ਸ਼ੁਰੂ

ਬਟਾਲਾ, (ਤਰਲੋਕ ਬੱਗਾ)- ਜਨਗਣਨਾ-2027 ਤਹਿਤ ਸਵੈ ਗਣਨਾ 16 ਨਵੰਬਰ ਤੋਂ ਸ਼ੁਰੂ ਹੋਣੀ ਹੈ। ਇਸ ਮੌਕੇ ਮੈਡਮ ਅਦੀਬਾ ਅਨਮ ਆਈ ਏ ਐਸ, ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ), ਐਸ ਡੀ ਅੱਮ ਗੁਰਦਾਸਪੁਰ ਗੁਰਦਾਸਪੁਰ ਅਸ਼ੋਕ ਕੁਮਾਰ,ਐਸ ਡੀ ਐਮ ਦੀਨਾਨਗਰ ਗਗਨਦੀਪ ਸਿੰਘ, ਐੱਸ ਡੀ ਐੱਮ ਫਤਿਹਗੜ੍ਹ ਚੂੜੀਆਂ ਸੁਖਜਿੰਦਰ ਸਿੰਘ, ਸੈਂਸਜ ਕੁਆਰਡੀਨੇਟਰ ਵਿਸ਼ਵਾਸ ਸੋਮ ,ਵਿਨੋਦ ਬੇਰੀ ਡਿਪਟੀ ਈ ਐੱਸ.ਏ, ਮੁੱਖ ਖੇਤੀਬਾੜੀ ਅਫਸਰ ਡਾ ਸ਼ਹਿਬਾਜ ਸਿੰਘ ਚੀਮਾ, ਰਾਜੇਸ਼ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸ), ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ (ਪ) ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ। ਲੋਕ ਆਪਣਾ ਡਾਟਾ ਖੁਦ ਆਨਲਾਈਨ ਭਰਨਗੇ ।ਇਸ ਸਬੰਧੀ ਭਾਰਤ ਸਰਕਾਰ ਵੱਲੋਂ ਦਿੱਤਾ ਗਿਆ ਵਿਸ਼ੇਸ਼ ਲਿੰਕ 16 ਨਵੰਬਰ ਤੋਂ ਐਕਟਿਵ ਹੋਵੇਗਾ ਅਤੇ 30 ਨਵੰਬਰ ਤੱਕ ਇਸ ਵਿੱਚ ਡਾਟਾ ਭਰਿਆ ਜਾ ਸਕੇਗਾ।ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਿੰਕ 16 ਨਵੰਬਰ ਤੋਂ ਐਕਟਿਵ ਹੋ ਜਾਵੇਗਾ ਅਤੇ ਕੋਈ ਵੀ ਨਾਗਰਿਕ ਇਸ ਉਤੇ ਆਪਣੀ ਜਾਣਕਾਰੀ ਭਰ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ-2027 ਤਹਿਤ ਆਬਾਦੀ ਦੀ ਗਣਨਾ ਦਾ ਦੂਜਾ ਪੜਾਅ ਪੰਜਾਬ ਵਿੱਚ 16 ਨਵੰਬਰ ਤੋਂ ਸ਼ੁਰੂ ਹੋਵੇਗਾ ਅਤੇ 4 ਜਨਵਰੀ, 2027 ਤੱਕ ਜਾਰੀ ਰਹੇਗਾ।ਇਸ ਤਹਿਤ 16 ਤੋਂ 30 ਨਵੰਬਰ, ਤੱਕ ਲੋਕਾਂ ਨੂੰ ਆਨਲਾਈਨ ਸਵੈ-ਗਣਨਾ ਦੀ ਸਹੂਲਤ ਮਿਲੇਗੀ, ਜਦਕਿ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਗਿਣਤੀਕਾਰ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕਰਨਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 1 ਦਸੰਬਰ ਤੋਂ ਘਰ-ਘਰ ਆਉਣ ਵਾਲੇ ਅਧਿਕਾਰਤ ਗਿਣਤੀਕਾਰ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਪੁੱਛੇ ਗਏ 40 ਸਵਾਲਾਂ ਦੇ ਸਹੀ ਅਤੇ ਸਪੱਸ਼ਟ ਜਵਾਬ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਹਰੇਕ ਵਿਅਕਤੀ ਦੀ ਗਿਣਤੀ ਯਕੀਨੀ ਬਣਾਉਂਦਿਆਂ ਇਹ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇਗਾ। ਉਨ੍ਹਾਂ ਪੰਚਾਇਤਾਂ, ਸਥਾਨਕ ਸੰਸਥਾਵਾਂ, ਸਮਾਜ ਸੇਵੀ ਜਥੇਬੰਦੀਆਂ ਅਤੇ ਜਾਗਰੂਕ ਨਾਗਰਿਕਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਜਨਗਣਨਾ ਦੀ ਮਹੱਤਤਾ ਅਤੇ ਨਿਰਧਾਰਿਤ ਮਿਤੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ।

ਨਵਾਂ ਜ਼ਮਾਨਾ
ਸ਼ੁੱਕਰਵਾਰ, 13 ਨਵੰਬਰ 2026

ਘੱਟ-ਗਿਣਤੀਆਂ ਦੀ ਹੋਣੀ

ਐਸੋਸੀਏਸ਼ਨ ਫਾਰ ਪ੍ਰੋਟੈਕਸ਼ਨ ਆਫ ਸਿਵਲ ਰਾਈਟਸ (ਏ ਪੀ ਸੀ ਆਰ) ਦੀ ਨਵੀਂ ਰਿਪੋਰਟ ਨੇ ਭਾਰਤ ਵਿੱਚ ਧਾਰਮਿਕ ਘੱਟ-ਗਿਣਤੀਆਂ, ਖਾਸ ਕਰਕੇ ਮੁਸਲਮਾਨਾਂ ਅਤੇ ਈਸਾਈਆਂ ਵਿਰੁੱਧ ਨਫਰਤ ਤੇ ਹਿੰਸਾ ਦੀਆਂ ਘਟਨਾਵਾਂ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਰਿਪੋਰਟ ਮੁਤਾਬਕ ਇਸ ਸਾਲ ਜਨਵਰੀ ਤੋਂ ਸਤੰਬਰ ਦੇ ਵਿਚਕਾਰ 24 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਮੁਸਲਮਾਨਾਂ ਅਤੇ ਈਸਾਈਆਂ ਵਿਰੁੱਧ ਨਫਰਤੀ ਅਪਰਾਧਾਂ ਦੀਆਂ 322 ਘਟਨਾਵਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਘਟਨਾਵਾਂ ਵਿੱਚ ਘੱਟੋ-ਘੱਟ 54 ਲੋਕਾਂ ਦੀ ਮੌਤ ਹੋ ਗਈ। ਰਿਪੋਰਟ ਦਾ ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਇਨ੍ਹਾਂ 322 ਘਟਨਾਵਾਂ ਵਿੱਚੋਂ 119 (ਲਗਭਗ 37 ਪ੍ਰਤੀਸ਼ਤ) ਵਿੱਚ ਸਰਕਾਰੀ ਮਸ਼ੀਨਰੀ ਦੀ ਸਿੱਧੀ ਜਾਂ ਅਸਿੱਧੀ ਭੂਮਿਕਾ ਪਾਈ ਗਈ। ਇਸ ਵਿੱਚ ਪੁਲਸ, ਫੌਜ, ਪ੍ਰਸ਼ਾਸਨ ਅਤੇ ਸਥਾਨਕ ਸੰਸਥਾਵਾਂ ਸ਼ਾਮਲ ਹਨ, ਜਿਹੜੀਆਂ ਜਾਂ ਤਾਂ ਕਾਰਵਾਈ ਵਿੱਚ ਖੁਦ ਸ਼ਾਮਲ ਸਨ ਜਾਂ ਹਿੰਸਾ ਨੂੰ ਰੋਕਣ ਵਿੱਚ ਨਾਕਾਮ ਰਹੀਆਂ।

54 ਮ੍ਰਿਤਕਾਂ ਵਿੱਚੋਂ 21 ਪੁਲਸ ਜਾਂ ਫੌਜੀ ਕਾਰਵਾਈ, ਹਿਰਾਸਤ ਜਾਂ ਜੇਲ੍ਹ ਵਿੱਚ ਮਾਰੇ ਗਏ। ਇਨ੍ਹਾਂ ਵਿੱਚੋਂ 12 ਕਥਿਤ ਪੁਲਸ ਜਾਂ ਫੌਜੀ ਮੁਕਾਬਲਿਆਂ ਵਿੱਚ ਮਾਰੇ ਗਏ, ਜਦੋਂ ਕਿ 9 ਪੁਲਸ ਹਿਰਾਸਤ ਜਾਂ ਜੇਲ੍ਹ ਵਿੱਚ ਮਾਰੇ ਗਏ।

ਨਫਰਤੀ ਅਪਰਾਧਾਂ ਦੀਆਂ 322 ਘਟਨਾਵਾਂ ਵਿੱਚੋਂ 307 (95 ਫੀਸਦੀ) ਮੁਸਲਮਾਨਾਂ ਵਿਰੁੱਧ ਸਨ। ਘੱਟੋ-ਘੱਟ 488 ਮੁਸਲਮਾਨ ਅਤੇ 90 ਈਸਾਈ ਇਨ੍ਹਾਂ ਘਟਨਾਵਾਂ ਤੋਂ ਪ੍ਰਭਾਵਤ ਹੋਏ। ਔਸਤਨ, ਭਾਰਤ ਵਿੱਚ ਇੱਕ ਦਿਨ ਵਿੱਚ ਇੱਕ ਤੋਂ ਵੱਧ ਵਾਰ ਇੱਕ ਮੁਸਲਮਾਨ ਜਾਂ ਈਸਾਈ ਨੂੰ ਆਪਣੇ ਧਰਮ ਕਾਰਨ ਹਮਲੇ, ਪ੍ਰੇਸ਼ਾਨੀ, ਗ੍ਰਿਫਤਾਰੀ, ਉਜਾੜੇ ਜਾਂ ਕਤਲ ਦਾ ਸਾਹਮਣਾ ਕਰਨਾ ਪਿਆ। ਇਹ ਅੰਕੜੇ ਸਿਰਫ ਮੀਡੀਆ, ਹੋਰ ਸਰੋਤਾਂ ਜਾਂ ਸੰਗਠਨ ਦੇ ਨੈੱਟਵਰਕ ਰਾਹੀਂ ਰਿਪੋਰਟ ਕੀਤੀਆਂ ਗਈਆਂ ਘਟਨਾਵਾਂ 'ਤੇ ਅਧਾਰਤ ਹਨ। ਕਈ ਘਟਨਾਵਾਂ ਦੀ ਜਾਣਕਾਰੀ ਨਹੀਂ ਮਿਲਦੀ। ਇਸ ਲਈ ਅਸਲ ਗਿਣਤੀ ਸੰਭਾਵਤ ਤੌਰ 'ਤੇ ਵੱਧ ਹੈ।

322 ਘਟਨਾਵਾਂ ਵਿੱਚੋਂ 119 ਵਿੱਚ ਸਰਕਾਰੀ ਸੰਸਥਾਵਾਂ ਜਾਂ ਅਧਿਕਾਰੀ ਸ਼ਾਮਲ ਸਨ। ਇਸ ਦਾ ਮਤਲਬ ਹੈ ਕਿ ਲਗਭਗ ਤਿੰਨ ਘਟਨਾਵਾਂ ਵਿੱਚੋਂ ਇੱਕ ਵਿੱਚ ਕਿਸੇ ਨਾ ਕਿਸੇ ਰੂਪ ਵਿੱਚ ਰਾਜ (ਸਟੇਟ) ਦੀ ਸ਼ਮੂਲੀਅਤ ਸੀ। 322 ਘਟਨਾਵਾਂ ਵਿੱਚੋਂ 121 (ਲਗਭਗ 38 ਫੀਸਦੀ) ਵਿੱਚ ਭੀੜ ਸ਼ਾਮਲ ਸੀ। 87 ਘਟਨਾਵਾਂ ਵਿੱਚ ਸੰਗਠਤ ਸਮੂਹਾਂ ਦੇ ਨਾਂਅ ਸਾਹਮਣੇ ਆਏ। ਇਨ੍ਹਾਂ ਵਿੱਚੋਂ ਬਜਰੰਗ ਦਲ, ਭਾਜਪਾ ਮੈਂਬਰ ਤੇ ਨੇਤਾ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਦਾ ਜ਼ਿਕਰ ਸਭ ਤੋਂ ਵੱਧ ਕੀਤਾ ਗਿਆ। ਇਹ ਇਸ ਗੱਲ ਦਾ ਸੰਕੇਤ ਹੈ ਕਿ ਧਾਰਮਿਕ ਘੱਟ-ਗਿਣਤੀਆਂ ਪ੍ਰਤੀ ਨਫਰਤ ਸਮਾਜ ਦੇ ਵਿਸ਼ਾਲ ਵਰਗਾਂ ਵਿੱਚ ਫੈਲ ਰਹੀ ਹੈ।


ਇਹ ਘਟਨਾਵਾਂ ਭਾਰਤ ਵਿੱਚ ਧਾਰਮਿਕ ਘੱਟ ਗਿਣਤੀਆਂ ਦੀ ਸੁਰੱਖਿਆ, ਪੁਲਸ ਦੀ ਨਿਰਪੱਖਤਾ ਅਤੇ ਕਾਨੂੰਨ ਦੀ ਬਰਾਬਰ ਵਰਤੋਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਬਹੁਤ ਸਾਰੇ ਮਾਮਲਿਆਂ ਵਿੱਚ ਸਰਕਾਰੀ ਏਜੰਸੀਆਂ ਸਿੱਧੇ ਤੌਰ 'ਤੇ ਕਾਰਵਾਈ ਕਰਦੀਆਂ ਹਨ ਜਾਂ ਹਿੰਸਾ ਨੂੰ ਰੋਕਣ ਵਿੱਚ ਅਸਫਲ ਰਹਿੰਦੀਆਂ ਹਨ। ਇਹ ਪਹਿਲੂ ਭਾਰਤੀ ਲੋਕਤੰਤਰ, ਸੰਵਿਧਾਨਕ ਬਰਾਬਰੀ ਅਤੇ ਰਾਜ ਦੀ ਜਵਾਬਦੇਹੀ 'ਤੇ ਇੱਕ ਗੰਭੀਰ ਸਵਾਲ ਖੜ੍ਹਾ ਕਰਦਾ ਹੈ।

ਮਾਜਰਿਆਂ ਦਾ ਮਾਜਰਾ!

ਚੋਣਾਂ ਮੋਹਰੇ ਦੇਖ ਕੇ ਜੋ ਰਹੇ ਨੇ ਬਦਲ ਦਲ,
ਕਰਦੇ ਵਢਾਂਗਾ 'ਲੋਕ-ਰਾਜੀ' ਹਰੇ ਰੁੱਖ ਦਾ।
ਦੀਨ ਤੇ ਈਮਾਨ ਕੋਲੋਂ ਕੋਹਾਂ ਦੂਰ ਰੱਖਦਾ ਐ,
ਚਸਕਾ ਜੋ ਪਿਆ ਭੈੜਾ ਸੱਤਾ ਵਾਲੇ ਸੁੱਖ ਦਾ।
ਮਾਰ ਕੇ 'ਟਪੂਸੀ' ਛੱਡ ਜਾਣ ਜਦੋਂ ਪਾਰਟੀ ਨੂੰ,
ਵੋਟਰਾਂ ਵਿਚਾਰਿਆਂ ਦਾ ਕਾਲਜਾ ਏ ਧੁੱਖਦਾ!
ਯਾਦ ਹੀ ਨਾ ਰੱਖਦੇ ਯਾਰੋ ਬਹਿਰੂਪੀਏ ਇਹ,
ਸੱਚ ਮੋਹਰੇ ਜਾ ਕੇ 'ਕਾਲੇ' ਹੋਣ ਵਾਲੇ ਮੁੱਖ ਦਾ।
ਬੇਹਯਾ ਰਲਣ ਵਾਲੇ ਓਦਾਂ ਦੇ ਰਲਾਉਣ ਵਾਲੇ,
ਦੋਵੇਂ ਹੀ ਖਿਆਲ ਭੁੱਲ ਜਾਂਦੇ ਮਾਂ ਦੀ ਕੁੱਖ ਦਾ।
'ਚੰਦੂ ਜਾਂ ਪਠਾਣ, ਜੌੜਾ ਮਾਜਰਾ' ਜੀ ਹੋਣ ਭਾਵੇਂ,
'ਮਾਜਰਾ' ਅਸਲ ਹੁੰਦਾ 'ਕੁਰਸੀ ਦੀ ਭੁੱਖ' ਦਾ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

ਜਮਹੂਰੀਅਤ ਦੇ ਨਾਂਅ 'ਤੇ ਸੱਤਾ ਦਾ ਖੌਫ਼


ਜਗਜੀਤ ਸਿੰਘ

ਜਦੋਂ ਕੋਈ ਹਕੂਮਤ ਆਪਣੇ ਦੇਸ਼ ਦੇ ਗੱਭਰੂਆਂ ਅਤੇ ਮੁਟਿਆਰਾਂ ਦੇ ਸੀਨੇ 'ਚੋਂ ਉਠੇ ਦਰਦ ਦਾ ਜਵਾਬ ਲੋਹੇ ਦੇ ਬੈਰੀਕੇਡ, ਰਾਤ ਦੇ ਹਨੇਰੇ 'ਚ ਚੁੱਕੀਆਂ ਗ੍ਰਿਫ਼ਤਾਰੀਆਂ ਅਤੇ ਗੰਦੇ ਸਿਆਸੀ ਲੇਬਲਾਂ ਨਾਲ ਦਿੰਦੀ ਹੈ, ਤਾਂ ਉਹ ਆਪਣੀ ਤਾਕਤ ਨਹੀਂ, ਸਗੋਂ ਆਜ਼ਾਦ, ਨਿਹੱਥੇ ਅਤੇ ਅਣਵਿਕੇ ਸ਼ਹਿਰੀਆਂ ਤੋਂ ਉਸ ਨੂੰ ਲੱਗਣ ਵਾਲੇ ਖੌਫ਼ ਦਾ ਇਜ਼ਹਾਰ ਕਰ ਰਹੀ ਹੁੰਦੀ ਹੈ

ਜਮਹੂਰੀਅਤਾਂ ਉਦੋਂ ਨਹੀਂ ਟੁੱਟਦੀਆਂ, ਜਦੋਂ ਲੋਕ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰਦੇ ਹਨ। ਜਮਹੂਰੀਅਤਾਂ ਉਦੋਂ ਦਮ ਤੋੜਦੀਆਂ ਹਨ, ਜਦੋਂ ਤਖ਼ਤ 'ਤੇ ਬੈਠੇ ਹਾਕਮ ਜਨਤਾ ਦੇ ਰੋਸ ਨੂੰ ਆਤਮ-ਚਿੰਤਨ ਦਾ ਸੁਨੇਹਾ ਸਮਝਣ ਦੀ ਬਜਾਏ, ਆਪਣੀ ਕੁਰਸੀ ਲਈ ਖ਼ਤਰਾ ਮੰਨਣ ਦੀ ਭੁੱਲ ਕਰ ਬੈਠਦੇ ਹਨ।

ਹਾਲ ਹੀ ਦੇ ਘਟਨਾਕ੍ਰਮਾਂ 'ਚ ਸਰਕਾਰ ਦੀ ਚਲਾਕੀ ਸਾਫ਼ ਨਜ਼ਰ ਆਉਂਦੀ ਹੈ। ਜੇਕਰ ਕੋਈ ਅੰਦੋਲਨ ਆਮ ਨੌਜਵਾਨਾਂ ਦਾ ਆਪਣਾ, ਗੈਰ-ਸਿਆਸੀ ਅਤੇ ਖੁਦਮੁਖਤਿਆਰ ਹੋਵੇ, ਤਾਂ ਉਸ ਉਤੇ ਤੁਰੰਤ ਪੁਲਸ ਅਤੇ ਜਬਰ ਦਾ ਕਹਿਰ ਢਾਹਿਆ ਜਾਂਦਾ ਹੈ, ਪਰ ਜੇ ਉਹੀ ਰੈਲੀ ਕਿਸੇ ਪਰੰਪਰਾਗਤ ਰਾਜਨੀਤਕ ਪਾਰਟੀ ਦੀ ਹੋਵੇ, ਤਾਂ ਉਸ ਨੂੰ ਸਿਆਸੀ ਖੇਡ ਦਾ ਹਿੱਸਾ ਮੰਨ ਕੇ ਛੱਡ ਦਿੱਤਾ ਜਾਂਦਾ ਹੈ।

ਪਰੰਪਰਾਗਤ ਰਾਜਨੀਤੀ ਦਾ ਸਭ ਤੋਂ ਵੱਡਾ ਅਤੇ ਘਿਨਾਉਣਾ ਸੱਚ ਇਹ ਹੈ ਕਿ ਸੱਤਾਧਾਰੀ ਧਿਰ ਹੋਵੇ ਜਾਂ ਵਿਰੋਧੀ ਪਾਰਟੀਆਂ, ਪਰਦੇ ਪਿੱਛੇ ਇਨ੍ਹਾਂ ਦਾ ਅਣਘੋਸ਼ਿਤ ਗਠਜੋੜ ਕਿਸੇ ਤੋਂ ਛੁਪਿਆ ਨਹੀਂ। ਚੋਣ ਮੰਚਾਂ 'ਤੇ ਇੱਕ-ਦੂਜੇ ਨੂੰ ਜੇਲ੍ਹਾਂ ਵਿੱਚ ਡੱਕਣ ਦੀਆਂ ਲਲਕਾਰਾਂ ਮਾਰਨ ਵਾਲੇ ਲੀਡਰ ਕੁਰਸੀ 'ਤੇ ਬੈਠਦਿਆਂ ਹੀ ਇੱਕ-ਦੂਜੇ ਲਈ 'ਸ਼ਿਸ਼ਟਾਚਾਰੀ' ਹੋ ਜਾਂਦੇ ਹਨ।

ਮੌਜੂਦਾ ਸੈਂਟਰਲ ਹਕੂਮਤ ਦੇ 12 ਸਾਲਾਂ ਤੋਂ ਵੀ ਵੱਧ ਦੇ ਰਾਜ ਵਿੱਚ ਰਹਿਣਾ ਹੋਵੇ ਜਾਂ ਪੰਜਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਵੱਲੋਂ (2017-2021) ਬੇਅਦਬੀ ਮਾਮਲਿਆਂ ਜਾਂ ਬਰਗਾੜੀ ਗੋਲੀ ਕਾਂਡ ਦੇ ਸਿਆਸੀ ਸਰਪ੍ਰਸਤਾਂ 'ਚ ਦੋਸ਼ੀਆਂ ਨੂੰ ਜੇਲ੍ਹ ਭੇਜਣ ਦੇ ਦਾਅਵਿਆਂ ਦਾ ਸੱਤਾ ਵਿੱਚ ਆਉਂਦਿਆਂ ਹੀ ਹਵਾ ਹੋ ਜਾਣਾ—ਇਹ ਮਿਸਾਲਾਂ ਸਵਾਲ ਖੜ੍ਹੇ ਕਰਦੀਆਂ ਹਨ ਕਿ ਸਿਆਸੀ ਗਲਿਆਰਿਆਂ ਵਿੱਚ ਕਾਨੂੰਨ ਆਮ ਲੋਕਾਂ ਨੂੰ ਡਰਾਉਣ ਦਾ ਹਥਿਆਰ ਬਣ ਕੇ ਕਿਉਂ ਰਹਿ ਜਾਂਦਾ ਹੈ, ਜਦਕਿ ਤਾਕਤਵਰ ਸਿਆਸਤਦਾਨਾਂ ਲਈ ਇਹ ਇੱਕ-ਦੂਜੇ ਦੀ ਰੱਖਿਆ ਕਰਨ ਵਾਲਾ ਸੁਰੱਖਿਆ ਕਵਚ ਬਣ ਜਾਂਦਾ ਹੈ।

ਜਦੋਂ ਸਿਸਟਮ 'ਚ ਬੈਠੇ ਇਹ ਲੋਕ ਵੋਟਾਂ ਬਟੋਰਨ ਲਈ ਜਨਤਾ ਦੇ ਸਾਹਮਣੇ ਦੁਸ਼ਮਣੀ ਦਾ ਨਾਟਕ ਕਰਦੇ ਹਨ ਅਤੇ ਅੰਦਰਖਾਤੇ ਆਪਸੀ ਯਰਾਨਾ ਨਿਭਾਉਂਦੇ ਹਨ, ਤਾਂ ਇਹ ਆਜ਼ਾਦ ਅਤੇ ਸੁਚੇਤ ਨਾਗਰਿਕ ਹੀ ਹੁੰਦੇ ਹਨ ਜੋ ਇਸ ਸਿਆਸੀ ਭਾਈਚਾਰੇ ਦੇ ਝੂਠ ਨੂੰ ਵੰਗਾਰਦੇ ਹਨ। ਆਗੂਆਂ ਦੀ ਦੁਸ਼ਮਣੀ ਕੁਰਸੀ ਤੱਕ, ਪਰ ਵਰਕਰਾਂ ਦੀ ਦੁਸ਼ਮਣੀ ਕਬਰ ਤੱਕ!

ਸਵਾਲ ਪੁੱਛਣ ਦਾ ਗੁਨਾਹ

ਭਾਰਤ ਦਾ ਨੌਜਵਾਨ ਬੇਹੱਦ ਸਾਦੇ ਪਰ ਪੀੜਾ ਨਾਲ ਭਰੇ ਸਵਾਲ ਪੁੱਛ ਰਿਹਾ ਹੈ: ਸਾਡੀ ਸਿੱਖਿਆ ਦਾ ਮਿਆਰ ਕੀ ਹੈ? ਪ੍ਰੀਖਿਆਵਾਂ ਦੀ ਪਵਿੱਤਰਤਾ ਕਿੱਥੇ ਹੈ? ਸਾਡੀਆਂ ਸੰਸਥਾਵਾਂ ਆਜ਼ਾਦ ਕਿਉਂ ਨਹੀਂ ਅਤੇ ਚੋਣ ਪ੍ਰਣਾਲੀ 'ਚ ਨਿਰਪੱਖਤਾ ਕਿੱਥੇ ਹੈ? ਇਹ ਸਵਾਲ ਦੇਸ਼ਧ੍ਰੋਹ ਨਹੀਂ ਹਨ, ਇਹ ਤਾਂ ਨਾਗਰਿਕ ਹੋਣ ਦਾ ਸਭ ਤੋਂ ਪਹਿਲਾ ਫ਼ਰਜ਼ ਹਨ।ਆਰਥਿਕ ਅਨਿਸਚਿਤਤਾ ਅਤੇ ਟੁੱਟੇ ਵਾਅਦਿਆਂ ਦੇ ਜੰਜਾਲ 'ਚ ਫਸੀ ਇੱਕ ਪੂਰੀ ਪੀੜ੍ਹੀ ਜੇਕਰ ਸਰਕਾਰ ਤੋਂ ਜਵਾਬਦੇਹੀ ਮੰਗਦੀ ਹੈ, ਤਾਂ ਇਹ ਕੋਈ ਗੁਨਾਹ ਨਹੀਂ—ਇਹ ਉਸ ਸਰਕਾਰ ਤੋਂ ਬੁਨਿਆਦੀ ਹੱਕ ਦੀ ਮੰਗ ਹੈ, ਜਿਸ ਨੇ ਸੰਵਿਧਾਨ ਦੀ ਸਹੁੰ ਚੁੱਕ ਕੇ ਸੇਵਾ ਦਾ ਵਾਅਦਾ ਕੀਤਾ ਸੀ।

ਇੱਕ ਲੋਕਤੰਤਰੀ ਸਰਕਾਰ ਨੂੰ ਕੀ ਕਰਨਾ ਚਾਹੀਦਾ ਹੈ? ਉਸ ਨੂੰ ਲੋਕਾਂ ਦਾ ਦੁੱਖ ਦਰਦ ਨਿਰਪੱਖਤਾ ਨਾਲ ਸੁਣਨਾ ਚਾਹੀਦਾ ਹੈ, ਪਾਰਦਰਸ਼ੀ ਜਾਂਚ ਕਰਨੀ ਚਾਹੀਦੀ ਹੈ, ਆਪਣੀਆਂ ਭੁੱਲਾਂ ਮੰਨਣੀਆਂ ਚਾਹੀਦੀਆਂ ਹਨ ਅਤੇ ਰਸਤਾ ਬਦਲਣਾ ਚਾਹੀਦਾ ਹੈ, ਪਰ ਇਸ ਦੇ ਉਲਟ ਤਾਕਤ ਦੇ ਗਰੂਰ 'ਚ ਅੰਨ੍ਹੀ ਹੋਈ ਹਕੂਮਤ ਅੰਦੋਲਨਕਾਰੀਆਂ ਨੂੰ ਬੋਲਣ ਤੋਂ ਪਹਿਲਾਂ ਜੇਲ੍ਹ ਡੱਕਦੀ ਹੈ ਅਤੇ ਜਨਤਕ ਚੌਕਾਂ ਨੂੰ ਜੰਗ ਦੇ ਮੈਦਾਨ 'ਚ ਬਦਲ ਦਿੰਦੀ ਹੈ। ਰਿਆਸਤ ਕੋਲ ਜਬਰ ਕਰਨ ਲਈ ਪੁਲਸ, ਕਾਨੂੰਨ ਅਤੇ ਹਥਿਆਰ ਹਨ, ਪਰ ਨਿਹੱਥੇ ਨੌਜਵਾਨਾਂ ਕੋਲ ਸਿਰਫ਼ ਆਪਣੀ ਆਵਾਜ਼ ਹੈ।

ਤਾਕਤ ਦੇ ਇਸ ਅਥਾਹ ਫ਼ਰਕ ਕਰਕੇ ਸਰਕਾਰ ਉੱਤੇ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸੰਜਮ ਤੋਂ ਕੰਮ ਲਵੇ। ਸਿਰਫ਼ ਚੌਂਕ ਅਤੇ ਸੜਕਾਂ ਖਾਲੀ ਕਰਵਾ ਲੈਣ ਨਾਲ ਕੋਈ ਹਕੂਮਤ ਅਜਿੱਤ ਨਹੀਂ ਬਣ ਜਾਂਦੀ।

ਇਨਸਾਫ਼ ਦੇ ਦੋਹਰੇ ਮਾਪਦੰਡ

ਇਸ ਨਿਜ਼ਾਮ ਦਾ ਇਮਤਿਹਾਨ ਉਦੋਂ ਹੁੰਦਾ ਹੈ, ਜਦੋਂ ਕਾਨੂੰਨ ਦੇ ਸਾਹਮਣੇ ਖੜ੍ਹੇ ਦੋ ਵਿਅਕਤੀਆਂ ਦੀ ਸਮਾਜਿਕ ਪਛਾਣ ਅਤੇ ਸਿਆਸੀ ਮਹੱਤਤਾ ਦੇਖ ਕੇ ਉਨ੍ਹਾਂ ਨਾਲ ਕੀਤੇ ਜਾਂਦੇ ਵਤੀਰੇ ਵਿਚ ਪੱਖਪਾਤ ਕੀਤਾ ਜਾਂਦਾ ਹੈ। ਇੱਕ ਪਾਸੇ ਜਬਰ-ਜ਼ਨਾਹ ਦੇ ਮਾਮਲੇ ਵਿੱਚ ਉਮਰਕੈਦ ਦੀ ਸਜ਼ਾ ਕੱਟ ਰਿਹਾ ਆਸਾਰਾਮ ਹੈ, ਜਿਸ ਨੂੰ ਅਗਸਤ 2026 ਵਿੱਚ ਸੁਪਰੀਮ ਕੋਰਟ ਨੇ ਅੰਤਰਮ ਜ਼ਮਾਨਤ ਦੇਣ ਤੋਂ ਇਨਕਾਰ ਕੀਤਾ, ਪਰ ਜੇਲ੍ਹ ਅੰਦਰ ਚੌਵੀ ਘੰਟੇ ਸਹਾਇਤਾ ਲਈ ਆਪਣੀ ਪਸੰਦ ਦਾ ਸਿਖਲਾਈਯਾਫ਼ਤਾ ਦੇਖਭਾਲ ਕਰਨ ਵਾਲਾ ਰੱਖਣ ਦੀ ਇਜਾਜ਼ਤ ਦੇ ਦਿੱਤੀ। ਨਾਲ ਹੀ ਡੇਰਾ ਸੱਚਾ ਸੌਦਾ ਦਾ ਮੁਖੀ ਗੁਰਮੀਤ ਰਾਮ ਰਹੀਮ ਹੈ, ਜੋ ਬਲਾਤਕਾਰ ਦੇ ਮਾਮਲੇ ਵਿੱਚ ਸਜ਼ਾ ਕੱਟ ਰਿਹਾ ਹੈ, ਪਰ ਅਗਸਤ 2026 ਤੱਕ ਉਸ ਨੂੰ ਪੈਰੋਲ ਜਾਂ ਫਰਲੋ 'ਤੇ 17 ਵਾਰ ਜੇਲ੍ਹ ਤੋਂ ਬਾਹਰ ਆਉਣ ਦੀ ਇਜਾਜ਼ਤ ਮਿਲ ਚੁੱਕੀ ਸੀ।

ਦੂਜੇ ਪਾਸੇ ਫਾਦਰ ਸਟੈਨ ਸਵਾਮੀ ਸਨ, ਇੱਕ ਬਜ਼ੁਰਗ, ਜਿਨ੍ਹਾ ਨੇ ਆਪਣਾ ਜੀਵਨ ਝਾਰਖੰਡ ਦੇ ਆਦਿਵਾਸੀਆਂ ਦੇ ਜ਼ਮੀਨੀ ਹੱਕਾਂ, ਜੰਗਲਾਂ ਅਤੇ ਮਨੁੱਖੀ ਮਰਿਆਦਾ ਦੀ ਰਾਖੀ ਲਈ ਸਮਰਪਿਤ ਕੀਤਾ। 8 ਅਕਤੂਬਰ 2020 ਨੂੰ ਉਨ੍ਹਾ ਨੂੰ ਭੀਮਾ ਕੋਰੇਗਾਂਵ ਮਾਮਲੇ ਵਿੱਚ UAPA ਤਹਿਤ ਗ੍ਰਿਫ਼ਤਾਰ ਕੀਤਾ, ਜੋ ਕਿ ਭਾਰਤ ਵਿੱਚ ਅੱਤਵਾਦ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤੇ ਜਾਣ ਵਾਲੇ ਸਭ ਤੋਂ ਬਜ਼ੁਰਗ ਵਿਅਕਤੀ ਦੀ ਗ੍ਰਿਫ਼ਤਾਰੀ ਸੀ। ਉਹ ਪਾਰਕਿਨਸਨ ਦੀ ਬਿਮਾਰੀ ਤੋਂ ਪੀੜਤ ਸਨ ਅਤੇ ਉਨ੍ਹਾ ਦੇ ਹੱਥ ਕੰਬਦੇ ਸਨ ਕਿ ਪਾਣੀ ਪੀਣ ਲਈ ਸਿੱਪਰ ਅਤੇ ਸਟਰਾਅ ਦੀ ਲੋੜ ਪੈਂਦੀ ਸੀ। ਇਸ ਬੁਨਿਆਦੀ ਲੋੜ ਲਈ ਵੀ ਅਦਾਲਤੀ ਲੜਾਈ ਲੜਨੀ ਪਈ। ਕੋਵਿਡ-19 ਨਾਲ ਸੰਕਰਮਿਤ ਹੋਣ ਤੋਂ ਬਾਅਦ 5 ਜੁਲਾਈ 2021 ਨੂੰ ਮੁੰਬਈ ਦੇ ਇੱਕ ਹਸਪਤਾਲ ਵਿੱਚ ਉਨ੍ਹਾ ਦੀ ਮੌਤ ਵੇਲੇ ਵੀ ਨਿਆਂਇਕ ਹਿਰਾਸਤ ਵਿੱਚ ਸਨ ਅਤੇ ਉਨ੍ਹਾ ਵਿਰੁੱਧ ਲੱਗੇ ਦੋਸ਼ਾਂ ਦਾ ਮੁਕੱਦਮਾ ਅੰਤਿਮ ਫ਼ੈਸਲੇ ਤੱਕ ਨਹੀਂ ਪਹੁੰਚਿਆ ਸੀ।

ਮਸ਼ਹੂਰ ਸ਼ਾਇਰਾ ਜ਼ੇਹਰਾ ਨਿਗਾਹ ਦੀਆਂ ਇਹ ਸਤਰਾਂ ਅਜਿਹੇ ਨਿਜ਼ਾਮ ਦੇ ਇਖ਼ਲਾਕੀ ਨਿਘਾਰ 'ਤੇ ਇੱਕ ਕਰਾਰੀ ਚੋਟ ਕਰਦੀਆਂ ਹਨ:

ਸੁਣਿਆ ਹੈ ਜੰਗਲਾਂ ਦਾ ਵੀ ਕੋਈ ਦਸਤੂਰ ਹੁੰਦਾ ਹੈ,
ਸੁਣਿਆ ਹੈ ਸ਼ੇਰ ਦਾ ਜਦੋਂ ਢਿੱਡ ਭਰ ਜਾਵੇ,
ਤਾਂ ਉਹ ਹਮਲਾ ਨਹੀਂ ਕਰਦਾ।
ਰੁੱਖਾਂ ਦੀ ਸੰਘਣੀ ਛਾਂ ਹੇਠ ਜਾ ਕੇ ਲੇਟ ਜਾਂਦਾ ਹੈ,
ਜਦੋਂ ਹਵਾ ਦੇ ਤੇਜ਼ ਬੁੱਲੇ ਰੁੱਖਾਂ ਨੂੰ ਹਿਲਾਉਂਦੇ ਹਨ,
ਤਾਂ ਮੈਨਾ ਆਪਣੇ ਬੱਚਿਆਂ ਨੂੰ ਛੱਡ ਕੇ,
ਕਾਂ ਦੇ ਆਂਡਿਆਂ ਨੂੰ ਆਪਣੇ ਖੰਭਾਂ ਹੇਠ ਸਾਂਭ ਲੈਂਦੀ ਹੈ .
ਸੁਣਿਆ ਹੈ ਜੰਗਲਾਂ ਦਾ ਵੀ ਕੋਈ ਦਸਤੂਰ ਹੁੰਦਾ ਹੈ,

ਲੀਡਰਸ਼ਿਪ ਦੀ ਅਸਲ ਪ੍ਰੀਖਿਆ

ਇਸ ਤਾਨਾਸ਼ਾਹੀ ਰਵੱਈਏ ਦੀ ਸਭ ਤੋਂ ਭਿਆਨਕ ਕੀਮਤ ਭਾਰਤ ਦੇ ਨੌਜਵਾਨਾਂ ਦੇ ਜ਼ਖ਼ਮੀ ਦਿਲਾਂ ਨਾਲ ਮਾਪੀ ਜਾਵੇਗੀ। ਉਨ੍ਹਾ ਦੇ ਅੰਦਰ ਪੈਦਾ ਹੋ ਰਹੀ ਬੇਗਾਨਗੀ ਦੀ ਭਾਵਨਾ ਦੇਸ਼ ਦੇ ਭਵਿੱਖ ਲਈ ਕਿਸੇ ਵੀ ਧਰਨੇ ਜਾਂ ਪ੍ਰਦਰਸ਼ਨ ਨਾਲੋਂ ਕਿਤੇ ਵੱਧ ਖ਼ਤਰਨਾਕ ਹੈ।

ਸਰਕਾਰ ਕਿਸੇ ਸੜਕ ਨੂੰ ਇੱਕ ਦਿਨ, ਇੱਕ ਹਫ਼ਤੇ ਜਾਂ ਇੱਕ ਮਹੀਨੇ ਲਈ ਬੰਦ ਕਰ ਸਕਦੀ ਹੈ, ਪਰ ਉਹ ਲੋਕਾਂ ਦੇ ਭਰੋਸੇ ਦੇ ਸੰਕਟ ਨੂੰ ਪੁਲਸ ਦੀਆਂ ਢਾਲਾਂ ਅਤੇ ਪਬਲਿਕ ਰਿਲੇਸ਼ਨਜ਼ (PR) ਦੇ ਸਟੰਟਾਂ ਨਾਲ ਹੱਲ ਨਹੀਂ ਕਰ ਸਕਦੀ। ਇੱਕ ਤਾਕਤਵਰ ਲੀਡਰ ਉਹ ਨਹੀਂ ਹੁੰਦਾ, ਜੋ ਆਪਣੇ ਆਲੋਚਕਾਂ ਨੂੰ ਕੁਚਲਣ ਲਈ ਰਿਆਸਤ ਦੀ ਪੂਰੀ ਤਾਕਤ ਝੋਕ ਦੇਵੇ; ਇੱਕ ਸੱਚਾ ਲੀਡਰ ਉਹ ਹੁੰਦਾ ਹੈ, ਜੋ ਨਾਰਾਜ਼ ਨਾਗਰਿਕ ਦੀਆਂ ਅੱਖਾਂ 'ਚ ਅੱਖਾਂ ਪਾ ਕੇ ਵੇਖ ਸਕੇ, ਕੜਵੇ ਸੱਚ ਸੁਣ ਸਕੇ ਅਤੇ ਇਮਾਨਦਾਰੀ ਨਾਲ ਆਪਣੀਆਂ ਭੁੱਲਾਂ ਸੁਧਾਰ ਸਕੇ। ਅੱਜ ਭਾਰਤ ਦੇ ਸਾਹਮਣੇ ਅਸਲ ਪ੍ਰੀਖਿਆ ਇਹ ਹੈ ਕਿ ਕੀ ਇਹ ਇੱਕ ਅਜਿਹਾ ਦੇਸ਼ ਬਣਿਆ ਰਹੇਗਾ, ਜਿੱਥੇ ਆਮ ਨਾਗਰਿਕ ਦੇਸ਼ਧ੍ਰੋਹੀ ਦਾ ਠੱਪਾ ਲੱਗੇ ਬਿਨਾਂ ਸਰਕਾਰ ਨੂੰ ਵੰਗਾਰ ਸਕਣ?

ਸਰਕਾਰਾਂ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਉਹਨਾਂ ਨੂੰ ਆਪਣੇ ਆਲੋਚਕਾਂ ਨਾਲ ਕੀਤੇ ਸਲੂਕ ਨਾਲ ਵੀ ਪਰਖਿਆ ਜਾਵੇਗਾ। ਸਵਾਲ ਇਹ ਨਹੀਂ ਕਿ ਸੱਤਾ ਕਿੰਨੀ ਤਾਕਤਵਰ ਹੈ; ਸਵਾਲ ਇਹ ਹੈ ਕਿ ਕੀ ਉਹ ਆਪਣੇ ਤੋਂ ਅਸਹਿਮਤ ਨਾਗਰਿਕ ਨੂੰ ਵੀ ਬਰਾਬਰ ਦੇ ਹੱਕਾਂ ਵਾਲਾ ਮਨੁੱਖ ਮੰਨਦੀ ਹੈ।

 # ਸੰਪਰਕ : 94230-81058

ਦੂਰਅੰਦੇਸ਼ ਆਗੂ ਮਹਾਰਾਜਾ ਰਣਜੀਤ ਸਿੰਘ

ਸੁਖਚੈਨ ਸਿੰਘ

ਪੰਜਾਬ ਦੀ ਧਰਤੀ ਨੇ ਕਈ ਬਹਾਦਰ ਯੋਧਿਆਂ ਅਤੇ ਮਹਾਨ ਸ਼ਖ਼ਸੀਅਤਾਂ ਨੂੰ ਜਨਮ ਦਿੱਤਾ ਹੈ। ਇਨ੍ਹਾਂ ਵਿੱਚੋਂ ਇੱਕ ਪ੍ਰਮੁੱਖ ਨਾਂਅ 'ਸ਼ੇਰ-ਏ-ਪੰਜਾਬ' ਮਹਾਰਾਜਾ ਰਣਜੀਤ ਸਿੰਘ ਦਾ ਹੈ, ਜਿਨ੍ਹਾ ਦਾ ਜਨਮ 13 ਨਵੰਬਰ, 1780 ਨੂੰ ਗੁਜਰਾਂਵਾਲਾ (ਮੌਜੂਦਾ ਪਾਕਿਸਤਾਨ ਵਿੱਚ) ਵਿਖੇ ਹੋਇਆ।

ਉਨ੍ਹਾ ਦੇ ਪਿਤਾ ਸਰਦਾਰ ਮਹਾਂ ਸਿੰਘ ਸਨ, ਜੋ ਸ਼ੁਕਰਚੱਕੀਆ ਮਿਸਲ ਦੇ ਮੁੱਖ ਆਗੂ ਸਨ। ਉਨ੍ਹਾ ਦੀ ਮਾਤਾ ਰਾਜ ਕੌਰ ਸਨ, ਜਿਨ੍ਹਾ ਨੂੰ 'ਮਾਈ ਮਲਵੈਣ' ਵਜੋਂ ਵੀ ਜਾਣਿਆ ਜਾਂਦਾ ਸੀ। ਮਹਾਰਾਜਾ ਰਣਜੀਤ ਸਿੰਘ ਦਾ ਜਨਮ ਇੱਕ ਅਜਿਹੇ ਪਰਵਾਰ ਵਿੱਚ ਹੋਇਆ ਸੀ, ਜਿਨ੍ਹਾਂ ਦੀਆਂ ਰਗਾਂ ਵਿੱਚ ਬਹਾਦਰੀ, ਕੁਰਬਾਨੀ ਅਤੇ ਇੱਕ ਪ੍ਰਭੂਸੱਤਾ ਸੰਪੰਨ ਸਿੱਖ ਰਾਜ ਸਥਾਪਤ ਕਰਨ ਦੀ ਡੂੰਘੀ ਵਚਨਬੱਧਤਾ ਦੀ ਭਾਵਨਾ ਵਗਦੀ ਸੀ।


ਮਹਾਰਾਜਾ ਰਣਜੀਤ ਸਿੰਘ ਦੀ ਸਫਲਤਾ ਕਾਫ਼ੀ ਹੱਦ ਤੱਕ ਉਨ੍ਹਾਂ ਦੇ ਦਾਦਾ ਚੜ੍ਹਤ ਸਿੰਘ ਅਤੇ ਪਿਤਾ ਮਹਾਂਸਿੰਘ ਦੁਆਰਾ ਸਥਾਪਤ ਸੰਘਰਸ਼ ਅਤੇ ਸੰਗਠਨ ਦੀ ਵਿਰਾਸਤ 'ਤੇ ਉਸਰੀ ਹੋਈ ਸੀ।

ਮਹਾਰਾਜਾ ਰਣਜੀਤ ਸਿੰਘ ਦਾ ਰਾਜ ਭਾਈਚਾਰੇ ਅਤੇ ਨਿਆਂ ਦੀ ਇੱਕ ਮਿਸਾਲ ਸੀ। ਛੋਟੀ ਉਮਰ ਤੋਂ ਹੀ, ਮਹਾਰਾਜਾ ਰਣਜੀਤ ਸਿੰਘ ਨੇ ਬਹੁਤ ਬਹਾਦਰੀ ਅਤੇ ਸਿਆਸੀ ਸੂਝ-ਬੂਝ ਦਾ ਪ੍ਰਦਰਸ਼ਨ ਕੀਤਾ। ਵੱਖ-ਵੱਖ ਸਿੱਖ ਮਿਸਲਾਂ ਨੂੰ ਇੱਕਜੁੱਟ ਕਰਕੇ ਉਨ੍ਹਾ ਨੇ 1799 ਵਿੱਚ ਲਾਹੌਰ 'ਤੇ ਕਬਜ਼ਾ ਕੀਤਾ; ਇਸ ਤੋਂ ਬਾਅਦ, 1801 ਵਿੱਚ, ਉਨ੍ਹਾਂ ਨੇ 'ਮਹਾਰਾਜਾ' ਦੀ ਉਪਾਧੀ ਧਾਰਨ ਕੀਤੀ, ਜਿਸ ਨਾਲ ਸਿੱਖ ਸਾਮਰਾਜ ਦੀਆਂ ਨੀਹਾਂ ਹੋਰ ਮਜ਼ਬੂਤ ਹੋਈਆਂ।

ਉਨ੍ਹਾ ਦਾ ਰਾਜ ਸਿਰਫ਼ ਤਲਵਾਰ ਦੀ ਤਾਕਤ ਕਾਰਨ ਹੀ ਮਹਾਨ ਨਹੀਂ ਸੀ; ਸਗੋਂ ਉਨ੍ਹਾ ਦੇ ਪ੍ਰਸ਼ਾਸਨ ਵਿੱਚ ਵੱਖ-ਵੱਖ ਧਾਰਮਿਕ ਪਿਛੋਕੜ ਵਾਲੇ ਵਿਅਕਤੀਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਸਨ। ਉਨ੍ਹਾ ਨੇ ਯੋਗਤਾ, ਵਫ਼ਾਦਾਰੀ ਅਤੇ ਆਪਸੀ ਭਾਈਚਾਰੇ ਨੂੰ ਬਹੁਤ ਮਹੱਤਵ ਦਿੱਤਾ।

ਉਨ੍ਹਾ ਸ੍ਰੀ ਹਰਿਮੰਦਰ ਸਾਹਿਬ ਦੀ ਸੇਵਾ ਲਈ ਸੋਨਾ ਭੇਟ ਕੀਤਾ, ਧਾਰਮਿਕ ਸਥਾਨਾਂ ਪ੍ਰਤੀ ਡੂੰਘਾ ਸਤਿਕਾਰ ਦਿਖਾਇਆ ਅਤੇ ਲੋਕ ਭਲਾਈ ਨੂੰ ਆਪਣੇ ਸ਼ਾਸਨ ਦਾ ਮੁੱਖ ਆਧਾਰ ਬਣਾਇਆ।

ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੀ ਇੱਕ ਖਾਸ ਵਿਸ਼ੇਸ਼ਤਾ ਇਹ ਸੀ ਕਿ ਉਹ ਆਪਣੇ ਆਪ ਨੂੰ ਸਿਰਫ਼ ਰਾਜ ਦੇ ਮਾਲਕ ਵਜੋਂ ਨਹੀਂ, ਸਗੋਂ ਆਪਣੀ ਪਰਜਾ ਦੀ ਸੇਵਾ ਲਈ ਸਮਰਪਤ ਇੱਕ ਸ਼ਾਸਕ ਵਜੋਂ ਦੇਖਦੇ ਸਨ। ਅੱਜ ਅਸੀਂ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਦਿਹਾੜਾ ਮਨਾਉਂਦੇ ਹਾਂ, ਉਨ੍ਹਾਂ ਦੀਆਂ ਤਸਵੀਰਾਂ ਲਗਾਉਂਦੇ ਹਾਂ ਅਤੇ ਉਨ੍ਹਾ ਦੇ ਨਾਂਅ 'ਤੇ ਨਾਅਰੇ ਲਗਾਉਂਦੇ ਹਾਂ, ਪਰ ਕੀ ਅਸੀਂ ਸੱਚਮੁੱਚ ਉਨ੍ਹਾਂ ਦੇ ਦ੍ਰਿਸ਼ਟੀਕੋਣ ਨੂੰ ਆਪਣੇ ਜੀਵਨ ਵਿੱਚ ਅਪਣਾ ਰਹੇ ਹਾਂ? ਕੀ ਅਸੀਂ ਆਪਣੇ ਬੱਚਿਆਂ ਨੂੰ ਉਨ੍ਹਾਂ ਦਾ ਇਤਿਹਾਸ ਪੜ੍ਹਾ ਰਹੇ ਹਾਂ? ਕੀ ਅਸੀਂ ਆਪਣੇ ਸਮਾਜ ਵਿੱਚੋਂ ਨਫ਼ਰਤ, ਦੁਸ਼ਮਣੀ ਅਤੇ ਵੰਡ ਨੂੰ ਖਤਮ ਕਰਨ ਲਈ ਯਤਨ ਕਰ ਰਹੇ ਹਾਂ?



ਕੀ ਅਸੀਂ ਗਰੀਬਾਂ, ਲੋੜਵੰਦਾਂ ਅਤੇ ਬੇਸਹਾਰਾ ਲੋਕਾਂ ਦੀ ਮਦਦ ਲਈ ਹੱਥ ਵਧਾ ਰਹੇ ਹਾਂ?

ਮਹਾਰਾਜਾ ਦੀ ਵਿਰਾਸਤ ਸਿਰਫ਼ ਇਤਿਹਾਸ ਦੀਆਂ ਕਿਤਾਬਾਂ ਤੱਕ ਹੀ ਸੀਮਤ ਨਹੀਂ ਰਹਿਣੀ ਚਾਹੀਦੀ। ਅੱਜ ਦੇ ਸਮਾਜ ਵਿੱਚ ਉਨ੍ਹਾ ਦੇ ਰਾਜ ਦੀਆਂ ਨੇਕ ਪਰੰਪਰਾਵਾਂ ਅਤੇ ਕਦਰਾਂ-ਕੀਮਤਾਂ ਨੂੰ ਲਾਗੂ ਕਰਨਾ ਹੀ ਉਨ੍ਹਾਂ ਲਈ ਸਭ ਤੋਂ ਢੁਕਵੀਂ ਸ਼ਰਧਾਂਜਲੀ ਹੋਵੇਗੀ।

ਹਰ ਪਿੰਡ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਇਤਿਹਾਸ 'ਤੇ ਕੇਂਦਰਤ ਪ੍ਰੋਗਰਾਮ ਉਲੀਕੇ ਜਾਣੇ ਚਾਹੀਦੇ ਹਨ। ਹਰ ਸਕੂਲ ਵਿੱਚ ਬੱਚਿਆਂ ਨੂੰ ਉਨ੍ਹਾਂ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ। ਨਵੀਂ ਪੀੜ੍ਹੀ ਨੂੰ ਇਹ ਸਿੱਖਣਾ ਚਾਹੀਦਾ ਹੈ ਕਿ ਕਿਵੇਂ ਇੱਕ ਦੂਰਅੰਦੇਸ਼ੀ ਆਗੂ ਨੇ ਖਿੰਡੀਆਂ ਹੋਈਆਂ ਤਾਕਤਾਂ ਨੂੰ ਇੱਕਜੁੱਟ ਕਰਕੇ ਇੱਕ ਮਜ਼ਬੂਤ ਅਤੇ ਖੁਸ਼ਹਾਲ ਰਾਜ ਦੀ ਸਥਾਪਨਾ ਕੀਤੀ।

ਸਾਡਾ ਉਦੇਸ਼ ਕਿਸੇ ਪ੍ਰਤੀ ਨਫ਼ਰਤ ਜਾਂ ਦੁਸ਼ਮਣੀ ਪੈਦਾ ਕਰਨਾ ਨਹੀਂ; ਸਗੋਂ ਸਾਡਾ ਮਕਸਦ 'ਖਾਲਸਾ ਰਾਜ' ਦੇ ਸ਼ਾਨਦਾਰ ਇਤਿਹਾਸ ਤੋਂ ਪ੍ਰੇਰਨਾ ਲੈਣਾ ਹੈ, ਇੱਕ ਅਜਿਹੀ ਪ੍ਰੇਰਨਾ ਜੋ ਏਕਤਾ, ਨਿਆਂ, ਸੇਵਾ, ਭਾਈਚਾਰੇ ਅਤੇ ਮਨੁੱਖਤਾ ਦੀ ਭਲਾਈ 'ਤੇ ਆਧਾਰਤ ਹੈ।

ਸਾਨੂੰ ਇਹ ਯਕੀਨੀ ਬਣਾਉਣ ਲਈ ਯਤਨ ਕਰਨੇ ਚਾਹੀਦੇ ਹਨ ਕਿ ਆਉਣ ਵਾਲੀ ਪੀੜ੍ਹੀ ਆਪਣੇ ਇਤਿਹਾਸ ਤੋਂ ਜਾਣੂ ਹੋਵੇ ਅਤੇ ਆਪਣੀ ਸ਼ਾਨਦਾਰ ਵਿਰਾਸਤ 'ਤੇ ਮਾਣ ਕਰਨਾ ਸਿੱਖੇ।

ਸਾਡਾ ਸੁਪਨਾ ਹੈ ਕਿ ਮਹਾਰਾਜਾ ਰਣਜੀਤ ਸਿੰਘ ਦਾ ਸੰਕਲਪ ਸਿਰਫ਼ ਉਨ੍ਹਾ ਦੇ ਜਨਮ ਦਿਹਾੜੇ ਮਨਾਉਣ ਤੱਕ ਹੀ ਸੀਮਤ ਨਾ ਰਹੇ, ਸਗੋਂ ਇਹ ਪੰਜਾਬ ਦੇ ਹਰ ਘਰ, ਹਰ ਪਰਵਾਰ ਅਤੇ ਹਰ ਨੌਜਵਾਨ ਦੇ ਦਿਲ ਤੱਕ ਪਹੁੰਚੇ।

 # ਸੰਪਰਕ : 98142-15853

ਸਾਈਬਰ ਸੁਰੱਖਿਆ ਅਤੇ ਏ ਆਈ ਦੋ-ਧਾਰੀ ਤਲਵਾਰ


ਸੰਦੀਪ ਕੁਮਾਰ

ਡਿਜੀਟਲ ਯੁੱਗ ਵਿੱਚ ਸਾਡੀ ਜ਼ਿੰਦਗੀ ਇੰਟਰਨੈੱਟ ਅਤੇ ਡਾਟਾ ਨਾਲ ਗੰਢੀ ਹੋਈ ਹੈ। ਬੈਂਕਿੰਗ ਤੋਂ ਲੈ ਕੇ ਸਿਹਤ ਸੇਵਾਵਾਂ ਤੱਕ, ਸਭ ਕੁਝ ਔਨਲਾਈਨ ਹੈ। ਇਸ ਤਰੱਕੀ ਨੇ ਸਾਡੇ ਲਈ ਆਸਾਨੀਆਂ ਵਧਾਈਆਂ ਹਨ, ਪਰ ਨਾਲ ਹੀ ਨਵੇਂ ਖਤਰਿਆਂ ਨੂੰ ਵੀ ਜਨਮ ਦਿੱਤਾ ਹੈ। ਸਾਈਬਰ ਹਮਲੇ ਅੱਜਕੱਲ੍ਹ ਇੱਕ ਵੱਡੀ ਚੁਣੌਤੀ ਬਣ ਚੁੱਕੇ ਹਨ ਅਤੇ ਇਨ੍ਹਾਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਨੇ ਇਹਨਾਂ ਹਮਲਿਆਂ ਨੂੰ ਹੋਰ ਵੀ ਅਡਵਾਂਸ ਬਣਾ ਦਿੱਤਾ ਹੈ। ਏ ਆਈ ਇੱਕ ਦੋ-ਧਾਰੀ ਤਲਵਾਰ ਵਾਂਗ ਹੈ, ਇੱਕ ਪਾਸੇ ਇਹ ਹੈਕਰਾਂ ਨੂੰ ਹਮਲਿਆਂ ਲਈ ਤਾਕਤਵਰ ਔਜ਼ਾਰ ਮੁਹੱਈਆ ਕਰਵਾ ਰਿਹਾ ਹੈ, ਦੂਜੇ ਪਾਸੇ ਇਹ ਸਾਡੀਆਂ ਰੱਖਿਆ ਪ੍ਰਣਾਲੀਆਂ ਲਈ ਇੱਕ ਮਜ਼ਬੂਤ ਢਾਲ ਵਜੋਂ ਕੰਮ ਕਰ ਰਿਹਾ ਹੈ। ਇਸ ਲੇਖ ਵਿੱਚ ਅਸੀਂ ਇਸ ਤਰੱਕੀ ਦੇ ਦੋਵਾਂ ਪਹਿਲੂਆਂ ਬਾਰੇ ਗੱਲ ਕਰਾਂਗੇ।

ਹੈਕਰ ਏ ਆਈ ਨੂੰ ਆਪਣੇ ਹਮਲਿਆਂ ਵਿੱਚ ਵਰਤ ਕੇ ਪੁਰਾਣੀਆਂ ਤਕਨੀਕਾਂ ਨੂੰ ਹੋਰ ਵੀ ਖਤਰਨਾਕ ਬਣਾ ਰਹੇ ਹਨ। ਇੱਕ ਸਮਾਂ ਸੀ, ਜਦੋਂ ਫਿਸ਼ਿੰਗ ਈਮੇਲਾਂ ਵਿੱਚ ਗਲਤੀਆਂ ਅਤੇ ਅਜੀਬ ਭਾਸ਼ਾ ਹੁੰਦੀ ਸੀ, ਜਿਸ ਨਾਲ ਉਹਨਾਂ ਨੂੰ ਆਸਾਨੀ ਨਾਲ ਪਛਾਣਿਆ ਜਾ ਸਕਦਾ ਸੀ, ਪਰ ਅੱਜ ਜਨਰੇਟਿਵ ਏ ਆਈ ਟੂਲਜ਼ ਦੀ ਮਦਦ ਨਾਲ ਹੈਕਰ ਬਿਲਕੁਲ ਵਾਸਤਵਿਕ ਅਤੇ ਨਿੱਜੀਕ੍ਰਿਤ ਫਿਸ਼ਿੰਗ ਸੰਦੇਸ਼ ਤਿਆਰ ਕਰ ਰਹੇ ਹਨ। ਇਹ ਟੂਲਜ਼ ਲੱਖਾਂ ਡਾਟਾ ਪੁਆਇੰਟਸ ਤੋਂ ਸਿੱਖ ਕੇ ਉਸ ਵਿਅਕਤੀ ਦੀ ਭਾਸ਼ਾ, ਲਿਖਣ ਦਾ ਢੰਗ ਅਤੇ ਉਸ ਦੀਆਂ ਰੁਚੀਆਂ ਨੂੰ ਨਕਲ ਕਰਦੇ ਹਨ। ਨਤੀਜਾ ਇੱਕ ਅਜਿਹੀ ਈਮੇਲ ਹੁੰਦੀ ਹੈ, ਜੋ ਤੁਹਾਡੇ ਬਾਸ ਜਾਂ ਬੈਂਕ ਵੱਲੋਂ ਆਈ ਲੱਗਦੀ ਹੈ ਅਤੇ ਉਸ ਵਿੱਚ ਇੱਕ ਲਿੰਕ ਜਾਂ ਅਟੈਚਮੈਂਟ ਹੁੰਦੀ ਹੈ, ਜੋ ਤੁਹਾਡੀ ਜਾਣਕਾਰੀ ਚੋਰੀ ਕਰ ਲੈਂਦੀ ਹੈ। ਡੀਪਫੇਕ ਟੈਕਨਾਲੋਜੀ ਇਸ ਖੇਤਰ ਵਿੱਚ ਹੋਰ ਵੀ ਵੱਡਾ ਖਤਰਾ ਬਣ ਰਹੀ ਹੈ। ਹੈਕਰ ਏ ਆਈ ਦੀ ਮਦਦ ਨਾਲ ਕਿਸੇ ਵੀ ਵਿਅਕਤੀ ਦੀ ਆਵਾਜ਼ ਅਤੇ ਚਿਹਰਾ ਨਕਲ ਕਰਕੇ ਵੀਡੀਓ ਜਾਂ ਆਡੀਓ ਬਣਾ ਲੈਂਦੇ ਹਨ। ਇਸ ਤਰ੍ਹਾਂ ਉਹ ਇੱਕ ਬਾਸ ਜਾਂ ਸਹਿਕਰਮੀ ਵਜੋਂ ਬੋਲ ਕੇ ਗੱਲਬਾਤ ਕਰਦੇ ਹਨ ਅਤੇ ਫੰਡ ਟ੍ਰਾਂਸਫਰ ਜਾਂ ਗੁਪਤ ਜਾਣਕਾਰੀ ਮੰਗਦੇ ਹਨ। ਉਦਾਹਰਣ ਵਜੋਂ, ਕਈ ਕੰਪਨੀਆਂ ਵਿੱਚ ਏਆਈ ਨਾਲ ਬਣਾਈਆਂ ਡੀਪਫੇਕ ਕਾਲਾਂ ਨਾਲ ਲੱਖਾਂ ਡਾਲਰ ਦਾ ਘਾਟਾ ਹੋ ਚੁੱਕਾ ਹੈ।

ਇਸ ਤੋਂ ਇਲਾਵਾ ਏ ਆਈ ਹੈਕਰਾਂ ਨੂੰ ਮਾਲਵੇਅਰ ਬਣਾਉਣ ਵਿੱਚ ਵੀ ਮਦਦ ਕਰ ਰਿਹਾ ਹੈ। ਪਹਿਲਾਂ ਮਾਲਵੇਅਰ ਬਣਾਉਣ ਲਈ ਡੂੰਘੀ ਟੈਕਨੀਕਲ ਜਾਣਕਾਰੀ ਚਾਹੀਦੀ ਸੀ, ਪਰ ਹੁਣ ਏ ਆਈ ਟੂਲਜ਼ ਨਾਲ ਘੱਟ ਗਿਆਨ ਵਾਲੇ ਹੈਕਰ ਵੀ ਆਟੋਮੈਟਿਕ ਤਰੀਕੇ ਨਾਲ ਨਵੇਂ-ਨਵੇਂ ਵਾਇਰਸ ਤਿਆਰ ਕਰ ਰਹੇ ਹਨ। ਇਹ ਮਾਲਵੇਅਰ ਪੌਲੀਮੌਰਫਿਕ ਹੁੰਦਾ ਹੈ, ਯਾਨੀ ਇਹ ਆਪਣਾ ਰੂਪ ਬਦਲਦਾ ਰਹਿੰਦਾ ਹੈ ਤਾਂ ਜੋ ਐਂਟੀਵਾਇਰਸ ਸਾਫਟਵੇਅਰ ਉਸ ਨੂੰ ਪਛਾਣ ਨਾ ਸਕੇ। ਏ ਆਈ ਇਸ ਨੂੰ ਆਟੋਮੈਟਿਕ ਤਰੀਕੇ ਨਾਲ ਟੈਸਟ ਵੀ ਕਰਦਾ ਹੈ ਅਤੇ ਉਸ ਨੂੰ ਹੋਰ ਵੀ ਛੁਪਣਯੋਗ ਬਣਾਉਂਦਾ ਹੈ। ਇਸ ਤਰ੍ਹਾਂ ਹਮਲੇ ਵਧੇਰੇ ਤੇਜ਼ ਅਤੇ ਵੱਡੇ ਪੱਧਰ 'ਤੇ ਹੋ ਰਹੇ ਹਨ। ਰਿਪੋਰਟਾਂ ਅਨੁਸਾਰ ਏ ਆਈ ਨਾਲ ਸੰਬੰਧਤ ਹਮਲਿਆਂ ਵਿੱਚ ਇੱਕ ਵੱਡਾ ਵਾਧਾ ਹੋਇਆ ਹੈ ਅਤੇ ਇਹਨਾਂ ਵਿੱਚੋਂ ਕਈ ਆਟੋਨੋਮਸ ਹਨ, ਯਾਨੀ ਇੱਕ ਵਾਰ ਸ਼ੁਰੂ ਹੋਣ ਤੋਂ ਬਾਅਦ ਉਹ ਬਿਨਾਂ ਮਨੁੱਖੀ ਦਖਲ ਤੋਂ ਅੱਗੇ ਵਧਦੇ ਰਹਿੰਦੇ ਹਨ। ਏ ਆਈ ਨਾਲ ਬੂਟ ਫੋਰਸ ਅਟੈਕ ਵੀ ਹੋਰ ਤੇਜ਼ ਹੋ ਗਏ ਹਨ। ਇਹ ਟੂਲਜ਼ ਪਾਸਵਰਡ ਕ੍ਰੈਕਿੰਗ ਵਿੱਚ ਆਮ ਤਰੀਕਿਆਂ ਨਾਲੋਂ ਵਧੀਆ ਕੰਮ ਕਰਦੇ ਹਨ ਅਤੇ ਵੱਡੀਆਂ ਡਾਟਾਬੇਸ ਤੋਂ ਪੈਟਰਨ ਸਿੱਖ ਕੇ ਤੇਜ਼ੀ ਨਾਲ ਗੁਪਤ ਕੋਡ ਖੋਲ੍ਹਦੀਆਂ ਹਨ। ਇਸ ਤੋਂ ਇਲਾਵਾ ਏ ਆਈ ਰਾਹੀਂ ਕੈਪਚਾ ਬਾਈਪਾਸ ਕਰਨਾ ਜਾਂ ਓਪਨ ਸੋਰਸ ਕੋਡ ਵਿੱਚ ਛੁਪੇ ਖਤਰਿਆਂ ਨੂੰ ਵਰਤਣਾ ਵੀ ਆਸਾਨ ਹੋ ਗਿਆ ਹੈ। ਇਸ ਤਰ੍ਹਾਂ ਛੋਟੇ-ਮੋਟੇ ਹੈਕਰ ਵੀ ਵੱਡੀਆਂ ਕੰਪਨੀਆਂ ਤੱਕ ਪਹੁੰਚ ਬਣਾ ਰਹੇ ਹਨ, ਕਿਉਂਕਿ ਏ ਆਈ ਨੇ ਹਮਲਿਆਂ ਦੀ ਲਾਗਤ ਅਤੇ ਮਿਹਨਤ ਘਟਾ ਦਿੱਤੀ ਹੈ।

ਇਸੇ ਏ ਆਈ ਨੇ ਸਾਈਬਰ ਸੁਰੱਖਿਆ ਲਈ ਇੱਕ ਨਵੀਂ ਉਮੀਦ ਵੀ ਜਗਾਈ ਹੈ। ਏ ਆਈ ਇੱਕ ਢਾਲ ਵਾਂਗ ਕੰਮ ਕਰਦਾ ਹੈ, ਜੋ ਰਵਾਇਤੀ ਤਰੀਕਿਆਂ ਨਾਲੋਂ ਬਹੁਤ ਵਧੀਆ ਤਰੀਕੇ ਨਾਲ ਖਤਰਿਆਂ ਨੂੰ ਪਛਾਣਦਾ ਅਤੇ ਰੋਕਦਾ ਹੈ। ਰਵਾਇਤੀ ਸਿਸਟਮ ਸਿਰਫ਼ ਪੁਰਾਣੇ ਸਿਗਨੇਚਰ ਜਾਂ ਨਿਯਮਾਂ 'ਤੇ ਨਿਰਭਰ ਕਰਦੇ ਸਨ, ਪਰ ਏ ਆਈ ਵੱਡੀ ਮਾਤਰਾ ਵਿੱਚ ਡਾਟਾ ਵਿਸ਼ਲੇਸ਼ਣ ਕਰਕੇ ਅਸਾਧਾਰਨ ਵਿਹਾਰ ਨੂੰ ਲੱਭਦਾ ਹੈ। ਇਸ ਨੂੰ ਐਨੋਮਲੀ ਡਿਟੈਕਸ਼ਨ ਕਿਹਾ ਜਾਂਦਾ ਹੈ। ਉਦਾਹਰਣ ਵਜੋਂ ਇੱਕ ਨੈੱਟਵਰਕ ਵਿੱਚ ਆਮ ਟ੍ਰੈਫਿਕ ਦਾ ਇੱਕ ਪੈਟਰਨ ਬਣਾਇਆ ਜਾਂਦਾ ਹੈ ਅਤੇ ਜਦੋਂ ਕੋਈ ਗਲਤ ਗਤੀਵਿਧੀ ਵਾਪਰਦੀ ਹੈ ਤਾਂ ਏ ਆਈ ਤੁਰੰਤ ਚੇਤਾਵਨੀ ਦਿੰਦਾ ਹੈ। ਇਸ ਤਰ੍ਹਾਂ ਜ਼ੀਰੋ-ਡੇ ਅਟੈਕ ਜਿਨ੍ਹਾਂ ਬਾਰੇ ਪਹਿਲਾਂ ਕਦੇ ਨਾ ਸੁਣਿਆ ਹੋਵੇ, ਉਹਨਾਂ ਨੂੰ ਵੀ ਰੋਕਿਆ ਜਾ ਸਕਦਾ ਹੈ। ਏ ਆਈ ਫਿਸ਼ਿੰਗ ਅਤੇ ਸਪੈਮ ਈਮੇਲਾਂ ਨੂੰ ਰੋਕਣ ਵਿੱਚ ਵੀ ਬਹੁਤ ਪ੍ਰਭਾਵੀ ਹੈ।



ਏ ਆਈ ਦੀ ਆਟੋਮੈਟਿਕ ਰਿਸਪਾਂਸ ਸਮਰੱਥਾ ਇੱਕ ਵੱਡੀ ਤਾਕਤ ਹੈ। ਜਦੋਂ ਇੱਕ ਹਮਲਾ ਖਤਰਾ ਬਣਦਾ ਹੈ ਤਾਂ ਏ ਆਈ ਆਪਣੇ ਆਪ ਉਸ ਡਿਵਾਈਸ ਨੂੰ ਆਈਸੋਲੇਟ ਕਰ ਸਕਦਾ ਹੈ, ਖਤਰਨਾਕ ਟ੍ਰੈਫਿਕ ਰੋਕ ਸਕਦਾ ਹੈ ਅਤੇ ਟੀਮ ਨੂੰ ਤੁਰੰਤ ਰਿਪੋਰਟ ਭੇਜ ਸਕਦਾ ਹੈ। ਇਸ ਨਾਲ ਹਮਲੇ ਦਾ ਨੁਕਸਾਨ ਘੱਟ ਤੋਂ ਘੱਟ ਹੋ ਜਾਂਦਾ ਹੈ। ਬਹੁਤੀਆਂ ਆਧੁਨਿਕ ਸੁਰੱਖਿਆ ਪ੍ਰਣਾਲੀਆਂ ਵਿੱਚ ਏ ਆਈ ਲਗਾਤਾਰ ਸਿਖਲਾਈ ਲੈਂਦਾ ਰਹਿੰਦਾ ਹੈ, ਤਾਂ ਜੋ ਨਵੀਆਂ ਤਕਨੀਕਾਂ ਨਾਲ ਵੀ ਲੜ ਸਕੇ। ਇਸ ਤਰ੍ਹਾਂ ਇਹ ਮਨੁੱਖੀ ਟੀਮਾਂ ਦਾ ਬੋਝ ਘਟਾਉਂਦਾ ਹੈ ਅਤੇ ਉਹਨਾਂ ਨੂੰ ਵਧੇਰੇ ਰਣਨੀਤਕ ਕੰਮਾਂ 'ਤੇ ਧਿਆਨ ਕੇਂਦਰਤ ਕਰਨ ਦੀ ਆਗਿਆ ਦਿੰਦਾ ਹੈ। ਏ ਆਈ ਵਾਲੀਆਂ ਰੱਖਿਆ ਪ੍ਰਣਾਲੀਆਂ ਸਾਈਬਰ ਸਕਿਉਰਟੀ ਪ੍ਰਕਿਰਿਆ ਵਿੱਚ ਵੀ ਬਹੁਤ ਮਦਦਗਾਰ ਹਨ। ਇਹ ਐਪਲੀਕੇਸ਼ਨ ਕੋਡ ਵਿੱਚ ਖਾਮੀਆਂ ਲੱਭਦਾ ਹੈ ਅਤੇ ਉਹਨਾਂ ਨੂੰ ਠੀਕ ਕਰਨ ਲਈ ਸੁਝਾਅ ਦਿੰਦਾ ਹੈ। ਇਸ ਤੋਂ ਇਲਾਵਾ ਬਿਹੇਵੀਅਰਲ ਐਨਾਲਿਸਿਸ ਰਾਹੀਂ ਇੰਸਾਈਡਰ ਥ੍ਰੈਟ ਨੂੰ ਵੀ ਪਛਾਣਿਆ ਜਾ ਸਕਦਾ ਹੈ, ਜਿਸ ਵਿੱਚ ਕੋਈ ਅੰਦਰੂਨੀ ਵਿਅਕਤੀ ਗਲਤ ਕੰਮ ਕਰ ਰਿਹਾ ਹੋਵੇ। ਏ ਆਈ ਇਸ ਤਰ੍ਹਾਂ ਇੱਕ ਲਗਾਤਾਰ ਨਿਗਰਾਨ ਵਜੋਂ ਕੰਮ ਕਰਦਾ ਹੈ, ਜੋ ਰਾਤ-ਦਿਨ ਡਾਟਾ ਵਿਸ਼ਲੇਸ਼ਣ ਕਰਦਾ ਰਹਿੰਦਾ ਹੈ। ਬੇਸ਼ਕ ਏ ਆਈ ਇੱਕ ਤਾਕਤਵਰ ਢਾਲ ਹੈ, ਪਰ ਇਸ ਦੀਆਂ ਆਪਣੀਆਂ ਸੀਮਾਵਾਂ ਵੀ ਹਨ।

ਸਾਈਬਰ ਸੁਰੱਖਿਆ ਵਿੱਚ ਏ ਆਈ ਇੱਕ ਅਜਿਹੀ ਤਕਨਾਲੋਜੀ ਹੈ, ਜੋ ਖਤਰੇ ਅਤੇ ਰੱਖਿਆ ਦੋਵਾਂ ਨੂੰ ਬਦਲ ਰਹੀ ਹੈ। ਹੈਕਰ ਇਸ ਨੂੰ ਵਰਤ ਕੇ ਹਮਲਿਆਂ ਨੂੰ ਹੋਰ ਤੇਜ਼ ਅਤੇ ਛੁਪਣਯੋਗ ਬਣਾ ਰਹੇ ਹਨ, ਜਦਕਿ ਰੱਖਿਆ ਟੀਮਾਂ ਇਸ ਨੂੰ ਵਰਤ ਕੇ ਤੇਜ਼ ਅਤੇ ਬੁੱਧੀਮਾਨ ਢੰਗ ਨਾਲ ਉੱਤਰ ਦੇ ਰਹੀਆਂ ਹਨ। ਇਸ ਲਈ ਲੋੜ ਇਸ ਗੱਲ ਦੀ ਹੈ ਕਿ ਅਸੀਂ ਏ ਆਈ ਨੂੰ ਜ਼ਿੰਮੇਵਾਰੀ ਨਾਲ ਵਰਤੀਏ, ਲਗਾਤਾਰ ਨਵੀਨਤਾ ਲਿਆਈਏ ਅਤੇ ਮਨੁੱਖੀ ਨਿਗਰਾਨੀ ਨੂੰ ਲਗਾਤਾਰ ਚੁਸਤ-ਦਰੁਸਤ ਰੱਖਿਆ ਜਾਵੇ। ਸਾਈਬਰ ਸੁਰੱਖਿਆ ਇੱਕ ਲਗਾਤਾਰ ਚੱਲ ਰਿਹਾ ਯੁੱਧ ਹੈ ਅਤੇ ਏ ਆਈ ਇਸ ਵਿੱਚ ਇੱਕ ਮਹੱਤਵਪੂਰਨ ਹਥਿਆਰ ਬਣ ਚੁੱਕਾ ਹੈ। ਜੇ ਅਸੀਂ ਇਸ ਨੂੰ ਸਮਝਦਾਰੀ ਨਾਲ ਵਰਤੀਏ ਤਾਂ ਇਹ ਸਾਡੀ ਡਿਜੀਟਲ ਦੁਨੀਆ ਨੂੰ ਹੋਰ ਵੀ ਸੁਰੱਖਿਅਤ ਬਣਾ ਸਕਦਾ ਹੈ।

 # ਸੰਪਰਕ: 70098-07121

ਕਿਸਾਨਾਂ ਦੀ ਕੁੱਟਮਾਰ ਤੇ ਇਰਾਦਾ ਕਤਲ ਦਾ ਪਰਚਾ ਦਰਜ ਕਰਨ ’ਤੇ ਭੜਕਿਆ ਕਿਸਾਨੀ ਰੋਹ

ਏਕਤਾ ਉਗਰਾਹਾਂ ਵੱਲੋਂ ਆਰ-ਪਾਰ ਦੀ ਲੜਾਈ ਦਾ ਸੱਦਾ ਦਿੰਦਿਆਂ ਥਾਣੇ ਅੱਗੇ ਅਣਮਿੱਥੇ ਮੋਰਚੇ ਦਾ ਐਲਾਨ

ਨਿਹਾਲ ਸਿੰਘ ਵਾਲਾ, (ਲਵਲੀ ਕੁਮਾਰ)-ਪਿੰਡ ਭਾਗੀਕੇ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਨੂੰ ਲੈ ਕੇ ਪੁਲਸ ਵੱਲੋਂ ਕਿਸਾਨਾਂ ਦੀ ਕੀਤੀ ਗਈ ਕੁੱਟਮਾਰ ਤੇ ਉਨ੍ਹਾਂ ਖ਼ਿਲਾਫ਼ ਇਰਾਦਾ ਕਤਲ ਦਾ ਮਾਮਲਾ ਦਰਜ ਕਰਕੇ ਗ੍ਰਿਫ਼ਤਾਰ ਕਰਨ ਦੇ ਵਿਰੋਧ ਵਿੱਚ ਕਿਸਾਨੀ ਰੋਸ ਹੁਣ ਵੱਡੇ ਸੰਘਰਸ਼ ਦਾ ਰੂਪ ਧਾਰਨ ਕਰਨ ਜਾ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਗ੍ਰਿਫ਼ਤਾਰ ਕਿਸਾਨਾਂ ਦੀ ਬਿਨਾਂ ਸ਼ਰਤ ਰਿਹਾਈ ਲਈ ਪੁਲਸ ਪ੍ਰਸ਼ਾਸਨ ਖ਼ਿਲਾਫ਼ ਆਰ-ਪਾਰ ਦੀ ਲੜਾਈ ਦਾ ਐਲਾਨ ਕਰਦਿਆਂ 13 ਨਵੰਬਰ ਤੋਂ ਨਿਹਾਲ ਸਿੰਘ ਵਾਲਾ ਥਾਣੇ ਅੱਗੇ ਅਣਮਿੱਥੇ ਸਮੇਂ ਦਾ ਦਿਨ-ਰਾਤ ਪੱਕਾ ਮੋਰਚਾ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ।ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਬਲਾਕ ਪ੍ਰਧਾਨ ਜਗਜੀਤ ਸਿੰਘ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਇਸ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਗਈ।ਆਗੂਆਂ ਨੇ ਕਿਹਾ ਕਿ ਪਿੰਡ ਭਾਗੀਕੇ ਵਿਖੇ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਵਿੱਚ ਕਿਸਾਨਾਂ ਨਾਲ ਪੁਲਸ ਵੱਲੋਂ ਕੀਤੀ ਗਈ ਕਥਿਤ ਕੁੱਟਮਾਰ ਤੇ ਇਸ ਤੋਂ ਬਾਅਦ ਉਨ੍ਹਾਂ ਖ਼ਿਲਾਫ਼ ਇਰਾਦਾ ਕਤਲ ਵਰਗੀਆਂ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕਰਨਾ ਬੇਹੱਦ ਗੰਭੀਰ ਮਾਮਲਾ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਹੋਈ ਇਸ ਕਾਰਵਾਈ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜਦੋਂ ਤੱਕ ਗ੍ਰਿਫ਼ਤਾਰ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਨਹੀਂ ਕੀਤਾ ਜਾਂਦਾ, ਸੰਘਰਸ਼ ਜਾਰੀ ਰਹੇਗਾ।ਯੂਨੀਅਨ ਦੀ ਜਨਰਲ ਸਕੱਤਰ ਕਰਮਜੀਤ ਕੌਰ ਹਿੰਮਤਪੁਰਾ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਪਿੰਡ ਭਾਗੀਕੇ ਦੇ ਕਿਸਾਨਾਂ ਦਾ ਨਹੀਂ, ਸਗੋਂ ਸਮੁੱਚੀ ਕਿਸਾਨੀ ਦੇ ਹੱਕਾਂ ਤੇ ਸਨਮਾਨ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਤੇ ਕੇਂਦਰ ਸਰਕਾਰਾਂ ਦੀਆਂ ਕਾਰਪੋਰੇਟ



ਪੱਖੀ ਨੀਤੀਆਂ ਕਾਰਨ ਕਿਸਾਨਾਂ ਨੂੰ ਲਗਾਤਾਰ ਦਬਾਅ ਹੇਠ ਰੱਖਿਆ ਜਾ ਰਿਹਾ ਹੈ ਤੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਕਿਸਾਨਾਂ ਉੱਪਰ ਪੁਲਸ ਤਾਕਤ ਦੀ ਵਰਤੋਂ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਡਰਾ-ਧਮਕਾ ਕੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਤੋਂ ਪਿੱਛੇ ਨਹੀਂ ਹਟਾਇਆ ਜਾ ਸਕਦਾ।ਬਲਾਕ ਖ਼ਜ਼ਾਨਚੀ ਕੇਵਲ ਕ੍ਰਿਸ਼ਨ ਨੇ ਕਿਹਾ ਕਿ ਸਰਕਾਰਾਂ ਵੱਲੋਂ ਪ੍ਰਦੂਸ਼ਣ ਦੇ ਨਾਂ ’ਤੇ ਪਰਾਲੀ ਦੀ ਸਮੱਸਿਆ ਦਾ ਸਮੁੱਚਾ ਬੋਝ ਕਿਸਾਨਾਂ ਦੇ ਸਿਰ ਮੜ੍ਹਿਆ ਜਾ ਰਿਹਾ ਹੈ, ਜਦਕਿ ਵੱਡੇ ਉਦਯੋਗਿਕ ਅਦਾਰਿਆਂ ਵੱਲੋਂ ਫੈਲਾਏ ਜਾਂਦੇ ਪ੍ਰਦੂਸ਼ਣ ਬਾਰੇ ਵੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਦੇ ਯੋਗ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ, ਸਾਧਨ ਤੇ ਮੁਆਵਜ਼ਾ ਮੁਹੱਈਆ ਕਰਵਾਏ ਬਿਨਾਂ ਡੰਡੇ ਦੇ ਜ਼ੋਰ ਨਾਲ ਇਸ ਸਮੱਸਿਆ ਦਾ ਹੱਲ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸਾਨਾਂ ਦੀ ਆਵਾਜ਼ ਨੂੰ ਪੁਲਸ ਕਾਰਵਾਈ ਨਾਲ ਦਬਾਉਣ ਦੀ ਕੋਸ਼ਿਸ਼ ਦਾ ਜਥੇਬੰਦੀ ਵੱਲੋਂ ਡੱਟ ਕੇ ਵਿਰੋਧ ਕੀਤਾ ਜਾਵੇਗਾ।ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਲਹਿਰ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਕਾਮਯਾਬ ਨਹੀਂ ਹੋਣ ਦਿੱਤੀਆਂ ਜਾਣਗੀਆਂ।ਭਾਗੀਕੇ ਦੇ ਕਿਸਾਨਾਂ ਦੀ ਰਿਹਾਈ ਤੱਕ ਥਾਣੇ ਅੱਗੇ ਪੱਕਾ ਮੋਰਚਾ ਜਾਰੀ ਰੱਖਿਆ ਜਾਵੇਗਾ ਤੇ ਸੰਘਰਸ਼ ਨੂੰ ਹੋਰ ਵਿਸ਼ਾਲ ਕਰਨ ਲਈ ਪਿੰਡ-ਪਿੰਡ ਕਿਸਾਨਾਂ ਨੂੰ ਲਾਮਬੰਦ ਕੀਤਾ ਜਾਵੇਗਾ।ਇਸ ਮੌਕੇ ਸਵਰਨ ਸਿੰਘ, ਸਰਬਜੀਤ ਸਿੰਘ ਖਾਈ, ਬੂਟਾ ਸਿੰਘ ਭਾਗੀਕੇ, ਹਰਬੰਸ ਸਿੰਘ ਬੌਡੇ, ਜਗਮੋਹਨ ਸਿੰਘ ਸੈਦੋਕੇ, ਹਰਬੰਸ ਮੀਨੀਆਂ, ਕਿਰਨਦੀਪ ਕੌਰ ਮਾਛੀਕੇ ਸਮੇਤ ਵੱਖ-ਵੱਖ ਪਿੰਡਾਂ ਦੇ ਪ੍ਰਧਾਨ, ਸਕੱਤਰ ਤੇ ਕਿਸਾਨ ਹਾਜ਼ਰ ਸਨ।ਇੱਕ ਵੱਖਰੇ ਪ੍ਰੈੱਸ ਬਿਆਨ ਰਾਹੀਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ, ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ, ਜੰਗੀਰ ਸਿੰਘ ਹਿੰਮਤਪੁਰਾ ਤੇ ਬਲੌਰ ਸਿੰਘ ਨੇ ਕਿਹਾ ਕਿ ਕਿਸਾਨਾਂ ਦੀ ਰਿਹਾਈ ਲਈ ਬਲਾਕ ਤੇ ਜ਼ਿਲ੍ਹਾ ਪੱਧਰ ’ਤੇ ਸੰਘਰਸ਼ ਦੀ ਪੂਰੀ ਵਿਉਂਤਬੰਦੀ ਕਰ ਲਈ ਗਈ ਹੈ।ਉਨ੍ਹਾਂ ਦੱਸਿਆ ਕਿ ਬਲਾਕ ਟੀਮ ਮੋਰਚੇ ਦੀ ਅਗਵਾਈ ਕਰੇਗੀ, ਜਦਕਿ ਜ਼ਿਲ੍ਹਾ ਟੀਮ ਵੱਲੋਂ ਹੋਰਨਾਂ ਬਲਾਕਾਂ ਵਿੱਚੋਂ ਕਿਸਾਨਾਂ ਦੇ ਜਥੇ ਲਗਾਤਾਰ ਮੋਰਚੇ ਵਿੱਚ ਸ਼ਾਮਲ ਹੋਣ ਲਈ ਭੇਜੇ ਜਾਣਗੇ।ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਜਾਂ ਪੁਲਸ ਪ੍ਰਸ਼ਾਸਨ ਵੱਲੋਂ ਸੰਘਰਸ਼ ਕਰ ਰਹੇ ਕਿਸਾਨਾਂ ਨਾਲ ਕਿਸੇ ਵੀ ਤਰ੍ਹਾਂ ਦੀ ਵਧੀਕੀ ਜਾਂ ਜਬਰ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਇਸ ਦਾ ਜਥੇਬੰਦਕ ਤਾਕਤ ਨਾਲ ਜਵਾਬ ਦਿੱਤਾ ਜਾਵੇਗਾ।ਉਨ੍ਹਾਂ ਸਮੂਹ ਕਿਸਾਨਾਂ, ਮਜ਼ਦੂਰਾਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ 13 ਨਵੰਬਰ ਤੋਂ ਸ਼ੁਰੂ ਹੋਣ ਵਾਲੇ ਪੱਕੇ ਮੋਰਚੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਝੋਨੇ ਦੀ ਬੰਦ ਕੀਤੀ ਖ਼ਰੀਦ ਮੁੜ ਸ਼ੁਰੂ ਕਰਨ ਦੇ ਭਰੋਸੇ ਉਪਰੰਤ ਕਿਸਾਨਾਂ ਵੱਲੋਂ ਧਰਨਾ ਸਮਾਪਤ

ਮਾਨਸਾ (ਆਤਮਾ ਸਿੰਘ ਪਮਾਰ) : ਮਾਨਸਾ ਜ਼ਿਲ੍ਹੇ ਦੀਆਂ ਦਰਜਨ ਦੇ ਕਰੀਬ ਅਨਾਜ ਮੰਡੀਆਂ ’ਚ ਅਚਾਨਕ ਝੋਨੇ ਦੀ ਖ਼ਰੀਦ ਬੰਦ ਕਰਨ ਦੇ ਵਿਰੋਧ ’ਚ ਭਾਰਤੀ



ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵੱਲੋਂ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਅੱਗੇ ਧਰਨਾ ਦੇ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਜਥੇਬੰਦੀ ਨੇ ਮੰਗ ਕੀਤੀ ਕਿ ਮੰਡੀਆਂ ’ਚ ਬੰਦ ਕੀਤੀ ਝੋਨੇ ਦੀ ਖ਼ਰੀਦ ਮੁੜ ਤੋਂ ਤੁਰੰਤ ਸ਼ੁਰੂ ਕੀਤੀ ਜਾਵੇ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਝੋਨੇ ਦੀ ਫ਼ਸਲ ਨਾਲ ਨੱਕੋ-ਨੱਕ ਭਰੀਆਂ ਪਈਆਂ ਹਨ।ਅਜੇ ਵੀ 5 ਤੋਂ 7 ਫ਼ੀਸਦੀ ਝੋਨਾ ਖੇਤਾਂ ’ਚ ਖੜ੍ਹਾ ਹੈ ਤੇ ਕਿਸਾਨ ਆਪਣੀ ਫ਼ਸਲ ਮੰਡੀਆਂ ’ਚ ਲਿਆਉਣ ਲਈ ਜਗ੍ਹਾ ਦੀ ਉਡੀਕ ਕਰ ਰਹੇ ਹਨ, ਪਰ ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਨੂੰ ਖ਼ਰੀਦ ਬੰਦ ਕਰਨ ਸਬੰਧੀ ਜਾਰੀ ਕੀਤੀ ਚਿੱਠੀ ਨੇ ਕਿਸਾਨਾਂ ’ਚ ਭਾਰੀ ਰੋਸ ਅਤੇ ਰੋਹ ਪੈਦਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮੀਡੀਆ ਰਾਹੀਂ ਹਰ ਰੋਜ਼ ਕਿਸਾਨ ਪੱਖੀ ਹੋਣ ਦਾ ਦਾਅਵਾ ਕਰਨ ਵਾਲੇ ਮੁੱਖ ਮੰਤਰੀ ਮਾਨ ਨੇ ਝੋਨੇ ਦੀ ਖ਼ਰੀਦ ਬੰਦ ਕਰਨ ਦਾ ਹੁਕਮ ਦੇ ਕੇ ਆਪਣਾ ਕਿਸਾਨ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ।ਲੱਖਾਂ ਟਨ ਝੋਨਾ ਮੰਡੀਆਂ ’ਚ ਪਿਆ ਹੈ, ਜਿਸ ਦੀ ਖ਼ਰੀਦ ਕਰਨ ਤੋਂ ਸਰਕਾਰ ਪਿੱਛੇ ਹਟ ਰਹੀ ਹੈ।ਕਿਸਾਨ ਇਸ ਵਰਤਾਰੇ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕਰਨਗੇ।ਕਿਸਾਨ ਜਥੇਬੰਦੀ ਵੱਲੋਂ ਅਧਿਕਾਰੀਆਂ ਨੂੰ ਅਲਟੀਮੇਟਮ ਦਿੱਤਾ ਗਿਆ ਕਿ ਝੋਨੇ ਦੀ ਖ਼ਰੀਦ ਮੁੜ ਸ਼ੁਰੂ ਕਰਨ ਸਬੰਧੀ ਕੋਈ ਜ਼ਿੰਮੇਵਾਰ ਅਧਿਕਾਰੀ ਕਿਸਾਨਾਂ ਨਾਲ ਗੱਲਬਾਤ ਕਰੇ, ਨਹੀਂ ਤਾਂ ਜਥੇਬੰਦੀ ਡਿਪਟੀ ਕਮਿਸ਼ਨਰ ਦੇ ਦਫ਼ਤਰ ਦਾ ਅਣਮਿੱਥੇ ਸਮੇਂ ਲਈ ਘਿਰਾਓ ਕਰਨ ਲਈ ਮਜਬੂਰ ਹੋਵੇਗੀ।ਕਿਸਾਨਾਂ ਦੀ ਚਿਤਾਵਨੀ ਤੋਂ ਬਾਅਦ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਹਰਦੀਪ ਸਿੰਘ ਮਾਨ ਕਿਸਾਨਾਂ ਦੇ ਇਕੱਠ ’ਚ ਪਹੁੰਚੇ।ਉਨ੍ਹਾਂ ਸਟੇਜ ਤੋਂ ਭਰੋਸਾ ਦਿਵਾਇਆ ਕਿ ਮੰਡੀਆਂ ’ਚ ਪਏ ਝੋਨੇ ਦੀ ਬੰਦ ਕੀਤੀ ਖ਼ਰੀਦ ਅੱਜ ਤੋਂ ਮੁੜ ਸ਼ੁਰੂ ਕਰ ਦਿੱਤੀ ਜਾਵੇਗੀ।ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਲਿਖਤੀ ਹੁਕਮ ਵੀ ਪ੍ਰਾਪਤ ਹੋ ਗਏ ਹਨ।ਭਰੋਸੇ ਉਪਰੰਤ ਜਥੇਬੰਦੀ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ।

ਵਿਧਾਇਕ ਬੁੱਧ ਰਾਮ ਵੱਲੋਂ ਖੱਤਰੀਵਾਲਾ ’ਚ ਸਟੇਡੀਅਮ ਦਾ ਉਦਘਾਟਨ


ਬੁਢਲਾਡਾ (ਅਸ਼ੋਕ ਲਾਕੜਾ)-ਪਿੰਡ ਖੱਤਰੀਵਾਲਾ ਵਿਖੇ 40 ਲੱਖ ਰੁਪਏ ਦੀ ਗ੍ਰਾਂਟ ਨਾਲ ਤਿਆਰ ਕੀਤੇ ਗਏ ਸਟੇਡੀਅਮ ਦਾ ਉਦਘਾਟਨ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਕੀਤਾ ਗਿਆ।ਇਸ ਮੌਕੇ ਪਿੰਡ ਦੇ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਕ੍ਰਿਕਟ ਅਤੇ ਵਾਲੀਬਾਲ ਦੀ ਪੂਰੀ ਕਿੱਟ ਦਿੱਤੀ ਗਈ। ਇਸ ਮੌਕੇ



ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਪਿੰਡਾਂ ਵਿੱਚ ਸਟੇਡੀਅਮ ਬਣਨ ਨਾਲ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ ਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਹੋਣਗੇ।ਉਨ੍ਹਾਂ ਕਿਹਾ ਕਿ ਹਲਕਾ ਬੁਢਲਾਡਾ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਪਹਿਲ ਦੇ ਆਧਾਰ ’ਤੇ ਕਰਵਾਏ ਜਾ ਰਹੇ ਹਨ ਤੇ ਖੇਡਾਂ ਦੇ ਖੇਤਰ ਵਿੱਚ ਵੀ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ।ਇਸ ਮੌਕੇ ਪਿੰਡ ਦੇ ਸਰਪੰਚ ਪ੍ਰੇਮ ਸਿੰਘ, ਜਗਤਾਰ ਸਿੰਘ ਤਾਰੀ (ਪ੍ਰਧਾਨ), ਸੀਤਾ ਸਿੰਘ (ਸੀਨੀਅਰ ਪ੍ਰਧਾਨ), ਗੁਰਜੰਟ ਸਿੰਘ ਤੇ ਪਾਰਟੀ ਵਰਕਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ, ਪਿੰਡ ਵਾਸੀ ਹਾਜ਼ਰ ਸਨ।ਸਟੇਡੀਅਮ ਦੇ ਉਦਘਾਟਨ ਦੀ ਖ਼ੁਸ਼ੀ ਵਿੱਚ ਲੱਡੂ ਵੀ ਵੰਡੇ ਗਏ।

ਵਿਸ਼ੇਸ਼ ਰੋਗ ਮੁਕਤ ਕੈਂਪ ਅੱਜ ਤੋਂ

ਬੁਢਲਾਡਾ (ਅਸ਼ੋਕ ਲਾਕੜਾ)-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਇੱਕ ਵਿਸ਼ੇਸ਼ ਰੋਗ ਮੁਕਤ ਕੈਂਪ 13 ਨਵੰਬਰ ਤੋਂ 17 ਨਵੰਬਰ ਤੱਕ ਲਗਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦੇ ਹੋਏ ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਵਿਜੇ ਗੋਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ



ਵਿਸ਼ੇਸ਼ ਤੌਰ ’ਤੇ ਸੋਲਨ ਵਾਲੇ ਵਿਸ਼ਵ ਪ੍ਰਸਿੱਧ ਵੈਦ ਰਾਜੇਸ਼ ਕਪੂਰ ਸਾਨੂੰ ਅਜੋਕੀਆਂ ਗੰਭੀਰ ਬੀਮਾਰੀਆਂ ਤੋਂ ਬਚਾਅ ਲਈ ਤੇ ਸੁੱਚਜਾ ਤੰਦਰੁਸਤ ਜੀਵਨ ਬਤੀਤ ਕਰਨ ਲਈ ਦੱਸਣਗੇ।ਇਹ ਕੈਂਪ 13 ਨਵੰਬਰ ਸਵੇਰੇ ਸ਼ੁਰੂ ਹੋ ਕੇ 17 ਨਵੰਬਰ ਰਾਤ ਤੱਕ ਰੋਜ਼ਾਨਾ ਦੋਨੋਂ ਟਾਇਮ 7 ਤੋਂ 8 ਵਜੇ ਤੱਕ ਬੱਸ ਸਟੈਂਡ ਰੋਡ ’ਤੇ ਰੁਆਇਲ ਸਿਟੀ ਦੇ ਗੇਟ ਤੇ ਪੈਟਰੋਲ ਪੰਪ ਸਾਹਮਣੇ ਸੰਸਥਾ ਦੇ ਦਫਤਰ ਵਿਖੇ ਲਗੇਗਾ, ਜਿਸ ਵਿੱਚ ਵੈਦ ਰਾਜੇਸ਼ ਕਪੂਰ ਜੀ ਸਾਨੂੰ ਅਜੋਕੀਆਂ ਬੀਮਾਰੀਆਂ ਤੋਂ ਬਚਾਅ ਤੇ ਸੁੱਚਜਾ ਤੰਦਰੁਸਤ ਜੀਵਨ ਬਤੀਤ ਕਰਨ ਦੇ ਢੰਗ ਦੱਸਣਗੇ।ਪਹਿਲੇ ਦਿਨ 13 ਨਵੰਬਰ ਨੂੰ ਸ਼ੂਗਰ ਰੋਗ, 14 ਨੂੰ ਥਾਇਰਾਇਡ, ਜੋੜ ਦਰਦ, ਮਾਸਪੇਸ਼ੀਆਂ ਤੇ ਕਮਰ ਦਰਦ, 15 ਨੂੰ ਔਰਤਾਂ ਦੇ ਰੋਗ, 16 ਨੂੰ ਬੀ ਪੀ, ਕਿਡਨੀ ਤੇ ਦਿਲ ਦੇ ਰੋਗਾਂ ਬਾਬਤ, ਆਖਰੀ ਦਿਨ 17 ਨਵੰਬਰ ਨੂੰ ਕੈਂਸਰ ਤੇ ਮਾਨਸਿਕ ਰੋਗਾਂ ਦੇ ਸਮਾਧਾਨ ਲਈ ਚਰਚਾ ਹੋਵੇਗੀ।

ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ 15 ਨੂੰ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਪ੍ਰੈੱਸ ਕਲੱਬ ਰਾਏਕੋਟ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਇਕਬਾਲ ਸਿੰਘ ਫੇਰੂਰਾਈਂ ਉਨ੍ਹਾਂ ਦੀ ਅਗਵਾਈ ਹੇਠ ਇੱਥੇ ਹੋਈ।ਮੀਟਿੰਗ ਵਿੱਚ ਮਹਾਨ ਗਦਰੀ



ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਸ਼ਹੀਦੀ ਦਿਹਾੜੇ ਤੇ ਕੌਮੀ ਪ੍ਰੈੱਸ ਦਿਵਸ ਨੂੰ ਮਨਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸਬੰਧ ਵਿੱਚ ਪ੍ਰੈੱਸ ਕਲੱਬ ਰਾਏਕੋਟ ਦੇ ਪ੍ਰਧਾਨ ਇਕਬਾਲ ਸਿੰਘ ਫੇਰੂਰਾਈਂ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੰਵੇਦਨਾ ਸੁਸਾਇਟੀ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ 15 ਨਵੰਬਰ ਨੂੰ ਰਾਏਕੋਟ ਦੇ ਪ੍ਰਾਚੀਨ ਮੰਦਰ ਸ਼ਿਵਾਲਾ ਖਾਮ ਵਿਖੇ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਸਵੇਰੇ 10:00 ਵਜੇ ਤੋਂ ਸ਼ੁਰੂ ਹੋ ਕੇ ਦੁਪਹਿਰ ਬਾਅਦ 2:00 ਵਜੇ ਤੱਕ ਚੱਲੇਗਾ।ਉਨ੍ਹਾਂ ਇਲਾਕਾ ਨਿਵਾਸੀਆਂ, ਸਮਾਜਸੇਵੀ ਜਥੇਬੰਦੀਆਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਇਸ ਮਹਾਨ ਕਾਰਜ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਗਈ ਹੈ।

ਨਸ਼ਿਆਂ ਦੇ ਖ਼ਾਤਮੇ ਲਈ ਲੋਕ ਪ੍ਰਸ਼ਾਸਨ ਦਾ ਸਹਿਯੋਗ ਦੇਣ : ਐੱਸ ਡੀ ਐੱਮ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਪੱਤੋਂ ਹੀਰਾ ਸਿੰਘ, ਰੌਂਤਾ, ਰਾਮਾਂ ਤੇ ਮਾਣੂੰਕੇ ਗਿੱਲ ਵਿਖੇ ਐੱਸ ਡੀ ਐੱਮ



ਨਿਹਾਲ ਸਿੰਘ ਵਾਲਾ ਗਗਨਦੀਪ ਸਿੰਘ ਨੇ ਲੋਕਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਪਿੰਡਾਂ ’ਚ ਨਸ਼ਿਆਂ ਦੀ ਭਿਆਨਕ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਪ੍ਰਸ਼ਾਸਨ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਐੱਸ ਡੀ ਐੱਮ ਗਗਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪ੍ਰਸ਼ਾਸਨ ਜਾਂ ਪੁਲਸ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਪਿੰਡਾਂ ਦੇ ਲੋਕਾਂ, ਪੰਚਾਇਤਾਂ, ਨੌਜਵਾਨਾਂ ਤੇ ਸਮਾਜਿਕ ਸੰਸਥਾਵਾਂ ਦੀ ਸਰਗਰਮ ਭਾਗੀਦਾਰੀ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਪਲਾਈ ਕਰਨ ਵਾਲੇ ਵਿਅਕਤੀਆਂ ਬਾਰੇ ਪ੍ਰਸ਼ਾਸਨ ਨੂੰ ਬਿਨਾਂ ਕਿਸੇ ਡਰ ਸੂਚਨਾ ਦਿੱਤੀ ਜਾਵੇ ਤਾਂ ਜੋ ਅਜਿਹੇ ਅਨਸਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

ਜਨਗਣਨਾ ਦੇ ਦੂਜੇ ਪੜਾਅ ਦੀਆਂ ਤਿਆਰੀਆਂ ਮੁਕੰਮਲ : ਸਹੋਤਾ

ਭਵਾਨੀਗੜ੍ਹ, (ਰਾਜ ਖੁਰਮੀ) : ਭਾਰਤ ਦੀ ਜਨਗਣਨਾ 2027 ਦੇ ਦੂਜੇ ਪੜਾਅ ਤਹਿਤ



ਜਨਸੰਖਿਆ ਗਣਨਾ ਦੇ ਕੰਮ ਨੂੰ ਸੁਚਾਰੂ, ਸਹੀ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਭਵਾਨੀਗੜ੍ਹ ਪ੍ਰਸ਼ਾਸਨ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸਬੰਧੀ ਅੱਜ ਸੈਂਸਜ਼ ਚਾਰਜ ਅਫ਼ਸਰ-ਕਮ-ਤਹਿਸੀਲਦਾਰ ਭਵਾਨੀਗੜ੍ਹ ਨਿਤਿਨ ਸਹੋਤਾ ਦੀ ਅਗਵਾਈ ਹੇਠ ਸਮੂਹ ਸੈਂਸਜ਼ ਸੁਪਰਵਾਈਜ਼ਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਤਹਿਸੀਲਦਾਰ ਨਿਤਿਨ ਸਹੋਤਾ ਵੱਲੋਂ ਹਾਜ਼ਰ ਸੁਪਰਵਾਈਜ਼ਰਾਂ ਨੂੰ ਉਨ੍ਹਾਂ ਦੇ ਤੇ ਉਨ੍ਹਾਂ ਅਧੀਨ ਕੰਮ ਕਰਨ ਵਾਲੇ ਗਿਣਤੀਕਾਰਾਂ ਦੇ ਨਿਯੁਕਤੀ ਪੱਤਰ ਰਸਮੀ ਤੌਰ ’ਤੇ ਸੌਂਪੇ ਗਏ।ਇਸ ਦੇ ਨਾਲ ਹੀ ਜਨਗਣਨਾ ਦੇ ਕੰਮ ਨੂੰ ਨਿਰਧਾਰਤ ਸਮੇਂ ਅੰਦਰ ਬਿਨਾਂ ਕਿਸੇ ਗਲਤੀ ਦੇ ਮੁਕੰਮਲ ਕਰਨ ਲਈ ਵਿਸਥਾਰਪੂਰਵਕ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਗਏ।ਸਮੂਹ ਸਟਾਫ ਨੂੰ ਸੰਬੋਧਨ ਕਰਦਿਆਂ ਨਿਤਿਨ ਸਹੋਤਾ ਨੇ ਕਿਹਾ ਕਿ ਜਨਗਣਨਾ ਸਿਰਫ਼ ਅੰਕੜੇ ਇਕੱਠੇ ਕਰਨ ਦੀ ਪ੍ਰਕਿਰਿਆ ਨਹੀਂ, ਸਗੋਂ ਇਹ ਦੇਸ਼ ਦਾ ਇੱਕ ਬੇਹੱਦ ਅਹਿਮ ਕੌਮੀ ਕਾਰਜ ਹੈ, ਜਿਸ ਦੇ ਆਧਾਰ ’ਤੇ ਭਵਿੱਖ ਦੀਆਂ ਸਰਕਾਰੀ ਯੋਜਨਾਵਾਂ ਤੇ ਨੀਤੀਆਂ ਤਿਆਰ ਕੀਤੀਆਂ ਜਾਂਦੀਆਂ ਹਨ।ਇਸ ਲਈ ਹਰੇਕ ਸੁਪਰਵਾਈਜ਼ਰ ਤੇ ਗਿਣਤੀਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਨਿਰਧਾਰਤ ਖੇਤਰ ਵਿੱਚ ਘਰ-ਘਰ ਜਾ ਕੇ ਪੂਰੀ ਸਾਵਧਾਨੀ ਨਾਲ ਜਾਣਕਾਰੀ ਇਕੱਠੀ ਕਰਨ ਤੇ ਇਹ ਯਕੀਨੀ ਬਣਾਉਣ ਕਿ ਕੋਈ ਵੀ ਘਰ ਜਾਂ ਨਾਗਰਿਕ ਜਨਗਣਨਾ ਤੋਂ ਵਾਂਝਾ ਨਾ ਰਹੇ।ਇਸ ਮੌਕੇ ਸੈਂਸਜ਼ ਸੈੱਲ ਤੋਂ ਇਕਬਾਲ ਸਿੰਘ, ਕੁਲਵਿੰਦਰ ਸਿੰਘ, ਜਗਤਾਰ ਸਿੰਘ ਤੇ ਤਕਨੀਕੀ ਸਹਾਇਕ ਦਵਿੰਦਰ ਸਿੰਘ ਸਮੇਤ ਹੋਰ ਸਬੰਧਤ ਕਰਮਚਾਰੀ ਮੌਜੂਦ ਸਨ।

ਨਵਰੀਤ ਕੌਰ ਸੇਖੋਂ ਨੇ ਏ ਡੀ ਸੀ (ਵਿਕਾਸ) ਵਜੋਂ ਸੰਭਾਲਿਆ ਅਹੁਦਾ



ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) : ਪੀ.ਸੀ.ਐੱਸ. ਅਧਿਕਾਰੀ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਜੋਂ ਅਹੁਦਾ ਸੰਭਾਲ ਲਿਆ ਹੈ।ਇਸ ਤੋਂ ਪਹਿਲਾਂ ਉਹ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਵਜੋਂ ਤਾਇਨਾਤ ਸਨ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਆਪਣੇ ਦਫ਼ਤਰ ਵਿੱਚ ਅਹੁਦਾ ਸੰਭਾਲਣ ਮਗਰੋਂ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਧਿਆਨ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਤੇ ਲੋਕ-ਪੱਖੀ ਨੀਤੀਆਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ’ਤੇ ਰਹੇਗਾ।ਉਹ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨ ਲਈ ਪ੍ਰਸ਼ਾਸਨਕ ਪ੍ਰਕਿਰਿਆਵਾਂ ਨੂੰ ਹੋਰ ਸਰਲ ਤੇ ਪਾਰਦਰਸ਼ੀ ਬਣਾਉਣ ਲਈ ਕੰਮ ਕਰਨਗੇ।

ਧਰਮਿੰਦਰ ਸਿੰਘ ਨੇ ਨਾਇਬ ਤਹਿਸੀਲਦਾਰ ਵਜੋਂ ਚਾਰਜ ਸੰਭਾਲਿਆ



ਸਮਾਣਾ, (ਇਕਬਾਲ ਸਿੰਘ ਬੱਲ) : ਧਰਮਿੰਦਰ ਸਿੰਘ ਨੇ ਸਮਾਣਾ ਵਿਖੇ ਬਤੌਰ ਨਾਇਬ ਤਹਿਸੀਲਦਾਰ (ਸਬ-ਰਜਿਸਟਰਾਰ) ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਉਹ ਮੂਨਕ ਤੋਂ ਬਦਲ ਕੇ ਸਮਾਣਾ ਵਿਖੇ ਆਏ ਹਨ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਉਹ ਵੱਖ-ਵੱਖ ਥਾਵਾਂ ’ਤੇ ਬਤੌਰ ਨਾਇਬ ਤਹਿਸੀਲਦਾਰ ਵਜੋਂ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ। ?ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਾਇਬ ਤਹਿਸੀਲਦਾਰ ਧਰਮਿੰਦਰ ਸਿੰਘ ਨੇ ਕਿਹਾ ਕਿ ਉਹ ਸਮਾਣਾ ਵਾਸੀਆਂ ਨੂੰ ਪਾਰਦਰਸ਼ੀ ਤੇ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ।ਉਨ੍ਹਾਂ ਤਹਿਸੀਲ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਕਿਸੇ ਵੀ ਦਫ਼ਤਰੀ ਕੰਮ ਲਈ ਸਿੱਧੇ ਤੌਰ ’ਤੇ ਨਿਰਧਾਰਤ ਸਮੇਂ ਤੇ ਆ ਕੇ ਮਿਲ ਸਕਦੇ ਹਨ। ?ਇਸ ਮੌਕੇ ਰਜਿਸਟਰੀ ਕਲਰਕ ਪ੍ਰਦੀਪ ਕੁਮਾਰ ਦੀ ਅਗਵਾਈ ਹੇਠ ਸਬ-ਰਜਿਸਟਰਾਰ ਦਫ਼ਤਰ ਦੇ ਸਮੂਹ ਮੁਲਾਜ਼ਮਾਂ ਵੱਲੋਂ ਨਵੇਂ ਪਹੁੰਚੇ ਨਾਇਬ ਤਹਿਸੀਲਦਾਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।

ਝੋਨੇ ਦੀ ਮੰਡੀਆਂ ’ਚ ਆਮਦ ਦੇ ਬਾਵਜੂਦ 400 ਮੰਡੀਆਂ ਬੰਦ ਕਰਨਾ ਮੰਦਭਾਗਾ : ਚਮਕੌਰ ਰੋਡੇ

ਸੂਬੇ ਵਿੱਚ 90% ਖਰੀਦ ਦਾ ਅੰਕੜਾ ਫਰਜ਼ੀ, ਉੱਚ ਪੱਧਰੀ ਜਾਂਚ ਦੀ ਕੀਤੀ ਮੰਗ

ਮੋਗਾ, (ਇਕਬਾਲ ਸਿੰਘ ਖਹਿਰਾ) ਕਿਰਤੀ ਕਿਸਾਨ ਯੂਨੀਅਨ ਨੇ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ 400 ਮੰਡੀਆਂ ਬੰਦ ਕਰਨ ਦੇ ਫੈਸਲੇ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਝੋਨੇ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦ ਕਰਨ ਦੇ ਮੁੱਖ ਮੰਤਰੀ ਦੇ ਬਿਆਨ ਅਨੁਸਾਰ ਬੰਦ ਕੀਤੀਆਂ ਮੰਡੀਆਂ ਮੁੜ ਚਾਲੂ ਕੀਤੀਆਂ ਜਾਣ, ਅਜਿਹਾ ਨਾ ਹੋਣ ਦੀ ਸੂਰਤ ਵਿੱਚ ਕਿਸਾਨਾਂ ਵੱਲੋਂ ਸੰਘਰਸ਼ ਕਰਨ ਤੋਂ ਇਲਾਵਾ ਹੋਰ ਕੋਈ ਰਾਹ ਨਹੀ ਬਚੇਗਾ। ਵਰਣਨਯੋਗ ਹੈ ਕਿ ਸੂਬੇ ਵਿੱਚ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿੱਥ ਕੇ ਮੰਡੀਆਂ ਦਾ ਕੋਟਾ ਮਿੱਥਿਆਂ ਗਿਆ ਸੀ।ਸਰਕਾਰ ਵੱਲੋਂ 400 ਮੰਡੀਆਂ ਵਿੱਚ ਖ੍ਰੀਦ ਦਾ ਕੋਟਾ ਪੂਰਾ ਹੋਣ ਦਾ ਦਾਅਵਾ ਕਰਦਿਆਂ ਉਨ੍ਹਾਂ ਮੰਡੀਆਂ ਨੂੰ ਬੰਦ ਕਰਕੇ ਝੋਨੇ ਦੀ ਖਰੀਦ ਰੋਕ ਦਿੱਤੀ ਗਈ ਹੈ, ਜਦੋਂ ਕਿ ਬੇਮੌਸਮੀ ਬਰਸਾਤ ਕਾਰਨ ਝੋਨੇ ਦੀ ਵਾਢੀ ਵਿੱਚ ਦੇਰੀ ਕਾਰਨ ਕਿਸਾਨ ਹਾਲੇ ਵੀ ਮੰਡੀਆਂ ਵਿੱਚ ਵੇਚਣ ਲਈ ਫਸਲ ਲਿਆ ਰਹੇ ਹਨ।ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਚਮਕੌਰ ਸਿੰਘ ਰੋਡੇ, ਜ਼ਿਲ੍ਹਾ ਮੋਗਾ ਦੇ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਜ਼ਿਲ੍ਹਾ ਜਰਨਲ ਸਕੱਤਰ ਕੁਲਜੀਤ ਸਿੰਘ ਪੰਡੋਰੀ ਅਰਾਈਆਂ ਤੇ ਪ੍ਰੈੱਸ ਸਕੱਤਰ ਤੀਰਥਵਿੰਦਰ ਸਿੰਘ ਘੱਲਕਲਾਂ ਨੇ ਇਸ ਸਬੰਧੀ ਪੰਜਾਬ



ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਸਵਾਲ ਕੀਤਾ ਕਿ ਝੋਨੇ ਦੀ ਵਾਢੀ ਹਾਲੇ ਜਾਰੀ ਹੈ, ਫਿਰ ਮੰਡੀਆਂ ਵਿੱਚ ਖ੍ਰੀਦ ਟੀਚਾ ਕਿਵੇਂ ਪੂਰਾ ਹੋ ਗਿਆ? ਇਸ ਸਬੰਧੀ ਉੱਚ ਪੱਧਰੀ ਜਾਂਚ ਦੀ ਮੰਗ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਝੋਨੇ ਦੀ ਖਰੀਦ ਵਿੱਚ ਅਫ਼ਸਰਸ਼ਾਹੀ ਤੇ ਵਪਾਰੀਆਂ ਦੀ ਮਿਲੀਭੁਗਤ ਨਾਲ ਦੂਜੇ ਸੂਬਿਆਂ ਤੋਂ ਝੋਨੇ ਦੀ ਆਮਦ ਨੇ ਪੰਜਾਬ ਦੇ ਕਿਸਾਨਾਂ ਨੂੰ ਖੱਜਲ ਕਰਨ ਦਾ ਰਾਹ ਤਿਆਰ ਕੀਤਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਦੇ ਵਫਦਾਂ ਨੇ ਕਈ ਜ਼ਿਲਿਆਂ ਵਿਚ ਡਿਪਟੀ ਕਮਿਸ਼ਨਰਾਂ ਅਤੇ ਜਿਲਾ ਖੁਰਾਕ ਸਪਲਾਈ ਅਫਸਰਾਂ ਨੂੰ ਮਿਲ ਕੇ ਬੰਦ ਕੀਤੀਆਂ ਮੰਡੀਆਂ ਨੂੰ ਚਾਲੂ ਕਰਨ ਦੀ ਮੰਗ ਕੀਤੀ ਤਾਂ ਅਧਿਕਾਰੀਆਂ ਨੇ ਖ੍ਰੀਦ ਕੋਟਾ ਪੂਰਾ ਹੋਣ ਅਤੇ ਸੀ ਸੀ ਐੱਲ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਉਪਰੋਂ ਹੁਕਮਾਂ ਅਨੁਸਾਰ ਹੀ ਮੰਡੀਆਂ ਬੰਦ ਕੀਤੀਆਂ ਗਈਆਂ ਹਨ।ਉਨ੍ਹਾਂ ਚੋਣ ਵਰ੍ਹੇ ਵਿੱਚ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਬਰਸਟ ਦੇ ਬਿਆਨ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ 90% ਖ੍ਰੀਦ ਕਰਨ ਦਾ ਸਰਕਾਰੀ ਦਾਅਵਾ ਫਰਜ਼ੀ ਦਾਅਵਾ ਹੈ, ਕਿਉਂਕਿ ਹਾਲੇ ਵੀ ਮੰਡੀਆਂ ਵਿੱਚ ਝੋਨੇ ਦੀ ਆਮਦ ਹੋ ਰਹੀ ਹੈ, ਫਿਰ ਖ੍ਰੀਦ ਦਾ ਟੀਚਾ ਤੇ ਕੋਟਾ ਕਿਵੇਂ ਪੂਰਾ ਹੋ ਗਿਆ।

ਕਿਸਾਨ ਆਗੂਆਂ ਨੇ ਕਿਹਾ ਕਿ ਹੁਣ ਜਦੋਂ ਕਿਸਾਨਾਂ ਵੱਲੋਂ ਲੋਕਲ ਪੱਧਰ ’ਤੇ ਵਿਰੋਧ ਪ੍ਰਦਰਸ਼ਨ ਕਰਨੇ ਸ਼ੁਰੂ ਕੀਤੇ ਗਏ ਹਨ, ਉਦੋਂ ਅੱਖਾਂ ਪੂੰਝਣ ਲਈ ਪ੍ਰਿੰਸੀਪਲ ਸਕੱਤਰ ਫੂਡ ਵੱਲੋਂ 11 ਨਵੰਬਰ ਨੂੰ ਇਕ ਪੱਤਰ ਰਾਹੀ ਸਾਰੇ ਡਿਪਟੀ ਕਮਿਸ਼ਨਰਾਂ ਤੇ ਜ਼ਿਲ੍ਹਾ ਖੁਰਾਕ ਸਪਲਾਈ ਅਫਸਰਾਂ ਤੋਂ ਇਸ ਸਬੰਧੀ ਰਿਪੋਰਟ ਮੰਗਣ ਦਾ ਪਾਖੰਡ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੱਤਰ ਦੀ ਗੋਲਮੋਲ ਭਾਸ਼ਾ ਤੋਂ ਸਪੱਸ਼ਟ ਹੁੰਦਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦਾ ਦਾਨਾ ਦਾਨਾ ਖ੍ਰੀਦਣ ਦੇ ਦਾਅਵੇ ਖੋਖਲੇ ਬਿਆਨ ਸਾਬਿਤ ਹੋਏ ਹਨ।ਕਿਰਤੀ ਕਿਸਾਨ ਯੂਨੀਅਨ ਨੇ ਪੰਜਾਬ ਸਰਕਾਰ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜੇਕਰ ਮੰਡੀਆਂ ਫੌਰੀ ਚਾਲੂ ਕਰਕੇ ਖ੍ਰੀਦ ਸ਼ੁਰੂ ਨਾ ਕੀਤੀ ਗਈ ਤਾਂ ਕਿਸਾਨ ਜ਼ੋਰਦਾਰ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

ਕਿਸਾਨ ਦਲਜੀਤ ਸਿੰਘ ਦੇ ਪਰਵਾਰ ਨੂੰ ਵਿਧਾਇਕਾ ਨੇ ਸੌਂਪਿਆ 3 ਲੱਖ ਦਾ ਚੈੱਕ



ਜਗਰਾਉਂ (ਅਮਿਤ ਖੰਨਾ) : ਪਿੰਡ ਬਸੂਵਾਲ ਦੇ ਕਿਸਾਨ ਦਲਜੀਤ ਸਿੰਘ ਦੀ ਤੂੜੀ ਦੀ ਟਰਾਲੀ ਵੇਚਣ ਲਈ ਮਾਰਕੀਟ ਕਮੇਟੀ ਜਗਰਾਉਂ ਆਉਂਦੇ ਸਮੇਂ ਵਾਪਰੇ ਮੰਦਭਾਗੇ ਹਾਦਸੇ ਵਿੱਚ ਮੌਤ ਹੋ ਗਈ ਸੀ। ਇਸ ਦੁਖਦਾਈ ਘਟਨਾ ਨਾਲ ਪਰਵਾਰ ਨੂੰ ਵੱਡਾ ਸਦਮਾ ਲੱਗਾ ਹੈ।ਪਰਵਾਰ ਦੀ ਇਸ ਮੁਸ਼ਕਲ ਘੜੀ ਵਿੱਚ ਸਹਾਰਾ ਦੇਣ ਲਈ ਅੱਜ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਵੱਲੋਂ ਮਾਰਕੀਟ ਕਮੇਟੀ ਜਗਰਾਉਂ ਦੇ ਦਫ਼ਤਰ ਵਿਖੇ ਪਰਿਵਾਰਕ ਮੈਂਬਰਾਂ ਨੂੰ ਬੁਲਾ ਕੇ 3 ਲੱਖ ਰੁਪਏ ਦੀ ਮਾਲੀ ਸਹਾਇਤਾ ਦਾ ਚੈੱਕ ਸੌਂਪਿਆ ਗਿਆ।ਇਸ ਮੌਕੇ ਵਿਧਾਇਕਾ ਮਾਣੂੰਕੇ ਨੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਪਰਵਾਰ ਨੂੰ ਇਕੱਲਾ ਨਹੀਂ ਛੱਡਿਆ ਜਾਵੇਗਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਯਤਨ ਕੀਤਾ ਜਾਵੇਗਾ।ਇਸ ਮੌਕੇ ਮਾਰਕੀਟ ਕਮੇਟੀ ਜਗਰਾਉਂ ਦੇ ਚੇਅਰਮੈਨ ਕੁਲਵਿੰਦਰ ਸਿੰਘ ਝੱਜ, ਕੰਵਲਜੀਤ ਸਿੰਘ ਸੰਗਠਨ ਇੰਚਾਰਜ, ਸੁਖਦੇਵ ਸਿੰਘ ਬਲਾਕ ਸੰਮਤੀ ਮੈਂਬਰ, ਸਰਪੰਚ ਗੁਰਪ੍ਰੀਤ ਸਿੰਘ ਡੀਗੀਆਂ, ਪ੍ਰਦੀਪ ਸੇਖੋਂ ਸੈਕਟਰੀ, ਕੰਵਲਪ੍ਰੀਤ ਸਿੰਘ ਕਲਸੀ, ਆੜ੍ਹਤੀ ਪਰਮਜੀਤ ਸਿੰਘ, ਰਾਹੁਲ ਕੁਮਾਰ, ਭਜਨ ਲਾਲ, ਜਗਸੀਰ ਕਲੇਰ, ਕੁਲਜੀਤ ਸਿੰਘ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਸੰਗਰੂਰ ਦੇ ਪੱਕੇ ਮੋਰਚੇ ’ਚ ਡੀ ਟੀ ਐੱਫ਼ ਦੀ ਹੋਵੇਗੀ ਭਰਵੀਂ ਸ਼ਮੂਲੀਅਤ

ਮਾਨਸਾ, (ਆਤਮਾ ਸਿੰਘ ਪਮਾਰ)-ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸਾਂਝੀ ਤਾਲਮੇਲ ਕਮੇਟੀ ਪੰਜਾਬ ਦੇ ਸੱਦੇ ’ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ’ਚ ਲੱਗਣ ਵਾਲੇ ਪੱਕੇ ਮੋਰਚੇ ’ਚ ਡੈਮੋਕ੍ਰੇਟਿਕ ਟੀਚਰਜ਼ ਪੰਜਾਬ ਭਰਵੀਂ ਸ਼ਮੂਲੀਅਤ ਕਰੇਗਾ।

ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਤੋਂ ਘੱਟ ਕੁੱਝ ਵੀ ਮਨਜ਼ੂਰ ਨਹੀਂ-ਡੀ ਟੀ ਐੱਫ਼

ਫ਼ਰੰਟ ਪੰਜਾਬ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ’ਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਾਜ਼ਮਾਂ ਦੀ ਪਿਛਲੇ ਪੰਜ ਸਾਲ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 13 ਤੋਂ 19 ਨਵੰਬਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਦਿਨ-ਰਾਤ ਦਾ ਪੱਕਾ ਮੋਰਚਾ ਲਗਾਇਆ ਜਾ ਰਿਹਾ ਹੈ, ਜਿਸ ’ਚ ਡੀ ਟੀ ਐੱਫ਼ ਪੰਜਾਬ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 13 ਨਵੰਬਰ ਨੂੰ ਸੰਗਰੂਰ ਤੇ ਮਲੇਰਕੋਟਲਾ, 14 ਨੂੰ ਬਠਿੰਡਾ ਤੇ ਫ਼ਤਹਿਗੜ੍ਹ ਸਾਹਿਬ, 15 ਨੂੰ ਮੁਕਤਸਰ, ਗੁਰਦਾਸਪੁਰ ਤੇ ਪਠਾਨਕੋਟ, 16 ਨੂੰ ਮਾਨਸਾ, ਤਰਨਤਾਰਨ ਤੇ ਜਲੰਧਰ, 17 ਨੂੰ ਫਰੀਦਕੋਟ ਤੇ ਫਿਰੋਜ਼ਪੁਰ, 18 ਨੂੰ ਲੁਧਿਆਣਾ ਤੇ ਪਟਿਆਲਾ ਅਤੇ 19 ਨਵੰਬਰ ਨੂੰ ਮੋਗਾ ਤੇ ਕਪੂਰਥਲਾ ਜ਼ਿਲ੍ਹਿਆਂ ਦੇ ਸਾਥੀ ਮੋਰਚੇ ’ਚ ਸ਼ਮੂਲੀਅਤ ਕਰਨਗੇ। ਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਹਾਈਕੋਰਟ ’ਚ ਦਿੱਤੇ ਹਲਫੀਆ ਬਿਆਨ ’ਚ ਪੰਜਾਬ ਦੇ ਮੁਲਾਜ਼ਮਾਂ ਦੀ ਔਸਤ ਉਮਰ ਲੰਬੀ ਹੋਣ ਕਰਕੇ ਖਜ਼ਾਨੇ ਨੂੰ ਘਾਟਾ ਪੈਣ ਵਾਲੀ ਗੱਲ ਦੀ ਸਖ਼ਤ ਸ਼ਬਦਾਂ ’ਚ ਨਿੰਦਾ ਕੀਤੀ ਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਸਰਕਾਰ ਪੁਰਾਣੀ ਪੈਨਸ਼ਨ ਦੇ ਨਾਂ ’ਤੇ ਜੇਕਰ ਕੋਈ ਦੂਜੀ-ਤੀਜੀ ਸਕੀਮ ਲਾਗੂ ਕਰੇਗੀ ਤਾਂ ਮੁਲਾਜ਼ਮ ਉਸ ਨੂੰ ਮਨਜ਼ੂਰ ਨਹੀਂ ਕਰਨਗੇ। ਮੁਲਾਜ਼ਮਾਂ ਦੀ ਮੰਗ 1972 ਦੇ ਨਿਯਮਾਂ ਵਾਲੀ ਪੁਰਾਣੀ ਪੈਨਸ਼ਨ ਬਹਾਲ ਕਰਵਾਉਣਾ ਹੈ। ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਕੁਲਦੀਪ ਅੱਕਾਂਵਾਲੀ, ਜਰਨੈਲ ਬੋਹਾ, ਸੰਦੀਪ ਚਹਿਲ ਉਡਤ, ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪ੍ਰਸ਼ੋਤਮ ਜੰਡੂ, ਕੁਲਜੀਤ ਪਾਠਕ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ,ਨਿਰਲੇਪ ਕੌਰ,ਮਨਵੀਰ ਕੌਰ, ਗੁਰਜੀਤ ਮਾਨਸਾ,ਅਮਰਜੀਤ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਪੈਸ਼ਲ ਲੋਕ ਅਦਾਲਤ 21 ਨੂੰ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਮਾਨਯੋਗ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ ਨਗਰ (ਮੋਹਾਲੀ) ਦੀਆਂ ਹਦਾਇਤਾਂ ਤੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਸੁਮੀਤ ਮਲਹੋਤਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 21 ਨਵੰਬਰ 2026 ਨੂੰ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸੁਮੀਤ ਮਲਹੋਤਰਾ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿਚ ਚੈੱਕ ਬਾਊਂਸ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਉਹ ਆਪਣਾ ਚੈੱਕ ਦਾ ਕੇਸ ਲੋਕ ਅਦਾਲਤ ਵਿੱਚ ਲਗਾਉਣਾ ਚਾਹੁੰਦੇ ਹਨ ਤਾਂ ਸੰਬੰਧਤ ਅਦਾਲਤ ਵਿੱਚ ਆਪਣੀ ਦਰਖਾਸਤ ਦੇ ਸਕਦੇ ਹਨ। ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਦੱਸਿਆ ਗਿਆ ਕਿ ਇਹ ਲੋਕ ਅਦਾਲਤਾਂ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਅਦਾਲਤਾਂ ਦੇ ਨਾਲ-ਨਾਲ ਸਬ-ਤਹਿਸੀਲ ਜ਼ੀਰਾ ਤੇ ਗੁਰੂ ਹਰਸਹਾਏ ਵਿਖੇ ਲਗਾਈ ਜਾਵੇਗੀ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਸਪੈਸ਼ਲ ਲੋਕ ਅਦਾਲਤ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ।

ਮੋਗਾ ਤੋਂ ਅਸਾਮ ਦੇ ਮਿਰਜ਼ਾ ਸਟੇਸ਼ਨ ਤੱਕ ਇੰਡੈਂਟਡ-ਪਾਰਸਲ-ਟਰੇਨ ਦਾ ਪਰਿਵਹਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿੱਚ ਵਪਾਰੀਆਂ ਨੂੰ ਬਿਹਤਰ ਮਾਲ ਪਰਿਵਹਨ ਸੁਵਿਧਾ ਉਪਲਬੱਧ ਕਰਵਾਉਣ ਦੀ ਦਿਸ਼ਾ ਵਿੱਚ ਫ਼ਿਰੋਜ਼ਪੁਰ ਮੰਡਲ ਨਿਰੰਤਰ ਯਤਨਸ਼ੀਲ ਹੈ। ਇਸੇ ਲੜੀ ਤਹਿਤ ਮੰਡਲ ਦੀ ਬਿਜ਼ਨਸ ਡਿਵੈਲਪਮੈਂਟ ਯੂਨਿਟ ਦੇ ਵਿਸ਼ੇਸ਼ ਯਤਨਾਂ ਨਾਲ ਅੱਜ ਮੋਗਾ (ਪੰਜਾਬ) ਤੋਂ ਮਿਰਜ਼ਾ ਰੇਲਵੇ ਸਟੇਸ਼ਨ (ਅਸਾਮ) ਤੱਕ ਇਕ ਇੰਡੈਂਟਡ-ਪਾਰਸਲ-ਕਾਰਗੋ ਟਰੇਨ ਦਾ



ਸਫਲ ਸੰਚਾਲਨ ਕੀਤਾ ਗਿਆ। ਇਸ ਇੰਡੈਂਟਡ-ਪਾਰਸਲ-ਟਰੇਨ ਦੇ ਮਾਧਿਅਮ ਨਾਲ ਨੂਡਲਜ਼, ਸਾਸ ਸਮੇਤ ਵੱਖ-ਵੱਖ ਪੈਕੇਜਡ ਖਾਧ ਪਦਾਰਥਾਂ ਦਾ ਪਰਿਵਹਨ ਕੀਤਾ ਗਿਆ ਹੈ। ਇਸ ਮਾਲ ਪਰਿਵਹਨ ਤੋਂ ਫ਼ਿਰੋਜ਼ਪੁਰ ਮੰਡਲ ਨੂੰ 26.51 ਲੱਖ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ। ਸੀਨੀਅਰ ਮੰਡਲ ਵਣਜ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫ਼ਿਰੋਜ਼ਪੁਰ ਮੰਡਲ ਦੀ ਭਰੋਸੇਯੋਗ ਤੇ ਸਮਾਂਬੱਧ ਮਾਲ ਪਰਿਵਹਨ ਵਿਵਸਥਾ ਵਪਾਰੀਆਂ ਲਈ ਸੁਵਿਧਾਜਨਕ ਤੇ ਲਾਭਕਾਰੀ ਸਾਬਿਤ ਹੋ ਰਹੀ ਹੈ। ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਦੇ ਨਿਰੰਤਰ ਯਤਨਾਂ ਨਾਲ ਰਵਾਇਤੀ ਵਸਤੂਆਂ ਦੇ ਨਾਲ-ਨਾਲ ਵੱਖ-ਵੱਖ ਨਵੀਆਂ ਵਸਤੂਆਂ ਦਾ ਵੀ ਰੇਲ ਮਾਰਗ ਰਾਹੀਂ ਪਰਿਵਹਨ ਕੀਤਾ ਜਾ ਰਿਹਾ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਮੋਗਾ ਦੀ ਪੰਜ ਮੈਂਬਰੀ ਕਮੇਟੀ ਦਾ ਗਠਨ

ਮੋਗਾ, (ਇਕਬਾਲ ਸਿੰਘ ਖਹਿਰਾ)-ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਮੋਗਾ ਦੇ ਕਾਰਜਕਾਰੀ ਇੰਚਾਰਜ ਤਰਨਦੀਪ ਸਿੰਘ ਸਿੰਘਾਂਵਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੀ ਵਿਧਾਨ ਸਭਾ ਚੋਣ ਨੂੰ ਲੈ ਕੇ



ਪਾਰਟੀ ਵੱਲੋਂ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਜਗਜਿੰਦਰ ਸਿੰਘ ਬੁੱਕਣ ਵਾਲਾ ਮੈਂਬਰ, ਦਵਿੰਦਰ ਸਿੰਘ ਰਣੀਆਂ ਮੈਂਬਰ, ਬਲਜੀਤ ਸਿੰਘ ਜੱਸ ਮੰਗੇਵਾਲਾ ਮੈਂਬਰ, ਸੁਖਦੀਪ ਸਿੰਘ ਝੰਡੇਆਣਾ ਗਰਬੀ ਮੈਂਬਰ, ਏਕਮਕਾਰ ਸਿੰਘ ਚੁੱਪਕੀਤੀ ਮੈਂਬਰ ਨਿਯੁਕਤ ਕੀਤੇ ਗਏ ਹਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਤਰਨਦੀਪ ਸਿੰਘ ਸਿੰਘਾਂਵਾਲਾ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਜੋ ਹਲਕਾ ਮੋਗਾ ਦੇ ਉਮੀਦਵਾਰ ਗੁਰਮੀਤ ਸਿੰਘ ਬੁੱਕਣ ਵਾਲਾ ਜੋ ਪਹਿਲਾਂ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਸਨ ਤੇ ਅੱਜਕੱਲ੍ਹ ਬਠਿੰਡਾ ਜੇਲ੍ਹ ਵਿੱਚ ਨਜ਼ਰ ਬੰਦ ਹਨ, ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ ਭਾਵੇਂ ਹਲਕੇ ਦੇ ਪਿੰਡਾਂ ਵੱਲੋਂ ਅਥਾਹ ਪਿਆਰ ਦਿੱਤਾ ਗਿਆ ਹੈ ਪਰ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਤਿਆਰ ਕਰਨ ਤੇ ਹਲਕੇ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਤੇਜ਼ ਕਰਨ ਲਈ ਇਨ੍ਹਾਂ ਆਗੂਆਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ।ਇਸ ਮੌਕੇ ਚੁਣੇ ਗਏ ਆਗੂਆਂ ਨੇ ਕਿਹਾ ਕਿ ਪਾਰਟੀ ਨੇ ਵਿਸ਼ਵਾਸ ਜਿਤਾਉਂਦਿਆਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਗੁਰਮੀਤ ਸਿੰਘ ਬੁੱਕਣ ਵਾਲਾ ਦੀ ਜਿੱਤ ਨੂੰ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਆਗੂਆਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਨੂੰ ਸਿਰਫ ਇਸ ਗੱਲ ਤੇ ਸਲਾਖਾਂ ਅੰਦਰ ਡੱਕਿਆ ਗਿਆ, ਕਿਉਂਕਿ ਉਹ ਬਿਨਾਂ ਕਿਸੇ ਸਰਕਾਰੀ ਤੰਤਰ ਤੋਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਾ ਮੁਕਤ ਕਰ ਰਹੇ ਸਨ ਅਤੇ ਬਾਣੀ ਤੇ ਬਾਣੇ ਦੇ ਧਾਰਨੀ ਬਣਾ ਰਹੇ ਸਨ, ਜੋ ਸਰਕਾਰਾਂ ਨੂੰ ਕਤੇ ਪਸੰਦ ਨਹੀਂ ਕਿਉਂਕਿ ਉਹ ਇਨ੍ਹਾਂ ਮੰਗਾਂ ਨੂੰ ਲੈ ਕੇ ਚੋਣਾਂ ਲੜਦੇ ਹਨ।ਜੇਕਰ ਅਸੀਂ ਪੰਜਾਬ ਨੂੰ ਨਸ਼ਾ ਮੁਕਤ, ਜੁਰਮ ਮੁਕਤ ਤੇ ਸਮਾਜਿਕ ਕੁਰੀਤੀਆਂ ਤੋਂ ਉਭਾਰ ਕੇ ਮੁੜ ਤੋਂ ਸੋਨੇ ਦੀ ਚਿੜੀ ਬਣਾਉਣਾ ਹੈ ਤਾਂ ਅਕਾਲੀ ਦਲ ਵਾਰਿਸ ਪੰਜਾਬ ਦੇ ਉਮੀਦਵਾਰਾਂ ਦਾ ਡੱਟ ਕੇ ਸਮਰਥਨ ਕਰੀਏ।

ਡਾਕਟਰਾਂ ਦੀ ਇਕਜੁੱਟਤਾ ਨੇ ਦਿਖਾਈ ਜਥੇਬੰਦਕ ਤਾਕਤ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਜਥੇਬੰਦੀ ਦੀ ਅਸਲ ਤਾਕਤ ਉਸ ਸਮੇਂ ਸਾਹਮਣੇ ਆਉਂਦੀ ਹੈ, ਜਦੋਂ ਮੁਸ਼ਕਲ ਦੀ ਘੜੀ ਵਿੱਚ ਕੋਈ ਸਾਥੀ ਇਕੱਲਾ ਨਹੀਂ ਰਹਿੰਦਾ। ਅਜਿਹੀ ਹੀ ਇਕਜੁੱਟਤਾ ਅਤੇ ਜਥੇਬੰਦਕ ਤਾਕਤ ਦਾ ਪ੍ਰਗਟਾਵਾ ਬਲਾਕ ਨਿਹਾਲ ਸਿੰਘ ਵਾਲਾ ਵਿਖੇ ਦੇਖਣ ਨੂੰ ਮਿਲਿਆ, ਜਦੋਂ ਐੱਮ ਪੀ ਏ ਪੀ ਦੇ ਡਾਕਟਰ ਡਾ. ਸੁਖਦੀਪ ਸਿੰਘ ਦੇ ਦੀਪ ਕਲੀਨਿਕ ਵਿਖੇ ਡਰੱਗ



ਇੰਸਪੈਕਟਰ ਰਵੀ ਗੁਪਤਾ ਮੋਗਾ ਅਤੇ ਐੱਸ.ਐੱਚ.ਓ.ਰਣਜੀਤ ਸਿੰਘ ਢੀਂਡਸਾ ਨਿਹਾਲ ਸਿੰਘ ਵਾਲਾ ਦੀ ਟੀਮ ਵੱਲੋਂ ਛਾਪੇਮਾਰੀ ਕੀਤੀ ਗਈ।ਇਸ ਦੀ ਸੂਚਨਾ ਮਿਲਦਿਆਂ ਹੀ ਬਲਾਕ ਨਿਹਾਲ ਸਿੰਘ ਵਾਲਾ ਦੇ ਡਾਕਟਰ ਸਾਥੀ ਤੁਰੰਤ ਮੌਕੇ ’ਤੇ ਇਕੱਠੇ ਹੋਏ ਅਤੇ ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਵੀ ਬਿਨਾਂ ਦੇਰੀ ਕੀਤੇ ਮੌਕੇ ’ਤੇ ਪਹੁੰਚੇ ਅਤੇ ਅਧਿਕਾਰੀਆਂ ਨਾਲ ਸਿੱਧੀ ਗੱਲਬਾਤ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ ਸੁਖਚੈਨ ਸਿੰਘ ਸੇਖਾ, ਬਲਾਕ ਚੇਅਰਮੈਨ ਡਾ ਪ੍ਰਗਟ ਸਿੰਘ ਮਾਛੀਕੇ, ਡਾ ਸਵਰਨਜੀਤ ਸਿੰਘ ਲੋਪੋ, ਜ਼ਿਲ੍ਹਾ ਜਨਰਲ ਸਕੱਤਰ ਅਤੇ ਸਟੇਟ ਕਮੇਟੀ ਮੈਂਬਰ ਡਾ ਜਸਪਾਲ ਸਿੰਘ, ਜ਼ਿਲ੍ਹਾ ਕੈਸ਼ੀਅਰ ਡਾ ਜਗਜੀਤ ਸਿੰਘ, ਡਾ. ਗੁਰਚਰਨ ਸਿੰਘ ਸੇਖਾ, ਡਾ ਕੁਲਵਿੰਦਰ ਸਿੰਘ ਟੀਨਾ, ਡਾ ਬੂਟਾ ਸਿੰਘ, ਡਾ ਟਹਿਲ ਸਿੰਘ, ਡਾ ਸੁਖਪ੍ਰੀਤ ਸਿੰਘ, ਡਾ ਸਤਨਾਮ ਸਿੰਘ ਬੁੱਟਰ, ਡਾ. ਜਗਰਾਜ ਸਿੰਘ, ਡਾ ਪ੍ਰਵੇਸ਼ ਖਾਨ, ਡਾ ਅੰਮ੍ਰਿਤਪਾਲ ਸਿੰਘ ਭਾਗੀਕੇ, ਡਾ ਦਲਜੀਤ ਸਿੰਘ ਖੋਟੇ, ਡਾ ਮਨਪ੍ਰੀਤ ਸਿੰਘ, ਡਾ. ਜਗਦੇਵ ਸਿੰਘ, ਡਾ. ਅਕਬਰਦੀਨ, ਡਾ ਗੁਰਮੁਖ ਸਿੰਘ, ਡਾ ਸੁਖਦੀਪ ਸਿੰਘ ਅਤੇ ਡਾ ਬੇਅੰਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਡਾਕਟਰ ਸਾਥੀ ਹਾਜ਼ਰ ਸਨ।ਇਸ ਦੌਰਾਨ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਨੇ ਖ਼ੁਦ ਐੱਸ ਐੱਚ ਓ ਨਿਹਾਲ ਸਿੰਘ ਵਾਲਾ ਅਤੇ ਡਰੱਗ ਇੰਸਪੈਕਟਰ ਨਾਲ ਗੱਲਬਾਤ ਕਰਦਿਆਂ ਮਾਮਲੇ ਸੰਬੰਧੀ ਆਪਣਾ ਪੱਖ ਰੱਖਿਆ ਅਤੇ ਅਧਿਕਾਰੀਆਂ ਨੂੰ ਸਥਿਤੀ ਤੋਂ ਜਾਣੂ ਕਰਵਾਇਆ। ਉਨ੍ਹਾਂ ਦੀ ਸੁਚੱਜੀ ਦਖ਼ਲਅੰਦਾਜ਼ੀ ਸਦਕਾ ਕੁਝ ਹੀ ਮਿੰਟਾਂ ਵਿੱਚ ਮਾਮਲਾ ਸੁਲਝ ਗਿਆ ਅਤੇ ਡਾ. ਸੁਖਦੀਪ ਸਿੰਘ ਨੂੰ ਕਿਸੇ ਤਰ੍ਹਾਂ ਦੀ ਅਗਲੀ ਕਾਰਵਾਈ ਜਾਂ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਿਆ।ਇਸ ਮੌਕੇ ਬਲਾਕ ਨਿਹਾਲ ਸਿੰਘ ਵਾਲਾ, ਬਲਾਕ ਸਮਾਲਸਰ ਅਤੇ ਜ਼ਿਲ੍ਹਾ ਮੋਗਾ ਦੇ ਸਮੂਹ ਡਾਕਟਰ ਸਾਥੀਆਂ ਨੇ ਸੂਬਾ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਅਤੇ ਸਮੁੱਚੀ ਸੂਬਾ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ।

ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਹਡਾਣਾ ਨੇ ਦਿੱਤੀਆਂ ਮੁਬਾਰਕਾਂ



ਸਨੌਰ, (ਰਾਜਿੰਦਰ ਸਿੰਘ ਥਿੰਦ) : ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਦਿੱਤੇ ਜਾ ਰਹੇ ਰੁਜ਼ਗਾਰ ਦੀ ਲੜੀ ਤਹਿਤ ਹਲਕਾ ਸਨੌਰ ਅਧੀਨ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਦਾ ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਵੱਲੋਂ ਵਿਸ਼ੇਸ਼ ਤੌਰ ’ਤੇ ਮੂੰਹ ਮਿੱਠਾ ਕਰਵਾ ਕੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਹਾਰਦਿਕ ਮੁਬਾਰਕਾਂ ਦਿੱਤੀਆਂ ਗਈਆਂ।ਇਸ ਮੌਕੇ ਸੀ.ਡੀ.ਪੀ.ਓ. ਸੁਪ੍ਰੀਤ ਬਾਜਵਾ, ਸੀਨੀਅਰ ਅਸਿਸਟੈਂਟ ਜਗਜੀਤ ਸਿੰਘ, ਸੁਪਰਵਾਈਜ਼ਰ ਨਿਰਮਲ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।ਇਨ੍ਹਾਂ ਨਵ-ਨਿਯੁਕਤ ਵਰਕਰਾਂ ਵਿੱਚ ਅੰਜੂ ਰਾਣੀ ਪਿੰਡ ਚਰਾਸੋਂ, ਕਮਲਜੀਤ ਕੌਰ ਪਿੰਡ ਨੌਗਾਵਾਂ, ਅਮਨਪ੍ਰੀਤ ਕੌਰ ਪਿੰਡ ਪਹਾੜੀਪੁਰ, ਰਜਨੀ ਪਿੰਡ ਬੱਲਾਂ, ਸਰੋਜ ਕੁਮਾਰੀ ਪਿੰਡ ਡੰਡੋਆ, ਸੋਨਮ ਦੇਵੀ ਪਿੰਡ ਮਹਾਦੀਪੁਰ, ਨਗੀਤਾ ਰਾਣੀ ਪਿੰਡ ਪੰਜੋਲਾ, ਹਰਪ੍ਰੀਤ ਕੌਰ ਪਿੰਡ ਅਸਰਪੁਰ, ਅੰਨੂ ਦੇਵੀ ਪਿੰਡ ਨਗਰ ਤੇ ਮੀਨਾ ਰਾਣੀ ਪਿੰਡ ਨੂਰਖੇੜੀਆਂ ਸ਼ਾਮਲ ਹਨ। ਇਸ ਮੌਕੇ ਗੱਲਬਾਤ ਕਰਦਿਆਂ ਸ੍ਰ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾ ਸਸ਼ਕਤੀਕਰਨ ਤੇ ਯੋਗ ਉਮੀਦਵਾਰਾਂ ਨੂੰ ਬਿਨਾਂ ਕਿਸੇ ਸਿਫ਼ਾਰਸ਼ ਜਾਂ ਭ੍ਰਿਸ਼ਟਾਚਾਰ ਦੇ ਪੂਰੀ ਪਾਰਦਰਸ਼ਤਾ ਨਾਲ ਸਰਕਾਰੀ ਨੌਕਰੀਆਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਤੇ ਸੇਵਾ ਭਾਵਨਾ ਨਾਲ ਨਿਭਾਉਣ।ਇਸ ਦੌਰਾਨ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਫ਼ਤਿਹ ਗਰੁੱਪ ਵਿਖੇ ਵਿਗਿਆਨ ਤੇ ਉੱਦਮਤਾ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਰਾਮਪੁਰਾ ਵਿਖੇ ‘ਵਿਗਿਆਨ ਤੇ ਉੱਦਮਤਾ’ ਮੇਲਾ ਕਰਵਾਇਆ ਗਿਆ।ਸੰਸਥਾ ਦੇ ਪ੍ਰੋਫੈਸਰ ਸਾਹਿਬਾਨਾਂ ਦੀ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਵਿਗਿਆਨ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਵੱਖ-ਵੱਖ ਚਾਰਟ, ਮਾਡਲ ਤੇ ਵਰਕਿੰਗ ਮਾਡਲਾਂ ਰਾਹੀਂ ਆਧੁਨਿਕ ਜੀਵਨ ਵਿੱਚ ਵਿਗਿਆਨ ਦੇ ਯੋਗਦਾਨ ਤੇ ਤਰੱਕੀ ਨੂੰ ਬਾਖ਼ੂਬੀ ਦਰਸਾਇਆ ਗਿਆ।ਇਸ ਦੇ ਨਾਲ ਹੀ ਉੱਦਮਤਾ ਵਿਸ਼ੇ ਤਹਿਤ ਵਿਦਿਆਰਥੀਆਂ ਵੱਲੋਂ ਨਵੇਂ ਕਾਰੋਬਾਰੀ ਵਿਚਾਰਾਂ (ਆਈਡੀਆਜ਼) ਨਾਲ ਸਬੰਧਤ ਸਟਾਲਾਂ ਲਗਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਪਹੁੰਚੇ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਬਠਿੰਡਾ ਸ੍ਰੀ ਚਮਕੌਰ ਸਿੰਘ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਮਾਡਲਾਂ ਦਾ ਨਿਰੀਖਣ ਕੀਤਾ ਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਭਵਿੱਖ ਵਿੱਚ ਸਫ਼ਲ ਵਿਗਿਆਨੀ ਤੇ ਉੱਦਮੀ ਬਣਨ ਦਾ ਆਸ਼ੀਰਵਾਦ ਦਿੱਤਾ।ਇਸ ਮੌਕੇ ਪ੍ਰਿੰਸੀਪਲ ਜਸਵੀਰ ਸਿੰਘ ਤੇ ਡੀ. ਪੀ. ਗੁਰਜੀਤ ਸਿੰਘ ਝੱਬਰ ਵੀ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਪ੍ਰੋਗਰਾਮ ਦੌਰਾਨ ਪੰਜਾਬੀ ਸਿਨੇਮਾ ਦੇ ਉੱਘੇ ਅਦਾਕਾਰ ਮਲਕੀਤ ਸਿੰਘ ਰੌਣੀ ਤੇ ਕਲਾਕਾਰ ਵਿਨੈ ਜੌੜਾ ਨੇ ਸ਼ਿਰਕਤ ਕਰਦਿਆਂ ਆਉਣ ਵਾਲੀ ਪੰਜਾਬੀ ਫਿਲਮ ਹਰ ਮੈਦਾਨ ਫਤਿਹ ਦੀ ਗੱਲ ਕਰਦਿਆਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸੇ ਤਰ੍ਹਾਂ ਸ੍ਰ. ਤੋਤਾ ਸਿੰਘ ਦੀਨਾ ਨੇ ਸੰਸਥਾ ਦੀ ਮੈਨੇਜਮੈਂਟ ਤੇ ਪ੍ਰਬੰਧਕੀ ਸਟਾਫ਼ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਕੁਦਰਤ ਦਾ ਸ਼ੁਕਰਾਨਾ ਕਰਨ ਤੇ ਮਿਹਨਤ ਨੂੰ ਸਫ਼ਲਤਾ ਦੀ ਕੁੰਜੀ ਬਣਾਉਣ ਦਾ ਸੁਨੇਹਾ ਦਿੱਤਾ।ਸਮਾਗਮ ਵਿੱਚ ਗੁਰਪ੍ਰੀਤ ਸਿੰਘ ਲਹਿਰਾ ਵੀ ਮੌਜੂਦ ਰਹੇ।

ਸੰਸਥਾ ਦੇ ਚੇਅਰਮੈਨ/ਮੈਨੇਜਮੈਂਟ ਸੁਖਮੰਦਰ ਸਿੰਘ ਚੱਠਾ ਨੇ ਆਏ ਹੋਏ ਪਤਵੰਤਿਆਂ ਨੂੰ ‘ਜੀ ਆਇਆਂ’ ਆਖਿਆ, ਜਦਕਿ ਡੀਨ ਡਾ. ਜਗਵਿੰਦਰ ਸਿੰਘ ਨੇ ਵਿਦਿਆਰਥੀਆਂ ਦੀ ਪਿੱਠ ਥਾਪੜਦਿਆਂ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਪ੍ਰਿੰਸੀਪਲ ਬਘੇਲ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਨਵੀਂ ਊਰਜਾ ਭਰਦੇ ਹਨ ਤੇ ਉਨ੍ਹਾਂ ਨੂੰ ਕਾਮਯਾਬੀ ਦੇ ਰਾਹ ਤੋਰਦੇ ਹਨ।ਸਮਾਗਮ ਦੇ ਅੰਤ ਵਿੱਚ ਸੰਸਥਾ ਦੇ ਐੱਮ.ਡੀ. ਮਨਜੀਤ ਕੌਰ ਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ ਵੱਲੋਂ ਜੇਤੂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ।ਇਸ ਮੌਕੇ ਵਿਭਾਗ ਮੁਖੀ ਸੰਦੀਪ ਕੌਰ, ਮੁਕੇਸ਼ ਰਾਣੀ, ਅਨੀਤਾ ਸ਼ਰਮਾ, ਸੋਨਵਿੰਦਰ ਸਿੰਘ, ਕੁਲਦੀਪ ਸਿੰਘ, ਹਰਜੀਤ ਕੌਰ ਤੇ ਸਮੂਹ ਸਟਾਫ਼ ਹਾਜ਼ਰ ਸੀ

ਪਟਿਆਲਾ, ਧਰਮਕੋਟ ਤੇ ਬਾਘਾ ਪੁਰਾਣਾ ’ਚ ਵੱਜਿਆ ਚੋਣ ਬਿਗੁਲ

ਅੱਜ ਸ਼ੁਰੂ ਹੋਣਗੀਆਂ ਨਾਮਜ਼ਦਗੀਆਂ, 28 ਨੂੰ ਹੋਵੇਗੀ ਵੋਟਿੰਗ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ ਵਿੱਚ ਹੋਣ ਵਾਲੀਆਂ ਮੁੜ ਚੋਣਾਂ ਨੂੰ ਲੈ ਕੇ ਅਧਿਕਾਰਤ ਚੋਣ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਹੈ।ਜਾਰੀ ਕੀਤੇ ਗਏ ਨਵੇਂ ਸ਼ਡਿਊਲ ਮੁਤਾਬਕ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ ਭਲਕੇ ਯਾਨੀ 13 ਨਵੰਬਰ ਸ਼ੁੱਕਰਵਾਰ ਤੋਂ ਸ਼ੁਰੂ ਹੋਵੇਗੀ ਤੇ 28 ਨਵੰਬਰ ਸ਼ਨੀਵਾਰ ਨੂੰ ਵੋਟਾਂ ਪੈਣਗੀਆਂ।ਜਾਰੀ ਵੇਰਵਿਆਂ ਅਨੁਸਾਰ ਉਮੀਦਵਾਰ 13 ਨਵੰਬਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕਰ ਸਕਣਗੇ।ਇਸ ਤੋਂ ਬਾਅਦ 14 ਨਵੰਬਰ ਨੂੰ ਬੈਂਕ ਛੁੱਟੀ, 15 ਨਵੰਬਰ ਨੂੰ ਐਤਵਾਰ ਤੇ 16 ਨਵੰਬਰ ਨੂੰ ਗਜ਼ਟਿਡ ਛੁੱਟੀ ਹੋਣ ਕਾਰਨ ਨਾਮਜ਼ਦਗੀਆਂ ਨਹੀਂ ਲਈਆਂ ਜਾਣਗੀਆਂ। ਨਾਮਜ਼ਦਗੀਆਂ ਭਰਨ ਦਾ ਅਗਲਾ ਪੜਾਅ 17, 18 ਤੇ 19 ਨਵੰਬਰ ਨੂੰ ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਜਾਰੀ ਰਹੇਗਾ, ਜਿਸ ਵਿੱਚ 19 ਨਵੰਬਰ ਕਾਗਜ਼ ਦਾਖ਼ਲ ਕਰਨ ਦੀ ਆਖ਼ਰੀ ਤਰੀਕ ਹੋਵੇਗੀ। ਦਾਖ਼ਲ ਕੀਤੇ ਗਏ ਨਾਮਜ਼ਦਗੀ ਪੱਤਰਾਂ ਦੀ ਪੜਤਾਲ 20 ਨਵੰਬਰ ਨੂੰ ਕੀਤੀ ਜਾਵੇਗੀ, ਜਦਕਿ ਉਮੀਦਵਾਰ 21 ਨਵੰਬਰ ਨੂੰ ਦੁਪਹਿਰ 3 ਵਜੇ ਤੱਕ ਆਪਣੇ ਨਾਮ ਵਾਪਸ ਲੈ ਸਕਣਗੇ।ਮਤਦਾਨ 28 ਨਵੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗਾ, ਜਦਕਿ ਵੋਟਾਂ ਦੀ ਗਿਣਤੀ ਸਬੰਧੀ ਹਦਾਇਤਾਂ ਵੱਖਰੇ ਤੌਰ ’ਤੇ ਜਾਰੀ ਕੀਤੀਆਂ ਜਾਣਗੀਆਂ।ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ ਵਿੱਚ ਹੋਣ ਵਾਲੀਆਂ ਮੁੜ ਚੋਣਾਂ ਨੂੰ ਲੈ ਕੇ ਅਧਿਕਾਰਤ ਚੋਣ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਹੈ ਤੇ ਇਸ ਦੇ ਨਾਲ ਹੀ ਧਰਮਕੋਟ 7 ਤੇ ਬਾਘਾ ਪੁਰਾਣਾ ਦੀਆਂ 15 ਸੀਟਾਂ ’ਤੇ ਚੋਣਾਂ ਹੋਣਗੀਆਂ।

21 ਨਵੰਬਰ ਨੂੰ ਲੱਗਣਗੀਆਂ ਵਿਸ਼ੇਸ਼ ਲੋਕ ਅਦਾਲਤਾਂ

ਫਾਜ਼ਿਲਕਾ (ਨਿਸ਼ਾ ਸ਼ਰਮਾ)- ਜਸਟਿਸ ਸ਼੍ਰੀ ਦੀਪਕ ਸਿੱਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਅਤੇ ਜਸਟਿਸ ਸ਼੍ਰੀਮਤੀ ਨਿਧੀ ਗੁਪਤਾ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਐਡਮਿਨਿਸਟ੍ਰੇਟਿਵ ਜੱਜ, ਫਾਜ਼ਿਲਕਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ਼੍ਰੀ ਬਲਜਿੰਦਰ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਰਹਿਨੁਮਾਈ ਹੇਠ 21 ਨਵੰਬਰ (ਦਿਨ ਸ਼ਨੀਵਾਰ) ਨੂੰ ਫਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਸਥਿਤ ਅਦਾਲਤਾਂ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਲਈ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸਪੈਸ਼ਲ ਲੋਕ ਅਦਾਲਤ ਦਾ ਮੁੱਖ ਉਦੇਸ਼ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਨਾਲ ਸਬੰਧਤ ਲੰਬਿਤ ਕੇਸਾਂ ਦਾ ਆਪਸੀ ਸਹਿਮਤੀ ਅਤੇ ਸਮਝੌਤੇ ਰਾਹੀਂ ਤੁਰੰਤ, ਸਸਤਾ ਅਤੇ ਪ੍ਰਭਾਵਸ਼ਾਲੀ ਨਿਪਟਾਰਾ ਕਰਨਾ ਹੈ। ਸ਼੍ਰੀ ਬਲਜਿੰਦਰ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਕੇਸਾਂ ਦੀ ਸੁਣਵਾਈ ਲਈ ਫਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਵਿਖੇ ਵਿਸ਼ੇਸ਼ ਬੈਂਚਾਂ ਦਾ ਗਠਨ ਕੀਤਾ ਜਾਵੇਗਾ। ਇਨ੍ਹਾਂ ਬੈਂਚਾਂ ਵਿੱਚ ਮਾਣਯੋਗ ਜੱਜ ਸਾਹਿਬਾਨਾਂ ਅਤੇ ਨਿਯੁਕਤ ਮੈਂਬਰਾਂ ਵੱਲੋਂ ਦੋਵਾਂ ਧਿਰਾਂ ਦੀ ਆਪਸੀ ਰਾਜ਼ੀਨਾਮੇ ਨਾਲ ਸੁਖਾਵੇਂ ਮਾਹੌਲ ਵਿੱਚ ਮਾਮਲਿਆਂ ਦਾ ਨਿਪਟਾਰਾ ਕਰਵਾਇਆ ਜਾਵੇਗਾ।

ਪਿੰਡਾਂ ਵਿੱਚ ਨਸ਼ਿਆਂ ਦੀ ਸਥਿਤੀ ਦਾ ਜਾਇਜ਼ਾ ਲਿਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪੂਜਾ)- ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐੱਸ. ਦੀ ਰਹਿਨੁਮਾਈ ਹੇਠ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਵੀ ਸੀ ਡੀ ਐਸ ਦੇ ਮੈਂਬਰਾਂ ਨਾਲ ਵਿਸ਼ੇਸ਼ ਰੀਵਿਊ ਮੀਟਿੰਗਾਂ ਕੀਤੀਆਂ ਗਈਆਂ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਸਮੂਹ ਡੀ.ਐੱਸ.ਪੀਜ਼ ਵੱਲੋਂ ਆਪਣੇ-ਆਪਣੇ ਸਬ-ਡਿਵੀਜ਼ਨ ਦੇ ਖੇਤਰਾਂ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗਾਂ ਕਰਕੇ ਪਿੰਡਾਂ ਵਿੱਚ ਨਸ਼ਿਆਂ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ ਗਿਆ। ਇਨ੍ਹਾਂ ਮੀਟਿੰਗਾਂ ਦੌਰਾਨ ਕਮੇਟੀ ਮੈਂਬਰਾਂ ਨਾਲ ਵਿਸਥਾਰਪੂਰਵਕ ਗੱਲਬਾਤ ਕਰਦਿਆਂ ਜਾਣਕਾਰੀ ਹਾਸਲ ਕੀਤੀ ਗਈ ਕਿ ਕਿਹੜੇ ਪਿੰਡਾਂ ਵਿੱਚ ਨਸ਼ੇ ਦੀ ਸਮੱਸਿਆ ਮੌਜੂਦ ਹੈ ਅਤੇ ਕਿਹੜੇ ਪਿੰਡ ਨਸ਼ਾ ਮੁਕਤ ਹਨ। ਇਸ ਦੇ ਨਾਲ ਹੀ ਨਸ਼ਾ ਤਸਕਰੀ ਨਾਲ ਸਬੰਧਤ ਸ਼ੱਕੀ ਵਿਅਕਤੀਆਂ, ਗਤੀਵਿਧੀਆਂ ਅਤੇ ਨਸ਼ੇ ਦੇ ਸੰਭਾਵਿਤ ਹੌਟਸਪੌਟਸ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗਾਂ ਦੌਰਾਨ ਪੁਲਿਸ ਅਧਿਕਾਰੀਆਂ ਵੱਲੋਂ ਵੀ ਡੀ ਸੀ ਮੈਂਬਰਾਂ ਨੂੰ ਕਿਹਾ ਗਿਆ ਕਿ ਉਹ ਆਪਣੇ-ਆਪਣੇ ਪਿੰਡਾਂ ਵਿੱਚ ਨਸ਼ਿਆਂ ਖ਼ਿਲਾਫ਼ ਸਰਗਰਮ ਭੂਮਿਕਾ ਨਿਭਾਉਣ ਅਤੇ ਪਿੰਡ ਪੱਧਰ 'ਤੇ ਨਸ਼ਾ ਤਸਕਰੀ ਜਾਂ ਨਸ਼ੇ ਨਾਲ ਜੁੜੀ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ।

ਸਰਕਾਰ ਡੀ ਏ ਪੀ ਖ਼ਾਦ ਦੀ ਸਪਲਾਈ ਯਕੀਨੀ ਬਣਾਵੇ-ਮਾਨ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)— ਜਦੋਂ ਕਿਸਾਨ ਆਪਣੀ ਕਣਕ ਦੀ ਬਿਜਾਈ ਕਰ ਰਹੇ ਹਨ ਤਾਂ ਸਰਕਾਰ ਦੀ ਇਹ ਵੱਡੀ ਜ਼ੁੰਮੇਵਾਰੀ ਬਣ ਜਾਂਦੀ ਹੈ ਕਿ ਅੱਤ ਲੋੜੀਂਦੀ ਡੀ.ਏ.ਪੀ ਖਾਦ ਓਹਨਾਂ ਦੀ ਲੋੜ ਮੁਤਾਬਿਕ ਮਿਲਾਵਟ ਰਹਿਤ ਤੁਰੰਤ ਸਪਲਾਈ ਕਰਕੇ ਫ਼ਸਲ ਦੇ ਸਹੀ ਝਾੜ ਨੂੰ ਯਕੀਨੀ ਬਣਾਵੇ ਪਰ ਦੁੱਖ ਅਤੇ ਅਫ਼ਸੋਸ ਹੈ ਕਿ ਜਦੋਂ ਪੰਜਾਬ ਦਾ ਜਿੰਮੀਦਾਰ ਕਣਕ ਦੀ ਬਿਜਾਈ ਵਿਚ ਰੁਝਿਆ ਹੋਇਆ ਹੈ, ਉਸ ਸਮੇਂ ਉਸ ਨੂੰ ਉਪਰੋਕਤ ਲੋੜੀਂਦੀ ਖਾਦ ਨਹੀਂ ਮਿਲ ਰਹੀ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮ੍ਰਿਤਸਰ ਨੇ ਡੀ.ਏ.ਪੀ ਖਾਦ ਦੀ ਲੋੜੀਂਦੀ ਸਪਲਾਈ ਸਰਕਾਰ ਵਲੋਂ ਨਾ ਹੋਣ ਅਤੇ ਉਸ ਦੀ ਸ਼ੁੱਧਤਾ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਓਹਨਾ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਜਿਸ ਦੀ ਸਮੁੱਚੀ ਖਰੀਦੋ-ਫ਼ਰੋਖ਼ਤ ਕਿਸਾਨਾਂ ਦੀ ਪੈਦਾਵਾਰ ਉਤੇ ਨਿਰਭਰ ਕਰਦੀ ਹੈ। ਜੇਕਰ ਕਿਸਾਨ ਵਰਗ ਦੀ ਮਾਲੀ ਹਾਲਤ ਠੀਕ ਹੋਵੇਗੀ, ਫਿਰ ਹੀ ਉਹ ਆਪਣੀਆਂ ਘਰੇਲੂ ਵਸਤਾਂ ਕਪੜਾ, ਖਾਣ-ਪੀਣ ਦੀਆਂ ਵਸਤਾਂ, ਇਮਾਰਤੀ ਸਾਜੋ ਸਾਮਾਨ ਆਦਿ ਖਰੀਦੇਗਾ । ਓਹਨਾ ਉਮੀਦ ਪ੍ਰਗਟ ਕੀਤੀ ਕਿ ਸਰਕਾਰ ਆਪਣੀ ਜ਼ੁੰਮੇਵਾਰੀ ਨੂੰ ਸਮਝਦੀ ਹੋਈ ਹਰ ਖੇਤ ਤੱਕ ਡੀ.ਏ.ਪੀ ਖਾਦ ਪਹੁੰਚਾਉਣ ਦਾ ਪ੍ਰਬੰਧ ਕਰੇਗੀ।

ਗਿੱਲ ਨੇ ਸੱਸ ਦੀ ਯਾਦ ਵਿਚ ਫਲਦਾਰ ਬੂਟੇ ਲਗਾਏ



ਮਲੋਟ (ਰਜਿੰਦਰ ਜੁਨੇਜਾ)-ਸਮੂਹ ਸਮਾਜ ਸੇਵੀ ਸੰਸਥਾਵਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਕੋਆਰਡੀਨੇਟਰ ਡਾਕਟਰ ਸੁਖਦੇਵ ਸਿੰਘ ਗਿੱਲ ਵੱਲੋਂ ਆਪਣੀ ਸਤਿਕਾਰਯੋਗ ਸੱਸ ਸਵ. ਮਾਤਾ ਸੁਖਜਿੰਦਰ ਕੌਰ ਸੰਧੂ ਦੀ ਫੁੱਲਾਂ ਦੀ ਰਸਮ ਉਪਰੰਤ ਪਿੰਡ ਪੱਕੀ ਟਿੱਬੀ ਵਿਖੇ 5 ਫਲਦਾਰ ਬੂਟੇ ਲਗਾਏ ਗਏ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੁਖਦੇਵ ਸਿੰਘ ਗਿੱਲ ਨੇ ਦੱਸਿਆ ਕਿ ਇਸ ਉਪਰਾਲੇ ਨਾਲ ਜਿੱਥੇ ਮਾਤਾ ਜੀ ਦੀ ਯਾਦ ਹਮੇਸ਼ਾ ਤਾਜ਼ੀ ਰਹੇਗੀ, ਉੱਥੇ ਹੀ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਛਾਂ ਦੇ ਨਾਲ-ਨਾਲ ਫਲ ਵੀ ਮਿਲਣਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਇਨ੍ਹਾਂ ਬੂਟਿਆਂ ਦੀ ਸਾਂਭ-ਸੰਭਾਲ ਤਨੋ-ਮਨੋ ਪੂਰੀ ਲਗਨ ਨਾਲ ਕੀਤੀ ਜਾਵੇਗੀ ਤਾਂ ਜੋ ਮਾਤਾ ਜੀ ਨੂੰ ਹਮੇਸ਼ਾ ਯਾਦ ਰੱਖਿਆ ਜਾ ਸਕੇ । ਇਸ ਮੌਕੇ ਇੰਜ. ਕਿਰਨਦੀਪ ਸਿੰਘ ਗਿੱਲ, ਮਾਸਟਰ ਹਰਜਿੰਦਰ ਸਿੰਘ ਮੌੜ ਅਤੇ ਭੀਮ ਸੈਨ ਵੀ ਮੌਜੂਦ ਸਨ।

ਬੀਬੀਆਂ ਦਾ ਵੱਡਾ ਜੱਥਾ 16 ਨਵੰਬਰ ਦੀ ਰੈਲੀ ਵਿੱਚ ਹੋਵੇਗਾ ਸ਼ਾਮਲ -ਕਲੇਰ, ਡੱਲਾ



ਹਠੂਰ (ਨਛੱਤਰ ਸੰਧੂ) - ਸ਼੍ਰੋਮਣੀ ਅਕਾਲੀ ਦਲ ਵੱਲੋਂ 16 ਨਵੰਬਰ ਨੂੰ ਜਗਰਾਉਂ ਵਿਖੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਕਰਵਾਈ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਵਾਵਾਂਗੇ ਨਸ਼ੇ ਦਾ ਵਪਾਰ' ਰੈਲੀ ਨੂੰ ਲੈ ਕੇ ਹਲਕਾ ਜਗਰਾਉਂ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਦੌਰ ਜਾਰੀ ਹੈ।ਰੈਲੀ ਦੇ ਸਵਾਗਤ ਲਈ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ.ਆਰ. ਕਲੇਰ ਅਤੇ ਮੈਡਮ ਰਣਬੀਰ ਕੌਰ ਕਲੇਰ ਵੱਲੋਂ ਹਲਕਾ ਜਗਰਾਉਂ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਪਾਰਟੀ ਵਰਕਰਾਂ ਅਤੇ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਪਿੰਡ ਡੱਲਾ ਵਿਖੇ ਹੋਈ ਮੀਟਿੰਗ ਦੌਰਾਨ ਬੀਬੀਆਂ ਦਾ ਵੱਡਾ ਜੱਥਾ ਇਕੱਤਰ ਹੋਇਆ।ਇਸ ਮੌਕੇ ਐੱਸ.ਆਰ. ਕਲੇਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹਜ਼ਾਰ-ਹਜ਼ਾਰ ਜਾਂ ਦੋ-ਦੋ ਹਜ਼ਾਰ ਰੁਪਏ ਦੀ ਲੋੜ ਨਹੀਂ, ਸਗੋਂ ਉਹ ਆਪਣੇ ਬੱਚਿਆਂ ਦਾ ਸੁਰੱਖਿਅਤ ਭਵਿੱਖ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਾਵਾਂ ਆਪਣੇ ਪੁੱਤਰਾਂ ਦੀ ਨਸ਼ਿਆਂ ਕਾਰਨ ਬਰਬਾਦ ਹੋ ਰਹੀ ਜਵਾਨੀ ਨੂੰ ਲੈ ਕੇ ਚਿੰਤਤ ਹਨ ਅਤੇ ਨਸ਼ਿਆਂ ਦੇ ਮੁੱਦੇ 'ਤੇ ਸਰਕਾਰ ਤੋਂ ਠੋਸ ਕਾਰਵਾਈ ਦੀ ਮੰਗ ਕਰ ਰਹੀਆਂ ਹਨ। ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਨੇ ਕਿਹਾ ਕਿ ਪਿੰਡ ਡੱਲਾ ਤੋਂ ਵੱਡੀ ਗਿਣਤੀ ਵਿੱਚ ਬੀਬੀਆਂ 16 ਨਵੰਬਰ ਨੂੰ ਜਗਰਾਉਂ ਵਿਖੇ ਹੋਣ ਵਾਲੀ ਰੈਲੀ ਵਿੱਚ ਸ਼ਾਮਲ ਹੋਣਗੀਆਂ। ਇਸ ਮੌਕੇ ਇਸਤਰੀ ਅਕਾਲੀ ਦਲ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ, ਪ੍ਰਧਾਨ ਪਰਮਿੰਦਰ ਕੌਰ , ਜਗਜੀਤ ਸਿੰਘ ਪ੍ਰਧਾਨ, ਅਵਤਾਰ ਸਿੰਘ ਬਿੱਟੂ ਡੱਲਾ , ਬਲਰਾਜ ਸਿੰਘ ਗਰੇਵਾਲ ਤੋਂ ਇਲਾਵਾ ਪਾਰਟੀ ਦੇ ਹੋਰ ਆਗੂ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ।

ਵਕੀਲਾਂ ਤੇ ਨਿਆਂਪਾਲਿਕਾ ਦੀ ਭੂਮਿਕਾ ਬਾਰੇ ਸੈਮੀਨਾਰ ਭਲਕੇ

ਲੁਧਿਆਣਾ (ਐਮ ਐਸ ਭਾਟੀਆ) - ਇੰਡੀਅਨ ਐਸੋਸੀਏਸ਼ਨ ਆਫ਼ ਲਾਇਰਜ਼, ਪੰਜਾਬ ਵੱਲੋਂ ਵਕੀਲਾਂ ਅਤੇ ਨਿਆਂਪਾਲਿਕਾ ਦੀਆਂ ਮੌਜੂਦਾ ਪ੍ਰਸਥਿਤੀਆਂ ਵਿੱਚ ਭੂਮਿਕਾ ਬਾਰੇ ਇੱਕ ਵਿਸ਼ੇਸ਼ ਸੈਮੀਨਾਰ 14 ਨਵੰਬਰ ਨੂੰ ਸਵੇਰੇ 11 ਵਜੇ ਜੀ.ਐੱਸ. ਫਾਊਂਡੇਸ਼ਨ ਕਾਲਜ ਆਫ਼ ਲਾਅ, ਪਿੰਡ ਬੀਰਮੀ, ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ । ਸੈਮੀਨਾਰ ਵਿੱਚ ਮੁੱਖ ਬੁਲਾਰਿਆਂ ਵਜੋਂ ਦਿੱਲੀ ਹਾਈ ਕੋਰਟ ਦੀ ਸੇਵਾ ਮੁਕਤ ਜੱਜ ਸ਼੍ਰੀਮਤੀ ਰੇਖਾ ਸ਼ਰਮਾ, ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਅਤੇ ਭਾਰਤੀ ਵਕੀਲ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਆਰ.ਐੱਸ. ਚੀਮਾ ਅਤੇ ਜੀ.ਐੱਸ. ਫਾਊਂਡੇਸ਼ਨ ਕਾਲਜ ਆਫ਼ ਲਾਅ ਦੇ ਡਾਇਰੈਕਟਰ ਐਡਵੋਕੇਟ ਸ਼ਰਵਨ ਸਹਿਗਲ ਸ਼ਿਰਕਤ ਕਰਨਗੇ।ਇਸ ਸੈਮੀਨਾਰ ਲਈ ਸੱਦਾ ਇੰਡੀਅਨ ਐਸੋਸੀਏਸ਼ਨ ਆਫ਼ ਲਾਇਰਜ਼, ਪੰਜਾਬ ਯੂਨੀਅਨ ਦੇ ਪ੍ਰਧਾਨ ਨਵਲ ਕਿਸ਼ੋਰ ਛਿੱਬੜ, ਜਨਰਲ ਸਕੱਤਰ ਜਸਪਾਲ ਸਿੰਘ ਦੱਪਰ ਅਤੇ ਜੀ.ਐੱਸ. ਫਾਊਂਡੇਸ਼ਨ ਕਾਲਜ ਆਫ਼ ਲਾਅ ਦੇ ਡਾਇਰੈਕਟਰ ਐਡਵੋਕੇਟ ਸ਼ਰਵਨ ਸਹਿਗਲ ਵੱਲੋਂ ਦਿੱਤਾ ਗਿਆ ਹੈ।

ਮੰਡੀਆਂ ਬੰਦ ਕਰਨ ਦੇ ਵਿਰੋਧ ਵਿੱਚ ਅੱਜ ਦਿੱਤੇ ਜਾਣਗੇ ਮੰਗ ਪੱਤਰ- ਕਿਸਾਨ ਆਗੂ



ਦੋਰਾਹਾ (ਹਰਮਿੰਦਰ ਸੇਠ)- ਸੰਯੁਕਤ ਕਿਸਾਨ ਮੋਰਚਾ ਵੱਲੋਂ ਕੀਤਾ ਗਿਆ ਐਲਾਨ ਗਿਆ ਹੈ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਝੋਨੇ ਦਾ ਖਰੀਦ ਟੀਚਾ ਪੂਰਾ ਹੋਣ ਦੇ ਬਹਾਨੇ ਬਣਾ ਕੇ ਮੰਡੀਆਂ ਵਿੱਚ ਸਰਕਾਰੀ ਖਰੀਦ ਬੰਦ ਕਰਨ ਦੇ ਵਿਰੋਧ ਵਿੱਚ ਐਸ.ਡੀ.ਐਮ. ਦੇ ਦਫਤਰਾਂ ਅੱਗੇ ਧਰਨੇ ਦੇ ਕੇ ਮੰਗ ਪੱਤਰ ਦਿੱਤੇ ਜਾਣਗੇ।ਮੋਰਚਾ ਆਗੂਆਂ ਨੇ ਕਿਹਾ ਹੈ ਕਿ ਰਾਜ ਸਰਕਾਰ ਅਤੇ ਕੇਂਦਰ ਸਰਕਾਰ ਸਮੇਂ ਸਮੇਂ ਉੱਤੇ ਕਿਸਾਨਾਂ ਨੂੰ ਪਰੇਸ਼ਾਨ ਕਰਨ ਦਾ ਦਾਅ ਨਹੀਂ ਖੁੰਝਾਉਂਦੇ। ਕਦੇ ਤਾਂ ਇਹ ਰਾਗ ਅਲਾਪਿਆ ਜਾਂਦਾ ਹੈ ਕਿ ਦੇਸ਼ ਵਿੱਚ ਅਨਾਜ ਦੀ ਲੋੜ ਹੈ। ਜਦੋਂ ਅਨਾਜ ਦੀ ਲੋੜ ਦੀ ਪੂਰਤੀ ਹੋ ਜਾਂਦੀ ਹੈ, ਤਾਂ ਫਿਰ ਸਰਕਾਰਾਂ ਵੱਲੋਂ ਆਪਣੀ ਮਨ ਮਰਜ਼ੀ ਕੀਤੀ ਜਾਂਦੀ ਹੈ। ਪਿਛਲੇ ਦਿਨੀ ਪੰਜਾਬ ਸਰਕਾਰ ਵਾਰ, ਵਾਰ ਇਹ ਬਿਆਨ ਦੇ ਰਹੀ ਸੀ, ਕਿ ਝੋਨੇ ਦਾ ਇੱਕ ਇੱਕ ਦਾਣਾ ਮੰਡੀਆਂ ਵਿੱਚੋਂ ਖਰੀਦਿਆ ਜਾਵੇਗਾ ਪਰ ਹੁਣ ਇਕਦਮ ਅਚਾਨਕ ਹੀ ਇਹ ਫ਼ਰਮਾਨ ਜਾਰੀ ਕਰ ਦਿੱਤਾ ਗਿਆ ਹੈ ਕਿ ਮੰਡੀਆਂ ਵਿੱਚ ਖਰੀਦ ਦਾ ਟੀਚਾ ਪੂਰਾ ਹੋ ਗਿਆ। ਮੰਡੀਆਂ ਬੰਦ ਕਰਨ ਵਿਰੁੱਧ 13 ਨਵੰਬਰ ਨੂੰ ਐਸ.ਡੀ.ਐਮ. ਦਫਤਰਾਂ ਅੱਗੇ ਧਰਨੇ ਦੇ ਕੇ ਮੰਗ ਪੱਤਰ ਦਿੱਤੇ ਜਾਣਗੇ। ਇਹ ਜਾਣਕਾਰੀ ਆਲ ਇੰਡੀਆ ਕਿਸਾਨ ਸਭਾ ਜਿਲ੍ਹਾ ਲੁਧਿਆਣਾ ਦੇ ਪ੍ਰਧਾਨ ਜਸਵੀਰ ਝੱਜ ਤੇ ਜਨ ਸਕੱਤਰ ਚਮਕੌਰ ਸਿੰਘ ਬਰ੍ਹਮੀ ਨੇ ਦਿੰਦੇ ਹੋਏ ਕਿਹਾ ਕਿ ਅਗਰ ਇਹ ਖਰੀਦ ਪੱਕੇ ਤੌਰ 'ਤੇ ਬੰਦ ਕਰ ਦਿੱਤੀ ਜਾਂਦੀ ਹੈ ਤਾਂ ਆਉਣ ਵਾਲ਼ੇ ਸਮੇਂ ਵਿੱਚ ਹੋਣ ਵਾਲੇ ਸੰਘਰਸ਼ ਦੇ ਲਈ ਸਰਕਾਰਾਂ ਜ਼ਿੰਮੇਵਾਰ ਹੋਣਗੀਆਂ।

ਪਰਾਲੀ ਨੂੰ ਅੱਗ ਲਗਾਉਣ 'ਤੇ 2 ਵਿਅਕਤੀਆਂ ਵਿਰੁੱਧ ਕੇਸ ਦਰਜ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਦਰ ਜਲਾਲਾਬਾਦ ਤੇ ਥਾਣਾ ਵੈਰੋਕੇ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਦੇ ਆਦੇਸ਼ਾਂ ਦੀ ਉਲੰਘਣਾ ਕਰਨ 'ਤੇ 2 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਥਾਣਾ ਸਦਰ ਜਲਾਲਾਬਾਦ ਵਿਖੇ 11 ਨਵੰਬਰ 2026 ਨੂੰ ਦਰਜ ਮੁਕੱਦਮਾ ਨੰਬਰ 252 ਦੇ ਤਫਤੀਸ਼ੀ ਅਫਸਰ ਸਹਾਇਕ ਥਾਣੇਦਾਰ ਸਤਨਾਮ ਦਾਸ ਨੇ ਦੱਸਿਆ ਕਿ ਨੋਡਲ ਅਫਸਰ ਜਸਵੰਤ ਸਿੰਘ ਵੱਲੋਂ ਥਾਣੇ ਵਿੱਚ ਹਾਜ਼ਰ ਹੋ ਕੇ ਇਕ ਲੋਕੇਸ਼ਨ ਅਧੀਨ ਲੈਵਲ ਮੋਨੀਟਰਿੰਗ ਕਮੇਟੀ ਤਹਿਸੀਲ ਜਲਾਲਾਬਾਦ ਸੰਬੰਧੀ ਪੱਤਰ ਦਿੱਤਾ ਗਿਆ ਹੈ, ਜਿਸ ਵਿੱਚ ਪਿੰਡ ਪ੍ਰਭਾਤ ਸਿੰਘ ਵਾਲਾ ਵਿਖੇ ਸੋਹਣ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪ੍ਰਭਾਤ ਸਿੰਘ ਹਿਠਾੜ ਨੇ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਈ ਗਈ ਹੈ। ਉਧਰ, ਥਾਣਾ ਵੈਰੋਕੇ ਵਿਖੇ ਦਰਜ ਮੁਕੱਦਮਾ ਨੰਬਰ 201 ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਪਾਲ ਸਿੰਘ ਨੇ ਦੱਸਿਆ ਕਿ ਨੋਡਲ ਅਫਸਰ ਨਵਦੀਪ ਸਿੰਘ ਵੱਲੋਂ ਥਾਣੇ ਵਿੱਚ ਜਾਣਕਾਰੀ ਦਿੱਤੀ ਗਈ ਹੈ ਕਿ ਪਿੰਡ ਕਾਠਗੜ੍ਹ ਵਿਖੇ ਕਾਲਾ ਸਿੰਘ ਪੁੱਤਰ ਕਸ਼ਮੀਰ ਸਿੰਘ ਵੱਲੋਂ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਲਗਾ ਕੇ ਡਿਪਟੀ ਕਮਿਸ਼ਨਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਗਈ ਹੈ, ਜਿਸ 'ਤੇ ਪੁਲਸ ਵੱਲੋਂ ਕੇਸ ਦਰਜ ਕੀਤਾ ਗਿਆ ਹੈ।

ਕਲਯੁੱਗ ਵਿੱਚ ਤਪ ਅਤੇ ਸਾਧਨਾ ਕਰਨਾ ਔਖਾ ਕੰਮ- ਸੁਆਮੀ ਕਮਲਾਨੰਦ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ) - ਸ੍ਰੀ ਕਲਿਆਣ ਕਮਲ ਆਸ਼ਰਮ ਹਰਿਦੁਆਰ ਦੇ ਅਨੰਤ ਸ੍ਰੀ ਵਿਭੂਸ਼ਿਤ 1008 ਮਹਾਮੰਡਲੇਸ਼ਵਰ ਸੁਆਮੀ ਸ੍ਰੀ ਕਮਲਾਨੰਦ ਗਿਰਿ ਮਹਾਰਾਜ ਨੇ ਕਾਰਤਿਕ ਮਹੋਤਸਵ ਤਹਿਤ ਪ੍ਰਵਚਨਾਂ ਦੀ ਅੰਮ੍ਰਿਤਵਰਖਾ ਕਰਦਿਆਂ ਕਿਹਾ ਕਿ ਪ੍ਰਮਾਤਮਾ ਦੀ ਕਿਰਪਾ ਪ੍ਰਾਪਤ ਹੋਣ 'ਤੇ ਹੀ ਸਾਧਕ ਸਾਧਨਾ ਅਤੇ ਤਪ ਕਰ ਸਕਦਾ ਹੈ। ਕਲਯੁੱਗ ਵਿੱਚ ਤਪ ਅਤੇ ਸਾਧਨਾ ਕਰਨਾ ਔਖਾ ਲੱਗਦਾ ਹੈ। ਅਸ਼ਵਮੇਧ, ਵਾਜਪੇਯ ਅਤੇ ਰਾਜਸੂ ਇਹ ਸਾਰੇ ਬਹੁਤ ਵੱਡੇ ਯੱਗ ਹਨ ਜੋ ਪੁਰਾਤਨ ਕਾਲ ਵਿੱਚ ਹੋਇਆ ਕਰਦੇ ਸਨ। ਅੱਜ ਦੇ ਲੋਕ ਇਹ ਯੱਗ ਤਾਂ ਨਹੀਂ ਕਰ ਸਕਦੇ, ਪਰ ਜੇਕਰ ਇਨ੍ਹਾਂ ਯੱਗਾਂ ਨੂੰ ਕਰਨ ਦਾ ਫਲ ਪ੍ਰਾਪਤ ਕਰਨਾ ਚਾਹੁੰਦੇ ਹਨ ਤਾਂ ਕਾਰਤਿਕ ਮਹੀਨੇ ਵਿੱਚ ਨਿੱਤ ਪ੍ਰਤੀਦਿਨ ਬ੍ਰਹਮ ਮਹੂਰਤ ਵਿੱਚ ਉੱਠੋ। ਕਾਰਤਿਕ ਮਹੀਨੇ ਦਾ ਵਰਤ ਜ਼ਰੂਰ ਰੱਖੋ। ਜੇਕਰ ਕਾਰਤਿਕ ਮਹੀਨੇ ਦਾ ਵਰਤ ਨਹੀਂ ਵੀ ਰੱਖ ਸਕਦੇ ਤਾਂ ਘੱਟੋ-ਘੱਟ ਕਾਰਤਿਕ ਮਹੀਨੇ ਦਾ ਮਹਾਤਮ ਜ਼ਰੂਰ ਸੁਣੋ। ਜੋ ਮਨੁੱਖ ਕਾਰਤਿਕ ਮਹੀਨੇ ਵਿੱਚ ਬ੍ਰਹਮ ਮਹੂਰਤ ਵਿੱਚ ਕਾਰਤਿਕ ਮਹਾਤਮ ਸੁਣਦਾ ਹੈ, ਉਸ ਨੂੰ ਅਸ਼ਵਮੇਧ, ਵਾਜਪੇਯ ਅਤੇ ਰਾਜਸੂ ਯੱਗ ਕਰਵਾਉਣ ਦਾ ਪੁੰਨ ਅਤੇ ਫਲ ਪ੍ਰਾਪਤ ਹੁੰਦਾ ਹੈ। ਮਹਾਰਾਜ ਨੇ ਇਹ ਵਿਚਾਰ ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ ਵਿਖੇ ਆਯੋਜਿਤ ਸਲਾਨਾ ਕਾਰਤਿਕ ਮਹੋਤਸਵ ਦੇ 18ਵੇਂ ਦਿਨ ਵੱਡੀ ਗਿਣਤੀ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਮਹਾਤਮ ਸੁਣਾਉਂਦਿਆਂ ਕਹੇ।ਗੰਗਾ ਇਸ਼ਨਾਨ ਦੀ ਮਹਿਮਾ ਸੁਣਾਉਂਦਿਆਂ ਮਹਾਰਾਜ ਨੇ ਕਿਹਾ ਕਿ ਕਾਰਤਿਕ ਮਹੀਨੇ ਵਿੱਚ ਗੰਗਾ ਇਸ਼ਨਾਨ ਦਾ ਬਹੁਤ ਵੱਡਾ ਫਲ ਹੈ। ਇਸ ਦੇ ਨਾਲ ਹੀ ਭਾਈ ਰਮਨ ਜੈਨ ਵੱਲੋਂ ਸ਼ਰਧਾਲੂਆਂ ਨੂੰ ਭਜਨਾਂ ਰਾਹੀਂ ਮੰਤਰਮੁੱਗਧ ਕੀਤਾ ਗਿਆ। ਵੀਰਵਾਰ ਦੇ ਪ੍ਰਸ਼ਾਦ ਵੰਡਣ ਦੀ ਸੇਵਾ ਤਰਸੇਮ ਗਿਰਧਰ-ਦਰਸ਼ਨਾ ਗਿਰਧਰ, ਸਮੁੱਚੇ ਗਿਰਧਰ ਪਰਿਵਾਰ ਵੱਲੋਂ ਕੀਤੀ ਗਈ।



ਈਟੀਟੀ ਤੋਂ ਹੈੱਡ ਟੀਚਰ ਦੀਆਂ ਪਦਉਨਤੀਆਂ ਸਬੰਧੀ ਪੱਤਰ ਜਾਰੀ, 18 ਤੱਕ ਭੇਜੇ ਜਾ ਸਕਣਗੇ ਬਿਨੈ ਪੱਤਰ-ਅਮਨਦੀਪ ਸ਼ਰਮਾ



ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਜ਼ਿਲ੍ਹੇ 'ਚ ਈਟੀਟੀ ਅਧਿਆਪਕਾਂ ਤੋਂ ਹੈੱਡ ਟੀਚਰ ਦੀਆਂ ਤਰੱਕੀਆਂ ਕਰਨ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਮਾਨਸਾ ਵੱਲੋਂ ਪੱਤਰ ਜਾਰੀ ਕਰ ਦਿੱਤਾ ਗਿਆ ਹੈ।ਪੱਤਰ ਰਾਹੀਂ ਸਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਨੂੰ ਯੋਗ ਅਧਿਆਪਕਾਂ ਦੇ ਤਰੱਕੀ ਕੇਸ (ਬਿਨੈ ਪੱਤਰ) 18 ਨਵੰਬਰ 2026 ਤੱਕ ਭੇਜਣ ਲਈ ਹੁਕਮ ਦਿੱਤੇ ਗਏ ਹਨ। ਦੱਸਣਾ ਬਣਦਾ ਹੈ ਕਿ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਹੈੱਡ ਟੀਚਰਾਂ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਤੇ ਯੋਗ ਈਟੀਟੀ ਅਧਿਆਪਕਾਂ ਨੂੰ ਤਰੱਕੀਆਂ ਦੇਣ ਦੀ ਮੰਗ ਲਗਾਤਾਰ ਉਠਾਈ ਜਾਂਦੀ ਰਹੀ ਹੈ।ਬਲਾਕ ਬੁਢਲਾਡਾ ਦੇ ਪਿੰਡ ਭਾਦੜਾ, ਰਾਮਨਗਰ ਭੱਠਲਾਂ ਤੇ ਸਮਾਓਂ ਦੇ ਸਕੂਲਾਂ 'ਚ ਵੀ ਹੈੱਡ ਟੀਚਰਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ।ਜਥੇਬੰਦੀ ਉਮੀਦ ਕਰਦੀ ਹੈ ਕਿ ਇਨ੍ਹਾਂ ਖਾਲੀ ਅਸਾਮੀਆਂ ਤੇ ਯੋਗ ਅਧਿਆਪਕਾਂ ਦੀਆਂ ਤਰੱਕੀਆਂ ਹੋਣ ਨਾਲ ਖਾਲੀ ਆਸਾਮੀਆਂ ਵੀ ਭਰ ਜਾਣਗੀਆਂ ਤੇ ਅਧਿਆਪਕਾਂ ਨੂੰ ਵੀ ਲਾਭ ਮਿਲੇਗਾ, ਨਾਲ ਹੀ ਉਨ੍ਹਾਂ ਦੀ ਲੰਬੇ ਸਮੇਂ ਦੀ ਉਡੀਕ ਵੀ ਖ਼ਤਮ ਹੋ ਜਾਵੇਗੀ।ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਪ੍ਰਧਾਨ ਅਮਨਦੀਪ ਸ਼ਰਮਾ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਮਾਨਸਾ ਦਾ ਇਸ ਪ੍ਰਕਿਰਿਆ ਨੂੰ ਸ਼ੁਰੂ ਕਰਨ ਲਈ ਧੰਨਵਾਦ ਕਰਦਿਆਂ ਤਰੱਕੀਆਂ ਦੀ ਕਾਰਵਾਈ ਜਲਦ ਮੁਕੰਮਲ ਕਰਨ ਦੀ ਉਮੀਦ ਦਾ ਪ੍ਰਗਟਾਵਾ ਕੀਤਾ।

SGL NURSING COLLEGE
Managed by : Baba Kashmira Singh Jan Sewa Trust.

NOTICE
Semi Online Counseling For Left Over Seats In GNM Course (Session 2026-27) For SGL Nursing College, Semi, Jalandhar

It is informed that the process for Semi Online counseling for left over seats for SGL Nursing College, Jalandhar will be conducted at institute level as per following schedule.

Only the candidates, who have completed applications in all respects on Counselling admission portal 2026-27 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi Online counseling and joining of candidates for SGL Nursing College, Jalandhar	14-11-2026

PNRC Helpline for Counselling
+91 62836-18852 (Mon-Fri, 9 am-5 pm) admissionspnrc@gmail.com
For further details contact :87250-45701, 87250-45702
info@sglnursing.org, www.sglnursing.org
Address: Vill. Semi P.O. Khajurla, Jalandhar - 144411

AXIS BANK LTD.
AXIS Bank Ltd.Branch Address : Retail Asset Centre,First Floor,SCB 5,Chotti Baradari, Patiala.147001.
Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਬੈਂਕ ਤੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ 'ਤੇ ਮੂਲ ਰਕਮ ਅਤੇ ਇਸ 'ਤੇ ਵਿਆਜ ਦੀ ਮੁੜ ਅਦਾਇਗੀ ਲਈ ਨਾਕਾਮ ਰਹੇ ਹਨ। ਸਿੱਟੇ ਵਜੋਂ ਅਜਿਹੇ ਖਾਤੇ ਨਾਨ ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ। ਕਰਜ਼ਦਾਰਾਂ ਨੂੰ ਉਕਤ ਦਰਸਾਏ ਐਕਟ ਦੇ ਸੈਕਸ਼ਨ 13(2) ਤਹਿਤ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ। ਇਸ ਲਈ, ਇਹ ਜਨਤਕ ਨੋਟਿਸ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤਾ ਜਾਂਦਾ ਹੈ।
ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਿਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਸਕਿਓਰਿਟੀ ਇੰਟਰੈਸਟ ਐਕਟ, 2002 ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਕਰਜ਼ਦਾਰਾਂ ਨੂੰ ਆਪਣੇ ਸਕਿਓਰਿਡ ਐਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।

ਲੜੀ ਨੰ.	ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਮ	(1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ	(3) ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ)
1.	(1) ਰਾਮ ਕਿਸ਼ਨ ਪੁੱਤਰ ਸੁਰਜੀਤ (2) ਸ਼੍ਰੀਮਤੀ ਸੰਗੀਤਾ ਪਤਨੀ ਰਾਮ ਕਿਸ਼ਨ	(1). 15-10-2026 (2). 03-10-2026	(3) ਰੁਪਏ 11,55,603/- (ਗਿਆਰਾਂ ਲੱਖ ਪਚਵੰਜਾ ਹਜ਼ਾਰ ਛੇ ਸੌ ਤਿੰਨ ਰੁਪਏ ਕੇਵਲ)

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਮਕਾਨ ਨੰ. 524, ਰਕਬਾ 0 ਵਿਘਾ 1 ਬਿਸਵਾ 15-1/2 ਬਿਸਵਾਸੀ, ਖੇਵਟ ਨੰ. 7/7, ਖਤੌਨੀ ਨੰ. 11, ਖਸਰਾ ਨੰ. 87 (4-16), 88 (4-16), 89 (4-0), 90 (4-0), 92 (4-0), 1428/91 (4-0), 1430/93 (4-0), ਕਿੱਤੇ 7, ਕੁੱਲ ਜ਼ਮੀਨ ਰਕਬਾ 29 ਵਿਘੇ 12 ਬਿਸਵਾ 'ਚੋਂ ਹੱਦ ਹਿੱਸਾ 35-1/2 11840, ਜੋ ਕਿ 0 ਬਿਘਾ 1 ਬਿਸਵਾ 15-1/2 ਬਿਸਵਾਸੀ, ਗੁਲਮੋਹਰ ਸਿਟੀ-2 ਵਿਖੇ ਸਥਿਤ, ਪਿੰਡ ਕੌਲੀਮਾਜਰਾ, ਹੱਦਬਸਤ ਨੰ. 213, ਐੱਮ ਸੀ ਲਾਲੜੂ, ਤਹਿਸੀਲ ਡੇਰਾਬਸੀ ਅਤੇ ਜ਼ਿਲ੍ਹਾ ਐਸ ਏ ਐੱਸ ਨਗਰ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ਼੍ਰੀਮਤੀ ਸੰਗੀਤਾ ਪਤਨੀ ਰਾਮ ਕਿਸ਼ਨ ਬੈਨਾਮਾ ਨੰ. 2018-19/14/1/3818 ਮਿਤੀ 28 ਮਾਰਚ 2019 ਅਨੁਸਾਰ।

ਲੜੀ ਨੰ.	ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਮ	(1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ	(3) ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ)
2.	(1) ਸ਼੍ਰੀ ਦਿਲਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ (2) ਸ਼੍ਰੀ ਦਿਲਦਾਰ ਸਿੰਘ ਪੁੱਤਰ ਸੁਖਦੇਵ ਸਿੰਘ	(1). 27-10-2026 (2). 19-09-2026	(3) ਰੁਪਏ 20,27,863/- (ਵੀਹ ਲੱਖ ਸਤਾਈ ਹਜ਼ਾਰ ਅੱਠ ਸੌ ਤਰੇਹਠ ਰੁਪਏ ਕੇਵਲ)

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਪ੍ਰਾਈਵੇਟ ਪਲਾਟ ਨੰ. 44 ਮਿਨ ਰਕਬਾ ਅੰਦਾਜ਼ਨ 119 ਵਰਗ ਗਜ਼, ਖਸਰਾ ਨੰ. 46//8, 46//27, 46//8/1, 46//13/1/2, 46//3/2 ਮਿਨ, ਬੈਨਾਮੇ ਅਨੁਸਾਰ ਅਤੇ ਖਸਰਾ ਨੰ. 46//8/2 ਜਮ੍ਹਾਂਬੰਦੀ ਅਨੁਸਾਰ, ਖੱਤਾ ਖਤੌਨੀ ਨੰ. 394/737, ਜਮ੍ਹਾਂਬੰਦੀ ਸਾਲ 2017-18 ਅਨੁਸਾਰ, ਵਾਕਿਆ ਰਕਬਾ ਪਿੰਡ ਕੰਬੋ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਇਸ ਦੇ ਰਜਿ: ਮਾਲਕ ਸ਼੍ਰੀ ਦਿਲਦਾਰ ਸਿੰਘ ਪੁੱਤਰ ਸੁਖਦੇਵ ਸਿੰਘ ਬੈਨਾਮਾ ਨੰ. 2019-20//93/1/4718 ਮਿਤੀ 27 ਜੂਨ 2019 ਅਨੁਸਾਰ।

ਲੜੀ ਨੰ.	ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਮ	(1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ	(3) ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ)
3.	(1) ਮੈਸਰਜ਼ ਕਾਂਸਲ ਸੰਨਜ਼ ਸਟੀਲ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰਜ਼ (2) ਸ਼੍ਰੀ ਹਰਸ਼ ਕਾਂਸਲ ਮਾਰਫਤ ਵਿਪਨ ਕਾਂਸਲ (3) ਸ਼੍ਰੀ ਹਰਸ਼ ਕਾਂਸਲ ਮਾਰਫਤ ਵਿਪਨ ਕਾਂਸਲ (4) ਸ਼੍ਰੀਮਤੀ ਪੂਜਾ ਕਾਂਸਲ ਪਤਨੀ ਸ਼੍ਰੀ ਵਿਪਨ ਕੁਮਾਰ (5) ਸ਼੍ਰੀਮਤੀ ਸ਼ਿਵਾਲੀ ਕਾਂਸਲ ਪਤਨੀ ਅਜੇ ਕਾਂਸਲ (6) ਜੈ ਮਾਂ ਇੰਡਸਟ੍ਰੀਜ਼ ਰਾਹੀਂ ਇਸ ਦੇ ਮਾਲਕ ਪੂਜਾ ਕਾਂਸਲ (7) ਸ਼੍ਰੀਮਤੀ ਸਿੰਮੀ ਕਾਂਸਲ ਪੁੱਤਰੀ ਵਿਪਨ ਕਾਂਸਲ	(1). 28-10-2026 (2). 05-09-2026	(3) ਰੁਪਏ 3,99,83,834.00/- (ਤਿੰਨ ਕਰੋੜ ਨੜਿੰਨਵੇਂ ਲੱਖ ਤਰਿਆਸੀ ਹਜ਼ਾਰ ਅੱਠ ਸੌ ਚੌਂਤੀ ਰੁਪਏ ਕੇਵਲ)

ਅਚੱਲ ਜਾਇਦਾਦ ਦਾ ਵੇਰਵਾ : (1) ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਜਾਇਦਾਦ ਖੇਵਟ/ਖਤੌਨੀ ਨੰ. 334/829, ਖਸਰਾ ਨੰ. 40//16 (5-18), ਕਿੱਤੇ, ਖੇਤਰ ਰਕਬਾ 0 ਕਨਾਲ 17-1/2 ਮਰਲਾ, ਕੁੱਲ ਖੇਤਰ ਰਕਬਾ 5 ਕਨਾਲ 18 ਮਰਲੇ 'ਚੋਂ, ਪਿੰਡ ਬ੍ਰਾਹਮਣਮਾਜਰਾ, ਹੱਦਬਸਤ ਨੰ. 138, ਤਹਿਸੀਲ ਤੇ ਜ਼ਿਲ੍ਹਾ ਸ੍ਰੀ ਫਤਹਿਗੜ੍ਹ ਸਾਹਿਬ, ਜਮ੍ਹਾਂਬੰਦੀ 2010-11 ਰਾਹੀਂ ਰਜਿ: ਮਾਲਕ ਪੂਜਾ ਕਾਂਸਲ ਪਤਨੀ ਵਿਪਿਨ ਕਾਂਸਲ ਅਤੇ ਸ਼੍ਰੀਮਤੀ ਸ਼ਿਵਾਲੀ ਕਾਂਸਲ ਪਤਨੀ ਅਜੇ ਕਾਂਸਲ ਬੈਨਾਮਾ ਵਸੀਕਾ ਨੰ. 2016 ਮਿਤੀ 17-07-2012 (2) ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਜਾਇਦਾਦ ਖੇਵਟ/ਖਤੌਨੀ ਨੰ. 304/1/789 ਖਸਰਾ ਨੰ. 40//16 (5-18) ਕਿੱਤੇ, ਖੇਤਰ ਰਕਬਾ 2 ਕਨਾਲ 10-1/2 ਮਰਲਾ, ਕੁੱਲ ਖੇਤਰ ਰਕਬਾ 5 ਕਨਾਲ 18 ਮਰਲੇ 'ਚੋਂ ਪਿੰਡ ਬ੍ਰਾਹਮਣ ਮਾਜਰਾ, ਤਹਿਸੀਲ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਜਮ੍ਹਾਂਬੰਦੀ ਸਾਲ 2005-06 ਰਾਹੀਂ ਰਜਿਸਟਰਡ ਮਾਲਕ ਪੂਜਾ ਕਾਂਸਲ ਪਤਨੀ ਵਿਪਿਨ ਕਾਂਸਲ ਅਤੇ ਸ਼੍ਰੀਮਤੀ ਸ਼ਿਵਾਲੀ ਕਾਂਸਲ ਪਤਨੀ ਅਜੇ ਕਾਂਸਲ ਬੈਨਾਮਾ ਵਸੀਕਾ ਨੰ. 2314 ਮਿਤੀ 05.08. 2010 ਅਨੁਸਾਰ (3) ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਜਾਇਦਾਦ ਖੇਵਟ/ਖਤੌਨੀ ਨੰ. 130/345, 346, 347, 348, ਖਸਰਾ ਨੰ. 140 ਮਿਨ (7-0), 140 ਮਿਨ (1-3) 140 ਮਿਨ (0-7), 140 ਮਿਨ (1-16), ਕਿੱਤੇ 4, ਖੇਤਰ ਰਕਬਾ 0 ਬੀ-10 ਬਿਸਵੇ, ਕੁੱਲ ਖੇਤਰ ਰਕਬਾ 9 ਬੀ-16 ਬਿਸਵੇ 'ਚੋਂ, ਪਿੰਡ ਬਾੜਾ, ਤਹਿਸੀਲ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਜਮ੍ਹਾਂਬੰਦੀ ਸਾਲ 2004-05, ਹੱਦਬਸਤ ਨੰ. 137, ਰਾਹੀਂ ਇਸ ਦੇ ਰਜਿ: ਮਾਲਕ ਸ਼੍ਰੀਮਤੀ ਸ਼ਿਵਾਲੀ ਕਾਂਸਲ ਪਤਨੀ ਅਜੇ ਕਾਂਸਲ ਬੈਨਾਮਾ ਵਸੀਕਾ ਨੰ. 4259 ਮਿਤੀ 27.01.2010 ਅਨੁਸਾਰ।(4) ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਜਾਇਦਾਦ ਖੇਵਟ/ਖਤੌਨੀ ਨੰ. 130/345, 346, 347, 348, ਖਸਰਾ ਨੰ. 140 ਮਿਨ (7-0), 140 ਮਿਨ (1-3), 140 ਮਿਨ (0-7), 140 ਮਿਨ (1-16) ਕਿੱਤੇ 4, ਖੇਤਰ ਰਕਬਾ 0 ਬੀ-13 ਬਿਸਵੇ, ਕੁੱਲ ਖੇਤਰ ਰਕਬਾ 9 ਬੀ-16 ਬਿਸਵੇ, ਪਿੰਡ ਬਾੜਾ, ਤਹਿਸੀਲ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਜਮ੍ਹਾਂਬੰਦੀ ਸਾਲ 2004-05, ਹੱਦਬਸਤ ਨੰ. 137 ਰਾਹੀਂ ਇਸ ਦੇ ਰਜਿ: ਮਾਲਕ ਸ਼੍ਰੀਮਤੀ ਪੂਜਾ ਕਾਂਸਲ ਪਤਨੀ ਵਿਪਿਨ ਕਾਂਸਲ ਬੈਨਾਮਾ ਵਸੀਕਾ ਨੰ. 4258 ਮਿਤੀ 27.01.2010 ਅਨੁਸਾਰ (5) ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਮਕਾਨ ਰਕਬਾ 0 ਬੀ-2 ਬਿਸਵਾ 15 ਬਿਸਵਾਸੀ, ਖੱਤਾ ਨੰ. 377/807, ਖਸਰਾ ਨੰ. 1570/1346/489 (0-2-15) ਪਿੰਡ ਜੱਸੜਾਂ ਵਿਖੇ ਸਥਿਤ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਜਮ੍ਹਾਂਬੰਦੀ ਸਾਲ 2010-11 ਅਨੁਸਾਰ ਰਾਹੀਂ ਇਸ ਦੇ ਰਜਿਸਟਰਡ ਮਾਲਕ ਪੂਜਾ ਕਾਂਸਲ ਪਤਨੀ ਵਿਪਿਨ ਕੁਮਾਰ ਕਾਂਸਲ, ਤਬਾਦਲਾ ਬੈਨਾਮਾ ਨੰ. 2022-23/24/1/515 ਮਿਤੀ 20.05.2022 ਅਨੁਸਾਰ।

ਲੜੀ ਨੰ.	ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਮ	(1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ	(3) ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ)
4.	(1) ਮੈਸਰਜ਼ ਰਵਿੰਦਰਾ ਸਟੀਲ ਯਾਰਡਜ਼ ਰਾਹੀਂ ਇਸ ਦੇ ਮਾਲਕ ਰਵਿੰਦਰ ਸਿੰਘ (2) ਸ਼੍ਰੀ ਰਵਿੰਦਰ ਸਿੰਘ ਪੁੱਤਰ ਨਿਰਮਲ ਸਿੰਘ (3) ਸ਼੍ਰੀਮਤੀ ਸੁਰਿੰਦਰ ਕੌਰ ਪਤਨੀ ਨਿਰਮਲ ਸਿੰਘ	(1). 29-10-2026 (2). 25-07-2026	(3) ਰੁਪਏ 1,11,45,986/- (ਇੱਕ ਕਰੋੜ ਗਿਆਰਾਂ ਲੱਖ ਪੰਤਾਲੀ ਹਜ਼ਾਰ ਨੌਂ ਸੌ ਛਿਆਸੀ ਰੁਪਏ ਕੇਵਲ)

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਨਾਲ ਸੰਬੰਧਤ ਸਭ ਕੁਝ, ਜੋ ਕਿ ਜਾਇਦਾਦ ਰਕਬਾ 0 ਕਨਾਲ 10 ਮਰਲੇ, ਖਸਰਾ ਨੰ. 6//10/2 (1-16), 11 (2-0), ਵਾਕਿਆ ਰਕਬਾ ਬਟਾਲਾ ਸ਼ਰਕੀ (ਸਾਗਰਪੁਰਾ), ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਰਾਹੀਂ ਇਸ ਦੇ ਰਜਿ: ਮਾਲਕ ਸ਼੍ਰੀਮਤੀ ਸੁਰਿੰਦਰ ਕੌਰ ਪਤਨੀ ਨਿਰਮਲ ਸਿੰਘ, ਵਸੀਕਾ ਨੰ. 4412 ਮਿਤੀ 26/10/2012 ਅਨੁਸਾਰ।

ਲੜੀ ਨੰ.	ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਮ	(1) ਡਿਮਾਂਡ ਨੋਟਿਸ ਦੀ ਮਿਤੀ (2) ਐੱਨ ਪੀ ਏ ਦੀ ਮਿਤੀ	(3) ਬਕਾਇਆ ਰਕਮ (ਡਿਮਾਂਡ ਨੋਟਿਸ ਦੇ ਅਨੁਸਾਰ)
5.	(1) ਮੈਸਰਜ਼ ਅਗਰਵਾਲ ਐਂਡ ਕੰਪਨੀ ਰਾਹੀਂ ਇਸ ਦੇ ਭਾਈਵਾਲ (2) ਸ਼੍ਰੀ ਗੁਰਮੁੱਖ ਸਿੰਘ ਪੁੱਤਰ ਨਛੱਤਰ ਸਿੰਘ (3) ਸ਼੍ਰੀ ਰਣਜੀਤ ਸਿੰਘ ਪੁੱਤਰ ਨਛੱਤਰ ਸਿੰਘ (4) ਸ਼੍ਰੀਮਤੀ ਕਰਮਜੀਤ ਕੌਰ ਪਤਨੀ ਰਣਜੀਤ ਸਿੰਘ (5) ਮੈਸਰਜ਼ ਨਛੱਤਰ ਸਿੰਘ ਐਂਡ ਸੰਨਜ਼ ਰਾਹੀਂ ਇਸ ਦੇ ਮਾਲਕ ਸ਼੍ਰੀ ਰਣਜੀਤ ਸਿੰਘ	(1). 29-10-2026 (2). 11-09-2026	(3) ਰੁਪਏ 34,86,195/- (ਚੌਂਤੀ ਲੱਖ ਛਿਆਸੀ ਹਜ਼ਾਰ ਇੱਕ ਸੌ ਪਚਾਨਵੇਂ ਰੁਪਏ ਕੇਵਲ)

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ/ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਦਾ ਉਚਿਤ ਗਿਰਵੀਨਾਮਾ ਰਕਬਾ 19 ਬਿਸਵਾ 2 ਬਿਸਵਾਸੀ (954 ਵਰਗ ਗਜ਼) ਜੋ ਕਿ 132 ਬਿੱਘਾ 6 ਬਿਸਵਾ ਦਾ 382/52920 ਹਿੱਸਾ, ਖੇਵਟ ਅਤੇ ਖੱਤਾ ਨੰ. 147/236 ਤੋਂ 271, ਖਸਰਾ ਨੰ. 106(6-5), 501(6-6), 682(1-10), 688(9-8), 806/196(2-19), 588/1(0-11), 689 ਮਿਨ (5-2), 689 ਮਿਨ (1-3), 107/1(3-3), 502/3(0-4), 502/6(0-12), 531(1-0), 532(1-4), 588/1(0-11), 589 ਮਿਨ (5-2), 689 ਮਿਨ(1-3), 107/1(3-3), 502/3(0-4), 502/6(0-12), 531(1-0), 532(1-4), 235(4-1), 273(3-2), 314(0-12), 796/260(1-7), 7(4-4) 64(0-13), 98(3-10), 105(0-9), 213(0-15), 223(4-11), 232(0-16), 248(4-0), 317(9-1), 533(8-11), 563/452(6-14), 593(9-12), 679(3-11), 692(11-13), 700(0-2), 749(0-2), 761(6-17), 860/331(0-5), 861(1-12), 926/419(0-16), 927/419(6), 927/419(3-12), 712(0-1), 709(0-1), 711(0-1), 759(0-1), 618/1(0-1), 716(0-1), 502/8(0-5), 742(0-1), 730(0-1), 502/4(0-4), 736(0-1), 617/1(0-1), 502/7(0-4), 738(0-1), 732(0-1), 735(0-1), 758(0-1), 714(0-1),708(0-1), 756(0-1), 753(0-1), 502/5(0-4), 737(0-1), 757(0-1), 713(0-1), 731(0-1), 710(0-1), 502/2(0-5), 739(0-754(0-1), 502(0-4), 740(0-1), 760(0-2), 720(0-1), 502/1(0-4), 741(0-1), 715(0-1) ਕਿੱਤੇ 75, ਜਮ੍ਹਾਂਬੰਦੀ ਸਾਲ 2014-15, ਨੂਰਪੁਰ ਵਿਖੇ ਸਥਿਤ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਰਾਹੀਂ ਇਸ ਦੇ ਰਜਿ. ਮਾਲਕ ਸ਼੍ਰੀਮਤੀ ਕਰਮਜੀਤ ਕੌਰ ਪਤਨੀ ਰਣਜੀਤ ਸਿੰਘ ਤਬਾਦਲਾ ਬੈਨਾਮਾ ਨੰ. 2019-20/124/1/1944 ਮਿਤੀ 16.01.2020 ਅਨੁਸਾਰ।

ਮਿਤੀ : 13.11.2026, ਸਥਾਨ : ਪੰਜਾਬ ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ

ਤਿਉਹਾਰ ਵਿਸ਼ੇਸ਼ ਰੇਲਗੱਡੀਆਂ - 2026

ਛੱਠ ਪੂਜਾ ਤਿਉਹਾਰਾਂ ਦੇ ਦੋਰਾਨ ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ-ਜਾਣ ਲਈ ਉੱਤਰ ਰੇਲਵੇ ਦੁਵਾਰਾ ਹੋਰ ਖੇਤਰੀਯ ਰੇਲਾਂ ਦੇ ਸਹਿਯੋਗ ਤੋਂ ਹੇਠਾ ਲਿਖੀ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਚਲਾਈ ਜਾਵੇਗੀ, ਜਿਸਦਾ ਵੇਰਵਾ ਹੇਠਾ ਅਨੁਸਾਰ ਹੈ :-

ਉੱਤਰ ਰੇਲਵੇ ਨੇਟਵਰਕ ਤੋਂ ਯਾਤਰਾ ਸ਼ੁਰੂ ਕਰਨ ਵਾਲੀ/ਸਮਾਪਤ ਕਰਨ ਵਾਲੀ ਤਿਓਹਾਰ ਵਿਸ਼ੇਸ਼ ਰੇਲਗੱਡੀਆਂ ਦੀ ਸੂਚੀ

ਵਿਸ਼ੇਸ਼ ਰੇਲ ਗੱਡੀ ਨੰ:	ਸਟੇਸ਼ਨ ਤੋਂ		ਜਾਣ ਦਾ ਸਮਾਂ	ਸਟੇਸ਼ਨ ਤਕ	ਆਉਣ ਦਾ ਸਮਾਂ	ਆਵਿਰਤੀ/ਚਲਨ ਦੇ ਦਿਨ		ਚਲਨ ਦੀ ਮਿਤੀ
02252	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	08:35	ਪਟਨਾ ਜੰ:	21:30	ਸਪਤਾਹ ਵਿਚ 3 ਦਿਨ	ਸੋਮ, ਬੁੱਧ, ਸ਼ਨੀ	25.11.2026 ਤਕ
02251	ਪਟਨਾ ਜੰ:		10:00	ਨਵੀਂ ਦਿੱਲੀ	23:30		ਮੰਗਲ, ਵੀਰ, ਐਤ	26.11.2026 ਤਕ
02254	ਨਵੀਂ ਦਿੱਲੀ	ਵੰਦੇ ਭਾਰਤ ਤਿਉਹਾਰ ਵਿਸ਼ੇਸ਼	08:35	ਪਟਨਾ ਜੰ:	21:30	ਸਪਤਾਹ ਵਿਚ 3 ਦਿਨ	ਐਤ, ਮੰਗਲ, ਵੀਰ	26.11.2026 ਤਕ
02253	ਪਟਨਾ ਜੰ:		10:00	ਨਵੀਂ ਦਿੱਲੀ	23:30		ਸ਼ਨੀ, ਸੋਮ, ਬੁੱਧ	28.11.2026 ਤਕ
04022	ਨਵੀਂ ਦਿੱਲੀ	ਵਾਯਾ ਲਖਨਊ (ਐਨਆਰ)	14:30	ਗੋਰਖਪੁਰ	04:10	ਮਿਤੀਵਾਰ	ਸ਼ੁੱਕਰਵਾਰ	13.11.2026 ਨੂੰ
04021	ਗੋਰਖਪੁਰ		07:00	ਨਵੀਂ ਦਿੱਲੀ	23:10		ਸ਼ਨੀਵਾਰ	14.11.2026 ਨੂੰ
04058	ਆਨੰਦ ਵਿਹਾਰ ਟਰਮੀਨਲ		00:20	ਛਪਰਾ	19:20	ਸਪਤਾਹ ਵਿਚ ਦੋ ਦਿਨ	ਸ਼ੁੱਕਰਵਾਰ	17.11.2026 ਤਕ
04057	ਛਪਰਾ		22:10	ਆਨੰਦ ਵਿਹਾਰ ਟਰਮੀਨਲ	17:20		ਮੰਗਲਵਾਰ	
01903	ਆਗਰਾ ਕੈਂਟ		20:00	ਸ਼ਹੀਦ ਕੈਪਟਨ ਤੁਸ਼ਾਰ ਮਹਾਜਨ	12:20	ਸਪਤਾਹਿਕ	ਐਤਵਾਰ	29.11.2026 ਤਕ
01904	ਸ਼ਹੀਦ ਕੈਪਟਨ ਤੁਸ਼ਾਰ ਮਹਾਜਨ		16:05	ਆਗਰਾ ਕੈਂਟ	08:40		ਸੋਮਵਾਰ	30.11.2026 ਤਕ
02563	ਬਰੋਨੀ ਜੰ:		07:40	ਨਵੀਂ ਦਿੱਲੀ	05:10	ਹਰਰੋਜ਼	ਐਤ, ਸੋਮ, ਮੰਗਲ, ਬੁੱਧ ਵੀਰ, ਸ਼ੁੱਕਰ, ਸ਼ਨੀ	30.11.2026 ਤਕ
02564	ਨਵੀਂ ਦਿੱਲੀ		17:55	ਬਰੋਨੀ ਜੰ:	15:10			01.12.2026 ਤਕ
02569	ਦਰਭੰਗਾ ਜੰ:		06:30	ਨਵੀਂ ਦਿੱਲੀ	04:00	ਹਰਰੋਜ਼	ਐਤ, ਸੋਮ, ਮੰਗਲ, ਬੁੱਧ ਵੀਰ, ਸ਼ੁੱਕਰ, ਸ਼ਨੀ	30.11.2026 ਤਕ
02570	ਨਵੀਂ ਦਿੱਲੀ		12:15	ਦਰਭੰਗਾ ਜੰ:	10:00			01.12.2026 ਤਕ
05579	ਪੂਰਣਿਯਾ ਕੋਰਟ		16:30	ਆਨੰਦ ਵਿਹਾਰ ਟਰਮੀਨਲ	01:05	ਸਪਤਾਹ ਵਿਚ ਦੋ ਦਿਨ	ਸ਼ੁੱਕਰਵਾਰ, ਐਤਵਾਰ	29.11.2026 ਤਕ
05580	ਆਨੰਦ ਵਿਹਾਰ ਟਰਮੀਨਲ		05:15	ਪੂਰਣਿਯਾ ਕੋਰਟ	13:45		ਐਤਵਾਰ, ਮੰਗਲਵਾਰ	01.12.2026 ਤਕ
05575	ਸਹਰਸਾ ਜੰ:		20:00	ਆਨੰਦ ਵਿਹਾਰ ਟਰਮੀਨਲ	01:05	ਸਪਤਾਹਿਕ	ਮੰਗਲਵਾਰ	24.11.2026 ਤਕ
05576	ਆਨੰਦ ਵਿਹਾਰ ਟਰਮੀਨਲ		05:15	ਸਹਰਸਾ ਜੰ:	10:30		ਵੀਰਵਾਰ	26.11.2026 ਤਕ
02397	ਸ਼ੇਖਪੁਰਾ ਜੰ:		11:30	ਆਨੰਦ ਵਿਹਾਰ ਟਰਮੀਨਲ	11:40	ਸਪਤਾਹਿਕ	ਐਤਵਾਰ	29.11.2026 ਤਕ
02398	ਆਨੰਦ ਵਿਹਾਰ ਟਰਮੀਨਲ		13:30	ਸ਼ੇਖਪੁਰਾ ਜੰ:	14:45		ਸੋਮਵਾਰ	30.11.2026 ਤਕ
03639	ਧਨਬਾਦ ਜੰ:		18:30	ਸ਼ਕੂਰ ਬਸਤੀ	18:40	ਸਪਤਾਹ ਵਿਚ ਦੋ ਦਿਨ	ਸੋਮਵਾਰ, ਸ਼ੁੱਕਰਵਾਰ	30.11.2026 ਤਕ
03640	ਸ਼ਕੂਰ ਬਸਤੀ		21:10	ਧਨਬਾਦ ਜੰ:	23:45		ਮੰਗਲਵਾਰ, ਸ਼ਨੀਵਾਰ	01.12.2026 ਤਕ
05219	ਮੁਜੱਫਰਪੁਰ ਜੰ:		13:30	ਆਨੰਦ ਵਿਹਾਰ ਟਰਮੀਨਲ	10:00	ਸਪਤਾਹਿਕ	ਸ਼ੁੱਕਰਵਾਰ	27.11.2026 ਤਕ
05220	ਆਨੰਦ ਵਿਹਾਰ ਟਰਮੀਨਲ		12:00	ਮੁਜੱਫਰਪੁਰ ਜੰ:	09:45		ਸ਼ਨੀਵਾਰ	28.11.2026 ਤਕ
05193	ਛਪਰਾ ਜੰ:		14:00	ਪਠਾਨਕੋਟ	22:15	ਸਪਤਾਹਿਕ	ਸੋਮਵਾਰ	23.11.2026 ਤਕ
05194	ਪਠਾਨਕੋਟ		00:30	ਛਪਰਾ ਜੰ:	09:15		ਬੁੱਧਵਾਰ	25.11.2026 ਤਕ
02417	ਪ੍ਰਯਾਗਰਾਜ ਜੰ:		21:00	ਸ਼ਕੂਰ ਬਸਤੀ	10:05	ਸਪਤਾਹ ਵਿਚ ਚਾਰ ਦਿਨ	ਐਤ, ਸੋਮ, ਵੀਰ, ਸ਼ੁੱਕਰ	14.12.2026 ਤਕ
02418	ਸ਼ਕੂਰ ਬਸਤੀ		21:30	ਪ੍ਰਯਾਗਰਾਜ ਜੰ:	09:15		ਬੁੱਧ, ਵੀਰ, ਸ਼ਨੀ, ਐਤ	17.12.2026 ਤਕ
04163	ਨਾਰਾਯਣਪੁਰ ਬਾਜ਼ਾਰ		18:00	ਸ਼ਕੂਰ ਬਸਤੀ	10:05	ਸਪਤਾਹ ਵਿਚ ਤਿੰਨ ਦਿਨ	ਮੰਗਲ, ਬੁੱਧ, ਸ਼ਨੀ	16.12.2026 ਤਕ
04164	ਸ਼ਕੂਰ ਬਸਤੀ		21:30	ਨਾਰਾਯਣਪੁਰ ਬਾਜ਼ਾਰ	12:25		ਸੋਮ, ਮੰਗਲ, ਸ਼ੁੱਕਰ	15.12.2026 ਤਕ
03257	ਦਾਨਾਪੁਰ		07:30	ਆਨੰਦ ਵਿਹਾਰ ਟਰਮੀਨਲ	00:30	ਸਪਤਾਹਿਕ	ਐਤਵਾਰ	29.11.2026 ਤਕ
03258	ਆਨੰਦ ਵਿਹਾਰ ਟਰਮੀਨਲ		05:00	ਦਾਨਾਪੁਰ	20:45		ਸੋਮਵਾਰ	30.11.2026 ਤਕ
05301	ਮਊ ਜੰ:		04:40	ਅੰਬਾਲਾ ਕੈਂਟ ਜੰ:	03:55	ਸਪਤਾਹਿਕ	ਵੀਰਵਾਰ	26.11.2026 ਤਕ
05302	ਅੰਬਾਲਾ ਕੈਂਟ ਜੰ:		05:45	ਮਊ ਜੰ:	04:30		ਸ਼ੁੱਕਰਵਾਰ	27.11.2026 ਤਕ
05085	ਛਪਰਾ ਜੰ:		13:05	ਆਨੰਦ ਵਿਹਾਰ ਟਰਮੀਨਲ	09:40	ਸਪਤਾਹਿਕ	ਮੰਗਲਵਾਰ	24.11.2026 ਤਕ
05086	ਆਨੰਦ ਵਿਹਾਰ ਟਰਮੀਨਲ		10:50	ਛਪਰਾ ਜੰ:	07:00		ਬੁੱਧਵਾਰ	25.11.2026 ਤਕ
03435	ਮਾਲਦਾ ਟਾਊਨ		09:30	ਆਨੰਦ ਵਿਹਾਰ ਟਰਮੀਨਲ	13:40	ਸਪਤਾਹਿਕ	ਸੋਮਵਾਰ	30.11.2026 ਤਕ
03436	ਆਨੰਦ ਵਿਹਾਰ ਟਰਮੀਨਲ		14:50	ਮਾਲਦਾ ਟਾਊਨ	22:30		ਮੰਗਲਵਾਰ	01.12.2026 ਤਕ
02877	ਰਾਂਚੀ ਜੰ:		16:25	ਆਨੰਦ ਵਿਹਾਰ ਟਰਮੀਨਲ	18:00	ਸਪਤਾਹਿਕ	ਸ਼ਨੀਵਾਰ	28.11.2026 ਤਕ
02878	ਆਨੰਦ ਵਿਹਾਰ ਟਰਮੀਨਲ		19:30	ਰਾਂਚੀ ਜੰ:	19:10		ਐਤਵਾਰ	29.11.2026 ਤਕ
04123	ਪ੍ਰਯਾਗਰਾਜ ਜੰ:		14:50	ਹਜ਼ਰਤ ਨਿਜ਼ਾਮੁਦੀਨ	11:35	ਸਪਤਾਹ ਵਿਚ ਦੋ ਦਿਨ	ਬੁੱਧਵਾਰ, ਐਤਵਾਰ	29.11.2026 ਤਕ
04124	ਹਜ਼ਰਤ ਨਿਜ਼ਾਮੁਦੀਨ		15:45	ਪ੍ਰਯਾਗਰਾਜ ਜੰ:	09:10		ਵੀਰਵਾਰ, ਸੋਮਵਾਰ	30.11.2026 ਤਕ
05101	ਗੋਰਖਪੁਰ ਜੰ:		16:00	ਸ਼ਕੂਰ ਬਸਤੀ	11:05	ਸਪਤਾਹਿਕ	ਐਤਵਾਰ	29.11.2026 ਤਕ
05102	ਸ਼ਕੂਰ ਬਸਤੀ		13:15	ਗੋਰਖਪੁਰ ਜੰ:	08:30		ਸੋਮਵਾਰ	30.11.2026 ਤਕ
03107	ਕੋਲਕਾਤਾ		23:50	ਆਲਮਨਗਰ	19:45	ਸਪਤਾਹਿਕ	ਵੀਰਵਾਰ	26.11.2026 ਤਕ
03108	ਆਲਮਨਗਰ		01:45	ਕੋਲਕਾਤਾ	22:30		ਸ਼ਨੀਵਾਰ	28.11.2026 ਤਕ
04183	ਪ੍ਰਯਾਗਰਾਜ ਜੰ:		15:25	ਹਜ਼ਰਤ ਨਿਜ਼ਾਮੁਦੀਨ	11:35	ਸਪਤਾਹਿਕ	ਮੰਗਲਵਾਰ	01.12.2026 ਤਕ
04184	ਹਜ਼ਰਤ ਨਿਜ਼ਾਮੁਦੀਨ		15:45	ਪ੍ਰਯਾਗਰਾਜ ਜੰ:	09:10		ਬੁੱਧਵਾਰ	02.12.2026 ਤਕ
03437	ਮਾਲਦਾ ਟਾਊਨ		10:00	ਹਰਿਦੁਆਰ ਜੰ:	17:00	ਸਪਤਾਹਿਕ	ਸ਼ਨੀਵਾਰ	28.11.2026 ਤਕ
03438	ਹਰਿਦੁਆਰ ਜੰ:		18:35	ਮਾਲਦਾ ਟਾਊਨ	23:55		ਐਤਵਾਰ	29.11.2026 ਤਕ
01705	ਜਬਲਪੁਰ ਜੰ:		19:40	ਅਯੋਧਿਆ ਧਾਮ ਜੰ:	11:25	ਸਪਤਾਹਿਕ	ਮੰਗਲਵਾਰ	29.12.2026 ਤਕ
01706	ਅਯੋਧਿਆ ਧਾਮ ਜੰ:		13:30	ਜਬਲਪੁਰ ਜੰ:	06:45		ਬੁੱਧਵਾਰ	30.12.2026 ਤਕ
09309	ਇੰਦੌਰ ਜੰ:		17:00	ਹਜ਼ਰਤ ਨਿਜ਼ਾਮੁਦੀਨ	05:00	ਸਪਤਾਹ ਵਿਚ ਦੋ ਦਿਨ	ਸ਼ੁੱਕਰਵਾਰ, ਐਤਵਾਰ	27.11.2026 ਤਕ
09310	ਹਜ਼ਰਤ ਨਿਜ਼ਾਮੁਦੀਨ		08:20	ਇੰਦੌਰ ਜੰ:	21:00		ਸ਼ਨੀਵਾਰ, ਸੋਮਵਾਰ	28.11.2026 ਤਕ
09257	ਭਾਵਨਗਰ ਟਰਮੀਨਸ		14:20	ਸ਼ਕੂਰ ਬਸਤੀ	10:55	ਸਪਤਾਹਿਕ	ਸ਼ੁੱਕਰਵਾਰ	27.11.2026 ਤਕ
09258	ਸ਼ਕੂਰ ਬਸਤੀ		13:15	ਭਾਵਨਗਰ ਟਰਮੀਨਸ	08:50		ਸ਼ਨੀਵਾਰ	28.11.2026 ਤਕ
09203	ਵੇਰਾਵਲ ਜੰ:		16:05	ਹਰਿਦੁਆਰ ਜੰ:	20:40	ਸਪਤਾਹਿਕ	ਮੰਗਲਵਾਰ	24.11.2026 ਤਕ
09204	ਹਰਿਦੁਆਰ ਜੰ:		21:30	ਵੇਰਾਵਲ ਜੰ:	09:45		ਬੁੱਧਵਾਰ	25.11.2026 ਤਕ
09523	ਓਖਾ		10:20	ਸ਼ਕੂਰ ਬਸਤੀ	10:35	ਸਪਤਾਹਿਕ	ਮੰਗਲਵਾਰ	24.11.2026 ਤਕ
09524	ਸ਼ਕੂਰ ਬਸਤੀ		13:15	ਓਖਾ	13:00		ਬੁੱਧਵਾਰ	25.11.2026 ਤਕ
09425	ਸਾਬਰਮਤੀ ਬੀਜੀ		18:45	ਹਰਿਦੁਆਰ ਜੰ:	20:30	ਸਪਤਾਹਿਕ	ਸੋਮਵਾਰ	23.11.2026 ਤਕ
09426	ਹਰਿਦੁਆਰ ਜੰ:		21:45	ਸਾਬਰਮਤੀ ਬੀਜੀ	22:30		ਮੰਗਲਵਾਰ	24.11.2026 ਤਕ
04811	ਬਾੜਮੇਰ		04:15	ਹਰਿਦੁਆਰ ਜੰ:	04:10	ਸਪਤਾਹ ਵਿਚ ਦੋ ਦਿਨ	ਸੋਮਵਾਰ, ਵੀਰਵਾਰ	30.11.2026 ਤਕ
04812	ਹਰਿਦੁਆਰ ਜੰ:		05:15	ਬਾੜਮੇਰ	06:35		ਮੰਗਲਵਾਰ, ਸ਼ੁੱਕਰਵਾਰ	01.12.2026 ਤਕ
09611	ਅਜਮੇਰ ਜੰ:		19:45	ਯੋਗ ਨਗਰੀ ਰਿਸ਼ੀਕੇਸ਼	12:50	ਸਪਤਾਹਿਕ	ਬੁੱਧਵਾਰ	25.11.2026 ਤਕ
09612	ਯੋਗ ਨਗਰੀ ਰਿਸ਼ੀਕੇਸ਼		17:55	ਅਜਮੇਰ ਜੰ:	09:55		ਵੀਰਵਾਰ	26.11.2026 ਤਕ
09639	ਮਦਾਰ ਜੰ:		04:30	ਰੋਹਤਕ ਜੰ:	12:50	ਹਰਰੋਜ਼	ਐਤ, ਸੋਮ, ਮੰਗਲ, ਬੁੱਧ ਵੀਰ, ਸ਼ੁੱਕਰ, ਸ਼ਨੀ	30.11.2026 ਤਕ
09640	ਰੋਹਤਕ ਜੰ:		13:20	ਮਦਾਰ ਜੰ:	22:35			30.11.2026 ਤਕ
09609	ਉਦਯਪੁਰ ਸਿਟੀ		13:45	ਯੋਗ ਨਗਰੀ ਰਿਸ਼ੀਕੇਸ਼	10:15	ਸਪਤਾਹਿਕ	ਮੰਗਲਵਾਰ	24.11.2026 ਤਕ
09610	ਯੋਗ ਨਗਰੀ ਰਿਸ਼ੀਕੇਸ਼		17:55	ਉਦਯਪੁਰ ਸਿਟੀ	15:30		ਬੁੱਧਵਾਰ	25.11.2026 ਤਕ
01703	ਜਬਲਪੁਰ ਜੰ:		15:30	ਹਰਿਦੁਆਰ ਜੰ:	14:20	ਸਪਤਾਹਿਕ	ਵੀਰਵਾਰ	19.11.2026 ਤਕ
01704	ਹਰਿਦੁਆਰ ਜੰ:		15:10	ਜਬਲਪੁਰ ਜੰ:	16:20		ਸ਼ੁੱਕਰਵਾਰ	20.11.2026 ਤਕ
01707	ਜਬਲਪੁਰ ਜੰ:		20:20	ਹਜ਼ਰਤ ਨਿਜ਼ਾਮੁਦੀਨ	14:25	ਸਪਤਾਹਿਕ	ਸ਼ਨੀਵਾਰ	14.11.2026 ਤਕ
01708	ਹਜ਼ਰਤ ਨਿਜ਼ਾਮੁਦੀਨ		15:45	ਜਬਲਪੁਰ ਜੰ:	09:30		ਐਤਵਾਰ	15.11.2026 ਤਕ
09093	ਉਧਨਾ ਜੰ:		07:25	ਅਯੋਧਿਆ ਕੈਂਟ	10:30	ਸਪਤਾਹਿਕ	ਸ਼ੁੱਕਰਵਾਰ	13.11.2026 ਤਕ
09094	ਅਯੋਧਿਆ ਕੈਂਟ		14:45	ਉਧਨਾ ਜੰ:	17:15		ਸ਼ਨੀਵਾਰ	14.11.2026 ਤਕ
09097	ਉਧਨਾ ਜੰ:		06:45	ਅਯੋਧਿਆ ਕੈਂਟ	11:30	ਸਪਤਾਹਿਕ	ਮੰਗਲਵਾਰ	24.11.2026 ਤਕ
09098	ਅਯੋਧਿਆ ਕੈਂਟ		13:30	ਉਧਨਾ ਜੰ:	17:30		ਬੁੱਧਵਾਰ	25.11.2026 ਤਕ
02456	ਨਵੀਂ ਦਿੱਲੀ		07:45	ਕਾਨਪੁਰ ਸੈਂਟਰਲ	13:15	ਸਪਤਾਹ ਵਿਚ ਚਾਰ ਦਿਨ	ਸੋਮ, ਬੁੱਧ, ਸ਼ੁੱਕਰ, ਸ਼ਨੀ	30.11.2026 ਤਕ
02455	ਕਾਨਪੁਰ ਸੈਂਟਰਲ		15:00	ਨਵੀਂ ਦਿੱਲੀ	20:20		ਸੋਮ, ਬੁੱਧ, ਸ਼ੁੱਕਰ, ਸ਼ਨੀ	30.11.2026 ਤਕ
02458	ਆਨੰਦ ਵਿਹਾਰ ਟਰਮੀਨਲ		07:20	ਕਾਨਪੁਰ ਸੈਂਟਰਲ	13:15	ਸਪਤਾਹ ਵਿਚ ਤਿੰਨ ਦਿਨ	ਮੰਗਲ, ਵੀਰ, ਐਤ	29.11.2026 ਤਕ
02457	ਕਾਨਪੁਰ ਸੈਂਟਰਲ		15:00	ਆਨੰਦ ਵਿਹਾਰ ਟਰਮੀਨਲ	20:10		ਮੰਗਲ, ਵੀਰ, ਐਤ	29.11.2026 ਤਕ
05005	ਬਢਨੀ		15:10	ਜਲੰਧਰ ਸਿਟੀ ਜੰ:	08:30	ਸਪਤਾਹਿਕ	ਬੁੱਧਵਾਰ	25.11.2026 ਤਕ
05006	ਜਲੰਧਰ ਸਿਟੀ ਜੰ:		10:50	ਬਢਨੀ	04:45		ਵੀਰਵਾਰ	26.11.2026 ਤਕ
01483	ਖੜਕੀ		17:30	ਹਜ਼ਰਤ ਨਿਜ਼ਾਮੁਦੀਨ	18:10	ਸਪਤਾਹ ਵਿਚ ਦੋ ਦਿਨ	ਮੰਗਲਵਾਰ, ਸ਼ੁੱਕਰਵਾਰ	20.11.2026 ਤਕ
01484	ਹਜ਼ਰਤ ਨਿਜ਼ਾਮੁਦੀਨ		22:10	ਖੜਕੀ	22:15		ਬੁੱਧਵਾਰ, ਸ਼ਨੀਵਾਰ	21.11.2026 ਤਕ
07621	ਹਜ਼ੂਰ ਸਾਹਿਰ ਨਾਂਦੇੜ		08:45	ਹਜ਼ਰਤ ਨਿਜ਼ਾਮੁਦੀਨ	14:00	ਸਪਤਾਹਿਕ	ਸ਼ਨੀਵਾਰ	28.11.2026 ਤਕ
ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗੋ ਕਤਰਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਖੇੜਾ ਵਿਖੇ ਪੜ੍ਹ ਰਹੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਦੀ ਚੋਣ ਸਬੰਧੀ ਕਰੀਅਰ ਗਾਈਡੈਂਸ ਪ੍ਰੋਗਰਾਮ ਕਰਵਾਇਆ ਗਿਆ। ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਯੰਗ ਪ੍ਰੋਫੈਸ਼ਨਲ ਵਿਕਰਮ ਸਿੰਘ ਨੇ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ, ਰੋਜ਼ਗਾਰ ਬਿਊਰੋ ਰਾਹੀਂ ਦਿੱਤੀਆਂ ਜਾਂਦੀਆਂ ਸਹੂਲਤਾਂ ਜਿਵੇਂ ਕਿ ਬੱਚਿਆਂ ਦੇ ਭਵਿੱਖ ਦੇ ਕਰੀਅਰ ਲਈ ਕੀਤੀ ਜਾਂਦੀ ਕਰੀਅਰ ਕਾਊਂਸਲਿੰਗ, ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਸਵੈ—ਰੋਜ਼ਗਾਰ ਸਕੀਮਾਂ ਅਤੇ ਵੱਖ—ਵੱਖ ਸਰਕਾਰੀ ਤੇ ਪ੍ਰਾਈਵੇਟ ਨੌਕਰੀਆਂ, ਸ਼ਾਰਟ—ਟਰਮ ਤਕਨੀਕੀ ਕੋਰਸਾਂ ਅਤੇ ਨੈਸ਼ਨਲ ਕਰੀਅਰ ਸਰਵਿਸ ਪੋਰਟਲ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਵਿਕਰਮਜੀਤ, ਡੀ ਬੀ ਈ ਈ ਹੁਸ਼ਿਆਰਪੁਰ ਨੇ ਵਿਦਿਆਰਥੀਆਂ ਨੂੰ ਡੀ ਬੀ ਈ ਈ ਆਨਲਾਈਨ ਮੋਬਾਇਲ ਐਪ ਨੂੰ ਭਰ ਕੇ ਘਰ ਬੈਠੇ ਹੀ ਸਰਕਾਰੀ/ ਪ੍ਰਾਈਵੇਟ ਨੌਕਰੀਆਂ ਦੀ ਜਾਣਕਾਰੀ ਪ੍ਰਾਪਤ ਕਰਨ ਬਾਰੇ ਜਾਣਕਾਰੀ ਦਿੱਤੀ।ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੌਰਾਨ ਉਪਰੋਕਤ ਦੋਵੇਂ ਸਕੂਲਾਂ ਦੇ ਸਮੂਹ ਸਟਾਫ ਅਤੇ 113 ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਇਸ ਪ੍ਰੋਗਰਾਮ ਵਿਚ ਭਾਗ ਲਿਆ। ਇਸ ਮੌਕੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗੋ ਕਤਰਾਲਾ ਅਤੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਖੇੜਾ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦਾ ਦਿਲੋਂ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਲਗਾਉਣ ਲਈ ਕਿਹਾ।

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ 24 ਨੂੰ

ਅੱਡਾ ਸਰਾਂ (ਜਸਵੀਰ ਕਾਜਲ)- ਪਹਿਲੀ ਪਾਤਸ਼ਾਹੀ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557 ਸਾਲਾਂ ਪ੍ਰਕਾਸ਼ ਪੁਰਬ ਪਿੰਡ ਕੰਧਾਲਾ ਜੱਟਾਂ ਵਿਖੇ ਪ੍ਰਬੰਧਕ ਕਮੇਟੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀਪੱਤੀ ਵੱਲੋਂ ਸਮੂਹ ਨਗਰ ਨਿਵਾਸੀ, ਇਲਾਕਾ ਨਿਵਾਸੀ ਅਤੇ ਐੱਨ ਆਰ ਆਈ ਸਾਧ ਸੰਗਤ ਦੇ ਸਹਿਯੋਗ ਨਾਲ 24 ਨਵੰਬਰ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ । ਇਸ ਸਬੰਧੀ ਪ੍ਰਬੰਧਕ ਸੇਵਾਦਾਰਾਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ । ਇਸ ਮੌਕੇ ਬਾਬਾ ਅਵਤਾਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ, ਬਾਬਾ ਰਣਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ, ਬਾਬਾ ਦਾਨ ਸਿੰਘ ਗ੍ਰੰਥੀ ਸਿੰਘ, ਪ੍ਰਬੰਧਕ ਕਮੇਟੀ ਪ੍ਰਧਾਨ ਇਕਬਾਲ ਸਿੰਘ ਬਾਲੀ, ਉਪ ਪ੍ਰਧਾਨ ਮਨਜੀਤ ਸਿੰਘ ਧਾਲੀਵਾਲ, ਸੈਕਟਰੀ ਮਨਜੀਤ ਸਿੰਘ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ ਤੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਕਾਸ਼ ਪੁਰਬ ਸਬੰਧੀ 18 ਨਵੰਬਰ ਦਿਨ ਬੁੱਧਵਾਰ ਤੋਂ ਅੰਮ੍ਰਿਤ ਵੇਲੇ ਪਹਿਲੀ ਪ੍ਰਭਾਤ ਫੇਰੀ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਵੇਗੀ , 22 ਨਵੰਬਰ ਤੱਕ ਪੰਜ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ । 22 ਨਵੰਬਰ ਨੂੰ ਸਵੇਰੇ 10 ਵਜੇ ਦੋ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ।24 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਭੋਗ ਪਾਉਣ ਉਪਰੰਤ ਕਾਕਾ ਮਨਰਾਜ ਸਿੰਘ ਧਾਲੀਵਾਲ ਤੇ ਕਾਕਾ ਸਹਿਜਪਾਲ ਸਿੰਘ ਧਾਲੀਵਾਲ ਦਾ ਕੀਰਤਨੀ ਜਥਾ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰੇਗਾ । ਇਸ ਉਪਰੰਤ ਸਵੇਰੇ 11 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਦੀ ਆਰੰਭਤਾ ਹੋਵੇਗੀ । ਨਗਰ ਕੀਰਤਨ ਦੀ ਆਰੰਭਤਾ ਗੁਰਦੁਆਰਾ ਸਾਹਿਬ ਵਿੱਚੋਂ ਹੋ ਕੇ, ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਅਤੇ ਨਗਰ ਕੰਧਾਲਾ ਜੱਟਾਂ ਦੇ ਵੱਖ ਵੱਖ ਪੜਾਵਾਂ ਤੋਂ ਹੁੰਦੇ ਹੋਏ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਚੜ੍ਹਦੀ ਪੱਤੀ ਵਿਖੇ ਸਮਾਪਤ ਹੋਵੇਗਾ। ਇਸ ਮੌਕੇ ਸੰਗਤਾਂ ਲਈ ਚਾਹ ਪਕੌੜੇ, ਮਠਿਆਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਨਗਰ ਕੀਰਤਨ ਵਿੱਚ ਸੰਤ ਬਾਬਾ ਮੱਖਣ ਸਿੰਘ ਦਰੀਏ ਵਾਲੇ ਕਥਾ ਨਾਲ, ਜਥੇਦਾਰ ਜਸਵਿੰਦਰ ਸਿੰਘ ਭਾਗੋਵਾਲ ਦਾ ਇੰਟਰਨੈਸ਼ਨਲ ਢਾਡੀ ਜੱਥਾ ਹਜ਼ੂਰੀ ਢਾਡੀ ਸ੍ਰੀ ਅਕਾਲ ਤਖ਼ਤ ਸਾਹਿਬ ਢਾਡੀ ਵਾਰਾਂ ਅਤੇ ਭਾਈ ਇੰਦਰਜੀਤ ਸਿੰਘ ਅਤੇ ਸਾਥੀ ਦਾ ਕਵੀਸ਼ਰੀ ਜਥਾ ਕਵੀਸ਼ਰੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।ਪੋਸਟਰ ਜਾਰੀ ਕਰਨ ਮੌਕੇ ਪ੍ਰਧਾਨ ਅਮ੍ਰਿਤਪਾਲ ਸਿੰਘ ਗੁਰਦੁਆਰਾ ਬਾਬਾ ਬਿਸ਼ਨ ਸਿੰਘ, ਪ੍ਰਧਾਨ ਕੈਪਟਨ ਹਰੀ ਓਮ ਸਿੰਘ, ਪ੍ਰਧਾਨ ਰੇਸ਼ਮ ਸਿੰਘ ਹੋਲਾ ਮਹੱਲਾ ਲੰਗਰ ਕਮੇਟੀ ਅੱਡਾ ਸਰਾਂ, ਗੁਰਵਿੰਦਰ ਸਿੰਘ ਗਿੱਤਾ ਸਾਬਕਾ ਪ੍ਰਧਾਨ, ਮਨਜੀਤ ਸਿੰਘ ਖ਼ਜ਼ਾਨਚੀ, ਸਰਵਣ ਸਿੰਘ ਪੰਚ,ਕੁਲਵਿੰਦਰ ਸਿੰਘ,ਹਰਵਿੰਦਰਪਾਲ ਸਿੰਘ, ਹਰਪ੍ਰੀਤ ਸਿੰਘ ਹੈਪੀ ਧਾਲੀਵਾਲ, ਅਵਤਾਰ ਸਿੰਘ ਅਮਰੀਕਾ, ਅਮਰੀਕ ਸਿੰਘ ਸਾਬਕਾ ਸੰਮਤੀ ਮੈਂਬਰ, ਕੁਲਵੰਤ ਸਿੰਘ,ਕੁਲਵਿੰਦਰ ਸਿੰਘ ਸੋਨੀ ਸਾਬਕਾ ਪੰਚ, ਡਾ.ਚਰਨਜੀਤ ਸਿੰਘ ਪੜਬੱਗਾ, ਸਤਵਿੰਦਰ ਸਿੰਘ, ਮਹਿੰਦਰ ਸਿੰਘ ਬਿੱਲਾ, ਜਸਪਾਲ ਸਿੰਘ ਭੱਟੀ, ਪੰਡਿਤ ਨਰੇਸ਼ ਕੁਮਾਰ, ਬਲਜੀਤ ਸਿੰਘ ਬੱਲੂ,ਅਮਰੀਕ ਸਿੰਘ ਬੱਬੀ, ਸੂਬੇਦਾਰ ਗੁਰਮੇਲ ਸਿੰਘ, ਅਮਰਜੀਤ ਸਿੰਘ ਠੰਡੂ, ਦੀਦਾਰ ਸਿੰਘ, ਸੁਖਵਿੰਦਰ ਸਿੰਘ ਸੁੱਖੂ, ਦੀਪਾ ਦੁਕਾਨ ਵਾਲਾ, ਸਿਮਰਪ੍ਰੀਤ ਸਿੰਘ ਗੱਗੀ, ਅਮ੍ਰਿਤ ਸਿੰਘ , ਗੁਰਤੇਜ ਸਿੰਘ, ਪ੍ਰਭਸਿਮਰਤ ਸਿੰਘ ਆਦਿ ਹਾਜ਼ਰ ਹੋਏ।



ਦਰਗਾਹ ਸ਼ਰੀਫ ਪੀਰ ਲੱਖ ਦਾਤਾ ਭਰੋਮਜਾਰਾ ’ਚ ਮੇਲਾ 20 ਨੂੰ



ਬੰਗਾ (ਅਵਤਾਰ ਕਲੇਰ)- ਦਰਗਾਹ ਸ਼ਰੀਫ ਪੀਰ ਲੱਖ ਦਾਤਾ ਭਰੋਮਜਾਰਾ ਵਿਖੇ ਸਾਲਾਨਾ ਜੋੜ ਮੇਲਾ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਦੀ ਯੋਗ ਅਗਵਾਈ ਗ੍ਰਾਮ ਪੰਚਾਇਤ, ਐੱਨ ਆਰ ਆਈ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਾਈਂ ਪੱਪਲ ਸ਼ਾਹ ਨੇ ਦੱਸਿਆ ਕਿ ਵੱਖ ਵੱਖ ਦਰਬਾਰਾ ਤੋਂ ਸੰਤ ਮਹਾਂਪੁਰਸ਼ ਸ਼ਿਰਕਤ ਕਰਨਗੇ। 19 ਨਵੰਬਰ ਨੂੰ ਚਿਰਾਗ ਰੌਸ਼ਨ ਕੀਤੇ ਜਾਣਗੇ ਤੇ ਝੰਡੇ ਦੀ ਰਸਮ ਉਪਰੰਤ ਸ਼ਬਦ ਚੌਂਕੀ ਹੋਵੇਗੀ। 20 ਨਵੰਬਰ ਨੂੰ ਨਾਮਵਰ ਕਲਾਕਾਰ ਅਤੇ ਕਵਾਲ ਪਾਰਟੀਆਂ ਹਾਜ਼ਰੀਆਂ ਭਰਨਗੇ।

ਡੀ ਸੀ ਨੇ ਗ਼ੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ ਦੇ ਦਿੱਤੇ ਨਿਰਦੇਸ਼

ਨਵਾਂ ਸ਼ਹਿਰ (ਮਨੋਜ ਲਾਡੀ)- ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਮਿਨਰਲ ਫਾਊਂਡੇਸ਼ਨ (ਡੀ ਐਮ ਐਫ) ਦੀ ਮੀਟਿੰਗ ਹੋਈ, ਜਿਸ ਦੌਰਾਨ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਕੀਤੇ ਜਾ ਰਹੇ ਉਪਰਾਲਿਆਂ, ਮਾਈਨਿੰਗ ਸਾਈਟਾਂ ਦੀ ਵਾਤਾਵਰਣ ਨਿਗਰਾਨੀ ਅਤੇ ਵੱਖ-ਵੱਖ ਵਿਕਾਸ ਕਾਰਜਾਂ ਲਈ ਡੀ ਐਮ ਐਫ ਫੰਡ ਦੀ ਵਰਤੋਂ ਸਬੰਧੀ ਏਜੰਡੇ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਗੈਰ-ਕਾਨੂੰਨੀ ਮਾਈਨਿੰਗ ਦੀ ਰੋਕਥਾਮ ਲਈ ਵਿਭਾਗੀ ਅਧਿਕਾਰੀਆਂ ਨੂੰ ਨਿਯਮਤ ਚੈਕਿੰਗ ਅਤੇ ਸਖ਼ਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਐਫ ਆਈ ਆਰ ਦਰਜ ਕਰਨ ਦੇ ਨਾਲ-ਨਾਲ ਓਵਰਲੋਡ ਅਤੇ ਨਾਜਾਇਜ਼ ਮਾਈਨਿੰਗ ਵਿੱਚ ਸ਼ਾਮਲ ਵਾਹਨਾਂ ਦੇ ਸੈਕਸ਼ਨ 74-75 ਤਹਿਤ ਚਲਾਨ ਕੀਤੇ ਜਾ ਰਹੇ ਹਨ। ਇਸ ਕਾਰਵਾਈ ਤਹਿਤ 1 ਅਪ੍ਰੈਲ ਤੋਂ 31 ਅਕਤੂਬਰ 2026 ਤੱਕ 21,23,591 ਰੁਪਏ ਦੇ ਚਲਾਨ ਕੀਤੇ ਗਏ ਹਨ। ਅਧਿਕਾਰੀਆਂ ਨੇ ਦੱਸਿਆ ਕਿ 30 ਸਤੰਬਰ 2026 ਤੱਕ ਡੀ ਐਮ ਐਫ ਖਾਤੇ ਵਿੱਚ 1 ਕਰੋੜ 46 ਲੱਖ 23 ਹਜ਼ਾਰ 734 ਰੁਪਏ 74 ਪੈਸੇ ਦੀ ਰਾਸ਼ੀ ਮੌਜੂਦ ਹੈ।



ਹਸਪਤਾਲ ਨੂੰ ਮਾਮੂਲੀ ਸਾਲਾਨਾ ਠੇਕੇ ’ਤੇ ਦੇਣ ਦੇ ਫੈਸਲੇ ’ਤੇ ਉਠਾਏ ਸਵਾਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਅਤੇ ਪੰਜਾਬ ਵਪਾਰ ਤੇ ਸਨਅਤ ਸੈੱਲ ਦੀ ਕੋਰ ਕਮੇਟੀ ਦੇ ਮੈਂਬਰ ਸੰਜੀਵ ਤਲਵਾੜ ਨੇ ਨਵਾਂਸ਼ਹਿਰ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਨਾਂਅ ’ਤੇ ਬਣਨ ਜਾ ਰਹੇ ਮੈਡੀਕਲ ਕਾਲਜ ਅਤੇ ਇਸ ਨਾਲ ਸਬੰਧਤ ਹਸਪਤਾਲ ਨੂੰ ਠੇਕੇ ’ਤੇ ਦੇਣ ਲਈ ਜਾਰੀ ਕੀਤੇ ਗਏ ਟੈਂਡਰ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਸੰਜੀਵ ਤਲਵਾੜ ਨੇ ਕਿਹਾ ਕਿ ਸਰਕਾਰ ਵੱਲੋਂ ਅਖ਼ਬਾਰ ਵਿੱਚ ਜਾਰੀ ਕੀਤੇ ਟੈਂਡਰ ਅਨੁਸਾਰ ਲਗਭਗ 12 ਏਕੜ ਜ਼ਮੀਨ ਨੂੰ 90 ਸਾਲਾਂ ਲਈ ਠੇਕੇ ’ਤੇ ਦੇਣ ਦੀ ਵਿਵਸਥਾ ਕੀਤੀ ਗਈ ਹੈ, ਜਿਸ ਦੀ ਘੱਟੋ-ਘੱਟ ਸਾਲਾਨਾ ਠੇਕਾ ਰਕਮ ਸਿਰਫ਼ ਇੱਕ ਲੱਖ ਰੁਪਏ ਰੱਖੀ ਗਈ ਹੈ। ਇਹ ਰਕਮ ਜ਼ਮੀਨ ਦੀ ਅਸਲ ਕੀਮਤ ਅਤੇ ਉਸ ਦੀ ਮਹੱਤਤਾ ਦੇ ਮੁਕਾਬਲੇ ਬੇਹੱਦ ਘੱਟ ਜਾਪਦੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਵੀ ਵੱਡਾ ਸਵਾਲ ਹਸਪਤਾਲ ਦੀ ਇਮਾਰਤ ਅਤੇ ਇਸ ਵਿੱਚ ਮੌਜੂਦ ਸਹੂਲਤਾਂ ਨੂੰ ਲੈ ਕੇ ਖੜ੍ਹਾ ਹੁੰਦਾ ਹੈ। ਹਸਪਤਾਲ ਵਿੱਚ ਲਗਭਗ 1 ਲੱਖ 40 ਹਜ਼ਾਰ ਵਰਗ ਫੁੱਟ ਦਾ ਨਿਰਮਾਣ ਹੈ। ਇਸ ਵਿੱਚੋਂ 40 ਹਜ਼ਾਰ ਵਰਗ ਫੁੱਟ ਦਾ ਨਵਾਂ ਨਿਰਮਾਣ ਹਾਲ ਹੀ ਵਿੱਚ ਲਗਭਗ 12 ਕਰੋੜ 40 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਗਿਆ ਹੈ, ਜਦਕਿ ਲਗਭਗ ਇੱਕ ਲੱਖ ਵਰਗ ਫੁੱਟ ਦਾ ਨਿਰਮਾਣ ਸਾਲ 2014 ਵਿੱਚ ਹੋਇਆ ਸੀ, ਜਿਸ ਦੀ



ਮੌਜੂਦਾ ਅਨੁਮਾਨਿਤ ਕੀਮਤ ਵੀ ਲਗਭਗ 50 ਕਰੋੜ ਰੁਪਏ ਦੇ ਕਰੀਬ ਬਣਦੀ ਹੈ। ਉਨ੍ਹਾਂ ਅਨੁਸਾਰ ਹਸਪਤਾਲ ਵਿੱਚ 100 ਬੈੱਡਾਂ ਦਾ ਅਲਾਟਮੈਂਟ ਹੋਣ ਦੇ ਬਾਵਜੂਦ 170 ਬੈੱਡ ਕਾਰਜਸ਼ੀਲ ਹਨ। ਇਸ ਤੋਂ ਇਲਾਵਾ ਨਵੀਂ ਇਮਾਰਤ ਵਿੱਚ ਕ੍ਰਿਟੀਕਲ ਕੇਅਰ ਸਹੂਲਤਾਂ ਵੀ ਤਿਆਰ ਕੀਤੀਆਂ ਗਈਆਂ ਹਨ। ਹੈਰਾਨੀ ਦੀ ਗੱਲ ਹੈ ਕਿ ਇੰਨੀ ਵੱਡੀ ਜਾਇਦਾਦ ਅਤੇ ਸਿਹਤ ਸਹੂਲਤਾਂ ਨੂੰ ਠੇਕੇ ’ਤੇ ਦੇਣ ਲਈ ਜਾਰੀ ਟੈਂਡਰ ਵਿੱਚ ਘੱਟੋ-ਘੱਟ ਸਾਲਾਨਾ ਠੇਕਾ ਰਕਮ ਸਿਰਫ਼ ਤਿੰਨ ਲੱਖ ਰੁਪਏ ਰੱਖੀ ਗਈ ਹੈ। ਸੰਜੀਵ ਤਲਵਾੜ ਨੇ ਸਵਾਲ ਉਠਾਇਆ ਕਿ ਜਦੋਂ ਇਸ ਜਾਇਦਾਦ ਦੇ ਨਿਰਮਾਣ ’ਤੇ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ ਤਾਂ ਇਸ ਨੂੰ ਸਾਲਾਨਾ ਮਾਮੂਲੀ ਰਕਮ ’ਤੇ ਠੇਕੇ ’ਤੇ ਦੇਣ ਦਾ ਆਧਾਰ ਕੀ ਹੈ? ਉਨ੍ਹਾਂ ਕਿਹਾ ਕਿ ਜਾਣਕਾਰੀ ਅਨੁਸਾਰ ਇੰਡੋਜ਼ ਨਾਮ ਦੀ ਕੰਪਨੀ ਨੂੰ ਇਹ ਠੇਕਾ ਦਿੱਤਾ ਜਾ ਚੁੱਕਾ ਹੈ, ਪਰ ਜਨਤਾ ਨੂੰ ਇਹ ਜਾਣਕਾਰੀ ਨਹੀਂ ਦਿੱਤੀ ਗਈ ਕਿ ਕੰਪਨੀ ਵੱਲੋਂ ਘੱਟੋ-ਘੱਟ ਨਿਰਧਾਰਤ ਬੋਲੀ ਤੋਂ ਕਿੰਨੀ ਵੱਧ ਰਕਮ ਦੀ ਪੇਸ਼ਕਸ਼ ਕੀਤੀ ਗਈ ਅਤੇ ਟੈਂਡਰ ਦੀ ਪੂਰੀ ਪ੍ਰਕਿਰਿਆ ਕਿਹੜੇ ਮਾਪਦੰਡਾਂ ਦੇ ਆਧਾਰ ’ਤੇ ਨੇਪਰੇ ਚਾੜ੍ਹੀ ਗਈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਟੈਂਡਰ ਦੀਆਂ ਸਾਰੀਆਂ ਸ਼ਰਤਾਂ, ਪ੍ਰਾਪਤ ਹੋਈਆਂ ਬੋਲੀਆਂ, ਕੰਪਨੀ ਵੱਲੋਂ ਦਿੱਤੀ ਗਈ ਅੰਤਿਮ ਰਕਮ, ਠੇਕੇ ਦੀਆਂ ਸ਼ਰਤਾਂ ਅਤੇ ਜਾਇਦਾਦ ਦੀ ਕੀਮਤ ਨਾਲ ਸਬੰਧਤ ਪੂਰਾ ਵੇਰਵਾ ਜਨਤਕ ਕਰੇ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਸੱਚਾਈ ਦਾ ਪਤਾ ਲੱਗ ਸਕੇ।ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਸਤਵਿੰਦਰ ਸਿੰਘ ਬਿੱਟੂ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬੰਗਾ ਵੀ ਹਾਜ਼ਰ ਸਨ।

ਰਿਆਤ ਬਾਹਰਾ ਕਾਲਜ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ


ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਰਿਆਤ ਬਾਹਰਾ ਕਾਲਜ ਆਫ਼ ਨਰਸਿੰਗ ਵਿਖੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਤ ਤੋਂ ਬਚਾਉਣਾ, ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਜਾਣਕਾਰੀ ਦੇਣਾ ਅਤੇ ਸਮਾਜ ਵਿੱਚ ਨਸ਼ਾ ਮੁਕਤ ਵਾਤਾਵਰਣ ਸਿਰਜਣ ਲਈ ਪ੍ਰੇਰਿਤ ਕਰਨਾ ਸੀ।ਸੈਮੀਨਾਰ ਦੌਰਾਨ ਸੀ.ਐਚ.ਸੀ ਹਾਰਟਾ ਬਡਲਾ ਤੋਂ ਡਾ. ਉਦਿਤ ਸ਼ਰਮਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਨਸ਼ਾ ਇੱਕ ਗੰਭੀਰ ਸਮਾਜਿਕ ਅਤੇ ਸਿਹਤ ਸਬੰਧੀ ਸਮੱਸਿਆ ਹੈ, ਜੋ ਨਾ ਸਿਰਫ਼ ਨਸ਼ਾ ਕਰਨ ਵਾਲੇ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੀ ਹੈ, ਸਗੋਂ ਉਸ ਦੇ ਪਰਵਾਰ ਅਤੇ ਸਮਾਜ ਉੱਤੇ ਵੀ ਮਾੜਾ ਪ੍ਰਭਾਵ ਪਾਉਂਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖ਼ੁਦ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਵਾਰਕ ਮੈਂਬਰਾਂ, ਦੋਸਤਾਂ ਅਤੇ ਆਲੇ- ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ।ਇਸ ਮੌਕੇ ਕੌਂਸਲਰ ਓਟ ਕਲੀਨਿਕ ਬਲਵੀਰ ਲਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਨਸ਼ਾ ਮੁਕਤੀ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ, ਜਿਵੇਂ ਕਿ ਓਓਏਟੀ ਕਲੀਨਿਕਾਂ ਰਾਹੀਂ ਨਸ਼ਾ ਪੀੜਤਾਂ ਦਾ ਮੁਫ਼ਤ



ਇਲਾਜ ਕੀਤਾ ਜਾ ਰਿਹਾ ਹੈ। ਕਾਲਜ ਪ੍ਰਿੰਸੀਪਲ ਮੀਨਾਕਸ਼ੀ ਐਸ ਚਾਂਦ ਨੇ ਕਿਹਾ ਕਿ ਨਰਸਿੰਗ ਦੇ ਵਿਦਿਆਰਥੀ ਸਿਹਤ ਖੇਤਰ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਕਿਹਾ ਕਿ ਭਵਿੱਖ ਦੇ ਸਿਹਤ ਕਰਮੀ ਹੋਣ ਦੇ ਨਾਤੇ ਵਿਦਿਆਰਥੀਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨਾ ਕੇਵਲ ਆਪ ਨਸ਼ਿਆਂ ਤੋਂ ਦੂਰ ਰਹਿਣ, ਬਲਕਿ ਆਪਣੇ ਆਲੇ-ਦੁਆਲੇ ਅਤੇ ਸਮਾਜ ਵਿੱਚ ਜਾ ਕੇ ਲੋਕਾਂ ਨੂੰ ਵੀ ਇਸ ਵਿਰੁੱਧ ਲਾਮਬੰਦ ਕਰਨ।ਅੰਤ ਵਿੱਚ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣ ਅਤੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਸਿਹਤ ਵਿਭਾਗ ਸੀ.ਐਚ.ਸੀ ਹਾਰਟਾ ਬਡਲਾ ਤੋਂ ਸੀ.ਐਚ.ਓ ਪ੍ਰਦੀਪ ਕੁਮਾਰੀ, ਹੈਲਥ ਇੰਸਪੈਕਟਰ ਸਤਪਾਲ, ਸਤਨਾਮ ਸਿੰਘ (ਮੇਲ ਵਰਕਰ), ਏ.ਐਨ.ਐਮ ਅਮ੍ਰਿਤ ਕੌਰ ਤੋਂ ਇਲਾਵਾ ਨਰਸਿੰਗ ਸਕੂਲ ਦੇ ਅਧਿਆਪਕ ਹਾਜ਼ਰ ਸਨ।


ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਭਲਕੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਗੋਪਾਲੀਆਂ ਵਿਖੇ ਗੁਰਦੁਆਰਾ ਬਾਬਾ ਜੋਹ ਚੰਦ ਜੀ ਦੇ ਅਸਥਾਨ ’ਤੇ ਦਲ ਪੰਥ ਸਹੀਦ ਬਾਬਾ ਦੀਪ ਸਿੰਘ ਜੀ ਛਾਉਣੀ ਨਿਹੰਗ ਸਿੰਘ ਤਰਨਾ ਦਲ ਹੈੱਡ ਗੋਪਾਲੀਆ ਵੱਲੋਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਸਿੱਖ ਕੌਮ ਦੇ ਮਹਾਨ ਸ਼ਹੀਦ, ਅਨੋਖੇ ਅਮਰ ਸ਼ਹੀਦ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਿਤ ਸਮਾਗਮ 14 ਨਵੰਬਰ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਕੁਲਵੰਤ ਸਿੰਘ ਗੋਪਾਲੀਆਂ, ਜਥੇਦਾਰ ਬਾਬਾ ਹਰਵਿੰਦਰ ਸਿੰਘ ਰਾਣਾ ਭਬਿਆਣਾ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਕੁਲਵੰਤ ਸਿੰਘ ਗੋਪਾਲੀਆਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ 14 ਨਵੰਬਰ ਨੂੰ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਬਲਜੋਤ ਸਿੰਘ ਕਵੀਸ਼ਰੀ ਜੱਥਾ ਆਦਿ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।



ਵਿਧਾਇਕ ਕੁਲਜੀਤ ਸਿੰਘ ਰੰਧਾਵਾ ਸਨਮਾਨਤ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਪੰਜਾਬ ਵਿਧਾਨ ਸਭਾ ਵਿਖੇ ਹੋਈ ਮੀਟਿੰਗ ਦੌਰਾਨ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੂੰ ਪੰਜਾਬ ਵਿਧਾਨ ਸਭਾ ਦੀ ਪੰਚਾਇਤੀ ਰਾਜ ਇਕਾਈਆਂ ਸੰਬੰਧੀ ਕਮੇਟੀ ਦੇ ਮੈਂਬਰ ਵਜੋਂ ਨਿਭਾਈਆਂ ਸੇਵਾਵਾਂ ਲਈ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਮੇਟੀ ਦੇ ਚੇਅਰਮੈਨ ਤੇ ਐਮ ਐਲ ਏ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਅਤੇ ਹੋਰ ਸਤਿਕਾਰਯੋਗ ਕਮੇਟੀ ਮੈਂਬਰ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਪੰਜਾਬ ਵਿਧਾਨ ਸਭਾ ਦੀ ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ ਸੂਬੇ ਦੀਆਂ ਪੰਚਾਇਤੀ ਰਾਜ ਸੰਸਥਾਵਾਂ ਦੇ ਕੰਮਕਾਜ ਦੀ ਸਮੀਖਿਆ ਕਰਨ ਅਤੇ ਉਨ੍ਹਾਂ ਦੀ ਜਵਾਬਦੇਹੀ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਇਸ ਕਮੇਟੀ ਦੇ ਦਾਇਰੇ ਵਿੱਚ ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪਰਿਸ਼ਦਾਂ ਦੇ ਕੰਮਕਾਜ, ਵਿੱਤੀ ਰਿਕਾਰਡ, ਆਡਿਟ ਰਿਪੋਰਟਾਂ ਅਤੇ ਪੇਂਡੂ ਵਿਕਾਸ ਨਾਲ ਸਬੰਧਤ ਵੱਖ-ਵੱਖ ਪਹਿਲੂ ਸ਼ਾਮਲ ਹਨ। ਕਮੇਟੀ ਦੇ ਮੈਂਬਰ ਵਜੋਂ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਦੇ ਪੇਂਡੂ ਖੇਤਰਾਂ ਨਾਲ ਸਬੰਧਤ ਅਨੇਕਾਂ ਅਹਿਮ ਮੁੱਦਿਆਂ ’ਤੇ ਆਪਣੀ ਆਵਾਜ਼ ਬੁਲੰਦ ਕੀਤੀ। ਇਸ ਦੇ ਨਾਲ ਹੀ ਵਿਧਾਇਕ ਰੰਧਾਵਾ ਨੇ ਹਲਕਾ ਡੇਰਾਬੱਸੀ ਦੇ ਪੇਂਡੂ ਖੇਤਰਾਂ ਨਾਲ ਸਬੰਧਤ ਮੁੱਦਿਆਂ ਨੂੰ ਵੀ ਕਮੇਟੀ ਅਤੇ ਸਬੰਧਤ ਮੰਚਾਂ ’ਤੇ ਉਠਾਇਆ ਅਤੇ ਇਨ੍ਹਾਂ ਦੇ ਹੱਲ ਲਈ ਆਪਣੇ ਸੁਝਾਅ ਪੇਸ਼ ਕੀਤੇ, ਤਾਂ ਜੋ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਬਿਹਤਰ ਢੰਗ ਨਾਲ ਅੱਗੇ ਵਧਾਇਆ ਜਾ ਸਕੇ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮਿਲ ਸਕਣ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਉਨ੍ਹਾਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਉਨ੍ਹਾਂ ਨੂੰ ਪੰਜਾਬ ਵਿਧਾਨ ਸਭਾ ਦੀ ਇਸ ਮਹੱਤਵਪੂਰਨ ਕਮੇਟੀ ਵਿੱਚ ਕੰਮ ਕਰਨ ਦਾ ਮੌਕਾ ਮਿਲਿਆ।



ਡੀ ਸੀ ਨੇ ਜਨਗਣਨਾ-2027 ਸੰਬੰਧੀ ਜਾਗਰੂਕਤਾ ਲਈ ਐੱਲ ਈ ਡੀ ਵੈਨ ਨੂੰ ਕੀਤਾ ਰਵਾਨਾ

ਨਵਾਂ ਸ਼ਹਿਰ (ਮਨੋਜ ਲਾਡੀ)- ਜਨਗਣਨਾ-2027 ਦੇ ਦੂਜੇ ਪੜਾਅ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਪ੍ਰਚਾਰ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਡਿਜੀਟਲ ਐੱਲ ਈ ਡੀ ਵੈਨ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵੈਨ ਅਗਲੇ 10 ਦਿਨਾਂ ਦੌਰਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਜਨਗਣਨਾ ਸਬੰਧੀ ਲੋਕਾਂ ਨੂੰ ਜਾਗਰੂਕ ਕਰੇਗੀ।ਉਨ੍ਹਾਂ ਕਿਹਾ ਕਿ ਵੈਨ ਰਾਹੀਂ 16 ਨਵੰਬਰ ਤੋਂ 30 ਨਵੰਬਰ 2026 ਤੱਕ ਹੋਣ ਵਾਲੀ ਸਵੈ-ਗਣਨਾ ਅਤੇ 1 ਦਸੰਬਰ 2026 ਤੋਂ ਸ਼ੁਰੂ ਹੋਣ ਵਾਲੀ ਜਨਗਣਨਾ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੈਨ ਉੱਤੇ ਜਨਗਣਨਾ ਨਾਲ ਸਬੰਧਤ ਵੱਖ-ਵੱਖ ਜਾਗਰੂਕਤਾ ਸੰਦੇਸ਼ ਪ੍ਰਦਰਸ਼ਿਤ ਕੀਤੇ ਗਏ ਹਨ। ਇਸ ਤੋਂ ਇਲਾਵਾ ਕਿਊ ਆਰ ਕੋਡ ਵੀ ਦਿੱਤੇ ਗਏ ਹਨ, ਜਿਨ੍ਹਾਂ ਰਾਹੀਂ ਨਾਗਰਿਕ ਸਿੱਧੇ ਅਧਿਕਾਰਤ ਨੈਸ਼ਨਲ ਸੈਂਸਸ ਪੋਰਟਲ ਨਾਲ ਜੁੜ ਕੇ ਆਪਣੀ ਜਾਣਕਾਰੀ ਖੁਦ ਦਰਜ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ-2027 ਦੋ ਪੜਾਵਾਂ ਵਿੱਚ ਕਰਵਾਈ ਜਾ ਰਹੀ ਹੈ ਅਤੇ ਪਹਿਲਾ ਪੜਾਅ ਮਕਾਨਾਂ ਦੀ ਸੂਚੀਬੱਧਤਾ ਅਤੇ ਰਿਹਾਇਸ਼ੀ ਜਨਗਣਨਾ ਦਾ ਮੁਕੰਮਲ ਹੋ ਚੁੱਕਾ ਹੈ। ਪੰਜਾਬ ਵਿੱਚ ਦੂਜਾ ਪੜਾਅ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਚੱਲੇਗਾ, ਜਦਕਿ ਇਸ ਦੀ ਰੈਫਰੈਂਸ ਮਿਤੀ 5 ਜਨਵਰੀ 2027 ਰਾਤ 12 ਵਜੇ ਹੋਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ 16 ਤੋਂ 30 ਨਵੰਬਰ ਤੱਕ se.census.gov.in ਪੋਰਟਲ ’ਤੇ ਲਾਗਇਨ ਕਰਕੇ 40 ਸਵਾਲਾਂ ਦੇ ਜਵਾਬਾਂ ਰਾਹੀਂ ਆਪਣੀ ਸਵੈ-ਗਣਨਾ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਸਵੈ-ਗਣਨਾ ਪੋਰਟਲ 30 ਨਵੰਬਰ ਨੂੰ ਬੰਦ ਹੋ ਜਾਵੇਗਾ, ਇਸ ਲਈ ਨਾਗਰਿਕ ਨਿਰਧਾਰਤ ਸਮੇਂ ਅੰਦਰ ਇਸ ਸਹੂਲਤ ਦਾ ਲਾਭ ਉਠਾਉਣ ਅਤੇ ਜਨਗਣਨਾ ਦੇ ਰਾਸ਼ਟਰੀ ਮਹੱਤਵਪੂਰਨ ਕਾਰਜ ਵਿੱਚ ਆਪਣਾ ਸਹਿਯੋਗ ਦੇਣ।



ਮਾਤਾ ਹਰਭਜਨ ਕੌਰ ਮਿਨਹਾਸ ਦੀ ਯਾਦ ’ਚ ਮੈਡੀਕਲ ਤੇ ਅਪ੍ਰੇਸ਼ਨ ਕੈਂਪ ਲਗਾਇਆ

ਆਦਮਪੁਰ, (ਪਰਮਜੀਤ ਸਿੰਘ)- ਲਾਇਨਜ਼ ਕਲੱਬ ਆਦਮਪੁਰ ਦੋਆਬਾ ਵੱਲੋਂ ਆਈਜ਼ ਫ਼ਾਰ ਦ ਵਰਲਡ ਕੈਨੇਡਾ ਅਤੇ ਸੰਤ ਵਤਨ ਸਿੰਘ ਲੰਬੜਦਾਰ ਭਗਵੰਤ ਸਿੰਘ ਮਿਨਹਾਸ ਚੈਰੀਟੇਬਲ ਟਰੱਸਟ ਦੇ




ਸਹਿਯੋਗ ਨਾਲ ਲਾਇਨ ਆਈ ਹਸਪਤਾਲ ਚੈਰੀਟੇਬਲ ਸੋਸਾਇਟੀ ਦੇ ਸਹਿਯੋਗ ਨਾਲ ਸਵਰਗਵਾਸੀ ਹਰਭਜਨ ਕੌਰ ਮਿਨਹਾਸ ਦੀ ਯਾਦ ਵਿੱਚ 49ਵਾਂ ਮੁਫ਼ਤ ਮੈਡੀਕਲ ਚੈੱਕਅਪ ਅਤੇ ਅਪ੍ਰੇਸ਼ਨ ਕੈਂਪ ਸ਼ੁਰੂ ਹੋਇਆ। ਕੈਂਪ ਦਾ ਉਦਘਾਟਨ ਪਰਮਜੀਤ ਕੌਰ ਪਤਨੀ ਕੁਲਜੀਤ ਸਿੰਘ (ਕੈਨੇਡਾ) ਅਤੇ ਉੱਘੇ ਸਮਾਜ ਸੇਵਕ ਜਤਿੰਦਰ ਜੇ ਮਿਨਹਾਸ ਨੇ ਸਾਂਝੇ ਤੌਰ ’ਤੇ ਕੀਤਾ। ਇਸ ਮੌਕੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ। ਜਾਂਚ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਪਾਈ ਗਈ, ਉਨ੍ਹਾਂ ਦੇ ਮੁਫ਼ਤ ਆਪ੍ਰੇਸ਼ਨ ਲਾਇਨ ਆਈ ਹਸਪਤਾਲ ਆਦਮਪੁਰ ਦੋਆਬਾ ਵਿਖੇ ਕੀਤੇ ਜਾਣਗੇ। ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਦਵਾਈਆਂ ਅਤੇ ਹੋਰ ਡਾਕਟਰੀ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਜਤਿੰਦਰ ਜੇ ਮਿਨਹਾਸ ਨੇ ਕਿਹਾ ਕਿ ਕੈਨੇਡਾ ਤੋਂ ਇੱਥੇ ਆ ਕੇ ਹਰ ਸਾਲ ਉਨ੍ਹਾਂ ਵੱਲੋਂ ਆਪਣੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਅੱਖਾਂ ਦੇ ਖੇਤਰ ’ਚ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ। ਲਾਇਨਜ਼ ਆਈਜ਼ ਹਸਪਤਾਲ ਦੇ ਚੇਅਰਮੈਨ ਦਸ਼ਵਿੰਦਰ ਚਾਂਦ ਅਤੇ ਵਾਈਸ ਚੇਅਰਮੈਨ ਅਮਰਜੀਤ ਸਿੰਘ ਭੋਗਪੁਰੀਆ ਨੇ ਦੱਸਿਆ ਕਿ ਇਹ ਸਾਰੇ ਅਪਰੇਸ਼ਨ ਅਲਟਾ ਮਾਡਰਨ ਫੀਕੋ ਵਿਧੀ ਨਾਲ ਕੀਤੇ ਜਾਣਗੇ ਅਤੇ ਹਫਤਾ ਭਰ ਲਗਾਤਾਰ ਸੇਵਾ ਨਿਰੰਤਰ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਇਸ ਸਾਲ ਵੀ ਜ਼ਰੂਰਤਮੰਦਾਂ ਨੂੰ ਟ੍ਰਾਈ ਸਾਈਕਲ ਦਿੱਤੇ ਜਾ ਰਹੇ ਹਨ ਜਿਸ ਲਈ ਲੋੜਵੰਦ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ ।

ਇਸ ਮੌਕੇ ਲਾਇਨ ਰਾਜੇਸ਼ ਅਗਰਵਾਲ (ਪ੍ਰਧਾਨ) ਨੇ ਆਏ ਸਭਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ।ਸਮਾਗਮ ਦੌਰਾਨ ਵਿਜੇ ਕੁਮਾਰ ਚਾਂਦ ਯੂ ਐਸ ਏ, ਚਾਂਦ ਰਾਣੀ ਯੂ ਐਸ ਏ, ਜੈਸਨ ਚਾਂਦ, ਲਾਇਨ ਵਿਕਰਮ ਟੰਡਨ (ਵਾਈਸ ਪ੍ਰੈਜ਼ੀਡੈਂਟ), ਲਾਇਨ ਵਿਨੋਦ ਟੰਡਨ (ਖ਼ਜ਼ਾਨਚੀ), ਲਾਇਨ ਹਰਵਿੰਦਰ ਸਿੰਘ ਪਰਹਾਰ (ਪੀ.ਆਰ.ਓ.), ਲਾਇਨ ਅਮਰ ਸਿੰਘ (ਸੈਕਟਰੀ) ਲਾਇਨ ਕਮਲਜੀਤ ਸਿੰਘ (ਪੀ.ਆਰ.ਓ.), ਲਾਇਨ ਰਾਜ ਕੁਮਾਰ ਪਾਲ, ਲਾਇਨ ਕੁਲਵੀਰ ਸਿੰਘ, ਲਾਇਨ ਸੁਸ਼ੀਲ ਡੋਗਰਾ, ਲਾਇਨ ਗੋਵਿੰਦਰ ਵਰਮਾ, ਲਾਇਨ ਰਜਿੰਦਰ ਵਰਮਾ, ਲਾਇਨ ਐਮ.ਐਲ. ਸ਼ਾਰਦਾ, ਲਾਇਨ ਐਸ.ਐਲ. ਭਾਟੀਆ, ਲਾਇਨ ਰਾਜੇਸ਼ ਕੁਮਾਰ, ਲਾਇਨ ਹਰਿੰਦਰ ਸਿੰਘ ਬਾਂਸਲ, ਲਾਇਨ ਖੜਕ ਸਿੰਘ ਲਾਇਨ ਰਾਕੇਸ਼ ਚੋਡਾ ਅਤੇ ਲਾਇਨ ਮਲਕੀਤ ਸਿੰਘ ਮਿਨਹਾਸ ਭਗਵੰਤ ਸਿੰਘ ਜੌਹਲ ਅਤੇ ਪਰਮਜੀਤ ਸਿੰਘ ਰਾਏਪੁਰ, ਮੈਂਬਰ ਐਸ.ਜੀ.ਪੀ.ਸੀ., ਨਿਰਮਲ ਸਿੰਘ ਬਾਂਸਲ ਅਤੇ ਹੋਰ ਸ਼ਹਿਰ ਤੇ ਇਲਾਕਾ ਵਾਸੀ ਹਾਜ਼ਰ ਸਨ।


ਏ ਪੀ ਜੇ ਪਬਲਿਕ ਸਕੂਲ ਵਿਖੇ ਦੀਵਾਲੀ ਉਤਸ਼ਾਹ ਨਾਲ ਮਨਾਈ

ਚੰਡੀਗੜ੍ਹ (ਸੁਰਜੀਤ ਸੁਮਨ)- ਏ ਪੀ ਜੇ ਪਬਲਿਕ ਸਕੂਲ ਮੁੰਡੀ ਖਰੜ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਕਲਾਤਮਕ ਰੁਚੀ ਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਦੀਵਾ ਸਜਾਵਟ ਗਤੀਵਿਧੀ ਵਿੱਚ ਭਾਗ ਲਿਆ, ਜਦਕਿ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਕਾਗਜ਼ ਦੇ ਲਾਲਟੈਨ ਬਣਾਏ। ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਸੁੰਦਰ ਸਜਾਵਟੀ ਥਾਲੀਆਂ ਤਿਆਰ ਕੀਤੀਆਂ। ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੇਕਾਰ ਸਮੱਗਰੀ ਤੋਂ ਦੀਵਾਲੀ ਦੀ ਸਜਾਵਟੀ ਵਸਤੂਆਂ ਤਿਆਰ ਕਰਕੇ ਮੁੜ ਵਰਤੋਂ ਅਤੇ ਰੀਸਾਈਕਲਿੰਗ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਦਾ ਮੁੱਖ ਆਕਰਸ਼ਣ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕਰਵਾਇਆ ਗਿਆ ਰੰਗੋਲੀ ਮੁਕਾਬਲਾ ਰਿਹਾ, ਜਿਸ ਵਿੱਚ ਪੰਜ-ਪੰਜ ਵਿਦਿਆਰਥੀਆਂ ਦੇ ਸਮੂਹਾਂ ਨੇ ਉਤਸ਼ਾਹ ਨਾਲ ਭਾਗ ਲਿਆ। ਰੰਗ-ਬਿਰੰਗੀਆਂ ਅਤੇ ਮਨਮੋਹਕ ਰੰਗੋਲੀਆਂ ਨੇ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ ਅਤੇ ਟੀਮ ਭਾਵਨਾ ਨੂੰ ਦਰਸਾਇਆ। ਸਕੂਲ ਦੇ ਪ੍ਰਿੰਸੀਪਲ ਜਸਵੀਰ ਚੰਦਰ ਨੇ ਵਿਦਿਆਰਥੀਆਂ ਦੇ ਯਤਨਾਂ ਅਤੇ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ। ਇਹ ਸਮਾਗਮ ਖੁਸ਼ੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਸੰਪੰਨ ਹੋਇਆ।



ਅਮਨਦੀਪ ਕੌਰ ਘੁੰਮਣ ਨੇ ਏ ਡੀ ਸੀ ਵਜੋਂ ਅਹੁਦਾ ਸੰਭਾਲਿਆ

ਦਸੂਹਾ (ਕਰਨੈਲ ਮਾਂਗਟ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਦਸੂਹਾ ਵਿਖੇ ਲੋਕ ਮਿਲਣੀ ਦੌਰਾਨ ਲੋਕਾਂ ਨਾਲ ਕੀਤਾ ਵਾਅਦਾ ਪੂਰਾ ਕਰਦਿਆਂ ਪੰਜਾਬ ਸਰਕਾਰ ਵਲੋਂ ਦਸੂਹਾ ਵਿਖੇ ਏ ਡੀ ਸੀ ਦੀ ਤਾਇਨਾਤੀ ਕਰ ਦਿੱਤੀ ਗਈ ਹੈ ਜਿਸ ਤਹਿਤ 2016 ਬੈਚ ਦੇ ਪੀ ਸੀ ਐਸ ਅਧਿਕਾਰੀ ਅਮਨਦੀਪ ਕੌਰ ਘੁੰਮਣ ਨੇ ਵਧੀਕ ਡਿਪਟੀ ਕਮਿਸ਼ਨਰ ਦਸੂਹਾ ਵਜੋਂ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਦਸੂਹਾ, ਮੁਕੇਰੀਆਂ, ਤਲਵਾੜਾ, ਹਾਜੀਪੁਰ ਅਤੇ ਟਾਂਡਾ ਆਦਿ ਖੇਤਰਾਂ ਦੇ ਵਸਨੀਕਾਂ ਨੂੰ ਪ੍ਰਸ਼ਾਸਨਿਕ ਸੇਵਾਵਾਂ ਲਈ ਹੁਣ ਹੁਸ਼ਿਆਰਪੁਰ ਨਹੀਂ ਜਾਣਾ ਪਿਆ ਕਰੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰੋਜ਼ਾਨਾ ਲੋੜੀਂਦੀਆਂ ਪ੍ਰਸ਼ਾਸਨਿਕ ਸੇਵਾਵਾਂ, ਜਿਨ੍ਹਾਂ ਵਿਚ ਵੱਖ-ਵੱਖ ਤਰ੍ਹਾਂ ਦੇ ਸਰਟੀਫਿਕੇਟ, ਪੈਨਸ਼ਨਾਂ ਆਦਿ ਦੇ ਮਾਮਲੇ, ਫ਼ਸਲਾਂ ਦੀ ਖਰੀਦ, ਮੰਡੀਆਂ ਵਿਚ ਲੋੜੀਂਦੇ ਪ੍ਰਬੰਧ ਅਤੇ ਲੋਕ ਮਸਲੇ ਸ਼ਾਮਲ ਹਨ, ਦਸੂਹਾ ਵਿਖੇ ਹੀ ਵਧੀਕ ਡਿਪਟੀ ਕਮਿਸ਼ਨਰ ਦੇ ਦਫ਼ਤਰ ਵਲੋਂ ਮੁਹੱਈਆ ਕਰਵਾਈਆਂ ਜਾਣਗੀਆਂ।



ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ 21 ਨੂੰ

ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ, ਸ਼ੈਲੀ ਐਲਬਰਟ)- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 21 ਨਵੰਬਰ ਨੂੰ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜਿਸ ਦੀ ਆਰੰਭਤਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮੁਹੱਲਾ ਗੋਬਿੰਦਗੜ੍ਹ ਤੋਂ ਹੋਵੇਗੀ। ਇਸ ਪਵਿੱਤਰ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਿੰਦਰ ਕੌਰ ਦੀ ਮੌਜੂਦਗੀ ਵਿਚ ਚੇਅਰਮੈਨ ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਮੇਅਰ ਵਿਨੀਤ ਧੀਰ ਅਤੇ ਸੀਨੀਅਰ ‘ਆਪ’ ਆਗੂ ਨਿਤਿਨ ਕੋਹਲੀ ਵਲੋਂ ਮੀਟਿੰਗ ਕੀਤੀ ਗਈ।ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਨਗਰ ਕੀਰਤਨ ਦੇ ਰੂਟ ਅਤੇ ਸੰਗਤ ਦੀ ਸਹੂਲਤ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ।ਮੀਟਿੰਗ ਦੌਰਾਨ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਪੁਖ਼ਤਾ ਸੁਰੱਖਿਆ ਪ੍ਰਬੰਧ, ਪਾਰਕਿੰਗ ਅਤੇ ਸੁਚਾਰੂ ਟ੍ਰੈਫਿਕ ਵਿਵਸਥਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ। ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਗਰ ਕੀਰਤਨ ਦੇ ਪੂਰੇ ਰੂਟ ’ਤੇ ਸਾਫ-ਸਫ਼ਾਈ, ਪ੍ਰਮੁੱਖ ਥਾਵਾਂ ਅਤੇ ਚੌਕਾਂ ਦੀ ਸਜਾਵਟ ਅਤੇ ਰੌਸ਼ਨੀ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ ਗਿਆ। ਚੇਅਰਮੈਨ ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਸਾਰੇ ਧਰਮਾਂ ਦਾ ਬਰਾਬਰ ਸਤਿਕਾਰ ਕਰਦੀ ਹੈ ਅਤੇ ਅਜਿਹੇ ਧਾਰਮਿਕ ਸਮਾਗਮ ਪੂਰੀ ਸ਼ਰਧਾ ਨਾਲ ਮਨਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਅਤੇ ਸੰਗਤ ਦੇ ਸਹਿਯੋਗ ਨਾਲ ਨਗਰ ਕੀਰਤਨ ਦੇ ਪ੍ਰਬੰਧ ਬਹੁਤ ਹੀ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੇ ਜਾਣਗੇ। ਮੇਅਰ ਵਿਨੀਤ ਧੀਰ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਪ੍ਰਬੰਧਾਂ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਸੀਨੀਅਰ ‘ਆਪ’ ਆਗੂ ਨਿਤਿਨ ਕੋਹਲੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਨੂੰ ਆਪਸੀ ਭਾਈਚਾਰੇ, ਸਰਬੱਤ ਦੇ ਭਲੇ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਮੌਕੇ ਸਜਾਏ ਜਾ ਰਹੇ ਨਗਰ ਕੀਰਤਨ ਦਾ ਥਾਂ-ਥਾਂ ’ਤੇ ਨਿੱਘਾ ਸਵਾਗਤ ਕੀਤਾ ਜਾਵੇਗਾ। ਇਸ ਮੌਕੇ ਜੁਆਇੰਟ ਕਮਿਸ਼ਨਰ ਨਗਰ ਨਿਗਮ ਸੁਮਨਦੀਪ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।



ਪਰਮਜੀਤ ਮਾਨ ਦਾ ਕਹਾਣੀ-ਸੰਗ੍ਰਹਿ ‘ਸਮੁੰਦਰ ਦਾ ਆਦਮੀ’ ਰਿਲੀਜ਼


ਚੰਡੀਗੜ੍ਹ (ਸੁਰਜੀਤ ਸੁਮਨ)- ਪੰਜਾਬੀ ਗਲਪ ਦੇ ਉੱਘੇ ਲੇਖਕ ਪਰਮਜੀਤ ਮਾਨ ਦਾ ਤਾਜ਼ਾ ਤਰੀਨ ਕਹਾਣੀ ਸੰਗ੍ਰਿਹ ‘ਸਮੁੰਦਰ ਦਾ ਆਦਮੀ’ ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ ਸੈਕਟਰ 38 ਦੇ ਰਾਣੀ ਲਕਸ਼ਮੀ ਬਾਈ ਭਵਨ ਵਿਖੇ ਲੋਕ-ਅਰਪਣ ਕੀਤਾ ਗਿਆ। ਇਸ ਕਹਾਣੀ ਸੰਗ੍ਰਿਹ ਵਿੱਚ ਕੁੱਲ 10 ਕਹਾਣੀਆਂ ਸ਼ਾਮਿਲ ਹਨ, ਜਿਹਨਾਂ ਵਿੱਚ ਸਮੁੰਦਰੀ ਜੀਵਨ ਦੀ ਪੇਸ਼ਕਾਰੀ ਹੋਈ ਹੈ। ਲੋਕ ਅਰਪਣ ਸਮੇਂ ਹੋਈ ਇਕੱਤਰਤਾ ਵਿੱਚ ਬੋਲਦਿਆਂ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕਿਹਾ ਕਿ ਪਰਮਜੀਤ ਮਾਨ ਨੇ ਇਨ੍ਹਾਂ ਕਹਾਣੀਆਂ ਵਿੱਚ ਨਵੀਆਂ ਮਨੋਵਿਗਿਆਨਕ ਪ੍ਰਵਿਰਤੀਆਂ ਨਾਲ ਪੂਰਾ ਇਨਸਾਫ਼ ਕੀਤਾ ਹੈ।

ਉਹਨਾਂ ਕਿਹਾ ਕਿ ਇਹ ਕਹਾਣੀਆਂ ਆਪਣੇ ਵਿਚਾਰਧਾਰਕ ਸੁਨੇਹੇ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਹਨ। ਕਹਾਣੀਕਾਰ ਪਰਮਜੀਤ ਮਾਨ ਨੇ ਕਿਹਾ ਕਿ ਸਮੁੰਦਰ ਅੰਦਰਲੀ ਦੁਨੀਆਂ ਨੇ ਹਮੇਸ਼ਾ ਹੀ ਉਹਨਾਂ ਦੇ ਮਨ ਨੂੰ ਅੰਦਰੋਂ ਛੁਹਿਆ ਹੈ ਤਾਂ ਹੀ ਸਾਰੀ ਲੇਖਣੀ ਉਹਨਾਂ ਸਮੁੰਦਰ ਦੀ ਗਹਿਰਾਈ ਨੂੰ ਹੀ ਸਮਰਪਿਤ ਕੀਤੀ ਹੈ। ਉਹਨਾਂ ਕਿਹਾ ਕਿ ਕਹਾਣੀਆਂ ਦੇ ਸਾਰੇ ਪਾਤਰ ਕਾਲਪਨਿਕ ਹੁੰਦਿਆਂ ਹੋਇਆਂ ਵੀ ਯਥਾਰਥ ਦੇ ਨੇੜੇ ਢੁੱਕਦੇ ਹਨ। ਉੱਘੇ ਸਾਹਿਤਕਾਰ ਜੰਗ ਬਹਾਦਰ ਗੋਇਲ ਨੇ ਆਖਿਆ ਕਿ ਪਰਮਜੀਤ ਮਾਨ ਦੀਆਂ ਕਹਾਣੀਆਂ ਖ਼ੁਦਗਰਜ਼ ਹੋ ਰਹੀ ਮਨੁੱਖੀ ਮਾਨਸਿਕਤਾ ਬਾਰੇ ਗਹਿਰ ਗੰਭੀਰ ਸੰਵਾਦ ਛੇੜਦੀਆਂ ਹਨ। ਡਾ. ਅਵਤਾਰ ਸਿੰਘ ਪਤੰਗ ਦਾ ਕਹਿਣਾ ਸੀ ਕਿ ਇਹਨਾਂ ਕਹਾਣੀਆਂ ਦੇ ਪਾਤਰ ਆਰਥਿਕ, ਸਮਾਜਿਕ ਅਤੇ ਸਭਿਆਚਾਰਕ ਦਸ਼ਾਵਾਂ ਕਾਰਨ ਆਪਣੇ ਹਿੱਸੇ ਦੀ ਜ਼ਿੰਦਗੀ ਨੂੰ ਆਪਣੀ ਮਰਜ਼ੀ ਨਾਲ ਨਾ ਜਿਊ ਸਕਨ ਦੀ ਮਜਬੂਰੀ ਵਜੋਂ ਪਰਗਟ ਹੁੰਦੇ ਹਨ। ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਪਰਮਜੀਤ ਮਾਨ ਆਪਣੇ ਇਸ ਕਹਾਣੀ ਸੰਗ੍ਰਿਹ ਨਾਲ ਪੰਜਾਬੀ ਕਹਾਣੀ ਵਿੱਚ ਵਿਲੱਖਣ ਮੁਹਾਂਦਰੇ ਵਜੋਂ ਉਦੇ ਹੋਇਆ ਹੈ, ਜੋ ਆਪਣੇ ਅਮੀਰ ਅਨੁਭਵ, ਤੀਖਣ ਨੀਝ ਅਤੇ ਕਲਾਤਮਕ ਸਮਰੱਥਾ ਸਹਿਤ ਪੰਜਾਬੀ ਕਹਾਣੀ ਨੂੰ ਨਵੀਂ ਸੇਧ ਦੇ ਰਿਹਾ ਹੈ। ਡਾ. ਦਵਿੰਦਰ ਸਿੰਘ ਬੋਹਾ ਨੇ ਕਿਹਾ ਕਿ ਇਨ੍ਹਾਂ ਕਹਾਣੀਆਂ ਅਨੁਸਾਰ ਮਾਨਵਤਾ ਦਾ ਪੱਖ ਪੂਰਨ ਸਬੰਧੀ ਮਨੁੱਖ ਅੰਦਰਲੀ ਖਾਹਿਸ਼ ਕਦੇ ਵੀ ਪੂਰੀ ਤਰ੍ਹਾਂ ਖ਼ਤਮ ਨਹੀਂ ਹੁੰਦੀ।

ਭੁਪਿੰਦਰ ਸਿੰਘ ਮਲਿਕ ਨੇ ਕਿਹਾ ਕਿ ਸਮੁੰਦਰੀ ਜੀਵਨ ਦੀ ਨਿਵੇਕਲੀ ਪੇਸ਼ਕਾਰੀ ਕਰਕੇ ਲੇਖਕ ਨੇ ਆਪਣੀ ਉਸ ਬੌਧਿਕ ਪ੍ਰਤਿਭਾ ਨੂੰ ਸਾਡੇ ਸਾਹਮਣੇ ਲਿਆਂਦਾ ਹੈ ਜਿਹੜੀ ਮਿਆਰੀ ਸਾਹਿਤ ਸਿਰਜਣਾ ਵਾਸਤੇ ਇੱਕ ਮੀਲ ਪੱਥਰ ਸਾਬਿਤ ਹੁੰਦੀ ਹੈ। ਕਾਬਿਲੇ ਗ਼ੌਰ ਹੈ ਕਿ ਪਰਮਜੀਤ ਮਾਨ ਦੀ ਵਾਰਤਕ ਪੁਸਤਕ ‘ਸਮੁੰਦਰ ਨਾਮਾ’ ਨੂੰ ਪੰਜਾਬੀ ਸਾਹਿਤ ਜਗਤ ਨੇ ਬਹੁਤ ਵਧੀਆ ਹੁੰਗਾਰਾ ਦਿੱਤਾ ਹੈ ਤੇ ਇਸ ਤੋਂ ਇਲਾਵਾ ਉਹਨਾਂ ਨੇ ਕਾਵਿ ਸੰਗ੍ਰਿਹ, ਕਹਾਣੀ ਸੰਗ੍ਰਿਹ, ਅਨੁਵਾਦ ਅਤੇ ਸਫ਼ਰਨਾਮੇ ਰਾਹੀਂ ਆਪਣੀ ਥਾਂ ਪੱਕੀ ਕੀਤੀ ਹੈ ਅਤੇ ਆਪਣੀਆਂ ਲਿਖਤਾਂ ਰਾਹੀਂ ਪੰਜਾਬੀ ਪਾਠਕਾਂ ਅਤੇ ਸਮਾਲੋਚਕਾਂ ਦਾ ਧਿਆਨ ਖਿੱਚਿਆ ਹੈ।



ਪੁਲ ’ਤੇ ਰੇਲਿੰਗ ਨਾ ਲਗਾਈ ਗਈ ਤਾਂ ਧਰਨਾ ਲਗਾਇਆ ਜਾਵੇਗਾ : ਮੱਟੂ



ਮਾਹਿਲਪੁਰ (ਸਫਰੀ)- ਕੰਢੀ ਸ਼ੰਘਰਸ਼ ਕਮੇਟੀ ਪੰਜਾਬ ਦੇ ਕਨਵੀਨਰ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਵਿੱਚ ਇੱਕ ਵਫਦ ਨਹਿਰ ਵਿਭਾਗ ਦੇ ਐੱਸ ਡੀ ਓ ਦਫਤਰ ਸਮੀਰ ਸ਼ਰਮਾ ਜੇ ਈ ਨੂੰ ਬੀਬੀ ਸੁਭਾਸ਼ ਮੱਟੂ, ਕੁਲਵਿੰਦਰ ਸੰਘਾ, ਡਾਕਟਰ ਬਿੱਟੂ ਵਿੱਜ, ਡਾਕਟਰ ਲਖਵਿੰਦਰ ਸਿੰਘ ਲੱਕੀ ਮਿਲਿਆ।

ਗਲਬਾਤ ਵਿੱਚ ਕਨੇਡਾ ਤੋਂ ਜਗਦੀਪ ਸਿੰਘ ਸੰਧੂ ਛੇ ਭੈਣਾਂ ਦਾ ਇਕਲੋਤਾ ਭਰਾ ਘਾਗੋਂ ਗੁਰੂ ਤੋਂ ਮੱਥਾ ਟੇਕ ਕੇ ਵਾਪਸ ਡੋਗਰ ਪੁਰ ਨੂੰ ਆਉਂਦਾ ਹੋਇਆ ਪੁੱਲ ਤੇ ਰੇਲਿੰਗ ਨਾ ਹੋਣ ਕਰਕੇ ਨਹਿਰ ਵਿੱਚ ਡਿੱਗਣ ਨਾਲ ਮੌਤ ਹੋ ਗਈ ਸੀ.ਪੁੱਲ ਤੇ ਨਾ ਰੇਲਿੰਗ, ਨਾ ਸੋਲਰ ਲਾਈਟ ਹੋਣ ਕਰਕੇ ਹਾਦਸੇ ਹੁੰਦੇ ਰਹਿੰਦੇ ਹਨ।ਜੇਕਰ 15 ਦਿਨਾਂ ਵਿੱਚ ਰੇਲਿੰਗ ਨਾ ਲਗਾਈ ਗਈ ਤਾਂ ਨਹਿਰ ਵਿਭਾਗ ਦੇ ਐਸ ਡੀ ਓ ਦਫਤਰ ਗੜ੍ਹਸ਼ੰਕਰ ਧਰਨਾ ਲਗਾਇਆ ਜਾਵੇਗਾ,ਜਿਸ ਦੀ ਜ਼ੁਮੇਵਾਰੀ ਸਰਕਾਰ ਦੀ ਹੋਵੇਗੀ।ਦਰਸ਼ਨ ਸਿੰਘ ਮੱਟੂ ਕੰਢੀ ਸੰਘਰਸ਼ ਕਮੇਟੀ ਵਲੋਂ ਚੇਤੰਨ ਹੋਕੇ ਸੰਘਰਸ਼ਾਂ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਮਜ਼ਦੂਰਾਂ ਨਾਲ ਵਿਤਕਰੇ ਤੇ ਭ੍ਰਿਸ਼ਟਾਚਾਰ ਖਿਲਾਫ਼ ਪੇਂਡੂ ਮਜ਼ਦੂਰ ਖੋਲ੍ਹਣਗੇ ਮੋਰਚਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਨਵੇਂ ਆਏ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਮਹਿਤਪੁਰ ਦੇ ਨਾ ਦਫਤਰ ਦੇ ਸੁਪਰਡੈਂਟ ਜਸਵਿੰਦਰ ਕੌਰ ਨੂੰ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਆਗੂ ਬੀਬੀਆਂ ਬਖਸ਼ੋ ਰਾਣੀ ਕੁਰਸ਼ੈਦਪੁਰ, ਜਸਵਿੰਦਰ ਕੌਰ, ਬਖਸ਼ੋ ਮੰਡਿਆਲਾ, ਰਾਜਵਿੰਦਰ ਕੌਰ ਅਤੇ ਪੇਂਡੂ

● ਨਵੇਂ ਆਏ ਬੀ ਡੀ ਪੀ ਓ ਦੇ ਨਾਂਅ ਦਿੱਤਾ ਮੰਗ ਪੱਤਰ



ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਪਿੰਡਾਂ ਦੇ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਅਤੇ ਦਫ਼ਤਰੀ ਮੁਲਾਜ਼ਮਾਂ ਦੀ ਕਾਰਗੁਜ਼ਾਰੀ ਖਿਲਾਫ਼ ਇੱਕ ਅਹਿਮ ਮੰਗ ਪੱਤਰ ਸੌਂਪਿਆ ਗਿਆ। ਮਜ਼ਦੂਰ ਆਗੂ ਤਰਸੇਮ ਪੀਟਰ ਨੇ ਕਿਹਾ ਕਿ ਦਫ਼ਤਰ ਦੇ ਕੁਝ ਮੁਲਾਜ਼ਮਾਂ ਤੇ ਨਿਯਮਾਂ ਨੂੰ ਛਿੱਕੇ ਟੰਗ ਕੇ ਚੁਣੋ ਅਤੇ ਛੱਡੋ ਦੀ ਨੀਤੀ ਅਪਣਾਉਣ ਅਤੇ ਮਜ਼ਦੂਰਾਂ ਨਾਲ ਸਿੱਧਾ ਪੱਖਪਾਤ ਕਰਨ ਦੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਬੇਰੁਜ਼ਗਾਰਾਂ ਨੂੰ ਲਿਖਤੀ ਰੂਪ ਵਿੱਚ ਕੰਮ ਦੀ ਮੰਗ ਕਰਨ 'ਤੇ ਵੀ ਚੁਣਵੇ ਲੋਕਾਂ ਨੂੰ ਹੀ ਕੰਮ ਦਿੱਤਾ ਜਾ ਰਿਹਾ ਹੈ। ਹੁਣ ਜਦੋਂ ਮੇਟਾਂ ਦੀ ਮੁੜ ਨਵੀਂ ਰਜਿਸਟਰੇਸ਼ਨ ਕੀਤੀ ਜਾ ਰਹੀ ਹੈ ਤਾਂ ਭਰਿਸ਼ਟਾਚਾਰ ਵਿਰੁੱਧ ਆਵਾਜ਼ ਉਠਾਉਣ ਵਾਲੇ ਮੇਟਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਬਲਾਕ ਦਾ ਮੈਹਿਸਪੁਰ ਦੀ ਮੇਟ ਜਸਵਿੰਦਰ ਕੌਰ ਅਤੇ ਮਡਿਆਲਾ ਦੀ ਰਾਜਵਿੰਦਰ ਕੌਰ ਦੀ ਰਜਿਸਟਰੇਸ਼ਨ ਕਰਨ ਤੋਂ ਦਫਤਰ ਵੱਲੋਂ ਇਨਕਾਰ ਕਰ ਦਿੱਤਾ ਗਿਆ। ਕਿਉਂਕਿ ਉਹਨਾਂ ਵੱਲੋਂ ਲੰਬੇ ਸਮੇਂ ਤੋਂ ਪਿੰਡ ਵਿੱਚ ਹੋ ਰਹੇ ਮਨਰੇਗਾ ਦੇ ਭਰਿਸ਼ਟਾਚਾਰ ਵਿਰੁੱਧ ਆਵਾਜ਼ ਉਠਾਈ ਜਾ ਰਹੀ ਸੀ। ਯੂਨੀਅਨ ਦੇ ਆਗੂਆਂ ਨੇ ਵੱਖ-ਵੱਖ ਪਿੰਡਾਂ ਵਿੱਚ ਜੀਅ ਰਾਮ ਜੀ (ਮਨਰੇਗਾ) ਕਾਨੂੰਨ ਤਹਿਤ ਕੰਮ ਕਰਦੇ ਵਰਕਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੁੱਖ ਤੌਰ 'ਤੇ ਐਨ ਐਮ ਐਮ ਐਸ ਮੋਬਾਈਲ ਐਪ 'ਤੇ ਵਰਕਰਾਂ ਦੀ ਹਾਜ਼ਰੀ ਨਾ ਲੱਗਣ ਕਾਰਨ ਗਰੀਬ ਮਜ਼ਦੂਰਾਂ ਦੀ ਦਿਹਾੜੀਆਂ ਮਾਰੀਆਂ ਜਾ ਰਹੀਆਂ ਹਨ। ਪਿੰਡਾਂ ਵਿੱਚ ਕਿਸੇ ਵੀ ਵੱਡੇ ਪ੍ਰੋਜੈਕਟ ਦੇ ਨਾ ਚੱਲਣ ਕਾਰਨ ਕੰਮ ਦੀ ਭਾਰੀ ਕਿੱਲਤ ਪੈਦਾ ਹੋ ਗਈ ਹੈ। ਆਗੂਆਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਸੈਂਕੜੇ ਲੋੜਵੰਦ ਮਜ਼ਦੂਰਾਂ ਵਿੱਚੋਂ ਸਿਰਫ਼ ਕੁਝ ਚੋਣਵੇਂ (ਚਹੇਤਿਆਂ) ਲੋਕਾਂ ਨੂੰ ਹੀ ਕੰਮ ਦਿੱਤਾ ਜਾ ਰਿਹਾ ਹੈ, ਜਦਕਿ ਬਾਕੀ ਵਰਕਰ ਬੇਰੁਜ਼ਗਾਰੀ ਦਾ ਸ਼ਿਕਾਰ ਹੋ ਰਹੇ ਹਨ। ਕਾਨੂੰਨ ਮੁਤਾਬਕ ਕੰਮ ਨਾ ਮਿਲਣ ਦੀ ਸੂਰਤ ਵਿੱਚ ਮਿਲਣ ਵਾਲਾ ਬੇਰੁਜ਼ਗਾਰੀ ਭੱਤਾ ਵੀ ਪ੍ਰਸ਼ਾਸਨ ਵੱਲੋਂ ਦੱਬਿਆ ਹੋਇਆ ਹੈ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਆਵਾਸ ਯੋਜਨਾ ਦੇ ਲਾਭਪਾਤਰੀਆਂ ਨੂੰ ਮਕਾਨ ਬਣਾਉਣ ਲਈ ਮਿਲਣ ਵਾਲੀ ਗ੍ਰਾਂਟ ਵੀ ਲੰਬੇ ਸਮੇਂ ਤੋਂ ਲਟਕ ਰਹੀ ਹੈ।ਯੂਨੀਅਨ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਐਪ ਦੀ ਸਮੱਸਿਆ ਤੁਰੰਤ ਹੱਲ ਨਾ ਕੀਤੀ ਗਈ, ਨਵੇਂ ਪ੍ਰੋਜੈਕਟ ਸ਼ੁਰੂ ਕਰਕੇ ਸਾਰੇ ਮੰਗ ਕਰਤਾਵਾਂ ਨੂੰ ਬਿਨਾਂ ਪੱਖਪਾਤ ਕੰਮ ਨਾ ਦਿੱਤਾ ਗਿਆ, ਮੇਟਾਂ ਦੀ ਹੋ ਰਹੀ ਰਜਿਸਟਰੇਸ਼ਨ ਵਿੱਚ ਪੱਖਪਾਤ ਕੀਤਾ ਗਿਆ ਅਤੇ ਦੋਸ਼ੀ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਨਾ ਹੋਈ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੰਗ ਪੱਤਰ ਦੀਆਂ ਕਾਪੀਆਂ ਡਿਪਟੀ ਕਮਿਸ਼ਨਰ ਜਲੰਧਰ (ਵਿਕਾਸ) ਨੂੰ ਯੋਗ ਕਾਰਵਾਈ ਲਈ ਭੇਜੀਆਂ ਗਈਆਂ।

ਪੰਜਾਬ ਦੀ ਮਾਂ-ਬੋਲੀ ਤੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਸਰਕਾਰ ਠੋਸ ਨੀਤੀ ਬਣਾਏ : ਬੇਗਮਪੁਰਾ ਟਾਈਗਰ ਫੋਰਸ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਦੀ ਬਦਲ ਰਹੀ ਸਮਾਜਿਕ ਅਤੇ ਆਰਥਿਕ ਸਥਿਤੀ, ਵਧ ਰਹੀ ਪ੍ਰਵਾਸੀ ਆਬਾਦੀ, ਪੰਜਾਬੀ ਮਾਂ-ਬੋਲੀ ਦੀ ਘਟ ਰਹੀ ਵਰਤੋਂ ਅਤੇ ਅਪਰਾਧਿਕ ਘਟਨਾਵਾਂ ਨੂੰ ਲੈ ਕੇ ਬੇਗਮਪੁਰਾ ਟਾਈਗਰ ਫੋਰਸ ਨੇ ਗੰਭੀਰ ਚਿੰਤਾ ਪ੍ਰਗਟਾਈ ਹੈ। ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਅਤੇ ਬਲਾਕ ਪ੍ਰਧਾਨ ਬੰਟੀ ਹਰਿਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਆਮ ਸਮਾਜਿਕ ਤਬਦੀਲੀ ਸਮਝ ਕੇ ਨਜ਼ਰਅੰਦਾਜ਼ ਕਰਨਾ ਸੂਬੇ ਦੇ ਭਵਿੱਖ ਲਈ ਠੀਕ ਨਹੀਂ ਹੋਵੇਗਾ। ਆਗੂਆਂ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਦੇਵੀ-ਦੇਵਤਿਆਂ ਅਤੇ ਮਹਾਨ ਰਹਿਬਰਾਂ ਦੀ ਧਰਤੀ ਹੈ, ਜਿਸ ਦੀ ਆਪਣੀ ਵਿਲੱਖਣ ਭਾਸ਼ਾ, ਸੱਭਿਆਚਾਰ ਅਤੇ ਇਤਿਹਾਸਕ ਪਛਾਣ ਹੈ। ਇਸ ਪਛਾਣ ਨੂੰ ਕਾਇਮ ਰੱਖਣਾ ਹਰ ਪੰਜਾਬ ਵਾਸੀ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਪੰਜਾਬ ਦੇ ਕਈ ਇਲਾਕਿਆਂ ਵਿੱਚ ਪੰਜਾਬੀ ਦੀ ਥਾਂ ਹਿੰਦੀ ਦੀ ਵਧਦੀ ਵਰਤੋਂ ਨੂੰ ਚਿੰਤਾਜਨਕ ਦੱਸਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਦਫ਼ਤਰਾਂ, ਵਿੱਦਿਅਕ ਸੰਸਥਾਵਾਂ, ਵਪਾਰਕ ਅਦਾਰਿਆਂ ਅਤੇ ਜਨਤਕ ਸਥਾਨਾਂ ਉੱਤੇ ਪੰਜਾਬੀ ਨੂੰ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਠੋਸ ਕਦਮ ਚੁੱਕੇ ਜਾਣ।ਉਨ੍ਹਾਂ ਕਿਹਾ ਕਿ ਪੰਜਾਬ ਦਾ ਪੜ੍ਹਿਆ-ਲਿਖਿਆ ਅਤੇ ਹੁਨਰਮੰਦ ਨੌਜਵਾਨ ਰੁਜ਼ਗਾਰ ਦੇ ਢੁੱਕਵੇਂ ਮੌਕੇ ਨਾ ਮਿਲਣ ਕਾਰਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੈ।



ਇਹ ਸਿਰਫ਼ ਬੇਰੁਜ਼ਗਾਰੀ ਨਹੀਂ, ਸਗੋਂ ਸੂਬੇ ਦੀ ਆਰਥਿਕਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜਿਆ ਗੰਭੀਰ ਮਸਲਾ ਹੈ। ਸਰਕਾਰ ਨੂੰ ਪੰਜਾਬ ਵਿੱਚ ਹੀ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨੇ ਚਾਹੀਦੇ ਹਨ, ਤਾਂ ਜੋ ਨੌਜਵਾਨ ਆਪਣੀ ਧਰਤੀ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਣ।

'ਆਪਣੀ ਵੋਟ ਨੂੰ ਜਾਣੋ' ਵਿਸ਼ੇ 'ਤੇ ਯੁਵਾ ਸੰਵਾਦ ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੀ ਐੱਨ ਐੱਸ ਐੱਸ ਇਕਾਈ ਨੇ 'ਮਾਈ ਭਾਰਤ' ਦਫ਼ਤਰ ਜਲੰਧਰ ਦੇ ਸਹਿਯੋਗ ਨਾਲ ਕਾਲਜ ਕੈਂਪਸ ਵਿੱਚ 'ਆਪਣੀ ਵੋਟ ਨੂੰ ਜਾਣੋ' ਵਿਸ਼ੇ 'ਤੇ ਇੱਕ 'ਯੁਵਾ ਸੰਵਾਦ' ਦਾ ਆਯੋਜਨ ਕੀਤਾ। ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਪ੍ਰਿੰਸੀਪਲ ਡਾ. ਜਸਪਾਲ ਸਿੰਘ ਸੰਧੂ ਨੇ ਆਪਣੇ ਸੰਬੋਧਨ ਵਿੱਚ ਯੋਗ ਨੌਜਵਾਨਾਂ ਨੂੰ ਵੋਟਰ ਕਾਰਡ ਲਈ ਰਜਿਸਟਰ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੌਜਵਾਨਾਂ ਨੂੰ ਸਲਾਹ ਦਿੱਤੀ ਕਿ ਉਹ ਧਰਮ, ਜਾਤ ਜਾਂ ਪਛਾਣ ਦੇ ਆਧਾਰ 'ਤੇ ਬਿਨਾਂ ਕਿਸੇ ਵਿਤਕਰੇ ਦੇ ਆਪਣੀ ਵੋਟ ਦਾ ਇਸਤੇਮਾਲ ਕਰਨ।



ਉਨ੍ਹਾਂ ਕਿਹਾ ਕਿ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਪੂਰਾ ਕਰਨ ਲਈ ਸਹੀ ਉਮੀਦਵਾਰ ਦੀ ਚੋਣ ਕਰਨਾ ਯੋਗ ਵੋਟਰਾਂ ਦਾ ਫਰਜ਼ ਹੈ। ਜ਼ਿਲ੍ਹਾ ਯੁਵਾ ਅਧਿਕਾਰੀ (ਜਲੰਧਰ) ਨੇਹਾ ਸ਼ਰਮਾ ਨੇ 'ਮਾਈ ਭਾਰਤ' ਪੋਰਟਲ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਐੱਨ ਐੱਸ ਐੱਸ ਦੇ ਮੁੱਖ ਪ੍ਰੋਗਰਾਮ ਅਧਿਕਾਰੀ ਪ੍ਰੋ. ਸਤਪਾਲ ਸਿੰਘ ਨੇ ਪ੍ਰੋਗਰਾਮ ਦੀ ਮਹੱਤਤਾ ਬਾਰੇ ਸੰਖੇਪ ਵਿੱਚ ਦੱਸਿਆ। ਇਸ ਦੌਰਾਨ ਰਾਸ਼ਟਰੀ ਏਕਤਾ ਸਬੰਧੀ ਸਹੁੰ ਵੀ ਚੁੱਕੀ ਗਈ। ਉਨ੍ਹਾਂ ਦੱਸਿਆ ਕਿ ਕਾਲਜ ਦੇ 27 ਐੱਨ ਐੱਸ ਐੱਸ ਵਲੰਟੀਅਰਾਂ ਨੇ ਗੁਜਰਾਤ ਦੇ ਏਕਤਾ ਨਗਰ ਵਿਖੇ ਹੋਈ 'ਰਾਸ਼ਟਰੀ ਏਕਤਾ ਪਰੇਡ' ਵਿੱਚ ਹਿੱਸਾ ਲਿਆ ਅਤੇ ਸਰਦਾਰ ਵੱਲਭ ਭਾਈ ਪਟੇਲ ਦੀ ਜਯੰਤੀ ਦੇ ਮੌਕੇ 'ਤੇ ਤਿੰਨ ਝਾਕੀਆਂ ਵਿੱਚ ਪੇਸ਼ਕਾਰੀਆਂ ਦਿੱਤੀਆਂ। ਇਸ ਤੋਂ ਬਾਅਦ, ਯੁਵਾ ਮਾਮਲਿਆਂ ਦੇ ਮੰਤਰਾਲੇ ਦੁਆਰਾ ਨਾਮਜ਼ਦ 'ਯੂਥ ਆਈਕਨ' ਮਿਸ ਸਾਕਸ਼ੀ ਸ਼ਰਮਾ ਨੇ 'ਆਪਣੀ ਵੋਟ ਨੂੰ ਜਾਣੋ' ਵਿਸ਼ੇ 'ਤੇ ਇੱਕ ਵਿਸਤ੍ਰਿਤ ਪੇਸ਼ਕਾਰੀ ਦਿੱਤੀ।

ਬਾਅਦ ਵਿੱਚ ਗੁਜਰਾਤ ਵਿਖੇ ਰਾਸ਼ਟਰੀ ਏਕਤਾ ਪਰੇਡ ਵਿੱਚ ਹਿੱਸਾ ਲੈਣ ਵਾਲੇ ਐਨ ਐਸ ਐਸ ਵਲੰਟੀਅਰਾਂ ਨੂੰ ਮੰਚ 'ਤੇ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਪ੍ਰਬੰਧਨ ਡਾ. ਰੰਜੂ ਮਹਾਜਨ, ਡਾ. ਹਰਸ਼ਵੀਰ ਅਰੋੜਾ, ਡਾ. ਨਵਨੀਤ ਕੌਰ ਤੇ ਕੁਲਵਿੰਦਰ ਕੁਮਾਰ ਦੁਆਰਾ ਕੀਤਾ ਗਿਆ।

ਛਠ ਪੂਜਾ ਸਥਾਨਾਂ 'ਤੇ ਸਫ਼ਾਈ ਮੁਹਿੰਮ ਚਲਾਈ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਛਠ ਪੂਜਾ ਦੇ ਤਿਉਹਾਰ ਦੇ ਮੱਦੇਨਜ਼ਰ ਜ਼ਿਲ੍ਹਾ ਤੇ ਨਗਰ ਨਿਗਮ ਪ੍ਰਸ਼ਾਸਨ ਵੱਲੋਂ ਫਗਵਾੜਾ ਹਲਕੇ ਦੇ ਅਰਬਨ ਅਸਟੇਟ ਅਤੇ ਗੋਬਿੰਦਪੁਰਾ ਵਿਖੇ ਸਥਿਤ ਨਿਰਧਾਰਤ ਛਠ ਪੂਜਾ ਸਥਾਨਾਂ 'ਤੇ ਸਫ਼ਾਈ ਮੁਹਿੰਮ ਚਲਾਈ ਗਈ, ਤਾਂ ਜੋ ਸ਼ਰਧਾਲੂਆਂ ਲਈ ਸਾਫ਼-ਸੁਥਰਾ, ਸੁਰੱਖਿਅਤ ਅਤੇ ਸੁਚੱਜਾ ਮਾਹੌਲ ਯਕੀਨੀ ਬਣਾਇਆ ਜਾ ਸਕੇ।ਇਹ ਸਫ਼ਾਈ ਮੁਹਿੰਮ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਚਲਾਈ ਗਈ। ਡਾ. ਚੱਬੇਵਾਲ ਵੱਲੋਂ ਮੰਗਲਵਾਰ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਛਠ ਪੂਜਾ ਦੇ ਤਿਉਹਾਰ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ ਸੀ। ਏ ਡੀ ਸੀ ਫਗਵਾੜਾ-ਕਮ-ਕਮਿਸ਼ਨਰ ਨਗਰ ਨਿਗਮ ਰਣਦੀਪ ਸਿੰਘ ਹੀਰ ਨੇ ਐੱਸ ਡੀ ਐੱਮ ਡਾ. ਨਵਜੋਤ ਸ਼ਰਮਾ ਅਤੇ ਡੀ ਐੱਸ ਪੀ ਪਲਵਿੰਦਰ ਸਿੰਘ ਦੇ ਨਾਲ ਦੋਵੇਂ ਸਥਾਨਾਂ ਦਾ ਦੌਰਾ ਕਰਕੇ ਚੱਲ ਰਹੇ ਸਫ਼ਾਈ ਕਾਰਜਾਂ ਅਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ।ਨਗਰ ਨਿਗਮ ਪ੍ਰਸ਼ਾਸਨ ਦੇ ਅਧਿਕਾਰੀਆਂ ਸਮੇਤ ਉਨ੍ਹਾਂ ਵੱਲੋਂ ਛਠ ਪੂਜਾ ਦੇ ਪ੍ਰਬੰਧਕਾਂ ਅਤੇ ਸਥਾਨਕ ਵਸਨੀਕਾਂ ਨਾਲ ਗੱਲਬਾਤ ਕਰਕੇ ਧਾਰਮਿਕ ਸਮਾਗਮ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਉਨ੍ਹਾਂ ਵੱਲੋਂ ਦੋਵੇਂ ਸਥਾਨਾਂ 'ਤੇ ਟ੍ਰੈਫਿਕ ਅਤੇ ਸੁਰੱਖਿਆ ਸਮੇਤ ਵੱਖ-ਵੱਖ ਲੋੜੀਂਦੇ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ ਤੇ ਸ਼ਰਧਾਲੂਆਂ ਵੱਲੋਂ ਸੁਰੱਖਿਅਤ, ਸਾਫ਼-ਸੁਥਰੇ ਅਤੇ ਸੁਚੱਜੇ ਮਾਹੌਲ ਵਿੱਚ ਪੂਜਾ ਅਰਚਨਾ ਕੀਤੇ ਜਾਣ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਕਦਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਬੰਧਤ ਅਧਿਕਾਰੀਆਂ ਨੂੰ ਤਿਉਹਾਰ ਤੋਂ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਗਏ।ਉਨ੍ਹਾਂ ਦੁਹਰਾਇਆ ਕਿ ਛਠ ਪੂਜਾ ਦੇ 15 ਅਤੇ 16 ਨਵੰਬਰ ਨੂੰ ਹੋਣ ਵਾਲੇ ਸਮਾਗਮਾਂ ਤੋਂ ਪਹਿਲਾਂ ਸਫ਼ਾਈ ਅਤੇ ਹੋਰ ਸਾਰੀਆਂ ਲੋੜੀਂਦੀਆਂ ਨਾਗਰਿਕ ਸਹੂਲਤਾਂ ਸਮੇਤ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ।



ਖੇਡ ਗਤੀਵਿਧੀਆਂ ਰਾਹੀਂ ਨਸ਼ਾ ਵਿਰੋਧੀ ਮੁਹਿੰਮ ਨੂੰ ਹੁਲਾਰਾ

ਆਦਮਪੁਰ (ਪਰਮਜੀਤ ਸਿੰਘ)- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਉਤਸ਼ਾਹਤ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਖਾਸ ਕਰ ਜ਼ਿਲ੍ਹੇ ਦੇ ਡਰੱਗ ਹਾਟਸਪਾਟ ਖੇਤਰਾਂ ਵਿੱਚ ਖੇਡ ਗਤੀਵਿਧੀਆਂ ਨੂੰ ਹੁਲਾਰਾ ਦਿੱਤਾ ਜਾ ਰਿਹਾ ਹੈ।

ਐਸ.ਡੀ.ਐਮ. ਆਦਮਪੁਰ ਲਾਲ ਵਿਸ਼ਵਾਸ ਬੈਂਸ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਅਤੇ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਬਚਾਉਣ ਦਾ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸਬ ਡਵੀਜ਼ਨ ਦੇ ਡਰੱਗ ਹਾਟਸਪਾਟ ਖੇਤਰਾਂ ਵਿੱਚ ਨੌਜਵਾਨਾਂ ਨੂੰ ਖੇਡ ਸਮੱਗਰੀ ਦੀ ਵੰਡ ਕੀਤੀ ਗਈ ਹੈ ਤਾਂ ਜੋ ਉਨ੍ਹਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਇਸੇ ਮੰਤਵ ਨਾਲ ਸਕੂਲ ਆਫ਼ ਐਮੀਨੈਂਸ, ਆਦਮਪੁਰ ਦਾ ਖੇਡ ਮੈਦਾਨ ਉਨ੍ਹਾਂ ਨੌਜਵਾਨਾਂ ਲਈ ਖੋਲ੍ਹ ਦਿੱਤਾ ਗਿਆ ਹੈ, ਜੋ ਨਸ਼ੇ ਛੱਡ ਕੇ ਸਰੀਰਿਕ ਤੇ ਮਾਨਸਿਕ ਤੰਦਰੁਸਤੀ ਲਈ ਖੇਡਾਂ ਨਾਲ ਜੁੜਨਾ ਚਾਹੁੰਦੇ ਹਨ। ਉਨ੍ਹਾਂ ਦੱਸਿਆ ਕਿ ਆਦਮਪੁਰ ਦੇ ਡਰੱਗ ਹਾਟਸਪਾਟ ਇਲਾਕਿਆਂ ਵਿੱਚ ਪਬਲਿਕ ਲਾਈਟਿੰਗ ਸਬੰਧੀ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਗਿਆ ਹੈ, ਤਾਂ ਜੋ ਉਨ੍ਹਾਂ ਹਨੇਰੇ ਇਲਾਕਿਆਂ ਨੂੰ ਰੌਸ਼ਨ ਕੀਤਾ ਜਾ ਸਕੇ, ਜਿਥੇ ਨਸ਼ਿਆਂ ਦੀ ਦੁਰਵਰਤੋਂ ਦੀ ਸੰਭਾਵਨਾ ਹੋ ਸਕਦੀ ਹੈ। ਇਸ ਤੋਂ ਇਲਾਵਾ ਰੋਜ਼ਗਾਰ ਉਤਪਤੀ ਅਤੇ ਹੁਨਰ ਸਿਖ਼ਲਾਈ ਵਿਭਾਗ ਨਾਲ ਵੀ ਤਾਲਮੇਲ ਕੀਤਾ ਗਿਆ।ਐਸ.ਡੀ.ਐਮ. ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੋਜ਼ਗਾਰ ਨਾਲ ਜੋੜ ਕੇ ਹੀ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ।



ਉਨ੍ਹਾਂ ਇਲਾਕਾ ਨਿਵਾਸੀਆਂ, ਮਾਪਿਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ ਅਤੇ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕਰਨ।

ਘੁੰਮਣ ਹਲਕਾ ਬਲਾਚੌਰ ਦੇ ਸੰਗਠਨ ਇੰਚਾਰਜ ਨਿਯੁਕਤ

ਪੋਜੇਵਾਲ (ਰਾਮ ਲਾਲ)- ਆਮ ਆਦਮੀ ਪਾਰਟੀ ਵੱਲੋਂ ਪਿੰਡ ਬੀੜ ਪਾਠਗੜ੍ਹ ਦੇ ਮੌਜੂਦਾ ਸਰਪੰਚ ਜਸਵੀਰ ਸਿੰਘ ਘੁੰਮਣ ਨੂੰ ਵਿਧਾਨ ਸਭਾ ਹਲਕਾ ਬਲਾਚੌਰ ਦਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜਸਵੀਰ ਸਿੰਘ ਘੁੰਮਣ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਜਸਵੀਰ ਸਿੰਘ ਘੁੰਮਣ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਇਸ ਨਵੀਂ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਕਾਇਮ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਹਲਕਾ ਬਲਾਚੌਰ ਵਿੱਚ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਪਾਰਟੀ ਵਰਕਰਾਂ ਨਾਲ ਤਾਲਮੇਲ ਬਣਾਇਆ ਜਾਵੇਗਾ। ਇਸ ਦੇ ਨਾਲ ਹੀ ਪੁਰਾਣੇ ਅਤੇ ਨਵੇਂ ਵਰਕਰਾਂ ਨੂੰ ਨਾਲ ਲੈ ਕੇ ਸੰਗਠਨ ਦੀਆਂ ਗਤੀਵਿਧੀਆਂ ਨੂੰ ਹੋਰ ਸਰਗਰਮ ਕੀਤਾ ਜਾਵੇਗਾ। ਜਸਵੀਰ ਸਿੰਘ ਘੁੰਮਣ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਇਕ ਸੰਤੋਸ਼ ਕਟਾਰੀਆ ਅਤੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਹਲਕਾ ਪੱਧਰ 'ਤੇ ਸੰਗਠਨ ਦੀ ਜ਼ਿੰਮੇਵਾਰੀ ਸੌਂਪੀ ਹੈ।




ਖ਼ੂਨਦਾਨ ਕੈਂਪ 'ਚ 77 ਯੂਨਿਟ ਖ਼ੂਨ ਦਾਨ ਕੀਤਾ

ਫਗਵਾੜਾ (ਜਸਵਿੰਦਰ ਢੱਡਾ) ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ (ਰਜਿ) ਫਗਵਾੜਾ ਵਲੋਂ ਪ੍ਰਧਾਨ ਪੰਡਿਤ ਰਾਹੁਲ ਸ਼ਰਮਾ ਦੀ ਅਗਵਾਈ ਵਿੱਚ ਵਿਸ਼ਵਕਰਮਾ ਮੇਲੇ ਦੌਰਾਨ ਬੰਗਾ ਰੋਡ ਵਿਖੇ 14ਵਾਂ ਸਲਾਨਾ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ।ਯੁਵਕ ਸੇਵਾਵਾਂ ਪੰਜਾਬ ਮੇਰਾ ਯੁਵਾ ਭਾਰਤ ਕਪੂਰਥਲਾ ਦੇ ਸਹਿਯੋਗ ਨਾਲ ਆਯੋਜਿਤ ਇਸ ਖ਼ੂਨਦਾਨ ਕੈਂਪ ਦੌਰਾਨ ਸ਼ਰਧਾਲੂਆਂ ਵਲੋਂ ਭਰਪੂਰ ਸਮਰਥਨ ਪ੍ਰਦਾਨ ਕਰਦਿਆਂ 77 ਖ਼ੂਨਦਾਨੀਆਂ ਨੇ ਸਵੈ-ਇੱਛਤ ਖ਼ੂਨਦਾਨ ਕੀਤਾ। ਸਮਾਜ ਸੇਵੀ ਸ਼ਖ਼ਸੀਅਤ ਹਰਜਿੰਦਰ ਸਿੰਘ ਖਾਲਸਾ ਵਲੋਂ ਕੈਂਪ ਦਾ ਉਦਘਾਟਨ ਕਰਦਿਆਂ ਕਿਹਾ ਕਿ ਖ਼ੂਨਦਾਨੀ ਸੱਭਿਅਤ ਸਮਾਜ ਦਾ ਅਸਲੀ ਹੀਰੋ ਹੈ ਜੋ ਜ਼ਿੰਦਗੀ ਪ੍ਰਦਾਨ ਕਰਦਾ ਹੈ ਅਤੇ ਸੁੱਖ ਦੀ ਪ੍ਰਾਪਤੀ ਵਾਲੀ ਇਸ ਸੇਵਾ ਲਈ ਦੂਸਰਿਆਂ ਨੂੰ ਪ੍ਰੇਰਿਤ ਕਰਦਾ ਹੈ। ਸਾਬਕਾ ਪ੍ਰਧਾਨ ਵਿਕਰਮ ਗੁਪਤਾ, ਪੀ ਆਰ ਓ ਨੀਰਜ ਬਖਸ਼ੀ, ਜਨਰਲ ਸਕੱਤਰ ਵਿਤਿਨ ਪੁਰੀ ਤੇ ਨਰੇਸ਼ ਕੋਹਲੀ ਵਲੋਂ ਸ਼ਰਧਾਲੂਆਂ ਨੂੰ ਅਪੀਲ ਅਤੇ ਪ੍ਰੇਰਣਾ ਰਾਹੀਂ ਇਹ ਟੀਚਾ ਪੂਰਾ ਕੀਤਾ ਗਿਆ।ਸਭ ਖ਼ੂਨਦਾਨੀਆਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਹਰਜਿੰਦਰ ਗੋਗਨਾ, ਜਰਨੈਲ ਸਿੰਘ ਨਰੇਸ਼ ਕੋਹਲੀ , ਨੀਰਜ ਬਖਸ਼ੀ, ਜਗਜੀਵਨ ਕੁਮਾਰ, ਪ੍ਰੇਮ ਗੁਪਤਾ, ਡਾ. ਅੰਜੂ ਸ਼ਰਮਾ. ਡਾ. ਗੁਰਪਿੰਦਰ ਕੌਰ ਤੇ ਸਿਵਲ ਹਸਪਤਾਲ ਜਲੰਧਰ ਬਲੱਡ ਸੈਂਟਰ ਦੇ ਟੀਮ ਮੈਂਬਰ ਹਾਜ਼ਰ ਸਨ।



ਰੋਟਰੀ ਆਈ ਬੈਂਕ ਵੱਲੋਂ ਮਰੀਜ਼ਾਂ ਦੀ ਅੱਖਾਂ ਦੀ ਸਰਜਰੀ ਅੱਜ

ਪੋਜੇਵਾਲ (ਰਾਮ ਲਾਲ)- ਰੋਟਰੀ ਆਈ ਬੈਂਕ ਅਤੇ ਕੋਰਨੀਕਲ ਟਰਾਂਸਪਲਾਂਟ ਸੋਸਾਇਟੀ ਦੀ ਮੀਟਿੰਗ ਜਾਣਕਾਰੀ ਦਿੰਦਿਆ ਦਲਜੀਤ ਸਿੰਘ ਬੈਂਸ ਦੱਸਿਆ ਕਿ ਡਾ. ਤਰਸੇਮ ਸਿੰਘ ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਬੀਤੇ ਦਿਨੀ ਬੀਨੇਵਾਲ ਸਰਕਾਰੀ ਹਸਪਤਾਲ ਵਿਖੇ ਲਗਾਏ ਗਏ ਕੈਂਪ ਦੀ ਸਮੀਖਿਆ ਕੀਤੀ ਗਈ । ਜਿਸ ਵਿੱਚ ਸਰਜਰੀ ਤੋਂ ਰਹਿ ਗਏ ਮਰੀਜ਼ਾਂ ਨੂੰ ਫੋਨ ਕਰਕੇ ਦੱਸਿਆ ਗਿਆ ਕਿ 13 ਨਵੰਬਰ ਨੂੰ ਦੁਬਾਰਾ ਰਹਿ ਗਏ ਮਰੀਜ਼ਾਂ ਲਈ ਗੱਡੀ ਸਵੇਰੇ 7 ਵਜੇ ਬੀਨੇਵਾਲ ਹਸਪਤਾਲ ਤੋਂ ਚੱਲੇਗੀ ਤੇ ਸਰਜਰੀ ਕਰਵਾ ਕੇ ਉਹਨਾਂ ਨੂੰ ਵਾਪਸ ਲਿਆਵੇਗੀ।ਇਸ ਮੌਕੇ ਦੇ ਡਾ. ਲਖਵਿੰਦਰ ਕੁਮਾਰ ਪ੍ਰਧਾਨ ਗੜ੍ਹਸ਼ੰਕਰ ਯੂਨਿਟ, ਓਂਕਾਰ ਸਿੰਘ ਚਾਹਲਪੁਰੀ ਸਕੱਤਰ, ਰਾਜਨ ਮਲਨਾ ਕੈਸ਼ੀਅਰ, ਅਜੇ ਕੁਮਾਰ ਪ੍ਰੈਸ ਸਕੱਤਰ, ਸਮਾਜਸੇਵੀ ਦਲਜੀਤ ਸਿੰਘ ਬੈਂਸ ਮੋਟੀਵੇਟਰ, ਨਰੇਸ਼ ਕੁਮਾਰ ਪਾਠਕ ਮੋਟੀਵੇਟਰ ਹਾਜ਼ਰ ਹੋਏ ।



ਆਰ ਟੀ ਆਈ ਤਹਿਤ ਅਪੀਲਾਂ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ : ਕੌਸ਼ਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਆਰ ਟੀ ਆਈ ਐਕਟਿਵਿਸਟ ਫਰੰਟ ਆਫ ਇੰਡੀਆ (ਰਾਫ਼ੀ) ਦੇ ਸਕੱਤਰ ਜਨਰਲ ਵਿਨੋਦ ਕੌਸ਼ਲ, ਚੇਅਰਮੈਨ ਤਰਸੇਮ ਦੀਵਾਨਾ, ਉੱਪ ਚੇਅਰਮੈਨ ਪੰਜਾਬ ਗੁਰਵਿੰਦਰ ਸਿੰਘ ਪਲਾਹਾ ਅਤੇ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਸੂਚਨਾ ਦੇ ਅਧਿਕਾਰ ਕਾਨੂੰਨ-2005 ਤਹਿਤ ਦਾਇਰ ਪਹਿਲੀਆਂ ਅਪੀਲਾਂ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਕਰਨ ਅਤੇ ਅਪੀਲਕਰਤਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਇਨਸਾਫ਼ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਸੂਚਨਾ ਦਾ ਅਧਿਕਾਰ ਕਾਨੂੰਨ ਆਮ ਨਾਗਰਿਕਾਂ ਨੂੰ ਸਰਕਾਰੀ ਕੰਮਕਾਜ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦਾ ਇੱਕ ਮਹੱਤਵਪੂਰਨ ਅਧਿਕਾਰ ਦਿੰਦਾ ਹੈ। ਇਸ ਕਾਨੂੰਨ ਦਾ ਅਸਲ ਮਕਸਦ ਉਦੋਂ ਹੀ ਪੂਰਾ ਹੋ ਸਕਦਾ ਹੈ, ਜਦੋਂ ਸਰਕਾਰੀ ਵਿਭਾਗਾਂ ਵੱਲੋਂ ਮੰਗੀ ਗਈ ਸੂਚਨਾ ਸਮੇਂ ਸਿਰ ਮੁਹੱਈਆ ਕਰਵਾਈ ਜਾਵੇ ਅਤੇ ਅਪੀਲਾਂ ਦਾ ਨਿਪਟਾਰਾ ਵੀ ਕਾਨੂੰਨੀ ਪ੍ਰਕਿਰਿਆ ਅਨੁਸਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੂਚਨਾ ਦਾ ਅਧਿਕਾਰ ਕਾਨੂੰਨ ਦੀ ਧਾਰਾ 19(6) ਅਨੁਸਾਰ ਪਹਿਲੀ ਅਪੀਲ ਦਾ ਨਿਪਟਾਰਾ ਨਿਰਧਾਰਤ ਸਮਾਂ-ਸੀਮਾ ਅੰਦਰ ਕਰਨਾ ਲਾਜ਼ਮੀ ਹੈ। ਪਹਿਲੀ ਅਪੀਲ ਦਾ ਫੈਸਲਾ ਕਰਦੇ ਸਮੇਂ ਅਪੀਲਕਰਤਾ ਵੱਲੋਂ ਉਠਾਏ ਗਏ ਸਾਰੇ ਅਹਿਮ ਨੁਕਤਿਆਂ ਅਤੇ ਇਤਰਾਜ਼ਾਂ 'ਤੇ ਵਿਚਾਰ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਪੀਲ ਦੇ ਹੁਕਮ ਸਿਰਫ਼ ਰਸਮੀ ਕਾਰਵਾਈ ਤੱਕ ਸੀਮਤ ਨਹੀਂ ਹੋਣੇ ਚਾਹੀਦੇ, ਸਗੋਂ ਉਨ੍ਹਾਂ ਵਿੱਚ ਫੈਸਲੇ ਦੇ ਸਪੱਸ਼ਟ, ਤਰਕਸੰਗਤ ਅਤੇ ਕਾਨੂੰਨੀ ਆਧਾਰ ਵੀ ਦਰਜ ਹੋਣੇ ਚਾਹੀਦੇ ਹਨ। ਆਗੂਆਂ ਨੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਮੰਗੀ ਗਈ ਸੂਚਨਾ ਕਾਨੂੰਨ ਅਧੀਨ ਜਨਤਕ ਕੀਤੀ ਜਾ ਸਕਦੀ ਹੈ ਤਾਂ ਸੰਬੰਧਤ ਰਾਜ ਜਨ ਸੂਚਨਾ ਅਧਿਕਾਰੀ ਨੂੰ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਇਹ ਸੂਚਨਾ ਮੁਹੱਈਆ ਕਰਵਾਉਣੀ ਚਾਹੀਦੀ ਹੈ। ਕਿਸੇ ਵੀ ਨਾਗਰਿਕ ਨੂੰ ਆਪਣੀ ਹੀ ਮੰਗੀ ਹੋਈ ਸਰਕਾਰੀ ਜਾਣਕਾਰੀ ਪ੍ਰਾਪਤ ਕਰਨ ਲਈ ਦਫ਼ਤਰਾਂ ਦੇ ਵਾਰ-ਵਾਰ ਚੱਕਰ ਲਗਾਉਣ ਲਈ ਮਜਬੂਰ ਨਹੀਂ ਕੀਤਾ ਜਾਣਾ ਚਾਹੀਦਾ।

ਅਰਵਿੰਦ ਕੁਮਾਰ ਨੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲਿਆ

ਨਵਾਂਸ਼ਹਿਰ (ਮਨੋਜ ਲਾਡੀ)- ਪੰਜਾਬ ਸਿਵਲ ਸਰਵਿਸਿਜ਼ (ਪੀ.ਸੀ.ਐਸ.) ਦੇ 2014 ਬੈਚ ਦੇ ਅਧਿਕਾਰੀ ਅਰਵਿੰਦ ਕੁਮਾਰ ਨੇ ਵੀਰਵਾਰ ਨੂੰ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸ਼ਹੀਦ ਭਗਤ ਸਿੰਘ ਨਗਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਰਾਜ ਸਰਕਾਰ ਵੱਲੋਂ ਹਾਲ ਹੀ ਵਿੱਚ ਉਨ੍ਹਾਂ ਦੀ ਬਦਲੀ ਉਪਰੰਤ ਖਮਾਣੋਂ ਤੋਂ ਸ਼ਹੀਦ ਭਗਤ ਸਿੰਘ ਨਗਰ ਵਿਖੇ ਤਾਇਨਾਤੀ ਕੀਤੀ ਗਈ ਹੈ। ਇਸ ਤੋਂ ਪਹਿਲਾਂ ਉਹ ਖਮਾਣੋਂ (ਫਤਿਹਗੜ੍ਹ ਸਾਹਿਬ) ਵਿਖੇ ਉਪ ਮੰਡਲ ਮੈਜਿਸਟ੍ਰੇਟ ਵਜੋਂ ਸੇਵਾਵਾਂ ਨਿਭਾਅ ਰਹੇ ਸਨ।ਅਹੁਦਾ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਅਰਵਿੰਦ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੀ ਪਹਿਲ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਅਤੇ ਸੁਚਾਰੂ ਢੰਗ ਨਾਲ ਲਾਗੂ ਕਰਵਾਉਣਾ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਉਨ੍ਹਾਂ ਦਾ ਮੁੱਖ ਉਦੇਸ਼ ਰਹੇਗਾ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਆਵਾਜਾਈ, ਵਾਤਾਵਰਣ ਦੀ ਸੰਭਾਲ, ਸਿਹਤ ਸੇਵਾਵਾਂ, ਸਿੱਖਿਆ ਅਤੇ ਬਜ਼ੁਰਗ ਨਾਗਰਿਕਾਂ, ਔਰਤਾਂ ਤੇ ਬੱਚਿਆਂ ਦੀ ਸੁਰੱਖਿਆ ਵਰਗੇ ਅਹਿਮ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਇਸ ਮੌਕੇ ਉਨ੍ਹਾਂ ਆਪਣੇ ਦਫ਼ਤਰ ਦੇ ਸਟਾਫ ਨਾਲ ਮੁਢਲੀ ਮੀਟਿੰਗ ਵੀ ਕੀਤੀ ਅਤੇ ਸਮੂਹ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ।

ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਤੇ ਨੌਜਵਾਨ ਭਾਰਤ ਸਭਾ ਦੀ ਅਗਵਾਈ 'ਚ ਡੈਪੂਟੇਸ਼ਨ ਐੱਸ ਐੱਸ ਪੀ ਨੂੰ ਮਿਲਿਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਇਕ ਡੈਪੂਟੇਸ਼ਨ ਐੱਸ. ਐੱਸ. ਪੀ ਜਲੰਧਰ ਹਰਵਿੰਦਰ ਸਿੰਘ ਵਿਰਕ ਨੂੰ ਮਿਲਿਆ। ਇਹ ਡੈਪੂਟੇਸ਼ਨ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਅਤੇ ਨੌਜਵਾਨ ਭਾਰਤ ਸਭਾ ਦੀ ਅਗਵਾਈ ਵਿੱਚ ਮਿਲਿਆ। ਜਿਸ ਵਿੱਚ ਮੰਗ ਕੀਤੀ ਗਈ ਕਿ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਕੇਸਾਂ ਦੇ ਨਿਪਟਾਰੇ ਲਈ ਜੋ ਕੇਸ ਪੁਲਸ ਦੀ ਮਿਲੀਭੁਗਤ ਕਰਕੇ ਝੂਠੇ ਬਣਾਏ ਗਏ ਹਨ, ਇਹਨਾਂ ਦੀਆਂ ਇਨਕੁਆਰੀਆਂ ਲਗਾਈਆਂ ਗਈਆਂ ਸਨ ਕਿ ਇਹਨਾਂ ਕੇਸਾਂ ਦੀ ਵੈਰੀਫਿਕੇਸ਼ਨ ਕਰਕੇ ਇਹਨਾਂ ਝੂਠੇ ਪਰਚਿਆਂ ਨੂੰ ਰੱਦ ਕੀਤਾ ਜਾਵੇ। ਪਰ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਰਕੇ ਇਹਨਾਂ ਉੱਤੇ ਕੋਈ ਅਮਲ ਨਹੀਂ ਹੋਇਆ। ਇੱਕ ਕੇਸ ਦਾ ਵੇਰਵਾ ਦਿੰਦੇ ਹੋਏ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੰਤੋਖ ਸਿੰਘ ਸੰਧੂ ਨੇ ਪ੍ਰੈੱਸ ਨੂੰ ਦੱਸਿਆ ਕਿ ਰਮੇਸ਼ ਕੁਮਾਰ ਮੁਹੱਲਾ ਰਵਿਦਾਸਪੁਰਾ ਜਿਸ ਉੱਤੇ ਝੂਠਾ ਕੇਸ ਪਾਇਆ ਗਿਆ ਸੀ, ਉਸ ਉੱਤੇ 5-7 ਲੱਠਮਾਰ ਬੰਦਿਆਂ ਨੇ ਹਮਲਾ ਕੀਤਾ, ਉਹ ਦੁਕਾਨ ਵਿੱਚ ਇਕੱਲਾ ਸੀ। ਉਸ ਦੀ ਦੁਕਾਨ ਦੀ ਭੰਨ ਤੋੜ ਕੀਤੀ ਤੇ ਰਮੇਸ਼ ਕੁਮਾਰ ਦੇ ਸੱਟਾਂ ਮਾਰੀਆਂ।ਉਲਟਾ ਪੁਲਸ ਵਲੋਂ ਰਮੇਸ਼ ਕੁਮਾਰ ਉੱਤੇ ਹੀ 23-24 ਦਾ ਕਰਾਸ ਪਰਚਾ ਬਣਾ ਦਿੱਤਾ ਗਿਆ, ਜਿਸ ਦਾ ਬਾਅਦ ਵਿੱਚ ਪਤਾ ਚੱਲਿਆ ਕਿ ਦੋਸ਼ੀ ਧਿਰ ਨੇ ਮਿਲੀਭੁਗਤ ਨਾਲ 326 ਦਾ ਪਰਚਾ ਬਣਾ ਦਿੱਤਾ, ਜਦਕਿ ਰਮੇਸ਼ ਕੁਮਾਰ ਦੇ ਹੱਕ ਵਿੱਚ ਕੋਰਟ ਦਾ ਸਟੇਅ ਸੀ। ਇਨਕੁਆਰੀ ਲੱਗਣ ਅਤੇ ਐੱਸ. ਐੱਸ. ਪੀ ਦੇ ਭਰੋਸੇ ਦੇ ਬਾਵਜੂਦ ਨੂਰਮਹਿਲ ਦੀ ਪੁਲਸ ਨੇ ਰਮੇਸ਼ ਕੁਮਾਰ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਸੁੱਟ ਦਿੱਤਾ। 9 ਅਕਤੂਬਰ ਤੋਂ ਰਮੇਸ਼ ਕੁਮਾਰ ਜੇਲ੍ਹ ਵਿੱਚ ਬੰਦ ਹੈ। 6 ਨਵੰਬਰ ਨੂੰ ਉਸ ਦੀ ਜ਼ਮਾਨਤ ਦੇ ਆਰਡਰ ਹੋਣੇ ਸਨ, ਪਰ ਨੂਰਮਹਿਲ ਪੁਲਸ ਦੇ ਅਧਿਕਾਰੀ ਜਾਣਬੁੱਝ ਕੇ ਰਿਕਾਰਡ ਲੈ ਕੇ ਅਦਾਲਤ ਵਿੱਚ ਨਹੀਂ ਪਹੁੰਚੇ। ਜਦੋਂ ਇਸ ਸੰਬਧੀ ਐੱਸ. ਐੱਚ. ਓ. ਨੂੰ ਪੁੱਛਿਆ ਗਿਆ ਤਾਂ ਉਹਨਾਂ ਕਿਹਾ ਕਿ ਤੁਸੀਂ ਜੋ ਕਰਨਾ ਕਰ ਲਓ। ਅੱਜ ਦੇ ਡੈਪੂਟੇਸ਼ਨ ਰਾਹੀਂ ਜ਼ੋਰਦਾਰ ਮੰਗ ਕੀਤੀ ਗਈ ਹੈ ਕਿ ਜਿੰਨੇ ਵੀ ਝੂਠੇ ਕੇਸ ਜਿਹਨਾਂ ਦੀ ਇਨਕੁਆਰੀ ਲੱਗੀ ਹੋਈ ਹੈ, ਉਹ ਕੇਸ ਫੌਰੀ ਰੱਦ ਕੀਤੇ ਜਾਣ। ਡੈਪੂਟੇਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਹੰਸ ਰਾਜ ਪੱਬਵਾਂ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਤੇਜਦੀਪ ਸ਼ਾਮਲ ਸਨ ।



ਕੰਗਰੋੜ ਨੂੰ ਓ ਬੀ ਸੀ ਸੈੱਲ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਹੋਣ 'ਤੇ ਮੰਗੂਪੁਰ ਨੇ ਦਿੱਤੀ ਵਧਾਈ

ਪੋਜੇਵਾਲ (ਰਾਮ ਲਾਲ)- ਹਲਕਾ ਨਵਾਂਸ਼ਹਿਰ ਤੋਂ ਰਾਜਵਿੰਦਰ ਸਿੰਘ ਕੰਗਰੋੜ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਓਬੀਸੀ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਵੱਖ-ਵੱਖ ਆਗੂਆਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਨੇ ਵੀ ਰਾਜਵਿੰਦਰ ਸਿੰਘ ਕੰਗਰੋੜ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ। ਅਜੇ ਮੰਗੂਪੁਰ ਨੇ ਕਿਹਾ ਕਿ ਰਾਜਵਿੰਦਰ ਸਿੰਘ ਕੰਗਰੋੜ ਨੂੰ ਇਹ ਜ਼ਿੰਮੇਵਾਰੀ ਮਿਲਣ 'ਤੇ ਉਨ੍ਹਾਂ ਨੂੰ ਬੇਹੱਦ ਖੁਸ਼ੀ ਹੋਈ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਨ ਵਿਸ਼ਵਾਸ ਹੈ ਕਿ ਰਾਜਵਿੰਦਰ ਸਿੰਘ ਕੰਗਰੋੜ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ ਅਤੇ ਜਥੇਬੰਦੀ ਦੀ ਮਜ਼ਬੂਤੀ ਲਈ ਆਪਣਾ ਯੋਗਦਾਨ ਪਾਉਣਗੇ।




ਵਿਸ਼ਵਕਰਮਾ ਦਿਵਸ ਸ਼ਰਧਾਪੂਰਵਕ ਮਨਾਇਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨੂਰਮਹਿਲ ਵਿੱਚ ਸਥਿਤ ਵਿਸ਼ਵਕਰਮਾ ਮੰਦਰ ਵਿੱਚ ਵਿਸ਼ਵਕਰਮਾ ਦਿਵਸ ਪ੍ਰਬੰਧਕ ਕਮੇਟੀ, ਸ਼ਹਿਰ ਵਾਸੀਆਂ ਤੇ ਇਲਾਕਾ ਵਾਸੀਆਂ ਵੱਲੋਂ ਬੜੀ ਸ਼ਰਧਾਪੂਰਵਕ ਮਨਾਇਆ ਗਿਆ । ਸ਼ਰਧਾਲੂਆਂ ਨੇ ਮੰਦਰ ਵਿੱਚ ਮੱਥਾ ਟੇਕਿਆ ।ਰਾਗੀ ਜਥਿਆਂ ਨੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ । ਇਸ ਮੌਕੇ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਤੇ ਹਲਕਾ ਨਕੋਦਰ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੇਵਾਦਾਰ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਮਾਨ ਉਚੇਚੇ ਤੌਰ 'ਤੇ ਪਹੁੰਚੇ। ਹਲਕਾ ਨਕੋਦਰ ਦੇ ਇੰਚਾਰਜ ਡਾ. ਨਵਜੋਤ ਸਿੰਘ ਦਹੀਆ ਨੇ ਬਾਬਾ ਵਿਸ਼ਵਕਰਮਾ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ । ਇਸ ਮੌਕੇ ਬੀਬੀ ਮਾਨ ਨੇ ਮੰਦਰ ਦੇ ਲੰਗਰ ਹਾਲ ਲਈ ਪੰਜ ਲੱਖ ਦੀ ਗਰਾਂਟ ਦੇਣ ਦਾ ਐਲਾਨ ਕੀਤਾ । ਪ੍ਰਬੰਧਕ ਕਮੇਟੀ ਵੱਲੋਂ ਮੰਦਰ ਦੀ ਉਸਾਰੀ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਤੇ ਹਲਕਾ ਵਿਧਾਇਕ ਬੀਬੀ ਮਾਨ ਦਾ ਸਨਮਾਨ ਵੀ ਕੀਤਾ ਗਿਆ । ਪ੍ਰਸਿੱਧ ਗਾਇਕ ਤਰਸੇਮ ਜੰਡੂ ਨੇ ਬਾਬਾ ਵਿਸ਼ਕਰਮਾ ਜੀ ਦੇ ਜੀਵਨ ਵਾਰੇ ਗੁਣਗਾਨ ਕੀਤਾ। ਇਸ ਮੌਕੇ ਕੌਂਸਲਰ ਦਿਨੇਸ਼ ਕੁਮਾਰ ਨਿੱਕੂ, ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ ਅਤੇ ਭਾਰੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਲਗਵਾਈ। ਲੰਗਰ ਅਤੁੱਟ ਵਰਤਇਆ ਗਿਆ।




ਅਦਿੱਤਿਆ ਡਚਲਵਾਲ ਨੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਮੁਹਾਲੀ (ਗੁਰਜੀਤ ਬਿੱਲਾ)- 2016 ਬੈਚ ਦੇ ਆਈ ਏ ਐਸ ਅਫ਼ਸਰ ਅਦਿੱਤਿਆ ਡਚਲਵਾਲ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਉਹ ਇਸ ਤੋਂ ਪਹਿਲਾਂ ਰੂਪਨਗਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ।ਅਦਿੱਤਿਆ ਡਚਲਵਾਲ ਨੇ ਅਹੁਦਾ ਸੰਭਾਲਣ ਤੋਂ ਬਾਅਦ ਕਿਹਾ ਕਿ ਉਹ ਜ਼ਿਲ੍ਹੇ ਦੇ ਸਰਬਪੱਖੀ ਵਿਕਾਸ ਨੂੰ ਪਹਿਲ ਦੇਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਲੋਕ ਭਲਾਈ ਯੋਜਨਾਵਾਂ ਨੂੰ ਹਰ ਇੱਕ ਯੋਗ ਲਾਭਪਾਤਰੀ ਤੱਕ ਪੁੱਜਣਾ ਯਕੀਨੀ ਬਣਾਉਣ ਤੋਂ ਇਲਾਵਾ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਉੱਤੇ ਹੱਲ ਕਰਨਾ, ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ, ਸਰਕਾਰੀ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣਾ ਅਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹ ਕੇ ਜ਼ਿਲ੍ਹੇ ਨੂੰ ਹਰੇਕ ਖੇਤਰ ਵਿਚ ਬੁਲੰਦੀਆਂ 'ਤੇ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਉਨ੍ਹਾਂ ਦੇ ਘਰ ਤੱਕ ਸਰਲ ਤਰੀਕੇ ਨਾਲ ਪੁੱਜਦਾ ਕਰਨ ਉੱਤੇ ਧਿਆਨ ਕੇਂਦਰਿਤ ਹੋਵੇਗਾ। ਇਸਦੇ ਨਾਲ ਹੀ ਸਿਹਤ, ਸਿੱਖਿਆ, ਪੀਣ ਵਾਲੇ ਪਾਣੀ, ਸਾਫ਼-ਸਫਾਈ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਹੁੰਚਣ 'ਤੇ ਜ਼ਿਲ੍ਹਾ ਪੁਲਿਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ 'ਗਾਰਡ ਆਫ਼ ਆਨਰ' ਦਿੱਤਾ ਗਿਆ।



ਅਮਿੱਟ ਯਾਦਾਂ ਛੱਡਦਾ ਸਮਾਪਤ ਹੋਇਆ ਬੀਰਮਪੁਰ ਦਾ ਸਲਾਨਾ ਰੋਸ਼ਨੀ ਮੇਲਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਦਰਬਾਰ ਮੀਆਂ ਬਾਬਾ ਕਾਦਰ ਬਖਸ਼ ਦੇ ਅਸਥਾਨ ਵਿਖੇ ਸਾਲਾਨਾ ਰੋਸ਼ਨੀ ਮੇਲਾ ਸੰਗਤਾਂ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਹ ਮੇਲਾ 5 ਨਵੰਬਰ ਤੋਂ 8 ਨਵੰਬਰ ਤੱਕ ਚਾਰ ਦਿਨ ਚੱਲਿਆ, ਜਿਸ ਵਿੱਚ ਦੂਰ-ਦੁਰਾਡੇ ਤੋਂ ਸੰਗਤਾਂ ਨੇ ਆ ਕੇ ਨਤਮਸਤਕ ਹੋ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ।ਰੋਸ਼ਨੀ ਮੇਲੇ ਦੀ ਸ਼ੁਰੂਆਤ 5 ਨਵੰਬਰ ਨੂੰ ਦਰਬਾਰ 'ਤੇ ਚਿਰਾਗ ਰੋਸ਼ਨ ਕਰਕੇ ਕੀਤੀ ਗਈ। ਚਿਰਾਗ ਰੋਸ਼ਨ ਹੋਣ ਉਪਰੰਤ ਪੰਜਾਬ ਦੀ ਮਸ਼ਹੂਰ ਕਵਾਲ ਕਰਾਮਤ ਅਲੀ ਐਂਡ ਪਾਰਟੀ ਵੱਲੋਂ ਮਹਿਫਲ-ਏ-ਕਵਾਲੀ ਸਜਾਈ ਗਈ। 6 ਨਵੰਬਰ ਨੂੰ ਰਮਨ ਖਾਬੜਾ ਅਤੇ ਕਮਲ ਖਾਨ ਨੇ ਦਰਬਾਰ 'ਤੇ ਹਾਜ਼ਰੀ ਲਗਾਈ। 7 ਨਵੰਬਰ ਨੂੰ ਦਰਬਾਰ 'ਤੇ ਬੂਟਾ ਪੀਰਾ ਦਾ ਅਤੇ ਪੰਜਾਬ ਦੀ ਮਸ਼ਹੂਰ ਦੋਗਾਣਾ ਜੋੜੀ ਸੁੱਚਾ ਰੰਗੀਲਾ ਅਤੇ ਮਨਦੀਪ ਮੈਂਡੀ ਵੱਲੋਂ ਖੁੱਲ੍ਹਾ ਅਖਾੜਾ ਲਗਾਇਆ ਗਿਆ ਅਤੇ ਅਰਚਨਾ ਆਈਜ਼ ਸੈਂਟਰ ਗੜ੍ਹਸ਼ੰਕਰ ਵੱਲੋਂ ਵਿਸ਼ੇਸ਼ ਤੌਰ 'ਤੇ ਅੱਖਾਂ ਦਾ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਦੋਹਾਂ ਕਲਾਕਾਰਾਂ ਨੇ ਲੋਕ ਗੀਤਾਂ ਨਾਲ ਮੇਲੇ ਵਿੱਚ ਰੰਗ ਬੰਨ੍ਹ ਦਿੱਤਾ। ਬੀਰਮਪੁਰ ਦੇ ਹੀ ਸਰਾਂ ਪਰਿਵਾਰ ਵੱਲੋਂ ਨਾਗਪਾਲ ਹਸਪਤਾਲ ਗੜ੍ਹਸ਼ੰਕਰ ਦੇ ਸਹਿਯੋਗ ਨਾਲ ਫਰੀ ਮੈਡੀਕਲ ਕੈਂਪ ਲਗਾਇਆ ਗਿਆ । ਇਹ ਰੋਸ਼ਨੀ ਮੇਲਾ ਦੇਸ਼ ਦੀ ਵੰਡ ਤੋਂ ਵੀ ਪਹਿਲਾਂ ਦਾ ਚੱਲਿਆ ਆ ਰਿਹਾ ਹੈ ਅਤੇ ਇਸ ਦਰਬਾਰ ਦਾ ਇਤਿਹਾਸ ਬਾਬਾ ਕਾਦਰ ਬਖਸ਼ ਦੇ ਨਾਮ ਨਾਲ ਜੁੜਿਆ ਹੋਇਆ ਹੈ।



ਜਨਗਣਨਾ ਬਾਰੇ ਪ੍ਰਚਾਰ ਲਈ 9 ਡਿਜੀਟਲ ਐੱਲ ਈ ਡੀ ਵੈਨਾਂ ਨੂੰ ਕੀਤਾ ਰਵਾਨਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਜਨਗਣਨਾ 2027 ਦੇ ਦੂਜੇ ਪੜਾਅ ਦੇ ਪ੍ਰਚਾਰ ਅਤੇ ਜਾਗਰੂਕਤਾ ਮੁਹਿੰਮ ਲਈ ਡਿਜੀਟਲ ਐੱਲ ਈ ਡੀ ਵੈਨਾਂ ਨੂੰ ਸਵੇਰੇ 11:00 ਵਜੇ ਡਾਇਰੈਕਟਰੇਟ ਆਫ਼ ਸੈਂਸਸ ਉਪਰੇਸ਼ਨਜ਼ ਪੰਜਾਬ ਚੰਡੀਗੜ੍ਹ ਦੇ ਦਫ਼ਤਰ ਤੋਂ ਡਾਇਰੈਕਟਰ ਡਾ. ਨਵਜੋਤ ਖੋਸਾ ਦੁਆਰਾ ਰਸਮੀ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਨ੍ਹਾਂ ਵਾਹਨਾਂ 'ਤੇ ਵੱਖ-ਵੱਖ ਸੰਦੇਸ਼ ਪ੍ਰਦਰਸ਼ਿਤ ਕੀਤੇ ਗਏ ਹਨ ਅਤੇ ਇਨ੍ਹਾਂ ਵਿੱਚ ਕਿਊ ਆਰ ਕੋਡ ਵੀ ਦਿੱਤੇ ਗਏ ਹਨ, ਜੋ ਨਾਗਰਿਕਾਂ ਨੂੰ ਸਿੱਧੇ ਅਧਿਕਾਰਤ 'ਨੈਸ਼ਨਲ ਸੈਂਸਸ ਪੋਰਟਲ' ਨਾਲ ਜੋੜਦੇ ਹਨ, ਜਿੱਥੇ ਉਹ ਖੁਦ ਆਪਣੀ ਜਾਣਕਾਰੀ ਦਰਜ ਕਰ ਸਕਦੇ ਹਨ।ਡਾਇਰੈਕਟਰੇਟ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਮੁੱਚੇ ਉਤਸ਼ਾਹ ਨਾਲ ਪ੍ਰੋਗਰਾਮ ਵਿੱਚ ਹਿੱਸਾ ਲਿਆ।ਡਿਜੀਟਲ ਵੈਨਾਂ ਸੰਬੰਧਿਤ ਜ਼ਿਲ੍ਹਿਆਂ ਵਿੱਚ ਮੁੱਖ ਕਸਬਿਆਂ, ਸ਼ਹਿਰੀ ਅਤੇ ਪੇਂਡੂ ਖੇਤਰਾਂ, ਬਾਜ਼ਾਰਾਂ ਅਤੇ ਹੋਰ ਪ੍ਰਮੁੱਖ ਜਨਤਕ ਸਥਾਨਾਂ ਨੂੰ ਕਵਰ ਕਰਨਗੀਆਂ ਜਿੱਥੇ ਲੋਕਾਂ ਦੀ ਆਵਾਜਾਈ ਸਭ ਤੋਂ ਵੱਧ ਹੁੰਦੀ ਹੈ। ਇਸ ਮੁਹਿੰਮ ਦਾ ਉਦੇਸ਼ ਜਨਗਣਨਾ 2027, ਸਵੈ-ਗਣਨਾ ਅਤੇ ਆਬਾਦੀ ਦੀ ਗਣਨਾ ਦੇ ਮਹੱਤਵ ਬਾਰੇ ਆਮ ਲੋਕਾਂ ਵਿੱਚ ਵਿਆਪਕ ਜਾਗਰੂਕਤਾ ਪੈਦਾ ਕਰਨਾ ਅਤੇ ਵੱਧ ਤੋਂ ਵੱਧ ਜਨਤਕ ਭਾਗੀਦਾਰੀ ਯਕੀਨੀ ਬਣਾਉਣਾ ਹੈ। ਆਡੀਓ-ਵੀਡੀਓ ਮਾਧਿਅਮ ਰਾਹੀਂ ਜਾਣਕਾਰੀ ਦਾ ਪ੍ਰਸਾਰ ਕੀਤਾ ਜਾਵੇਗਾ। ਇਸ ਵੈਨ ਦੀ ਸੁਚਾਰੂ ਆਵਾਜਾਈ, ਸਥਾਨਕ ਤਾਲਮੇਲ ਅਤੇ ਪ੍ਰਚਾਰ ਗਤੀਵਿਧੀਆਂ ਦੇ ਪ੍ਰਭਾਵੀ ਲਾਗੂਕਰਨ ਦੀ ਸਹੂਲਤ ਲਈ ਜ਼ਿਲ੍ਹੇ ਤੋਂ ਇੱਕ ਨਾਮਜ਼ਦ ਇਸਕਾਰਟ ਅਧਿਕਾਰੀ ਵੈਨ ਦੇ ਨਾਲ ਰਹੇਗਾ। ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਸ ਅਫ਼ਸਰਾਂ ਨੇ ਡਿਜੀਟਲ ਵੈਨ ਦੇ ਵਿਸਥਾਰਤ ਰੂਟ ਪਲਾਨ ਨੂੰ ਅੰਤਿਮ ਰੂਪ ਦਿੱਤਾ ਹੈ, ਪ੍ਰਚਾਰ ਹੋਰਡਿੰਗਜ਼ ਲਗਾਉਣ ਲਈ ਢੁਕਵੀਆਂ ਥਾਵਾਂ ਦੀ ਪਛਾਣ ਕੀਤੀ ਹੈ ਅਤੇ ਨੋਡਲ ਅਫ਼ਸਰ (ਪ੍ਰਚਾਰ) ਦੇ ਅਪਡੇਟ ਕੀਤੇ ਵੇਰਵੇ ਡਾਇਰੈਕਟਰੇਟ ਨੂੰ ਮੁਹੱਈਆ ਕਰਵਾਏ ਹਨ।ਪੰਜਾਬ ਰਾਜ ਵਿੱਚ ਜਨਗਣਨਾ ਦਾ ਦੂਜਾ ਪੜਾਅ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਚਲੇਗਾ, ਜਿਸਦੀ ਰੈਫਰੇਂਸ ਡੇਟ 5 ਜਨਵਰੀ 2027 ਰਾਤ 12 ਵਜੇ ਤੱਕ ਹੋਵੇਗੀ। ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ 2026 ਤੱਕ ਕੀਤੀ ਜਾ ਸਕੇਗੀ।



ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਵਿਸ਼ੇਸ਼ ਗੈਸਟ ਲੈਕਚਰ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਅਕਾਦਮਿਕ ਅਤੇ ਵਿਹਾਰਕ ਗਿਆਨ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਇੱਕ ਵਿਸ਼ੇਸ਼ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਕਾਰਜਕ੍ਰਮ ਵਿੱਚ ਫੈਸ਼ਨ ਇੰਡਸਟਰੀ ਦੇ ਉੱਘੇ ਮਾਹਰ ਮਿਸ ਸ਼ੈਲਜਾ ਸ਼ਰਮਾ (ਅੰਤਰਰਾਸ਼ਟਰੀ ਫੈਸ਼ਨ ਕੰਸਲਟੈਂਟ ਅਤੇ ਸੈਲੇਬ੍ਰਿਟੀ ਸਟਾਈਲਿਸਟ) ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ 'ਕਲਾਸਰੂਮ ਤੋਂ ਕੈਟਵਾਕ ਤੱਕ: ਫੈਸ਼ਨ ਵਿੱਚ ਤੁਹਾਡਾ ਸਫ਼ਰ' ਵਿਸ਼ੇ 'ਤੇ ਜਾਣਕਾਰੀ ਦਿੱਤੀ। ਮੁੱਖ ਵਕਤਾ ਨੇ ਫੈਸ਼ਨ ਡਿਜ਼ਾਈਨਿੰਗ ਦੇ ਆਧੁਨਿਕ ਰੁਝਾਨਾਂ, ਟੈਕਸਟਾਈਲ ਇਨੋਵੇਸ਼ਨ, ਸਸਟੇਨੇਬਲ ਫੈਸ਼ਨ ਅਤੇ ਇੰਡਸਟਰੀ ਵਿੱਚ ਕਰੀਅਰ ਦੀਆਂ ਨਵੀਆਂ ਸੰਭਾਵਨਾਵਾਂ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ।ਲੈਕਚਰ ਦੇ ਅੰਤ ਵਿੱਚ ਇੱਕ ਵਿਸ਼ੇਸ਼ ਪ੍ਰਸ਼ਨ-ਉੱਤਰ ਸੈਸ਼ਨ ਵੀ ਰੱਖਿਆ ਗਿਆ ।ਇਸ ਮੌਕੇ ਵਿਭਾਗ ਦੇ ਸਮੂਹ ਫੈਕਲਟੀ ਮੈਂਬਰ ਨੇ ਆਏ ਹੋਏ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਵਕਤਾ ਨੂੰ ਯੂਨੀਵਰਸਿਟੀ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਸਮੂਹ ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।




ਸੀ ਸੀ ਟੀ ਵੀ ਕੈਮਰੇ ਲਗਾਏ ਬਿਨਾਂ ਨਹੀਂ ਚਲਾਈ ਜਾ ਸਕੇਗੀ ਪਾਰਕਿੰਗ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਪਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤਾ ਹੈ ਕਿ ਪੁਲਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਪੈਂਦੀਆਂ ਵਾਹਨ ਖੜ੍ਹੇ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ, ਹਸਪਤਾਲ, ਭੀੜ ਵਾਲੇ ਬਾਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ) ਸੀ ਸੀ ਟੀ ਵੀ ਕੈਮਰੇ ਲਗਾਏ ਬਿਨ੍ਹਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੀ ਸੀ ਟੀ ਵੀ ਕੈਮਰੇ ਇਸ ਤਰੀਕੇ ਨਾਲ ਲਗਾਏ ਜਾਣ ਕਿ ਜੋ ਵਾਹਨ ਪਾਰਕਿੰਗ ਦੇ ਅੰਦਰ/ਬਾਹਰ ਆਉਂਦਾ-ਜਾਂਦਾ ਹੈ, ਉਸ ਵਾਹਨ ਦੀ ਨੰਬਰ ਪਲੇਟ ਅਤੇ ਵਾਹਨ ਚਲਾਉਣ ਵਾਲੇ ਵਿਅਕਤੀ ਦਾ ਚਿਹਰਾ ਸਾਫ਼ ਨਜ਼ਰ ਆਵੇ ਅਤੇ ਇਸ ਸੰਬਧੀ ਲਗਾਏ ਗਏ ਸੀ ਸੀ ਟੀ ਵੀ ਕੈਮਰਿਆਂ ਦੀ 45 ਦਿਨ ਤੱਕ ਦੀ ਰਿਕਾਰਡਿੰਗ ਦੀ ਸੀ ਡੀ ਤਿਆਰ ਕਰਨ ਉਪਰੰਤ ਹਰ 15 ਦਿਨ ਬਾਅਦ ਸਕਿਓਰਿਟੀ ਬ੍ਰਾਂਚ ਦਫ਼ਤਰ ਪੁਲਿਸ ਕਮਿਸ਼ਨਰ ਜਲੰਧਰ ਵਿੱਚ ਜਮ੍ਹਾ ਕਰਵਾਈ ਜਾਵੇ। ਇਸੇ ਤਰ੍ਹਾਂ ਵਾਹਨ ਪਾਰਕ ਕਰਨ ਵਾਲੇ ਵਾਹਨ ਮਾਲਕਾਂ ਦਾ ਰਿਕਾਰਡ ਜੇਕਰ ਵਾਹਨ ਇੱਕ ਦਿਨ ਲਈ ਖੜ੍ਹਾ ਕਰਨਾ ਹੋਵੇ ਤਾਂ ਰਜਿਸਟਰ ਵਿੱਚ ਉਸ ਦਾ ਇੰਦਰਾਜ ਵਿਅਕਤੀ ਦਾ ਨਾਂਅ, ਮੋਬਾਇਲ ਨੰਬਰ, ਆਈ ਡੀ, ਵਾਹਨ ਦੀ ਕਿਸਮ, ਰਜਿਸਟ੍ਰੇਸ਼ਨ ਨੰਬਰ, ਚੈਸੀ ਨੰਬਰ, ਇੰਜਨ ਨੰਬਰ, ਵਾਹਨ ਪਾਰਕ ਕਰਨ ਦੀ ਮਿਤੀ ਅਤੇ ਵਾਹਨ ਵਾਪਸ ਲੈਣ ਦੀ ਮਿਤੀ ਦਰਜ ਕਰਨ ਤੋਂ ਇਲਾਵਾ ਵਾਹਨ ਮਾਲਕ ਦੇ ਰਜਿਸਟਰ 'ਤੇ ਦਸਤਖ਼ਤ ਕਰਵਾਏ ਜਾਣ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਵਾਹਨ ਇੱਕ ਦਿਨ ਤੋਂ ਵੱਧ ਸਮੇਂ ਲਈ ਖੜ੍ਹਾ ਕਰਨਾ ਹੋਵੇ ਤਾਂ ਉਸ ਦਾ ਇੰਦਰਾਜ ਰਜਿਸਟਰ ਵਿੱਚ ਉਕਤ ਅਨੁਸਾਰ ਕਰਕੇ ਵਾਹਨ ਮਾਲਕ ਪਾਸੋਂ ਵਾਹਨ ਦੀ ਰਜਿਸਟ੍ਰੇਸ਼ਨ ਅਤੇ ਡਰਾਈਵਿੰਗ ਲਾਇਸੰਸ ਦੀ ਫੋਟੋ ਕਾਪੀ ਲੈ ਕੇ ਬਤੌਰ ਰਿਕਾਰਡ ਰੱਖਿਆ ਜਾਵੇ। ਇਸ ਤੋਂ ਇਲਾਵਾ ਪਾਰਕਿੰਗ ਵਾਲੀਆਂ ਥਾਵਾਂ 'ਤੇ ਕੰਮ ਕਰ ਰਹੇ ਵਿਅਕਤੀਆਂ ਦੀ ਪੁਲਸ ਵੈਰੀਫਿਕੇਸ਼ਨ ਸਬੰਧਿਤ ਥਾਣਿਆਂ ਤੋਂ ਕਰਵਾਈ ਜਾਵੇ।ਪੁਲਸ ਕਮਿਸ਼ਨਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕੋਈ ਵੀ ਦੁਕਾਨਦਾਰ/ਦਰਜ਼ੀ, ਸੈਨਿਕ/ਅਰਧ ਸੈਨਿਕ ਬੱਲ/ਪੁਲਸ ਦੀ ਬਣੀ ਬਣਾਈ ਵਰਦੀ ਜਾਂ ਕਪੜਾ ਲੈ ਕੇ ਸੀਤੀ ਸਿਲਾਈ ਵਰਦੀ ਖ਼ਰੀਦਦਾਰ ਦੀ ਦਰੁੱਸਤ ਸ਼ਨਾਖਤ ਕੀਤੇ ਬਿਨ੍ਹਾਂ ਨਹੀਂ ਵੇਚੇਗਾ। ਵਰਦੀ ਖ਼ਰੀਦਣ ਵਾਲੇ ਵਿਅਕਤੀ ਦੇ ਫੋਟੋ ਸ਼ਨਾਖਤੀ ਕਾਰਡ, ਜੋ ਸਮਰੱਥ ਅਧਿਕਾਰੀ ਵਲੋਂ ਉਸ ਨੂੰ ਜਾਰੀ ਕੀਤਾ ਗਿਆ ਹੋਵੇ, ਦੀ ਸਵੈ ਤਸਦੀਕਸ਼ੁਦਾ ਫੋਟੋ ਕਾਪੀ ਰੱਖੇਗਾ ਅਤੇ ਖ਼ਰੀਦਣ ਵਾਲੇ ਦਾ ਰੈਂਕ, ਨਾਮ, ਪਤਾ, ਫੋਨ ਨੰਬਰ ਅਤੇ ਤਾਇਨਾਤੀ ਦੇ ਸਥਾਨ ਸਬੰਧੀ ਰਿਕਾਰਡ ਰਜਿਸਟਰ 'ਤੇ ਮੇਨਟੇਨ ਕਰੇਗਾ ਅਤੇ ਇਹ ਰਜਿਸਟਰ ਦੋ ਮਹੀਨਿਆਂ ਵਿੱਚ ਇਕ ਵਾਰ ਸਬੰਧਿਤ ਮੁੱਖ ਥਾਣਾ ਅਫ਼ਸਰ ਪਾਸੋਂ ਤਸਦੀਕ ਕਰਵਾਏਗਾ ਅਤੇ ਲੋੜ ਪੈਣ 'ਤੇ ਰਿਕਾਰਡ ਪੁਲਿਸ ਨੂੰ ਮੁਹੱਈਆ ਕਰਵਾਏਗਾ।ਪੁਲਿਸ ਕਮਿਸ਼ਨਰ ਵਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹੱਦ ਅੰਦਰ ਸੜਕਾਂ ਦੇ ਨਾਲ-ਨਾਲ ਫੁੱਟਪਾਥ 'ਤੇ ਅਣ-ਅਧਿਕਾਰਤ ਬੋਰਡ ਲਗਵਾਉਣ, ਦੁਕਾਨਦਾਰਾਂ ਵਲੋਂ ਦੁਕਾਨਾਂ ਦੀ ਹੱਦ ਤੋਂ ਬਾਹਰ ਸੜਕਾਂ ਅਤੇ ਫੁੱਟਪਾਥਾਂ 'ਤੇ ਸਾਮਾਨ ਰੱਖ ਕੇ ਵੇਚਣ 'ਤੇ ਪਾਬੰਦੀ ਲਗਾਈ ਗਈ ਹੈ।

ਡਿਪਟੀ ਕਮਿਸ਼ਨਰ ਵੱਲੋਂ ਸੈਂਸਸ 2027 ਦੇ ਦੂਜੇ ਫੇਸ ਦੀਆਂ ਤਿਆਰੀਆਂ ਲਈ ਚਾਰਜ ਅਫਸਰਾਂ ਨਾਲ ਮੀਟਿੰਗ

ਨਵਾਂ ਸ਼ਹਿਰ (ਮਨੋਜ ਲਾਡੀ)- ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਸੈਂਸਸ 2027 ਦੇ ਦੂਜੇ ਫੇਸ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸਮੂਹ ਚਾਰਜ ਅਫਸਰਾਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਸੈਂਸਸ ਸਬੰਧੀ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਕੇ ਸਵੈ ਗਣਨਾ ਦੀ ਪ੍ਰਕਿਰਿਆ ਵਿੱਚ ਭਾਗੀਦਾਰ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੈਂਸਸ 2027 ਦੇ ਦੂਜੇ ਫੇਸ ਤਹਿਤ ਸਵੈ ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਚੱਲੇਗੀ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਲੋਕਾਂ ਨੂੰ ਸਵੈ ਗਣਨਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਜਨਗਣਨਾ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਇਸ ਤੋਂ ਬਾਅਦ 1 ਦਸੰਬਰ 2026 ਤੋਂ ਜਨਗਣਨਾ ਦਾ ਦੂਜਾ ਫੇਸ ਸ਼ੁਰੂ ਹੋਵੇਗਾ, ਜਿਸ ਦੌਰਾਨ ਜ਼ਿਲ੍ਹੇ ਦੇ ਸਾਰੇ ਇਨੂਮੀਰੇਟਰ ਅਤੇ ਸੁਪਰਵਾਈਜ਼ਰ ਆਪਣੇ ਨਿਰਧਾਰਤ ਬਲਾਕਾਂ ਵਿੱਚ ਘਰ-ਘਰ ਜਾ ਕੇ ਜਨਗਣਨਾ ਦਾ ਕੰਮ ਕਰਨਗੇ। ਉਨ੍ਹਾਂ ਦੱਸਿਆ ਕਿ ਡਾਇਰੈਕਟਰ ਸੈਂਸਸ ਆਪਰੇਸ਼ਨਜ਼, ਚੰਡੀਗੜ੍ਹ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਜਨਗਣਨਾ ਸਬੰਧੀ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਪ੍ਰਚਾਰ ਵੈਨ ਭੇਜੀ ਗਈ ਹੈ। ਇਹ ਵੈਨ ਅਗਲੇ 10 ਦਿਨਾਂ ਦੌਰਾਨ ਜ਼ਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਸੈਂਸਸ ਦੀ ਮਹੱਤਤਾ ਅਤੇ ਇਸ ਦੀ ਪ੍ਰਕਿਰਿਆ ਬਾਰੇ ਜਾਗਰੂਕ ਕਰੇਗੀ। ਇਹ ਵੈਨ ਨਵਾਂ ਸ਼ਹਿਰ ਵਿੱਚ ਚਾਰ ਦਿਨ, ਬਲਾਚੌਰ ਵਿੱਚ ਤਿੰਨ ਦਿਨ ਅਤੇ ਬੰਗਾ ਵਿੱਚ ਤਿੰਨ ਦਿਨ ਪ੍ਰਚਾਰ ਕਰੇਗੀ। ਤਹਿਸੀਲ ਨਵਾਂ ਸ਼ਹਿਰ ਵਿੱਚ 11 ਤੋਂ 15 ਨਵੰਬਰ, ਤਹਿਸੀਲ ਬੰਗਾ ਵਿੱਚ 16 ਤੋਂ 18 ਨਵੰਬਰ ਅਤੇ ਤਹਿਸੀਲ ਬਲਾਚੌਰ ਵਿੱਚ 19 ਤੋਂ 21 ਨਵੰਬਰ ਤੱਕ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣਗੀਆਂ।



ਨਕੋਦਰ 'ਚ ਭਲਕੇ ਕੱਢੀ ਜਾਵੇਗੀ 'ਜਵਾਨੀ ਸੰਭਾਲ ਸਾਈਕਲ ਯਾਤਰਾ' : ਡਾ. ਨਵਜੋਤ ਦਹੀਆ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ) - ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਅਤੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਜਿਉਣ ਲਈ ਪ੍ਰੇਰਿਤ ਕਰਨ ਵਾਸਤੇ 14 ਨਵੰਬਰ ਨੂੰ ਨਕੋਦਰ ਹਲਕੇ ਵਿੱਚ 'ਜਵਾਨੀ ਸੰਭਾਲ ਸਾਈਕਲ ਯਾਤਰਾ' ਕੱਢੀ ਜਾਵੇਗੀ। ਇਸ ਸੰਬੰਧੀ ਡਾ. ਨਵਜੋਤ ਦਹੀਆ ਨੇ ਦੱਸਿਆ ਕਿ ਇਸ ਯਾਤਰਾ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਅਤੇ ਸਿਹਤਮੰਦ ਗਤੀਵਿਧੀਆਂ ਨਾਲ ਜੋੜਨਾ ਹੈ।ਉਨ੍ਹਾਂ ਦੱਸਿਆ ਕਿ ਇਸ ਸਾਈਕਲ ਯਾਤਰਾ ਵਿੱਚ ਸੰਸਦ ਮੈਂਬਰ ਡਾ. ਚਰਨਜੀਤ ਸਿੰਘ ਚੰਨੀ ਅਤੇ ਵਿਧਾਇਕ ਪਰਗਟ ਸਿੰਘ ਸਮੇਤ ਕਾਂਗਰਸ ਪਾਰਟੀ ਦੇ ਹੋਰ ਆਗੂ ਵੀ ਸ਼ਮੂਲੀਅਤ ਕਰਨਗੇ।

ਯਾਤਰਾ ਹਲਕਾ ਨਕੋਦਰ ਦੇ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿੱਚੋਂ ਗੁਜ਼ਰੇਗੀ।ਡਾ. ਨਵਜੋਤ ਦਹੀਆ ਨੇ ਨੌਜਵਾਨਾਂ ਅਤੇ ਇਲਾਕਾ ਨਿਵਾਸੀਆਂ ਨੂੰ ਇਸ ਯਾਤਰਾ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਸੁਖਬੀਰ ਨੇ ਨੌਜਵਾਨਾਂ 'ਚ ਨਵੀਂ ਉਮੀਦ ਜਗਾਈ : ਸੰਜੀਵ ਤਲਵਾੜ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸ਼੍ਰੋਮਣੀ ਅਕਾਲੀ ਦਲ ਪ੍ਰਤੀ ਨੌਜਵਾਨਾਂ ਦਾ ਲਗਾਤਾਰ ਵਧ ਰਿਹਾ ਰੁਝਾਨ ਪੰਜਾਬ ਦੀ ਸਿਆਸਤ ਵਿੱਚ ਵੱਡੇ ਬਦਲਾਅ ਦਾ ਸੰਕੇਤ ਹੈ। ਪੰਜਾਬ ਦੇ ਨੌਜਵਾਨਾਂ ਨੂੰ ਹੁਣ ਇਹ ਵਿਸ਼ਵਾਸ ਹੋਣ ਲੱਗਾ ਹੈ ਕਿ ਸੂਬੇ ਦੀ ਵਿਗੜ ਚੁੱਕੀ ਆਰਥਿਕ ਸਥਿਤੀ ਨੂੰ ਮੁੜ ਲੀਹ 'ਤੇ ਲਿਆਉਣ ਦੀ ਸਮਰੱਥਾ ਸੁਖਬੀਰ ਸਿੰਘ ਬਾਦਲ ਵਿੱਚ ਹੈ। ਇਸੇ ਵਿਸ਼ਵਾਸ ਸਦਕਾ ਰੋਜ਼ਾਨਾ ਵੱਡੀ ਗਿਣਤੀ ਵਿੱਚ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਹਲਕਾ ਯੂਥ ਪ੍ਰਧਾਨ ਗੁਰਵਿੰਦਰ ਧੁੱਗਾ ਦੀ ਪ੍ਰੇਰਨਾ ਸਦਕਾ ਪਾਰਟੀ ਵਿੱਚ ਸ਼ਾਮਲ ਹੋਏ ਨੌਜਵਾਨਾਂ ਦਾ ਸਵਾਗਤ ਕਰਦਿਆਂ ਕੀਤਾ।ਸੰਜੀਵ ਤਲਵਾੜ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਥਿਤੀ ਕਾਰਨ ਸੂਬੇ ਦੇ ਨੌਜਵਾਨਾਂ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਹਲਕਾ ਯੂਥ ਪ੍ਰਧਾਨ ਗੁਰਵਿੰਦਰ ਸਿੰਘ ਨੇ ਕਿਹਾ ਕਿ ਅੱਜ ਹਰ ਗਲੀ-ਮੁਹੱਲੇ ਵਿੱਚ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਲਈ ਉਤਸ਼ਾਹਿਤ ਹਨ। ਇਸ ਮੌਕੇ ਗੌਰਵ, ਆਰੀਅਨ ਸ਼ਰਮਾ, ਸੁਸ਼ੀਲ ਠਾਕੁਰ ਅਤੇ ਗੁਰਵਿੰਦਰ ਸਿੰਘ ਗੋਲਡੀ ਨੇ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਹਾਸਲ ਕੀਤੀ।ਇਸ ਮੌਕੇ ਜ਼ਿਲ੍ਹਾ ਯੂਥ ਪ੍ਰਧਾਨ ਅਮਰਿੰਦਰ ਸੈਨਪੁਰ, ਮਨਪ੍ਰੀਤ ਸੰਧੂ ਅਤੇ ਵਪਾਰ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਾਬੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।



ਸਰਕਾਰੀ ਜਾਇਦਾਦਾਂ ਨੂੰ ਵੇਚਣ ਦੀ ਬਜਾਏ ਲੋਕਾਂ ਦੀ ਸਹੂਲਤ ਲਈ ਵਰਤਿਆ ਜਾਵੇ : ਸੰਜੀਵ ਸ਼ਰਮਾ

ਪਟਿਆਲਾ, (ਰਾਜਿੰਦਰ ਸਿੰਘ ਥਿੰਦ) : ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਨੇ ਆਪਣੇ ਗ੍ਰਹਿ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਸਰਕਾਰ ਪਟਿਆਲਾ ਸ਼ਹਿਰ ਦੀਆਂ ਕੀਮਤੀ ਜਨਤਕ ਜਾਇਦਾਦਾਂ ਨੂੰ ਲੋਕਾਂ ਦੀਆਂ ਸਹੂਲਤਾਂ ਲਈ ਵਰਤਣ ਦੀ ਬਜਾਏ ਆਪਣੇ ਫਾਇਦਿਆਂ ਲਈ ਵੇਚਣ ਤੇ ਤਬਦੀਲ ਕਰਨ ਦੀ ਨੀਤੀ 'ਤੇ ਚੱਲ ਰਹੀ ਹੈ।ਉਨ੍ਹਾਂ ਰਾਜਪੁਰਾ ਰੋਡ ਸਥਿਤ ਪੀ ਆਰ ਟੀ ਸੀ ਦੀ 17.5 ਬਿੱਘੇ ਕੀਮਤੀ ਜ਼ਮੀਨ ਦਾ ਮੁੱਦਾ ਉਠਾਉਂਦਿਆਂ ਦੱਸਿਆ ਕਿ ਇਹ ਜ਼ਮੀਨ ਪੀ ਆਰ ਟੀ ਸੀ ਵੱਲੋਂ ਪੁੱਡਾ ਨੂੰ ਇੰਤਕਾਲ ਨੰਬਰ 53003 ਮਿਤੀ 09-09-2026 ਰਾਹੀਂ ਬਿਨਾਂ ਕਿਸੇ ਜਨਤਕ ਜਾਣਕਾਰੀ ਦੇ ਚੁੱਪ-ਚੁਪੀਤੇ ਤਬਦੀਲ ਕਰ ਦਿੱਤੀ ਗਈ।ਉਨ੍ਹਾਂ ਸਵਾਲ ਕੀਤਾ ਕਿ ਇੰਨੀ ਕੀਮਤੀ ਜਨਤਕ ਜਾਇਦਾਦ ਨੂੰ ਤਬਦੀਲ ਕਰਨ ਦੀ ਲੋੜ ਕੀ ਸੀ ਤੇ ਇਸ ਸਬੰਧੀ ਸ਼ਹਿਰ ਦੇ ਲੋਕਾਂ ਨੂੰ ਭਰੋਸੇ ਵਿੱਚ ਕਿਉਂ ਨਹੀਂ ਲਿਆ ਗਿਆ ? ਉਨ੍ਹਾਂ ਕਿਹਾ ਕਿ ਇਹ ਸਭ ਕਰਕੇ ਸਰਕਾਰ ਮਾਸਟਰ ਪਲਾਨ ਦੇ ਕਲਾਜ਼ 8.11.7 ਦੀ ਉਲੰਘਣਾ ਵੀ ਕਰ ਰਹੀ ਹੈ। ਬਿੱਟੂ ਨੇ ਕੇਦਾਰ ਮੰਦਰ ਦੀ ਜ਼ਮੀਨ ਦਾ ਮਾਮਲਾ ਵੀ ਉਠਾਇਆ ਤੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਸ ਜ਼ਮੀਨ ਨੂੰ ਵੀ ਦੋ ਵਾਰ ਵੇਚਣ ਦੀ ਕੋਸ਼ਿਸ਼ ਕੀਤੀ ਗਈ।ਇਸੇ ਤਰ੍ਹਾਂ ਸ਼ਹਿਰ ਦੇ ਸਭ ਤੋਂ ਭੀੜ-ਭੜੱਕੇ ਵਾਲੇ ਇਲਾਕੇ ਚਾਂਦਨੀ ਚੌਕ ਵਿਖੇ ਪਾਰਕਿੰਗ ਲਈ ਰਾਖਵੀਂ ਜਗ੍ਹਾ 'ਤੇ ਸ਼ੋ-ਰੂਮ ਬਣਾ ਦਿੱਤੇ ਗਏ, ਜਿਸ ਕਾਰਨ ਪਹਿਲਾਂ ਹੀ ਟ੍ਰੈਫਿਕ ਤੇ ਪਾਰਕਿੰਗ ਦੀ ਸਮੱਸਿਆ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਹੋਰ ਵਧੀਆਂ ਹਨ।ਉਨ੍ਹਾਂ ਕਿਹਾ ਕਿ ਅੱਜ ਪਟਿਆਲਾ ਸ਼ਹਿਰ ਪਾਰਕਿੰਗ ਦੀ ਘਾਟ ਤੇ ਬੇਤਰਤੀਬ ਟ੍ਰੈਫਿਕ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ।ਅਜਿਹੇ ਸਮੇਂ ਵਿੱਚ ਸਰਕਾਰ ਨੂੰ ਨਵੀਆਂ ਪਾਰਕਿੰਗ ਸਹੂਲਤਾਂ ਵਿਕਸਿਤ ਕਰਨੀਆਂ ਚਾਹੀਦੀਆਂ ਹਨ,



ਨਾ ਕਿ ਪਹਿਲਾਂ ਤੋਂ ਮੌਜੂਦ ਜਨਤਕ ਜਾਇਦਾਦਾਂ ਨੂੰ ਨਿੱਜੀ ਜਾਂ ਵਪਾਰਕ ਵਰਤੋਂ ਵੱਲ ਧੱਕਣਾ ਚਾਹੀਦਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਨਤਕ ਜਾਇਦਾਦਾਂ ਤੇ ਡੇਰਿਆਂ ਦੀਆਂ ਜ਼ਮੀਨਾਂ ਨੂੰ ਜੇਕਰ ਵਰਤਣਾ ਹੈ ਤਾਂ ਸਿਰਫ਼ ਜਨਤਾ ਦੇ ਹਿੱਤ ਤੇ ਸ਼ਹਿਰ ਵਾਸੀਆਂ ਦੀਆਂ ਸਹੂਲਤਾਂ ਲਈ ਹੀ ਵਰਤਣਾ ਚਾਹੀਦਾ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਦੀ ਨਾਲਾਇਕੀ ਹੈ ਕਿ ਉਹ ਸ਼ਹਿਰ ਦੀਆਂ ਕੀਮਤੀ ਜਾਇਦਾਦਾਂ ਨੂੰ ਸੰਭਾਲਣ ਤੇ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਦੀ ਬਜਾਏ ਉਨ੍ਹਾਂ ਨੂੰ ਵੇਚਣ ਦੇ ਰਾਹ ਪਈ ਹੋਈ ਹੈ।ਸਾਬਕਾ ਮੇਅਰ ਨੇ ਮੰਗ ਕੀਤੀ ਕਿ ਰਾਜਪੁਰਾ ਰੋਡ ਦੀ 17.5 ਬਿੱਘੇ ਜ਼ਮੀਨ ਦੇ ਤਬਾਦਲੇ ਸਮੇਤ ਸਾਰੇ ਮਾਮਲਿਆਂ ਦੀ ਪਾਰਦਰਸ਼ੀ ਜਾਂਚ ਕਰਵਾਈ ਜਾਵੇ ਤੇ ਜਨਤਕ ਜਾਇਦਾਦਾਂ ਬਾਰੇ ਲਏ ਗਏ ਫੈਸਲਿਆਂ ਦੀ ਪੂਰੀ ਜਾਣਕਾਰੀ ਲੋਕਾਂ ਸਾਹਮਣੇ ਰੱਖੀ ਜਾਵੇ।ਇਸ ਮੌਕੇ ਬਲਵਿੰਦਰ ਸਿੰਘ ਬਿੱਲੂ ਬੇਦੀ, ਨੱਥੂ ਰਾਮ, ਸੰਜੇ ਸ਼ਰਮਾ, ਗੋਪੀ ਰੰਗੀਲਾ, ਪ੍ਰਭਜੋਤ ਸਿੰਘ ਖਾਲਸਾ, ਬਲਵਿੰਦਰ ਸਿੰਘ ਗਰੇਵਾਲ, ਰਾਜੀਵ ਸ਼ਰਮਾ ਆਦਿ ਹਾਜ਼ਰ ਸਨ।

1000 ਆਧੁਨਿਕ ਖੇਡ ਮੈਦਾਨ ਪੰਜਾਬ ਦੀ ਨੌਜਵਾਨੀ ਨੂੰ ਨਵੀਂ ਦਿਸ਼ਾ ਦੇਣਗੇ : ਡਾ. ਜਵੰਧਾ



ਭਵਾਨੀਗੜ੍ਹ, (ਰਾਜ ਖੁਰਮੀ) : ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ ਤੇ ਇਸ ਦਿਸ਼ਾ ਵਿੱਚ ਸੂਬੇ ਭਰ ਵਿੱਚ 1000 ਆਧੁਨਿਕ ਖੇਡ ਮੈਦਾਨ ਨੌਜਵਾਨਾਂ ਨੂੰ ਸਮਰਪਤ ਕਰਨਾ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ।ਇਨ੍ਹਾਂ ਖੇਡ ਮੈਦਾਨਾਂ ਰਾਹੀਂ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣ ਦੇ ਬਿਹਤਰ ਮੌਕੇ ਮਿਲਣਗੇ।ਇਹ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ 1000 ਆਧੁਨਿਕ ਖੇਡ ਮੈਦਾਨ ਨੌਜਵਾਨਾਂ ਨੂੰ ਸਮਰਪਤ ਕੀਤੇ ਜਾਣ 'ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਕੀਤਾ। ਡਾ. ਜਵੰਧਾ ਨੇ ਕਿਹਾ ਕਿ ਨੌਜਵਾਨ ਦੇਸ਼ ਤੇ ਸੂਬੇ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਖੇਡਾਂ ਅਜਿਹਾ ਮਾਧਿਅਮ ਹਨ, ਜੋ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ, ਸਹਿਣਸ਼ੀਲਤਾ ਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਆਧੁਨਿਕ ਖੇਡ ਮੈਦਾਨਾਂ ਦੀ ਉਪਲਬਧਤਾ ਨਾਲ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਮਾਹੌਲ ਮਿਲੇਗਾ।ਪਹਿਲਾਂ ਕਈ ਥਾਵਾਂ 'ਤੇ ਖੇਡ ਸਹੂਲਤਾਂ ਦੀ ਘਾਟ ਕਾਰਨ ਨੌਜਵਾਨ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਤੋਂ ਵਾਂਝੇ ਰਹਿ ਜਾਂਦੇ ਸਨ, ਪਰ ਹੁਣ ਇਨ੍ਹਾਂ ਮੈਦਾਨਾਂ ਨਾਲ ਉਨ੍ਹਾਂ ਨੂੰ ਆਪਣੀ ਮਿਹਨਤ ਤੇ ਕਾਬਲੀਅਤ ਦਿਖਾਉਣ ਦਾ ਮੌਕਾ ਮਿਲੇਗਾ।ਡਾ. ਜਵੰਧਾ ਨੇ ਕਿਹਾ ਕਿ ਖੇਡ ਮੈਦਾਨ ਸਿਰਫ਼ ਖੇਡਣ ਦੀ ਜਗ੍ਹਾ ਨਹੀਂ, ਸਗੋਂ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਦੀ ਨੀਂਹ ਹਨ।ਜਦੋਂ ਨੌਜਵਾਨ ਖੇਡਾਂ ਨਾਲ ਜੁੜਦੇ ਹਨ ਤਾਂ ਉਨ੍ਹਾਂ ਵਿੱਚ ਮੁਕਾਬਲੇ ਦੀ ਭਾਵਨਾ ਅਤੇ ਜੀਵਨ ਵਿੱਚ ਅੱਗੇ ਵਧਣ ਦਾ ਜਜ਼ਬਾ ਪੈਦਾ ਹੁੰਦਾ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਇਨ੍ਹਾਂ ਖੇਡ ਮੈਦਾਨਾਂ ਦਾ ਲਾਹਾ ਲੈ ਕੇ ਪੰਜਾਬ ਦੇ ਨੌਜਵਾਨ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਆਪਣੀ ਪਛਾਣ ਬਣਾਉਣਗੇ ਤੇ ਪੰਜਾਬ ਦੀ ਖੇਡਾਂ ਦੇ ਖੇਤਰ ਵਿੱਚ ਗੁਆਚੀ ਸ਼ਾਨ ਨੂੰ ਮੁੜ ਬਹਾਲ ਕਰਨ ਵਿੱਚ ਅਹਿਮ ਯੋਗਦਾਨ ਪਾਉਣਗੇ।

ਐੱਚ ਐੱਮ ਈ ਐੱਲ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ, ਲੈਪਟਾਪ ਤੇ ਟੈਬਲੇਟ ਪ੍ਰਦਾਨ

ਤਲਵੰਡੀ ਸਾਬੋ (ਜਗਦੀਪ ਗਿੱਲ) : ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹੋਣਹਾਰ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਤਸ਼ਾਹਤ ਕਰਨ ਤੇ ਉਨ੍ਹਾਂ ਨੂੰ ਉੱਚ ਸਿੱਖਿਆ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਐੱਚ ਐੱਮ ਈ ਐੱਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਇੱਕ ਵਿਸ਼ੇਸ਼ ਸਕਾਲਰਸ਼ਿਪ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ।ਸਕਾਲਰਸ਼ਿਪ ਵੰਡ ਮੁਹਿੰਮ ਤਹਿਤ ਜੱਜਲ ਹਾਈ ਸਕੂਲ, ਗੱਟਵਾਲੀ ਹਾਈ ਸਕੂਲ ਤੇ ਪਿੰਡ ਤਿਓਣਾ ਪੁਜਾਰੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਅਤੇ ਲੈਪਟਾਪ ਤੇ ਟੈਬਲੇਟ ਪ੍ਰਦਾਨ ਕੀਤੇ ਗਏ।ਮੌਜੂਦਾ ਸਾਲ ਦੌਰਾਨ ਕੁੱਲ 165 ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਤਹਿਤ ਸਕਾਲਰਸ਼ਿਪ ਦਿੱਤੀ ਜਾ ਰਹੀ ਹੈ।ਇਸ ਪ੍ਰੋਗਰਾਮ ਤਹਿਤ ਹੁਣ ਤੱਕ 2,000 ਤੋਂ ਵੱਧ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਜਾ ਚੁੱਕੀ ਹੈ, ਜਿਨ੍ਹਾਂ ਵਿੱਚ 1,400 ਤੋਂ ਵੱਧ ਲੜਕੀਆਂ ਸ਼ਾਮਲ ਹਨ। ਐੱਚ ਐੱਮ ਈ ਐੱਲ ਵੱਲੋਂ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਤੀਜਿਆਂ ਤੇ ਮੈਰਿਟ ਦੇ ਆਧਾਰ 'ਤੇ ਵੱਖ-ਵੱਖ ਸ਼੍ਰੇਣੀਆਂ ਵਿੱਚ ਸਕਾਲਰਸ਼ਿਪ ਦਿੱਤੀ ਜਾਂਦੀ ਹੈ।ਬਾਰ੍ਹਵੀਂ ਜਮਾਤ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ



ਵਾਲੇ ਵਿਦਿਆਰਥੀ ਨੂੰ 75,000 ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੇ ਨੂੰ 65,000 ਰੁਪਏ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 55,000 ਰੁਪਏ ਦੀ ਨਕਦ ਸਕਾਲਰਸ਼ਿਪ ਦੇ ਨਾਲ ਲੈਪਟਾਪ ਦਿੱਤਾ ਜਾਂਦਾ ਹੈ।ਇਸੇ ਤਰ੍ਹਾਂ ਦਸਵੀਂ ਜਮਾਤ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਨੂੰ 60,000 ਰੁਪਏ, ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 50,000 ਰੁਪਏ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨੂੰ 40,000 ਰੁਪਏ ਦੀ ਨਕਦ ਸਕਾਲਰਸ਼ਿਪ ਦੇ ਨਾਲ ਟੈਬਲੇਟ ਦਿੱਤਾ ਜਾਂਦਾ ਹੈ।ਇਸ ਤੋਂ ਇਲਾਵਾ ਬਾਰ੍ਹਵੀਂ ਤੇ ਦਸਵੀਂ ਜਮਾਤ 'ਚੋਂ 85 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹਰੇਕ ਯੋਗ ਵਿਦਿਆਰਥੀ ਨੂੰ 30,000 ਰੁਪਏ ਦੀ ਸਕਾਲਰਸ਼ਿਪ ਦਿੱਤੀ ਜਾਂਦੀ ਹੈ। ਨਕਦ ਸਹਾਇਤਾ ਦੇ ਨਾਲ ਲੈਪਟਾਪ ਅਤੇ ਟੈਬਲੇਟ ਦੇਣ ਦਾ ਉਦੇਸ਼ ਵਿਦਿਆਰਥੀਆਂ ਨੂੰ ਡਿਜੀਟਲ ਸਿੱਖਿਆ ਦੇ ਸਾਧਨਾਂ ਨਾਲ ਜੋੜਨਾ ਹੈ, ਤਾਂ ਜੋ ਉਹ ਆਨਲਾਈਨ ਅਧਿਐਨ, ਵਿਸ਼ਿਆਂ ਦੀ ਡੂੰਘੀ ਸਮਝ ਤੇ ਨੀਟ, ਜੇ ਈ ਈ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵੀ ਕਰ ਸਕਣ।ਇਸ ਤਰ੍ਹਾਂ ਇਹ ਪ੍ਰੋਗਰਾਮ ਸਿਰਫ਼ ਮੈਰਿਟ ਨੂੰ ਸਨਮਾਨਤ ਕਰਨ ਤੱਕ ਸੀਮਿਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਅਗਲੇ ਅਕਾਦਮਿਕ ਸਫ਼ਰ ਵਿੱਚ ਵੀ ਸਹਾਇਕ ਬਣ ਰਿਹਾ ਹੈ।

ਬੀ.ਐੱਸ.ਸੀ. (ਖੇਤੀਬਾੜੀ) ਦੇ ਵਿਦਿਆਰਥੀਆਂ ਦਾ ਵਿੱਦਿਅਕ ਦੌਰਾ

ਬਠਿੰਡਾ, (ਪਰਵਿੰਦਰ ਜੀਤ ਸਿੰਘ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫ਼ਾਰਮ ਸਲਾਹਕਾਰ ਸੇਵਾ ਕੇਂਦਰ ਬਠਿੰਡਾ ਵੱਲੋਂ ਰੂਰਲ ਐਗਰੀਕਲਚਰ ਐਕਸਪੀਰੀਐਂਸ ਪ੍ਰੋਗਰਾਮ ਅਧੀਨ ਵਿਦਿਆਰਥੀਆਂ ਨੂੰ ਜ਼ਿਲ੍ਹੇ ਦੇ ਪਿੰਡ ਪੂਹਲੀ ਦਾ ਦੌਰਾ ਕਰਵਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਕਿਸਾਨਾਂ ਦੀਆਂ ਖੇਤੀਬਾੜੀ ਸਬੰਧੀ ਸਮੱਸਿਆਵਾਂ, ਆਧੁਨਿਕ ਖੇਤੀ



ਤਕਨੀਕਾਂ ਤੇ ਖੇਤਰੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਖੇਤੀਬਾੜੀ ਗਤੀਵਿਧੀਆਂ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਪ੍ਰਮੁੱਖ ਪਸਾਰ ਮਾਹਿਰ (ਭੂਮੀ ਵਿਗਿਆਨ) ਡਾ. ਪ੍ਰਿਤਪਾਲ ਸਿੰਘ ਤੇ ਜ਼ਿਲ੍ਹਾ ਪਸਾਰ ਮਾਹਰ (ਫ਼ਸਲ ਵਿਗਿਆਨ) ਡਾ. ਨਵਨੀਤ ਕੌਰ ਨੇ ਵਿਦਿਆਰਥੀਆਂ ਦੀ ਅਗਵਾਈ ਕੀਤੀ ਤੇ ਉਨ੍ਹਾਂ ਨੂੰ ਪਿੰਡ ਪੂਹਲੀ ਵਿਖੇ ਸ. ਇੰਦਰਜੀਤ ਸਿੰਘ ਦੇ ਸੰਯੁਕਤ ਖੇਤੀ ਪ੍ਰਣਾਲੀ ਮਾਡਲ ਦਾ ਦੌਰਾ ਕਰਵਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਨੂੰ ਡਰੈਗਨ ਫ਼ਰੂਟ ਦੀ ਖੇਤੀ, ਗੰਡੋਆ ਖਾਦ ਬਣਾਉਣ ਦੀ ਵਿਧੀ, ਹਲਦੀ ਤੇ ਗੰਨੇ ਦੀ ਖੇਤੀ, ਫ਼ਲਾਂ ਦੀ ਪੌਸ਼ਟਿਕ ਬਗੀਚੀ, ਘਰੇਲੂ ਸਬਜ਼ੀਆਂ ਦੀ ਬਗੀਚੀ, ਤੁਪਕਾ ਸਿੰਚਾਈ ਤੇ ਪਾਣੀ ਨੂੰ ਸਟੋਰ ਕਰਨ ਦੇ ਤਰੀਕੇ ਸ਼ਾਮਲ ਸਨ।ਵਿਦਿਆਰਥੀਆਂ ਨੂੰ ਕਿਸਾਨਾਂ ਨਾਲ ਸਿੱਧਾ ਸੰਪਰਕ ਬਣਾਉਣ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਤੇ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਖੇਤੀ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।

ਕੌਮੀ ਏਕਤਾ ਤੇ ਸ਼ਖ਼ਸੀਅਤ ਦੇ ਵਿਕਾਸ ਦਾ ਸੁਨੇਹਾ ਦੇ ਗਿਆ ਅਜਮੇਰ ਟ੍ਰੈਕਿੰਗ ਕੈਂਪ

ਖ਼ਾਲਸਾ ਕਾਲਜ ਦੀਆਂ ਚਾਰ ਐੱਨ.ਸੀ.ਸੀ. ਕੈਡਿਟਾਂ ਨੇ ਕੀਤੀ ਨੁਮਾਇੰਦਗੀ

ਰਾਏਕੋਟ (ਸੰਤੋਖ ਗਿੱਲ)-ਨੌਜਵਾਨ ਮਹਿਲਾ ਕੈਡਿਟਾਂ ਵਿੱਚ ਕੌਮੀ ਏਕਤਾ, ਆਪਸੀ ਸਦਭਾਵਨਾ, ਆਤਮ-ਵਿਸ਼ਵਾਸ, ਲੀਡਰਸ਼ਿਪ, ਅਨੁਸ਼ਾਸਨ ਤੇ ਸਾਹਸੀ ਭਾਵਨਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅਜਮੇਰ (ਰਾਜਸਥਾਨ) ਵਿੱਚ ਕਰਵਾਏ ਗਏ ਆਲ ਇੰਡੀਆ ਗਰਲਜ਼ ਟ੍ਰੈਕਿੰਗ ਕੈਂਪ (ਅਜਮੇਰ ਟ੍ਰੈਕ-2026) ਵਿੱਚ ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਗੁਰੂਸਰ ਸੁਧਾਰ ਦੀਆਂ ਚਾਰ ਐੱਨ.ਸੀ.ਸੀ. ਕੈਡਿਟਾਂ ਖੁਸ਼ਪ੍ਰੀਤ ਕੌਰ, ਪਰਮਿੰਦਰ ਕੌਰ, ਸਿਮਰਨ ਕੁਲਾਰ ਤੇ ਕੋਮਲ ਨੇ ਭਾਗ ਲਿਆ।ਕਾਯੜ ਵਿਸ਼ਰਾਮ ਸਥਲ ਵਿੱਚ 11ਵੀਂ ਰਾਜਸਥਾਨ ਬਟਾਲੀਅਨ ਐੱਨ.ਸੀ.ਸੀ. ਅਜਮੇਰ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਦੇਸ਼ ਦੀਆਂ ਨੌਂ ਐੱਨ.ਸੀ.ਸੀ. ਡਾਇਰੈਕਟੋਰੇਟ ਦੀਆਂ 513 ਤੋਂ ਵੱਧ ਮਹਿਲਾ ਕੈਡਿਟਾਂ ਨੇ ਸ਼ਮੂਲੀਅਤ ਕੀਤੀ। ਕੈਂਪ ਦੌਰਾਨ ਵੱਖ-ਵੱਖ ਰਾਜਾਂ ਦੀਆਂ ਕੈਡਿਟਾਂ ਨੂੰ ਆਪਸੀ ਮੇਲ-ਮਿਲਾਪ ਤੇ ਸੱਭਿਆਚਾਰਕ ਆਦਾਨ-ਪ੍ਰਦਾਨ ਦਾ ਮੌਕਾ ਮਿਲਿਆ।ਅਰਾਵਲੀ ਪਹਾੜੀਆਂ ਵਿੱਚ ਟ੍ਰੈਕਿੰਗ ਰਾਹੀਂ ਉਨ੍ਹਾਂ ਸਾਹਸ, ਟੀਮ ਵਰਕ ਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਗੁਣਾਂ ਦਾ ਅਨੁਭਵ ਹਾਸਲ ਕੀਤਾ।ਇਸ ਤੋਂ ਇਲਾਵਾ ਅਜਮੇਰ ਸਾਈਬਰ ਪੁਲਸ ਵੱਲੋਂ ਸਾਈਬਰ ਸੁਰੱਖਿਆ, ਡਿਜੀਟਲ ਸੁਰੱਖਿਆ ਤੇ ਮਹਿਲਾ ਸਵੈ-ਰੱਖਿਆ ਸਬੰਧੀ ਵਰਕਸ਼ਾਪਾਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਦਾ ਉਦੇਸ਼ ਕੈਡਿਟਾਂ ਨੂੰ ਨਿੱਜੀ ਤੇ ਡਿਜੀਟਲ ਸੁਰੱਖਿਆ ਪ੍ਰਤੀ ਜਾਗਰੂਕ ਕਰਨਾ ਸੀ।ਕੈਡਿਟਾਂ ਨੇ ਨਰੇਲੀ ਜੈਨ ਮੰਦਰ ਪੁਸ਼ਕਰ ਤੇ ਅਜਮੇਰ ਦੇ ਪ੍ਰਮੁੱਖ ਇਤਿਹਾਸਕ ਤੇ ਧਾਰਮਿਕ ਸਥਾਨਾਂ ਦਾ ਦੌਰਾ ਕਰਕੇ ਰਾਜਸਥਾਨ ਦੀ ਵਿਰਾਸਤ ਬਾਰੇ ਵੀ ਜਾਣਕਾਰੀ ਹਾਸਲ ਕੀਤੀ।ਕੈਂਪ ਦੌਰਾਨ ਕਾਲਜ ਦੀਆਂ ਚਾਰਾਂ ਕੈਡਿਟਾਂ ਨੇ ਪੰਜਾਬ ਦੀ ਪ੍ਰਤੀਨਿਧਤਾ ਕਰਦਿਆਂ ਭੰਗੜੇ ਤੇ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਰਾਹੀਂ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਦੀ ਝਲਕ ਪੇਸ਼ ਕੀਤੀ, ਜਿਸ ਦੀ ਦਰਸ਼ਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।ਕਾਲਜ ਦੇ ਪ੍ਰਿੰਸੀਪਲ ਡਾ. ਰਾਜਿੰਦਰ ਸਿੰਘ ਨੇ ਕੈਡਿਟਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕੌਮੀ ਪੱਧਰ ਦੇ ਕੈਂਪ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ, ਲੀਡਰਸ਼ਿਪ ਤੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਕੌਮੀ ਏਕਤਾ ਤੇ ਸੱਭਿਆਚਾਰਕ ਸਾਂਝ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਕਾਲਜ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਕੈਡਿਟਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।



ਜਸ਼ਨਪ੍ਰੀਤ ਨੇ ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਦਾ ਅਹੁਦਾ ਸੰਭਾਲਿਆ

ਪਟਿਆਲਾ, (ਰਾਜਿੰਦਰ ਸਿੰਘ ਥਿੰਦ)-2014 ਬੈਚ ਦੇ ਸੀਨੀਅਰ ਪੀ.ਸੀ.ਐੱਸ. ਅਧਿਕਾਰੀ ਜਸ਼ਨਪ੍ਰੀਤ ਕੌਰ ਗਿੱਲ ਨੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ ਦੇ ਮੈਨੇਜਿੰਗ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਜਸ਼ਨਪ੍ਰੀਤ ਕੌਰ ਗਿੱਲ ਦਾ ਸੁਆਗਤ ਕੀਤਾ ਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਇਸ ਉਪਰੰਤ ਅਧਿਕਾਰੀਆਂ ਨੇ ਉਨ੍ਹਾਂ ਨੂੰ ਪੀ.ਆਰ.ਟੀ.ਸੀ. ਦੀ ਕਾਰਜਪ੍ਰਣਾਲੀ, ਮੌਜੂਦਾ ਪ੍ਰਬੰਧਕੀ ਸਥਿਤੀ ਤੇ ਸਵਾਰੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਆਵਾਜਾਈ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਜਸ਼ਨਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਪੀ.ਆਰ.ਟੀ.ਸੀ. ਦੀਆਂ ਸੇਵਾਵਾਂ ਨੂੰ ਹੋਰ ਬਿਹਤਰ, ਸੁਚਾਰੂ ਤੇ ਸਵਾਰੀ ਪੱਖੀ ਬਣਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।ਉਨ੍ਹਾਂ ਕਿਹਾ ਕਿ ਪੀ.ਆਰ.ਟੀ.ਸੀ. ਦੀਆਂ ਬੱਸਾਂ ਵਿੱਚ ਸਫ਼ਰ ਕਰਨ ਵਾਲੀਆ ਸਵਾਰੀਆਂ ਨੂੰ ਸੁਰੱਖਿਅਤ, ਆਰਾਮਦਾਇਕ ਤੇ ਸਮੇਂ ਸਿਰ ਆਵਾਜਾਈ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾਣਗੇ।




ਕਿਸਾਨਾਂ ਦਾ ਦਾਣਾ-ਦਾਣਾ ਖ਼ਰੀਦਣ ਦੇ ਵਾਅਦੇ ਤੋਂ ਭੱਜ ਰਹੀ ਹੈ ਸਰਕਾਰ : ਗੁਰਮੀਤ ਸਿੰਘ



ਫਿਰੋਜ਼ਪੁਰ (ਗੁਰਬਚਨ ਸਿੰਘ)-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਪੰਜਾਬ ਕਮੇਟੀ ਮੈਂਬਰ ਗੁਰਮੀਤ ਸਿੰਘ ਘੋੜੇਚੱਕ ਨੰਬਰਦਾਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ 400 ਮੰਡੀਆਂ ਬੰਦ ਕਰਨ ਦੇ ਫ਼ੈਸਲੇ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 180 ਲੱਖ ਟਨ ਝੋਨੇ ਦੀ ਖਰੀਦ ਦਾ ਟੀਚਾ ਪੂਰਾ ਹੋਣ ਦਾ ਹਵਾਲਾ ਦੇ ਕੇ ਮੰਡੀਆਂ ਬੰਦ ਕਰਨਾ ਕਿਸਾਨਾਂ ਨਾਲ ਵੱਡਾ ਧੱਕਾ ਹੈ, ਕਿਉਂਕਿ ਅਜੇ ਵੀ ਕਈ ਮੰਡੀਆਂ ਵਿੱਚ ਕਿਸਾਨਾਂ ਦਾ ਝੋਨਾ ਖਰੀਦ ਤੋਂ ਵਾਂਝਾ ਪਿਆ ਹੈ।ਉਨ੍ਹਾਂ ਦੱਸਿਆ ਕਿ ਫ਼ਰੀਦਕੋਟ, ਬਠਿੰਡਾ, ਮਾਨਸਾ, ਬਰਨਾਲਾ, ਸੰਗਰੂਰ, ਪਟਿਆਲਾ, ਫ਼ਤਹਿਗੜ੍ਹ ਸਾਹਿਬ ਤੇ ਲੁਧਿਆਣਾ ਸਮੇਤ ਕਈ ਜ਼ਿਲ੍ਹਿਆਂ ਦੀਆਂ ਮੰਡੀਆਂ ਵਿੱਚ ਲਗਭਗ 25 ਫ਼ੀਸਦੀ ਝੋਨੇ ਦੀ ਖਰੀਦ ਬਾਕੀ ਹੈ।ਇਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਗੁਰਮੀਤ ਸਿੰਘ ਨੇ ਦੋਸ਼ ਲਾਇਆ ਕਿ ਸਰਕਾਰ ਦਾ ਇਹ ਫ਼ੈਸਲਾ ਸਰਕਾਰੀ ਖਰੀਦ ਪ੍ਰਣਾਲੀ ਨੂੰ ਕਮਜ਼ੋਰ ਕਰਕੇ ਖੇਤੀਬਾੜੀ ਖੇਤਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਨੀਤੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਤਿੰਨ ਖੇਤੀ ਕਾਨੂੰਨਾਂ ਰਾਹੀਂ ਮੰਡੀਆਂ, ਖਰੀਦ ਤੇ ਸਟੋਰੇਜ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸ ਨੂੰ ਕਿਸਾਨਾਂ ਨੇ ਲੰਮੇ ਸੰਘਰਸ਼ ਤੋਂ ਬਾਅਦ ਰੱਦ ਕਰਵਾਇਆ ਸੀ। ਹੁਣ ਸਰਕਾਰੀ ਖਰੀਦ ਤੋਂ ਪਿੱਛੇ ਹਟ ਕੇ ਉਸੇ ਤਰ੍ਹਾਂ ਦੀ ਨੀਤੀ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮੰਡੀਕਰਨ ਮਾਡਲ ਦੇਸ਼ ਦੇ ਸਭ ਤੋਂ ਵਿਕਸਿਤ ਮਾਡਲਾਂ ਵਿੱਚੋਂ ਇੱਕ ਹੈ, ਜਿਸ ਵਿੱਚ ਲਗਭਗ 450 ਮੰਡੀਆਂ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਦੀ ਸਹੂਲਤ ਦਿੰਦੀਆਂ ਹਨ।ਇਸ ਪ੍ਰਣਾਲੀ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ।ਅੰਤ ਵਿੱਚ ਗੁਰਮੀਤ ਸਿੰਘ ਘੋੜੇਚੱਕ ਨੰਬਰਦਾਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੰਦ ਕੀਤੀਆਂ 400 ਮੰਡੀਆਂ ਤੁਰੰਤ ਖੋਲ੍ਹੀਆਂ ਜਾਣ ਤੇ ਮੰਡੀਆਂ ਵਿੱਚ ਪਿਆ ਕਿਸਾਨਾਂ ਦਾ ਬਾਕੀ ਰਹਿੰਦਾ ਸਾਰਾ ਝੋਨਾ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦਿਆ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਖੱਜਲ-ਖੁਆਰ ਨਾ ਹੋਣਾ ਪਵੇ।

ਜੂਨੀਅਰ ਨੈਸ਼ਨਲ ਐਥਲੈਟਿਕਸ ਚੈਂਪੀਅਨਸ਼ਿਪ 'ਚ ਸਟੀਫਨ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫਨ ਇੰਟਰਨੈਸ਼ਨਲ ਸਕੂਲ ਮਹਿਲਾਂ ਦੇ ਵਿਦਿਆਰਥੀਆਂ ਨੇ 41ਵੀਂ ਜੂਨੀਅਰ ਨੈਸ਼ਨਲ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਇਹ ਮੁਕਾਬਲੇ ਚੇਨਈ, ਤਾਮਿਲਨਾਡੂ ਵਿਖੇ ਕਰਵਾਏ ਗਏ, ਜਿਸ ਵਿੱਚ ਸਕੂਲ ਦੇ ਹੋਣਹਾਰ ਖਿਡਾਰੀਆਂ ਸਹਨੂਰ ਬਾਵਾ, ਜਸਕਰਨ ਸਿੰਘ ਤੇ ਜਸਕੀਰਤ ਸਿੰਘ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਸਹਨੂਰ ਬਾਵਾ ਨੇ ਅੰਡਰ-18 ਵਰਗ ਦੀ 400 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ, ਮਿਹਨਤ ਤੇ ਖੇਡਾਂ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੇ ਹੋਰ ਖਿਡਾਰੀਆਂ ਨੇ ਵੀ ਰਾਸ਼ਟਰੀ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਸਫਲਤਾ ਪਿੱਛੇ ਖਿਡਾਰੀਆਂ ਦੀ ਸਖ਼ਤ ਮਿਹਨਤ, ਕੋਚ ਦੀ ਅਗਵਾਈ ਤੇ ਨਿਰੰਤਰ ਅਭਿਆਸ ਦਾ ਮਹੱਤਵਪੂਰਨ ਯੋਗਦਾਨ ਰਿਹਾ।ਸਕੂਲ ਦੇ ਚੇਅਰਮੈਨ ਸ੍ਰੀ ਦੀਪਕ ਗੁਪਤਾ, ਮੈਨੇਜਿੰਗ ਡਾਇਰੈਕਟਰ ਸ੍ਰੀ ਸਚਿਨ ਗੁਪਤਾ ਤੇ ਡਾਇਰੈਕਟਰ ਪ੍ਰਿੰਸੀਪਲ ਮਿਸ ਮੋਨਿਕਾ ਸ਼ਰਮਾ ਨੇ ਸਾਰੇ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।ਸਟੀਫਨ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਉੱਚੀਆਂ ਮੱਲਾਂ ਮਾਰਨ ਲਈ ਲਗਾਤਾਰ ਉਤਸ਼ਾਹਤ ਕਰਦਾ ਹੈ।

ਸੀਨੀਅਰ ਅਕਾਲੀ ਆਗੂ ਗੁਰਜਿੰਦਰ ਪਾਲ ਸਿੰਘ ਕਾਂਗਰਸ 'ਚ ਸ਼ਾਮਲ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਹਲਕਾ ਗੁਰੂ ਹਰਸਹਾਏ ਅੱਜਕੱਲ੍ਹ ਚਰਚਾ ਵਿੱਚ ਬਣਿਆ ਹੋਇਆ ਹੈ, ਕਿਉਂਕਿ ਕੁੱਝ ਦਿਨ ਪਹਿਲਾਂ ਰਮਿੰਦਰ ਸਿੰਘ ਆਵਲਾ ਕਾਂਗਰਸ ਛੱਡ ਕੇ ਅਕਾਲੀ ਦਲ ਪਾਰਟੀ ਵਿੱਚ ਸ਼ਾਮਲ ਹੋ ਗਏ।ਠੀਕ ਉਸ ਤੋਂ ਬਾਅਦ ਰੋਹਿਤ ਕੁਮਾਰ ਮਾਂਟੂ ਵੋਹਰਾ ਅਕਾਲੀ ਦਲ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਤੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਤੇ ਟਕਸਾਲੀ ਆਗੂ ਗੁਰਜਿੰਦਰ ਪਾਲ ਸਿੰਘ ਸ਼ਿਵ ਤਿਰਪਾਲ ਕੇ ਨੇ ਅਕਾਲੀ ਦਲ ਨੂੰ ਅਲਵਿਦਾ ਆਖ ਕੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ।ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨੇ ਉਨ੍ਹਾਂ ਦਾ ਕਾਂਗਰਸ ਪਾਰਟੀ ਵਿੱਚ ਆਉਣ ਲਈ ਸਵਾਗਤ ਕੀਤਾ ਤੇ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।ਜਾਣਕਾਰੀ ਅਨੁਸਾਰ ਕਾਂਗਰਸ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਗੁਰਜਿੰਦਰ ਪਾਲ ਸਿੰਘ ਸ਼ਿਵ ਨੇ ਪਾਰਟੀ ਹਾਈਕਮਾਂਡ ਨਾਲ ਮੁਲਾਕਾਤ ਵੀ ਕੀਤੀ ਸੀ।ਜ਼ਿਕਰਯੋਗ ਹੈ ਕਿ ਉਨ੍ਹਾਂ ਦਾ ਪਰਿਵਾਰ ਲੰਬੇ ਸਮੇਂ ਤੋਂ ਹਲਕਾ ਗੁਰੂ ਹਰਸਹਾਏ ਦੀ ਸਿਆਸਤ ਵਿੱਚ ਸਰਗਰਮ ਹੈ ਤੇ ਕੰਬੋਜ ਭਾਈਚਾਰੇ ਵਿੱਚ ਵੀ ਚੰਗਾ ਆਧਾਰ ਰੱਖਦਾ ਹੈ।ਉਨ੍ਹਾਂ ਦੀ ਇਸ ਸ਼ਮੂਲੀਅਤ ਨੂੰ ਹਲਕੇ ਦੀ ਸਿਆਸਤ ਵਿੱਚ ਅਹਿਮ ਤਬਦੀਲੀ ਵਜੋਂ ਦੇਖਿਆ ਜਾ ਰਿਹਾ ਹੈ।

ਡਿੰਪਲ ਮਸੀਹ ਪੰਜਾਬ ਕ੍ਰਿਸਚਨ ਵੈੱਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਨਿਯੁਕਤ

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੌਂਪਿਆ ਨਿਯੁਕਤੀ ਪੱਤਰ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਵੱਲੋਂ ਡਿੰਪਲ ਮਸੀਹ ਨੂੰ ਪੰਜਾਬ ਕ੍ਰਿਸਚਨ




ਵੈੱਲਫੇਅਰ ਬੋਰਡ, ਜ਼ਿਲ੍ਹਾ ਸੰਗਰੂਰ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪ ਕੇ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਡਿੰਪਲ ਮਸੀਹ ਨੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਗਟਾਇਆ ਗਿਆ ਵਿਸ਼ਵਾਸ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ।ਉਨ੍ਹਾਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ ਅਤੇ ਕ੍ਰਿਸਚਨ ਭਾਈਚਾਰੇ ਦੀ ਭਲਾਈ, ਹੱਕਾਂ ਤੇ ਸਮਾਜਿਕ ਉੱਨਤੀ ਲਈ ਲਗਾਤਾਰ ਯਤਨਸ਼ੀਲ ਰਹਿਣਗੇ।ਇਸ ਮੌਕੇ ਉਨ੍ਹਾਂ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਸ੍ਰੀ ਮੁਕੇਸ਼ ਜੁਨੇਜਾ, ਵਾਈਸ ਚੇਅਰਮੈਨ ਸ੍ਰੀ ਸੰਦੀਪ ਸਿੰਘ ਵਿਰਕ (ਲਖਮੀਰਵਾਲਾ) ਤੇ ਨਗਰ ਕੌਂਸਲ ਸੁਨਾਮ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਸ੍ਰੀ ਯਾਦਵਿੰਦਰ ਨਿਰਮਾਣ ਦਾ ਵਿਸ਼ੇਸ਼ ਧੰਨਵਾਦ ਕੀਤਾ।ਡਿੰਪਲ ਮਸੀਹ ਨੇ ਕਿਹਾ ਕਿ ਮੰਤਰੀ ਸ੍ਰੀ ਅਮਨ ਅਰੋੜਾ ਦਾ ਵਿਸ਼ਵਾਸ ਉਨ੍ਹਾਂ ਦੀ ਤਾਕਤ ਹੈ ਤੇ ਸਮਾਜ ਦੀ ਸੇਵਾ ਕਰਨਾ ਉਨ੍ਹਾਂ ਦਾ ਮੁੱਖ ਸੰਕਲਪ ਹੈ।

ਡਾ. ਰਮਾ ਵਾਲੀਆ ਨੂੰ ਮੌਲੀਕਿਊਲਰ ਇਮੇਜਿੰਗ 'ਚ ਮਿਲਿਆ ਬੈਸਟ ਐਵਾਰਡ



ਸਮਰਾਲਾ, (ਸੁਰਜੀਤ ਸਿੰਘ)-ਪੀਜੀਆਈ ਚੰਡੀਗੜ੍ਹ ਦੇ ਐਂਡੋਕਰੀਨੋਲੋਜੀ ਵਿਭਾਗ ਦੀ ਸਹਾਇਕ ਪ੍ਰੋਫ਼ੈਸਰ ਡਾ. ਰਮਾ ਵਾਲੀਆ ਨੂੰ ਇਸ ਸਾਲ ਅਕਤੂਬਰ ਵਿੱਚ ਹੋਈ ਕਾਨਫਰੰਸ ਦੌਰਾਨ ਐਂਡੋਕ੍ਰਾਈਨ ਸੋਸਾਇਟੀ ਆਫ ਇੰਡੀਆ ਵੱਲੋਂ ਬੈਸਟ ਰਿਸਰਚਰ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਹ ਐਵਾਰਡ ਕੁਸ਼ਿੰਗ ਰੋਗ ਨਾਲ ਜੁੜੇ ਟਿਊਮਰਾਂ ਦੀ ਪਛਾਣ ਲਈ ਉੱਨਤ ਮੌਲੀਕਿਊਲਰ ਇਮੇਜਿੰਗ ਤਕਨੀਕਾਂ ਦੀ ਖੋਜ ਕਰਨ ਵਾਲੇ ਉਨ੍ਹਾਂ ਦੇ ਨਵੀਨਤਾਕਾਰੀ ਖੋਜ ਪ੍ਰਕਾਸ਼ਨ ਨੂੰ ਮਾਨਤਾ ਦਿੰਦਾ ਹੈ। ਐਵਾਰਡ ਜੇਤੂ ਖੋਜ ਪੱਤਰ ਵੱਕਾਰੀ ਯੂਰੋਪੀਅਨ ਜਰਨਲ ਆਫ ਨਿਊਕਲੀਅਰ ਮੈਡੀਸਨ ਐਂਡ ਮੌਲੀਕਿਊਲਰ ਇਮੇਜਿੰਗ ਵਿੱਚ ਪ੍ਰਕਾਸ਼ਿਤ ਹੋਇਆ ਸੀ, ਜੋ ਕਿ ਨਿਊਕਲੀਅਰ ਮੈਡੀਸਨ ਤੇ ਮੌਲੀਕਿਊਲਰ ਇਮੇਜਿੰਗ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਅੰਤਰਰਾਸ਼ਟਰੀ ਜਰਨਲ ਹੈ।ਇਹ ਅਧਿਐਨ ਕੁਸ਼ਿੰਗ ਰੋਗ ਲਈ ਜ਼ਿੰਮੇਵਾਰ ਕਾਰਟੀਕੋਟ੍ਰੋਫ ਟਿਊਮਰਾਂ ਦੀ ਪਛਾਣ ਤੇ ਸਥਾਨਕੀਕਰਨ ਨੂੰ ਬਿਹਤਰ ਬਣਾਉਣ ਲਈ ਵੈਸੋਪ੍ਰੈਸਿਨ ਰੀਸੈਪਟਰਾਂ ਨੂੰ ਨਿਸ਼ਾਨਾ ਬਣਾਉਣ ਵਾਲੀ ਇੱਕ ਨਵੀਨ ਮੌਲੀਕਿਊਲਰ ਇਮੇਜਿੰਗ ਤਕਨੀਕ ਦੀ ਵਰਤੋਂ ਦੀ ਖੋਜ ਕਰਦਾ ਹੈ।ਇਸ ਖੋਜ ਵਿੱਚ 234 ਮਰੀਜ਼ ਸ਼ਾਮਲ ਸਨ ਤੇ ਇਸ ਨੇ ਇਸ ਉੱਨਤ ਇਮੇਜਿੰਗ ਤਕਨੀਕ ਦੀ ਡਾਇਗਨੌਸਟਿਕ ਸ਼ੁੱਧਤਾ ਨੂੰ ਬਿਹਤਰ ਬਣਾਉਣ ਦੀ ਸਮਰੱਥਾ ਨੂੰ ਦਰਸਾਇਆ, ਖਾਸ ਕਰਕੇ ਉਨ੍ਹਾਂ ਮਾਮਲਿਆਂ ਵਿੱਚ ਜਿੱਥੇ ਰਵਾਇਤੀ ਇਮੇਜਿੰਗ ਤਕਨੀਕਾਂ ਬੇਅਸਰ ਹੋ ਸਕਦੀਆਂ ਹਨ। ਇਹ ਖੋਜ ਕੁਸ਼ਿੰਗ ਰੋਗ, ਜੋ ਕਿ ਇੱਕ ਗੁੰਝਲਦਾਰ ਐਂਡੋਕ੍ਰਾਈਨ ਵਿਕਾਰ ਹੈ ਤੇ ਜਿਸ ਵਿੱਚ ਬਹੁਤ ਜ਼ਿਆਦਾ ਕੋਰਟੀਸੋਲ ਉਤਪਾਦਨ ਦੇ ਮੂਲ ਸਰੋਤ ਦੀ ਪਛਾਣ ਕਰਨ ਵਿੱਚ ਅਕਸਰ ਮਹੱਤਵਪੂਰਨ ਚੁਣੌਤੀਆਂ ਆਉਂਦੀਆਂ ਹਨ, ਦੇ ਡਾਇਗਨੌਸਟਿਕ ਮੁਲਾਂਕਣ ਵਿੱਚ ਇੱਕ ਮਹੱਤਵਪੂਰਨ ਤਰੱਕੀ ਨੂੰ ਦਰਸਾਉਂਦੀ ਹੈ। ਇਹ ਵੱਕਾਰੀ ਖੋਜ ਪੱਤਰ ਮਾਨਤਾ ਨਾ ਸਿਰਫ਼ ਡਾ. ਵਾਲੀਆ ਦੀ ਅਕਾਦਮਿਕ ਪ੍ਰਾਪਤੀ ਦਾ ਜਸ਼ਨ ਮਨਾਉਂਦੀ ਹੈ ਬਲਕਿ ਭਾਰਤ ਵਿੱਚ ਐਂਡੋਕ੍ਰਾਈਨ ਸਿਹਤ ਸੰਭਾਲ ਦੇ ਮਿਆਰਾਂ ਨੂੰ ਬਿਹਤਰ ਬਣਾਉਣ ਲਈ ਉਨ੍ਹਾਂ ਦੀ ਵਿਗਿਆਨਕ ਉੱਤਮਤਾ, ਕਲੀਨਿਕਲ ਨਵੀਨਤਾ ਤੇ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।

ਇੰਸ. ਗੁਰਪ੍ਰਤਾਪ ਸਿੰਘ ਡੀ ਜੀ ਪੀ ਕਮੈਂਡੇਸ਼ਨ ਡਿਸਕ ਨਾਲ ਸਨਮਾਨਤ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਐੱਸ.ਐੱਸ.ਪੀ. ਖੰਨਾ ਡਾ. ਦਰਪਣ ਆਹਲੂਵਾਲੀਆ ਵੱਲੋਂ ਇੰਸਪੈਕਟਰ ਗੁਰਪ੍ਰਤਾਪ ਸਿੰਘ ਨੂੰ ਡੀਜੀਪੀ ਕਮੈਂਡੇਸ਼ਨ ਡਿਸਕ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਖੰਨਾ ਸਥਿਤ ਐੱਸ.ਐੱਸ.ਪੀ. ਦਫ਼ਤਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਦਿੱਤਾ ਗਿਆ, ਜਿੱਥੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ। ਇਸ ਮੌਕੇ ਐੱਸ.ਐੱਸ.ਪੀ. ਦਰਪਣ ਆਹਲੂਵਾਲੀਆ ਨੇ ਇੰਸਪੈਕਟਰ ਗੁਰਪ੍ਰਤਾਪ ਸਿੰਘ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੁਲਸ ਦੇ ਵੱਖ-ਵੱਖ ਵਿਭਾਗਾਂ 'ਚ ਮਿਹਨਤ, ਲਗਨ, ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਈ ਗਈ ਡਿਊਟੀ ਦਾ ਸਨਮਾਨ ਹੋਣਾ ਬੇਹੱਦ ਮਾਣ ਵਾਲੀ ਗੱਲ ਹੈ। ਪੁਲਸ ਅਧਿਕਾਰੀ ਸਮਾਜ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਦੇ ਨਾਲ-ਨਾਲ ਲੋਕਾਂ ਦੀ ਸੁਰੱਖਿਆ ਤੇ ਸੇਵਾ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੇ ਅਧਿਕਾਰੀਆਂ ਦੀ ਹੌਸਲਾ ਅਫਜ਼ਾਈ ਕਰਨਾ ਵਿਭਾਗ ਦੀ ਚੰਗੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਹੁੰਦਾ ਹੈ। ਉਨ੍ਹਾਂ ਕਿਹਾ ਕਿ ਡੀਜੀਪੀ ਕਮੈਂਡੇਸ਼ਨ ਡਿਸਕ ਵਰਗੇ ਸਨਮਾਨ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਲਈ ਮਾਣ ਦੇ ਨਾਲ-ਨਾਲ ਹੋਰ ਵੀ ਬਿਹਤਰ ਸੇਵਾਵਾਂ ਨਿਭਾਉਣ ਦੀ ਪ੍ਰੇਰਨਾ ਬਣਦੇ ਹਨ। ਇਸ ਨਾਲ ਪੁਲਸ ਮੁਲਾਜ਼ਮਾਂ ਦਾ ਮਨੋਬਲ ਵਧਦਾ ਹੈ ਤੇ ਹੋਰ ਕਰਮਚਾਰੀਆਂ ਨੂੰ ਵੀ ਆਪਣੀ ਡਿਊਟੀ ਪੂਰੀ ਨਿਸ਼ਠਾ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਉਤਸ਼ਾਹ ਮਿਲਦਾ ਹੈ। ਇੰਸਪੈਕਟਰ ਗੁਰਪ੍ਰਤਾਪ ਸਿੰਘ ਨੂੰ ਮਿਲੇ ਇਸ ਸਨਮਾਨ ਨਾਲ ਉਨ੍ਹਾਂ ਦੇ ਸਾਥੀ ਪੁਲਸ ਮੁਲਾਜ਼ਮਾਂ ਤੇ ਜਾਣਕਾਰਾਂ 'ਚ ਖੁਸ਼ੀ ਦੀ ਲਹਿਰ ਹੈ।

ਮੰਡੀਆਂ 'ਚ ਝੋਨੇ ਦੀ ਖਰੀਦ ਸ਼ੁਰੂ ਨਾ ਕਰਵਾਈ ਤਾਂ ਸੰਘਰਸ਼ ਵਿੱਢਾਂਗੇ : ਖੇੜਾ, ਵਿੱਕੀ


ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਸਾਹਿਬ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਤੇ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ



ਮੀਤ ਪ੍ਰਧਾਨ ਅਰਵਿੰਦਰਪਾਲ ਸਿੰਘ ਵਿੱਕੀ ਨੇ ਕਿਹਾ ਕਿ ਪੰਜਾਬ ਦੀਆਂ ਕਈ ਮੰਡੀਆਂ ਵਿੱਚ ਝੋਨੇ ਦੀ ਖਰੀਦ ਦਾ ਟੀਚਾ ਸਰਕਾਰ ਵੱਲੋਂ ਪੂਰਾ ਕਰ ਲੈਣ ਤੋਂ ਬਾਅਦ ਹੁਣ ਖਰੀਦ ਬੰਦ ਕਰ ਦਿੱਤੀ ਗਈ ਹੈ, ਜਿਸ ਕਾਰਨ ਆੜ੍ਹਤੀਆਂ ਤੇ ਕਿਸਾਨਾਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਥਾਨਕ ਮੰਡੀ ਵਿੱਚ ਪਿਛਲੇ 2 ਦਿਨ ਤੋਂ ਸਰਕਾਰੀ ਖਰੀਦ ਬੰਦ ਪਈ ਹੈ, ਜਦਕਿ ਅਨੇਕਾਂ ਕਿਸਾਨ ਅਜੇ ਝੋਨੇ ਵਿਕਣ ਦੀ ਉਡੀਕ ਕਰ ਰਹੇ ਹਨ ਅਤੇ ਕੁਝ ਫਸਲ ਪੱਕ ਕੇ ਖੇਤਾਂ ਵਿੱਚ ਵੀ ਖੜ੍ਹੀ ਹੈ। ਉਕਤ ਆਗੂਆਂ ਨੇ ਕਿਹਾ ਕਿ ਮਾਛੀਵਾੜਾ ਇਲਾਕੇ ਵਿੱਚ ਆਲੂ ਤੇ ਮੱਕੀ ਦੀ ਕਾਸ਼ਤ ਹੋਣ ਕਾਰਨ ਕਈ ਕਿਸਾਨ ਪਛੇਤੀ ਝੋਨੇ ਦੀ ਬਿਜਾਈ ਕਰਦੇ ਹਨ, ਜਿਸ ਨੂੰ ਪੱਕਣ ਵਿਚ ਸਮਾਂ ਲੱਗਦਾ ਹੈ, ਪਰ ਹੁਣ ਜਦੋਂ ਉਹ ਫਸਲ ਕੱਟ ਕੇ ਲਿਆ ਰਹੇ ਹਨ ਤਾਂ ਸਰਕਾਰੀ ਖਰੀਦ ਏਜੰਸੀਆਂ ਨੇ ਟੀਚਾ ਪੂਰਾ ਹੋਣ ਦਾ ਕਹਿ ਕੇ ਖਰੀਦ ਬੰਦ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਦਾਅਵੇ ਤਾਂ ਕੀਤੇ ਜਾਂਦੇ ਹਨ ਕਿ ਕਿਸਾਨਾਂ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ, ਪਰ ਹਾਲਾਤ ਇਹ ਹਨ ਕਿ ਮਾਛੀਵਾੜਾ ਮੰਡੀ ਵਿੱਚ 50 ਤੋਂ 70 ਹਜ਼ਾਰ ਕੁਇੰਟਲ ਝੋਨਾ ਵਿਕਣ ਲਈ ਪਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਝੋਨਾ ਨਾ ਖ਼ਰੀਦਿਆ ਤਾਂ ਪ੍ਰਾਈਵੇਟ ਵਪਾਰੀ ਕਿਸਾਨਾਂ ਦੀ ਲੁੱਟ ਕਰਨਗੇ ਅਤੇ ਘੱਟ ਭਾਅ 'ਤੇ ਇਸ ਨੂੰ ਖ਼ਰੀਦਣਗੇ। ਆੜ੍ਹਤੀ ਐਸੋਸੀਏਸ਼ਨਾਂ ਦੇ ਆਗੂ ਖੇੜਾ ਤੇ ਵਿੱਕੀ ਨੇ ਕਿਹਾ ਕਿ ਜੇਕਰ ਸਰਕਾਰ ਨੇ ਤੁਰੰਤ ਬੰਦ ਕੀਤੀ ਖਰੀਦ ਸ਼ੁਰੂ ਨਾ ਕਰਵਾਈ ਤਾਂ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਆੜ੍ਹਤੀ ਭਾਈਚਾਰੇ ਨੂੰ ਸੰਘਰਸ਼ ਕਰਨਾ ਪਵੇਗਾ।

ਚੇਅਰਮੈਨ ਢਿੱਲੋਂ ਨੇ ਖੇਤਾਂ 'ਚ ਪਹੁੰਚ ਕੇ ਪਰਾਲੀ ਪ੍ਰਬੰਧਾਂ ਦਾ ਲਿਆ ਜਾਇਜ਼ਾ






ਸਨੌਰ (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਖੇਤਾਂ ਵਿੱਚ ਜਾ ਕੇ ਪਰਾਲੀ ਦੇ ਸੁਚੱਜੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾ ਕਿਸਾਨਾਂ ਨਾਲ ਸਿੱਧੀ ਗੱਲਬਾਤ ਕੀਤੀ ਤੇ ਪਰਾਲੀ ਨੂੰ ਅੱਗ ਲਗਾਏ ਬਿਨਾਂ ਆਧੁਨਿਕ ਮਸ਼ੀਨਰੀ ਨਾਲ ਖੇਤਾਂ ਵਿੱਚ ਹੀ ਸੰਭਾਲਣ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਪੰਜਾਬ ਤੇ ਪੰਜਾਬ ਦੀ ਕਿਸਾਨੀ ਨਾਲ ਵਿਤਕਰੇਬਾਜ਼ੀ ਵਾਲਾ ਰਵੱਈਆ ਅਪਨਾ ਰਹੀ ਹੈ।ਦਿੱਲੀ ਵਿੱਚ ਫੈਲਦੇ ਪ੍ਰਦੂਸ਼ਣ ਲਈ ਹਰ ਸਾਲ ਪੰਜਾਬ ਦੇ ਮਿਹਨਤੀ ਕਿਸਾਨਾਂ ਨੂੰ ਜ਼ਿੰਮੇਵਾਰ ਠਹਿਰਾ ਕੇ ਦੇਸ਼ ਭਰ ਵਿੱਚ ਬਦਨਾਮ ਕਰਨ ਦੀ ਸਾਜ਼ਿਸ਼ ਰਚੀ ਜਾਂਦੀ ਹੈ, ਜੋ ਕਿ ਬਿਲਕੁਲ ਗਲਤ ਤੇ ਅਨਿਆਂਪੂਰਨ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦਾ ਕਿਸਾਨ ਸਮੁੱਚੇ ਦੇਸ਼ ਦਾ ਅੰਨਦਾਤਾ ਹੈ, ਜਿਸ ਨੇ ਆਪਣੀਆਂ ਅਣਥੱਕ ਮਿਹਨਤਾਂ ਨਾਲ ਦੇਸ਼ ਦੇ ਅੰਨ ਦੇ ਭੰਡਾਰ ਭਰੇ ਹਨ।ਅੱਜ ਕਿਸਾਨਾਂ 'ਤੇ ਦੋਸ਼ ਮੜ੍ਹਨ ਦੀ ਬਜਾਏ ਕੇਂਦਰ ਸਰਕਾਰ ਨੂੰ ਉਨ੍ਹਾਂ ਦੇ ਯੋਗਦਾਨ ਨੂੰ ਸਮਝਣ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਣ ਦੀ ਲੋੜ ਹੈ।ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕਿਸਾਨਾਂ 'ਤੇ ਦੋਸ਼ ਲਗਾਉਣ ਦੀ ਬਜਾਏ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਵਿਸ਼ੇਸ਼ ਮਾਲੀ ਮਦਦ (ਸਬਸਿਡੀ) ਤੇ ਲੋੜੀਂਦੇ ਸਰੋਤ ਮੁਹੱਈਆ ਕਰਵਾਏ।ਇਸ ਮੌਕੇ ਸ਼ਰਨਜੀਤ ਸਿੰਘ ਢਿੱਲੋਂ, ਮਨਦੀਪ ਸਿੰਘ ਜੋਲਾ ਚੇਅਰਮੈਨ ਦਲਿਤ ਵਿਕਾਸ ਬੋਰਡ, ਗੁਰਪਿੰਦਰ ਸਿੰਘ ਛੀਨਾ ਆਦਿ ਹਾਜ਼ਰ ਸਨ।

ਪੰਜਾਬ ਵਾਸੀ ਇਸ ਵਾਰ ਅਕਾਲੀ ਸਰਕਾਰ ਲਿਆਉਣ ਲਈ ਉਤਾਵਲੇ : ਰਾਜਿੰਦਰ ਵਿਰਕ

ਚੋਣ ਮੈਨੀਫੈਸਟੋ ਲਈ ਹਲਕਾ ਵਾਸੀਆਂ ਤੋਂ ਮੰਗੇ ਸੁਝਾਅ

ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਆਉਂਦੀਆਂ ਵਿਧਾਨ ਸਭਾ



ਚੋਣਾਂ ਨੂੰ ਲੈ ਕੇ ਚੋਣ ਮੈਨੀਫੈਸਟੋ ਤਿਆਰ ਕਰਨ ਲਈ ਲੋਕਾਂ ਤੋਂ ਸੁਝਾਅ ਲੈਣ ਦੀ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਹਲਕਾ ਸਨੌਰ ਦੇ ਅਮਨ ਨਗਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਜਿੰਦਰ ਸਿੰਘ ਵਿਰਕ ਹਲਕਾ ਸਨੌਰ ਵੱਲੋਂ ਮੀਟਿੰਗ ਕੀਤੀ ਗਈ।

ਇਸ ਮੌਕੇ ਰਜਿੰਦਰ ਸਿੰਘ ਵਿਰਕ ਵੱਲੋਂ ਅਮਨ ਨਗਰ ਦੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਲੋੜਾਂ ਤੇ ਵਿਕਾਸ ਸਬੰਧੀ ਵਿਚਾਰ ਜਾਣੇ ਗਏ।ਲੋਕਾਂ ਨੇ ਵੀ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਸੁਝਾਅ ਪੇਸ਼ ਕੀਤੇ।ਵਿਰਕ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਲੋਕਾਂ ਦੀ ਰਾਇ ਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਦਾ ਚੋਣ ਮੈਨੀਫੈਸਟੋ ਤਿਆਰ ਕਰਨਾ ਹੈ। ਮੀਟਿੰਗ ਦੌਰਾਨ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਚੋਣਾਂ ਦੀਆਂ ਤਿਆਰੀਆਂ ਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੈ ਕੇ ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੇ ਦਿਲੋਂ ਉੱਤਰ ਚੁੱਕੀ ਹੈ।ਪੰਜਾਬ ਵਾਸੀਆਂ ਨੇ ਮੰਨ ਬਣਾ ਲਿਆ ਹੈ ਤੇ ਇਸ ਵਾਰ ਸ਼੍ਰੋਮਣੀ ਅਕਾਲੀ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ।

ਆਪ ਆਗੂ ਜਗਦੀਪ ਸਿੰਘ ਨੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਦਿੱਤਾ ਅਸਤੀਫ਼ਾ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਆਮ ਆਦਮੀ ਪਾਰਟੀ ਨੂੰ ਹਲਕਾ ਨਿਹਾਲ ਸਿੰਘ ਵਾਲਾ ਵਿੱਚ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਆਮ ਆਦਮੀ ਪਾਰਟੀ ਕਿਸਾਨ ਵਿੰਗ ਪੰਜਾਬ ਦੇ ਸਟੇਟ ਆਗੂ ਜਗਦੀਪ ਸਿੰਘ ਧਾਲੀਵਾਲ ਗਟਰਾ ਨੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ।ਜਗਦੀਪ ਸਿੰਘ ਧਾਲੀਵਾਲ ਗਟਰਾ ਦੇ ਇਸ ਫ਼ੈਸਲੇ ਨਾਲ ਹਲਕਾ ਨਿਹਾਲ ਸਿੰਘ ਵਾਲਾ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ।2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੇ ਇੱਕ ਸਟੇਟ ਪੱਧਰੀ ਆਗੂ ਵੱਲੋਂ ਅਸਤੀਫ਼ਾ ਦੇਣਾ ਆਮ ਆਦਮੀ ਪਾਰਟੀ ਲਈ ਇੱਕ ਵੱਡਾ ਝਟਕਾ ਹੈ।

ਬਰੇਟਾ ਗੈਸ ਏਜੰਸੀ 'ਚ ਚੋਰੀ, ਲੱਖਾਂ ਦਾ ਨੁਕਸਾਨ


ਬਠਿੰਡਾ, (ਰਾਜੀਵ ਗੋਇਲ) : ਬੀਤੀ ਰਾਤ ਮਾਨਸਾ ਦੇ ਬਰੇਟਾ ਵਿਖੇ ਅਣਪਛਾਤੇ ਚੋਰਾਂ



ਵੱਲੋਂ ਬਰੇਟਾ ਗੈਸ ਏਜੰਸੀ ਦੇ ਸਟੋਰ ਵਿੱਚ ਸੰਨ੍ਹਮਾਰੀ ਕਰਦੇ ਹੋਏ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ, ਜਿਸ ਦੇ ਸਿੱਟੇ ਵਜੋਂ ਏਜੰਸੀ ਮਾਲਕ ਦਾ ਕਰੀਬ ਦੋ ਲੱਖ ਰੁਪਏ ਦਾ ਨੁਕਸਾਨ ਹੋ ਗਿਆ ਹੈ। ਜਾਣਕਾਰੀ ਦਿੰਦਿਆਂ ਏਜੰਸੀ ਮੈਨੇਜਰ ਪਵਨ ਕੁਮਾਰ ਨੇ ਦੱਸਿਆ ਕਿ ਚੋਰਾਂ ਵੱਲੋਂ ਪਾੜ ਲਗ੍ਹਾ ਕੇ ਉਨ੍ਹਾਂ ਦੇ ਸਟੋਰ ਵਿੱਚੋਂ 19 ਕਿੱਲੋਗ੍ਰਾਮ ਵਾਲੇ 5 ਖਾਲੀ ਸਿਲੰਡਰ ਤੇ 50 ਖਾਲੀ ਸਿਲੰਡਰ 14.5 ਕਿੱਲੋ ਵਾਲੇ ਤੇ ਇਸੇ ਵਜਨ ਦੇ 5 ਭਰੇ ਹੋਏ ਸਿਲੰਡਰ ਚੋਰੀ ਕੀਤੇ ਗਏ ਹਨ। ਏਜੰਸੀ ਮਾਲਕਾਂ ਵੱਲੋਂ ਬਰੇਟਾ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਥਾਣਾ ਮੁਖੀ ਜਸਪ੍ਰੀਤ ਸਿੰਘ ਦਾ ਕਹਿਣਾ ਸੀ ਕਿ ਪੁਲਸ ਵੱਲੋਂ ਤਫਤੀਸ਼ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ 21 ਨੂੰ ਸਜਾਇਆ ਜਾਵੇਗਾ-ਗਿੱਲ


ਜਗਰਾਉਂ, (ਸੰਜੀਵ ਅਰੋੜਾ) : ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਖ਼ੁਸ਼ੀ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਦਸਮੇਸ਼ ਨਗਰ ਕੱਚਾ ਮਲਕ ਰੋਡ ਜਗਰਾਉਂ ਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 21 ਨਵੰਬਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਮਿੰਦਰਜੀਤ ਸਿੰਘ ਗਿੱਲ ਨੇ ਦੱਸਿਆ ਕਿ ਨਗਰ ਕੀਰਤਨ ਸਵੇਰੇ 9 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਆਰੰਭ ਹੋਵੇਗਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੌਰਾਨ ਵੱਖ-ਵੱਖ ਪੜਾਵਾਂ ਵਿੱਚ ਪੰਜਾਬੀ ਬਾਗ, ਗੁਰਦੁਆਰਾ ਬੁੰਗਾ ਸਾਹਿਬ ਦਮਦਮੀ ਟਕਸਾਲ ਸ਼ਕਤੀ ਨਗਰ, ਬੇਸਿਕ ਸਕੂਲ ਨੇੜੇ ਪੁਲ ਹੇਠਾਂ, ਗੁਰਦੁਆਰਾ ਸਾਹਿਬ ਮਾਤਾ ਸਾਹਿਬ ਕੌਰ ਜੀ ਹੀਰਾ ਬਾਗ ਤੇ ਦਸਮੇਸ਼ ਨਗਰ ਜੀ.ਟੀ. ਰੋਡ ਵਿਖੇ ਸੰਗਤਾਂ ਵੱਲੋਂ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੀ ਸ਼ੋਭਾ ਵਧਾਉਣ ਲਈ ਫ਼ੌਜੀ ਬੈਂਡ, ਬ੍ਰਾਸ ਬੈਂਡ, ਗੱਤਕਾ ਪਾਰਟੀਆਂ ਤੇ ਵੱਖ-ਵੱਖ ਸਕੂਲਾਂ ਦੇ ਬੱਚੇ ਸ਼ਮੂਲੀਅਤ ਕਰਨਗੇ। ਇਸ ਤੋਂ ਇਲਾਵਾ ਪੰਥ ਪ੍ਰਸਿੱਧ ਰਾਗੀ ਤੇ ਢਾਡੀ ਜਥੇ ਗੁਰਬਾਣੀ ਕੀਰਤਨ ਤੇ ਗੁਰ-ਇਤਿਹਾਸ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਅੰਤ ਵਿੱਚ ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਪਾਵਨ ਨਗਰ ਕੀਰਤਨ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਕਮੇਟੀ ਪ੍ਰਧਾਨ ਮਨਜੀਤ ਸਿੰਘ ਤੂਰ, ਸੀਨੀਅਰ ਮੀਤ ਪ੍ਰਧਾਨ ਰਮਿੰਦਰਜੀਤ ਸਿੰਘ ਗਿੱਲ, ਮੀਤ ਪ੍ਰਧਾਨ ਭਾਗ ਸਿੰਘ, ਜਨਰਲ ਸਕੱਤਰ ਮੇਜਰ ਸਿੰਘ, ਕੈਸ਼ੀਅਰ ਕੁਲਦੀਪ ਸਿੰਘ, ਹਰਿੰਦਰਪਾਲ ਸਿੰਘ ਮਜੀਠਾ, ਕੁਲਵੰਤ ਸਿੰਘ ਜਗਦੇ, ਜਗਦੇਵ ਸਿੰਘ ਕੋਕਰੀ, ਬਲਵੰਤ ਸਿੰਘ, ਜਰਨੈਲ ਸਿੰਘ ਰਾਏ, ਪੁਸ਼ਪਿੰਦਰ ਸਿੰਘ, ਬਸੰਤ ਸਿੰਘ, ਰਜਿੰਦਰ ਸਿੰਘ ਮੈਨੇਜਰ, ਸੁਖਵਿੰਦਰ ਸਿੰਘ ਕੁੱਕੂ, ਚਰਨਜੀਤ ਸਿੰਘ, ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਖ਼ਾਲਸਾ, ਬਲਬੀਰ ਸਿੰਘ ਪੱਪੂ ਆਦਿ ਹਾਜ਼ਰ ਸਨ।

ਐੱਸ ਡੀ ਐੱਮ ਰਜਿੰਦਰ ਸਿੰਘ ਨੇ ਮਹਿਲ ਕਲਾਂ ਵਿਖੇ ਸੰਭਾਲਿਆ ਅਹੁਦਾ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)-ਸਬ ਡਵੀਜ਼ਨ ਮਹਿਲ ਕਲਾਂ ਦੇ ਨਵੇਂ ਨਿਯੁਕਤ ਐੱਸ ਡੀ ਐੱਮ ਰਜਿੰਦਰ ਸਿੰਘ ਨੇ ਦਫ਼ਤਰ ਵਿਖੇ ਸਮੂਹ ਸਟਾਫ਼ ਦੀ ਹਾਜ਼ਰੀ ਵਿੱਚ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲਿਆ।ਉਹ ਸਬ ਡਵੀਜ਼ਨ ਕੋਟਕਪੂਰਾ ਤੋਂ ਬਦਲ ਕੇ ਮਹਿਲ ਕਲਾਂ ਵਿਖੇ ਆਏ



ਹਨ। ਅਹੁਦਾ ਸੰਭਾਲਣ ਮੌਕੇ ਦਫ਼ਤਰੀ ਕਰਮਚਾਰੀਆਂ ਵੱਲੋਂ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਸ ਡੀ ਐੱਮ ਰਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਤਨਦੇਹੀ ਤੇ ਜਵਾਬਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਆਪਣੇ ਕੰਮ ਕਰਵਾਉਣ ਲਈ ਕਿਸੇ ਕਿਸਮ ਦੀ ਖੱਜਲ-ਖੁਆਰੀ ਨਾ ਹੋਵੇ, ਇਸ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਬ ਡਵੀਜ਼ਨ ਮਹਿਲ ਕਲਾਂ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ ਤੇ ਉਨ੍ਹਾਂ ਦੇ ਜਾਇਜ਼ ਕੰਮ ਪਹਿਲ ਦੇ ਆਧਾਰ 'ਤੇ ਨਿਯਮਾਂ ਅਨੁਸਾਰ ਪਾਰਦਰਸ਼ੀ ਢੰਗ ਨਾਲ ਕੀਤੇ ਜਾਣਗੇ।ਲੋਕਾਂ ਨੂੰ ਆਪਣੇ ਕੰਮਾਂ ਲਈ ਵਾਰ-ਵਾਰ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ, ਇਸ ਲਈ ਦਫ਼ਤਰੀ ਕੰਮਕਾਜ ਨੂੰ ਸੁਚਾਰੂ ਤੇ ਲੋਕਪੱਖੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਐੱਸ ਡੀ ਐੱਮ ਨੇ ਕਿਹਾ ਕਿ ਲੋਕਤੰਤਰ ਵਿੱਚ ਚੁਣੇ ਹੋਏ ਨੁਮਾਇੰਦਿਆਂ ਦਾ ਅਹਿਮ ਸਥਾਨ ਹੈ। ਇਸ ਲਈ ਇਲਾਕੇ ਦੇ ਸਰਪੰਚਾਂ, ਪੰਚਾਂ, ਪੰਚਾਇਤੀ ਨੁਮਾਇੰਦਿਆਂ ਅਤੇ ਹੋਰ ਚੁਣੇ ਹੋਏ ਅਹੁਦੇਦਾਰਾਂ ਨੂੰ ਦਫ਼ਤਰ ਵਿਖੇ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਸੁਪਰਡੈਂਟ ਵਿੱਕੀ ਡਾਬਲਾ, ਕਮਲਜੀਤ ਸਿੰਘ ਰਾਏਕੋਟ, ਯੂਨੀਅਨ ਸਹਾਇਕ ਮਨਜੀਤ ਸਿੰਘ, ਮੈਡਮ ਰਮਨਦੀਪ ਸ਼ਰਮਾ, ਮੈਡਮ ਸੰਦੀਪ ਕੌਰ, ਰੀਡਰ ਮਨਦੀਪ ਸਿੰਘ ਬਰਨਾਲਾ, ਰਜਿਸਟਰੀ ਕਲਰਕ ਕਰਨਵੀਰ ਸਿੰਘ ਬਰਨਾਲਾ, ਕੁਮਾਰ ਗੌਰਵ, ਕੁਲਦੀਪ ਸਿੰਘ, ਸਿਕੰਦਰ ਸਿੰਘ ਪੰਡੋਰੀ, ਨੰਬਰਦਾਰ ਗੁਰਮੁੱਖ ਸਿੰਘ ਹਮੀਦੀ, ਸੇਵਾਦਾਰ ਕੌਰ ਸਿੰਘ ਪੰਡੋਰੀ ਸਮੇਤ ਦਫ਼ਤਰ ਦੇ ਸਮੂਹ ਕਰਮਚਾਰੀ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਸਿੱਧੇ ਸੰਵਾਦ ਦੌਰਾਨ ਲੋਕਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ : ਸੇਖੋਂ



ਜ਼ੀਰਾ (ਨਰਿੰਦਰ ਅਨੇਜਾ)-ਸ਼ਹਿਰ ਵਿੱਚ ਮਿਸਲ ਸਤਲੁਜ ਵੱਲੋਂ ਚਲਾਈ ਜਾ ਰਹੀ ਲੋਕ ਸੰਪਰਕ ਮੁਹਿੰਮ ਤਹਿਤ ਜ਼ੀਰਾ ਸ਼ਹਿਰ ਵਿੱਚ ਲੋਕਾਂ ਨਾਲ ਮੁਲਾਕਾਤਾਂ ਤੇ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਇਸ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਦਵਿੰਦਰ ਸਿੰਘ ਹਲਕਾ ਇੰਚਾਰਜ ਜ਼ੀਰਾ ਨੇ ਕਿਹਾ ਕਿ ਆਮ ਲੋਕਾਂ ਦੀ ਮੌਜੂਦਾ ਹਾਲਾਤਾਂ ਪ੍ਰਤੀ ਚਿੰਤਾ ਇਹ ਸਪੱਸ਼ਟ ਕਰਦੀ ਹੈ ਕਿ ਲੋਕ ਹੁਣ ਰਵਾਇਤੀ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਚੰਗੀ, ਸਾਫ਼-ਸੁਥਰੀ ਤੇ ਲੋਕ-ਪੱਖੀ ਸਿਆਸਤ ਦੇ ਹੱਕ ਵਿੱਚ ਖੜ੍ਹੇ ਹੋਣਾ ਚਾਹੁੰਦੇ ਹਨ।ਆਮ ਲੋਕਾਂ ਨਾਲ ਹੋ ਰਹੀ ਗੱਲਬਾਤ ਵਿੱਚ ਸਭ ਤੋਂ ਵੱਡੀ ਗੱਲ ਇਹ ਸਾਹਮਣੇ ਆ ਰਹੀ ਹੈ ਕਿ ਆਮ ਲੋਕ ਆਪਣੇ ਬੱਚਿਆਂ ਦੇ ਭਵਿੱਖ, ਰੁਜ਼ਗਾਰ ਦੇ ਮੌਕਿਆਂ, ਸੁਰੱਖਿਆ, ਕਾਰੋਬਾਰ ਤੇ ਪੰਜਾਬ ਦੇ ਹੱਕਾਂ ਨੂੰ ਲੈ ਕੇ ਗੰਭੀਰ ਹਨ।ਲੋਕ ਅਜਿਹੀ ਸਿਆਸਤ ਚਾਹੁੰਦੇ ਹਨ ਜੋ ਸਿਰਫ਼ ਚੋਣਾਂ ਤੱਕ ਸੀਮਤ ਨਾ ਹੋਵੇ, ਸਗੋਂ ਹਰ ਮੁਸ਼ਕਲ ਸਮੇਂ ਲੋਕਾਂ ਦੇ ਨਾਲ ਖੜ੍ਹੀ ਹੋਵੇ।ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਦਾ ਮਕਸਦ ਲੋਕਾਂ ਦੀ ਆਵਾਜ਼ ਬਣਨਾ ਤੇ ਪੰਜਾਬ ਦੇ ਭਵਿੱਖ ਲਈ ਲੋਕਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਹੈ।ਇਹ ਮੁਹਿੰਮ ਲੋਕਾਂ ਦੇ ਸਹਿਯੋਗ ਨਾਲ ਹੋਰ ਮਜ਼ਬੂਤੀ ਨਾਲ ਅੱਗੇ ਵਧ ਰਹੀ ਹੈ।ਇਸ ਮੌਕੇ ਹਰਜਿੰਦਰ ਸਿੰਘ ਸਹੋਤਾ, ਤਜਿੰਦਰ ਸਿੰਘ ਕੰਗ, ਕਰਮਜੀਤ ਸਿੰਘ, ਗੁਰਮਨ ਸਿੰਘ ਮੱਖੂ, ਅੰਮ੍ਰਿਤਪਾਲ ਸਿੰਘ ਜ਼ੀਰਾ, ਅਮਨਦੀਪ ਸਿੰਘ ਜ਼ੀਰਾ, ਸਿਮਰਤਪਾਲ ਸਿੰਘ ਖੋਸਾ, ਗੁਰਪ੍ਰੇਮ ਸਿੰਘ ਤੇ ਤਵਿੰਦਰ ਸਿੰਘ ਹਾਜ਼ਰ ਸਨ।

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਸੂਬਾ ਕਮੇਟੀ ਦੀ ਆਨਲਾਈਨ ਮੀਟਿੰਗ

ਸੰਗਰੂਰ ਵਿਖੇ ਲਗਾਏ ਜਾ ਰਹੇ ਪੱਕੇ ਮੋਰਚੇ 'ਚ ਭਰਵੀਂ ਸ਼ਮੂਲੀਅਤ ਦਾ ਫੈਸਲਾ


ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੀ ਸੂਬਾ ਕਮੇਟੀ ਦੀ ਆਨਲਾਈਨ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸੂਬਾਈ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਸੂਬਾਈ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਮੁੱਖ ਜਥੇਬੰਦਕ ਸਕੱਤਰ ਜਗਦੀਸ਼ ਸਿੰਘ ਚਾਹਲ, ਪ੍ਰੈੱਸ ਸਕੱਤਰ ਰਣਦੀਪ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਸੂਬਾਈ ਆਗੂ ਬਲਕਾਰ ਵਲਟੋਹਾ ਤੇ ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਨੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਾਇਆ ਕਿ ਆਪਣੇ ਪੌਣੇ ਪੰਜ ਸਾਲਾਂ ਦੇ ਰਾਜ ਭਾਗ ਦੌਰਾਨ ਪਿਛਲੀਆਂ ਸਾਰੀਆਂ ਹੁਕਮਰਾਨ ਸਰਕਾਰਾਂ ਤੋਂ ਨਖਿੱਧ ਸਾਬਿਤ ਹੋਈ ਹੈ। ਆਗੂਆਂ ਨੇ ਕਿਹਾ ਕਿ ਇਸ ਸਰਕਾਰ ਤੋਂ ਪੰਜਾਬ ਦੇ ਸੱਤ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਭਰੋਸਾ ਪੂਰੀ ਤਰ੍ਹਾਂ ਉੱਠ ਚੁੱਕਿਆ ਹੈ ਅਤੇ ਜਥੇਬੰਦੀਆਂ ਨੇ ਮੁੱਖ



ਮੰਤਰੀ ਨੂੰ ਸਕੱਤਰੇਤ ਤੋਂ ਸਤੌਜ ਤੱਕ ਵਾਪਸ ਭੇਜਣ ਦਾ ਪੱਕਾ ਫੈਸਲਾ ਕਰ ਲਿਆ ਹੈ।ਇਸ ਫੈਸਲੇ ਨੂੰ ਲਾਗੂ ਕਰਦੇ ਹੋਏ ਮੀਟਿੰਗ ਦੌਰਾਨ ਨਿਰਣਾ ਲਿਆ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 13 ਨਵੰਬਰ ਤੋਂ 19 ਨਵੰਬਰ ਤੱਕ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਡਿਪਟੀ ਕਮਿਸ਼ਨਰ ਦੇ ਦਫਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਾਹਮਣੇ ਲਗਾਏ ਜਾ ਰਹੇ ਪੱਕੇ ਮੋਰਚੇ ਵਿੱਚ, 1 ਦਸੰਬਰ ਤੋਂ 5 ਦਸੰਬਰ ਤੱਕ ਪੰਜਾਬ ਦੇ ਸਮੂਹ ਮੰਤਰੀਆਂ ਤੇ ਆਮ ਆਦਮੀ ਪਾਰਟੀ ਨਾਲ ਸੰਬੰਧਤ ਵਿਧਾਇਕਾਂ ਦੇ ਘਰਾਂ ਸਾਹਮਣੇ ਅਰਥੀ ਫੂਕ ਪ੍ਰਦਰਸ਼ਨ ਕਰਨ ਦੇ ਪ੍ਰੋਗਰਾਮਾਂ ਵਿੱਚ, 6 ਦਸੰਬਰ ਨੂੰ ਅਰਥੀ ਫੂਕ ਪ੍ਰਦਰਸ਼ਨਾਂ ਤੋਂ ਬਾਅਦ ਇਕੱਠੀ ਹੋਈ ਸੁਆਹ ਨੂੰ ਪੰਜਾਬ ਦੇ ਸਭ ਤੋਂ ਵੱਧ ਪ੍ਰਦੂਸ਼ਤ ਬੁੱਢਾ ਨਾਲਾ ਲੁਧਿਆਣਾ ਵਿਖੇ ਸੁੱਟਣ ਦੇ ਐਕਸ਼ਨ ਪ੍ਰੋਗਰਾਮਾਂ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਨਾਲ ਸਬੰਧਤ ਸਮੂਹ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸਮੂਹ ਹੱਕੀ ਤੇ ਜਾਇਜ਼ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ।

ਡੀ ਏ ਵੀ ਕਾਲਜ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ

ਜਗਰਾਉਂ, (ਸੰਜੀਵ ਅਰੋੜਾ)-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸ. ਐੱਸ. ਪੀ. ਡਾ. ਅੰਕੁਰ ਗੁਪਤਾ ਦੀ ਅਗਵਾਈ ਹੇਠ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਸ ਜ਼ਿਲ੍ਹਾ



ਸਾਂਝ ਕੇਂਦਰ ਤੇ ਕੁਦਰਤ ਦੇ ਰਾਖੇ ਟਰੱਸਟ ਦੇ ਸਹਿਯੋਗ ਨਾਲ ਲਾਜਪਤ ਰਾਏ ਡੀ. ਏ. ਵੀ. ਕਾਲਜ ਜਗਰਾਉਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਸੈਮੀਨਾਰ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਲੜਕੇ ਤੇ ਲੜਕੀਆਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਡਾਕਟਰ ਅਨੁਜ ਸ਼ਰਮਾ, ਕੈਪਟਨ ਨਰੇਸ਼ ਵਰਮਾ, ਕੁਦਰਤ ਦੇ ਰਾਖੇ ਟਰੱਸਟ ਦੇ ਚੇਅਰਮੈਨ ਰਾਜਿੰਦਰ ਜੈਨ ਕਾਕਾ, ਸਾਂਝ ਕੇਂਦਰ ਇੰਚਾਰਜ ਹਰਪ੍ਰੀਤ ਸਿੰਘ, ਪ੍ਰੋਫੈਸਰ ਰੋਹਿਤ ਵਰਮਾ ਤੇ ਡਾਕਟਰ ਸੁਭਾਸ਼ ਚੰਦਰ ਨੇ ਜਿੱਥੇ ਵਿਦਿਆਰਥੀਆਂ ਨੂੰ ਆਪ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ, ਉੱਥੇ ਉਨ੍ਹਾਂ ਨੂੰ ਦੂਜਿਆਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਲਈ ਆਖਿਆ। ਇਸ ਮੌਕੇ ਵਿਦਿਆਰਥੀਆਂ ਨੇ ਪੁਲਸ ਦੀ ਨਸ਼ਿਆਂ ਵਿਰੁੱਧ ਮੁਹਿੰਮ 'ਚ ਹਿੱਸਾ ਲੈਣ ਦਾ ਪ੍ਰਣ ਕੀਤਾ।

ਅਣ-ਅਧਿਕਾਰਤ ਨਸ਼ਾ ਛੁਡਾਊ ਕੇਂਦਰ 'ਤੇ ਸਿਹਤ ਵਿਭਾਗ ਦੀ ਅਚਨਚੇਤ ਛਾਪੇਮਾਰੀ

*** 70 ਤੋਂ 75 ਨੌਜਵਾਨ ਮਰੀਜ਼ਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰ ਵਿੱਚ ਕੀਤਾ ਗਿਆ ਸ਼ਿਫਟ**



ਅੰਮ੍ਰਿਤਸਰ, (ਜਗਦੀਸ਼ ਕਮਲੇਸ਼) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਭਾਰਤੀ ਧਵਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਟਾਂਗਰਾ ਅੱਡਾ ਨੇੜੇ ਜੀ.ਟੀ. ਰੋਡ ਸਥਿਤ ਭਾਈ ਮਨੀ ਸਿੰਘ ਜੀ ਗੁਰਮਤਿ ਵਿਦਿਆਲਾ ਵਿਖੇ ਚੱਲ ਰਹੇ ਅਣਅਧਿਕਾਰਤ ਨਸ਼ਾ ਛੁਡਾਊ ਕੇਂਦਰ ਦੀ ਅਚਨਚੇਤ ਜਾਂਚ ਕੀਤੀ ਗਈ।ਇਸ ਜਾਂਚ ਟੀਮ ਵਿੱਚ ਡਾ. ਸਰਬਜੀਤ ਸਿੰਘ ਡਿਪਟੀ ਮੈਡੀਕਲ ਕਮਿਸ਼ਨਰ ਅੰਮ੍ਰਿਤਸਰ, ਡਾ. ਪਰਮਪ੍ਰੀਤ ਕੌਰ ਐਮ.ਓ. (ਸਾਈਕੈਟਰੀ), ਸੁਖਦੀਪ ਸਿੰਘ ਡਰੱਗ ਇੰਸਪੈਕਟਰ, ਮਿਸ ਬਬਲੀਨ ਕੌਰ ਡਰੱਗ ਇੰਸਪੈਕਟਰ ਅਤੇ ਦੀਪਕ ਰਾਏ ਸ਼ਾਮਲ ਸਨ ।ਜਾਂਚ ਦੌਰਾਨ ਉਕਤ ਕੇਂਦਰ ਵਿੱਚ ਲਗਭਗ 70 ਤੋਂ 75 ਲੜਕੇ ਮਿਲੇ, ਜਿਨ੍ਹਾਂ ਵਿੱਚ 18 ਸਾਲ ਤੋਂ ਘੱਟ ਅਤੇ ਵੱਧ ਉਮਰ ਦੇ ਨੌਜਵਾਨ ਸ਼ਾਮਲ ਸਨ। ਜਾਂਚ ਦੌਰਾਨ ਕੇਂਦਰ ਕੋਲ ਕੋਈ ਵੀ ਲੋੜੀਂਦਾ ਦਸਤਾਵੇਜ਼ ਜਾਂ ਰਜਿਸਟ੍ਰੇਸ਼ਨ ਸਰਟੀਫਿਕੇਟ ਮੌਕੇ 'ਤੇ ਮੌਜੂਦ ਨਹੀਂ ਪਾਇਆ ਗਿਆ।

ਸਿਹਤ ਵਿਭਾਗ ਵੱਲੋਂ ਉਕਤ ਕੇਂਦਰ ਵਿੱਚ ਦਾਖ਼ਲ ਮਰੀਜ਼ਾਂ ਨੂੰ ਸਵਾਮੀ ਵਿਵੇਕਾਨੰਦ ਨਸ਼ਾ ਛੁਡਾਊ ਕੇਂਦਰ ਅੰਮ੍ਰਿਤਸਰ ਵਿਖੇ ਸ਼ਿਫਟ ਕੀਤਾ ਗਿਆ। ਇਸ ਤੋਂ ਇਲਾਵਾ ਮਾਮਲੇ ਸਬੰਧੀ ਅਗਲੀ ਲੋੜੀਂਦੀ ਕਾਰਵਾਈ ਲਈ ਸਬੰਧਤ ਥਾਣਾ ਮੁਖੀ, ਤਰਸਿੱਕਾ ਨੂੰ ਵੀ ਸੂਚਿਤ ਕਰਕੇ ਬੁਲਾਇਆ ਗਿਆ। ਸਿਹਤ ਵਿਭਾਗ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਨਸ਼ਾ ਛੁਡਾਊ ਕੇਂਦਰਾਂ ਦਾ ਸਰਕਾਰੀ ਨਿਯਮਾਂ ਅਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਚੱਲਣਾ ਲਾਜ਼ਮੀ ਹੈ, ਤਾਂ ਜੋ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਮਰੀਜ਼ਾਂ ਨੂੰ ਸੁਰੱਖਿਅਤ ਅਤੇ ਮਿਆਰੀ ਇਲਾਜ ਮੁਹੱਈਆ ਕਰਵਾਇਆ ਜਾ ਸਕੇ।

ਐੱਨ ਐੱਚ ਐੱਮ ਕਰਮਚਾਰੀਆਂ ਵੱਲੋਂ ਹੜਤਾਲ ਕਰਨ ਦਾ ਐਲਾਨ

*** 17 ਤੱਕ ਕੰਮ ਠੱਪ ਰੱਖਣ ਤੇ 18 ਤੋਂ ਪਟਿਆਲਾ ਵਿਖੇ ਅਣਮਿਥੇ ਸਮੇਂ ਲਈ ਧਰਨਾ ਲਾਇਆ ਜਾਵੇਗਾ**



ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਢਾ)-ਬੀਤੇ ਦਿਨੀਂ ਪੰਜਾਬ ਦੇ ਸਮੂਹ ਐੱਨ ਐੱਚ ਐੱਮ ਯੂਨੀਅਨ ਵੱਲੋਂ ਐਨ ਐਚ ਐਮ ਪੰਜਾਬ ਦੇ ਮੁੱਖ ਦਫਤਰ ਚੰਡੀਗੜ੍ਹ ਵਿਖੇ ਰੋਸ ਧਰਨਾ ਦਿੱਤਾ ਗਿਆ ਸੀ ਜਿਸ ਦੌਰਾਨ ਐਨ ਐਚ ਐਮ ਯੂਨੀਅਨ ਦੇ ਆਗੂਆਂ ਨੂੰ ਪ੍ਰਸ਼ਾਸ਼ਨਿਕ ਅਧਿਕਾਰੀਆਂ ਵੱਲੋਂ 17 ਨਵੰਬਰ ਦੀ ਮੀਟਿੰਗ ਦਿੱਤੀ ਗਈ ਅਤੇ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਉਸ ਮੀਟਿੰਗ ਵਿੱਚ ਐੱਨ ਐੱਚ ਐੱਮ ਕਰਮਚਾਰੀਆਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ। ਇਹ ਜਾਣਕਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਸਨਦੀਪ ਕੌਰ ਬਰਨਾਲਾ ਨੇ ਪੱਤਰਕਾਰਾਂ ਨੂੰ ਗਲਬਾਤ ਦੌਰਾਨ ਦਿੱਤੀ।ਉਨ੍ਹਾਂ ਦੱਸਿਆ ਕਿ ਪੰਜਾਬ ਭਰ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਮੁਲਾਜ਼ਮ ਆਪਣੇ ਛੋਟੇ ਛੋਟੇ ਬੱਚਿਆਂ ਸਮੇਤ ਇਸ ਧਰਨੇ ਵਿੱਚ ਪਹੁੰਚੇ ਅਤੇ ਸਾਰਾ ਦਿਨ ਪੰਜਾਬ ਸਰਕਾਰ ਅਤੇ ਪ੍ਰਸ਼ਾਸ਼ਨਕ ਅਧਿਕਾਰੀਆਂ ਦਾ ਪਿੱਟ ਸਿਆਪਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਯੂਨੀਅਨ ਵੱਲੋਂ ਫੇਰ ਬਦਲ ਕਰਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਐੱਨ ਐੱਚ ਐੱਮ ਯੂਨੀਅਨ ਤਰਨ ਤਾਰਨ ਦੇ ਪ੍ਰਧਾਨ ਮਨਦੀਪ ਸਿੰਘ ਨੇ ਦੱਸਿਆ ਕਿ ਯੂਨੀਅਨ ਦੇ ਸੱਦੇ ਤੇ ਸਿਵਲ ਸਰਜਨ ਤਰਨ ਤਾਰਨ ਅਤੇ ਵੱਖ-ਵੱਖ ਬਲਾਕਾਂ ਦੇ ਸਮੂਹ ਐੱਸ ਐੱਮ ਓਜ਼ ਨੂੰ 17 ਨਵੰਬਰ ਤੱਕ ਹੜ੍ਹਤਾਲ ਅਤੇ ਕੰਮ ਬੰਦ ਕਰਨ ਸਬੰਧੀ ਮੰਗ ਪੱਤਰ ਸੌਂਪੇ ਗਏ ਹਨ।ਉਨ੍ਹਾਂ ਦੱਸਿਆ ਕਿ ਜੇਕਰ ਵਿਸ਼ੇਸ਼ ਕਮੇਟੀ ਦੀ ਹੋਣ ਵਾਲੀ ਮੀਟਿੰਗ ਮਿਥੀ ਮਿਤੀ ਤੱਕ ਨਾ ਹੋਈ ਅਤੇ ਐੱਨ ਐੱਚ ਐੱਮ ਕਰਮਚਾਰੀਆਂ ਨੂੰ ਪੱਕਾ ਨਾ ਕੀਤਾ ਗਿਆ ਤਾਂ 18 ਨਵੰਬਰ ਨੂੰ ਸਿਹਤ ਮੰਤਰੀ ਪੰਜਾਬ ਦੀ ਪਟਿਆਲਾ ਵਿਖੇ ਅਣਮਿਥੇ ਸਮੇਂ ਲਈ ਪੱਕਾ ਧਰਨਾ ਲਗਾਇਆ ਜਾਵੇਗਾ।ਉਨ੍ਹਾਂ ਪ੍ਰਸ਼ਾਨ ਨੂੰ ਸਖਤ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਵੱਖ ਵੱਖ ਬਲਾਕਾਂ ਦੇ ਐੱਨ ਐੱਚ ਐੱਮ ਕਰਮਚਾਰੀ ਅਤੇ ਯੂਨੀਅਨ ਦੇ ਆਗੂ ਹਾਜਰ ਸਨ। ਇਸ ਸਮੇਂ ਤਰਸੇਮ ਸਿੰਘ, ਸੰਦੀਪ ਸਿੰਘ ਬੀਐਸਈ, ਸੰਦੀਪ ਸਿੰਘ ਆਈਏ, ਰਮਨਦੀਪ ਕੌਰ ਸੀ. ਐੱਚ. ਓ. ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਪਰਮਿੰਦਰ ਸਿੰਘ, ਕੁਲਵੰਤ ਕੌਰ, ਸੁਪ੍ਰੀਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ, ਪ੍ਰਵੀਨ ਕੌਰ, ਪ੍ਰਭਜੀਤ ਕੌਰ ਸੁਰਸਿੰਘ, ਜਗਦੀਪ ਕੌਰ, ਗੁਰਪ੍ਰੀਤ ਕੌਰ, ਡਾ ਅਮਨ, ਯੋਗੇਸ਼ ਗਿੱਲ, ਡਾ ਸ਼ਰਨ ਕਸੇਲ, ਡਾ ਚੰਦਨ ਸ਼ਰਮਾ ਘਰਿਆਲਾ, ਡਾ ਗੁਰਸ਼ਰਨ ਸਿੰਘ, ਤਰੁਣ, ਸੰਦੀਪ ਸਿੰਘ ਸੀ.ਓ., ਕੰਵਲਜੀਤ ਕੌਰ ਡੀ. ਐੱਸ. ਏ., ਸਿਮਰਜੀਤ ਸਿੰਘ, ਆਰੁਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਰਜਿੰਦਰ ਸਿੰਘ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐੱਨ.ਐੱਚ.ਐੱਮ ਕਰਮਚਾਰੀ ਹਾਜ਼ਰ ਸਨ।

ਸਿਹਤ ਕਰਮਚਾਰੀ ਅੱਜ ਵੀ ਨਿਗੂਣੀਆਂ ਤਨਖਾਹਾਂ 'ਤੇ ਕਰਦੇ ਨੇ ਗੁਜ਼ਾਰਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਸਿਹਤ ਵਿਭਾਗ ਦੇ ਕਰਮਚਾਰੀ ਜਿਨ੍ਹਾਂ ਨੂੰ ਕਰੋਨਾ ਯੋਧੇ ਕਹਿ ਕੇ ਦਿਨ ਰਾਤ ਕੰਮ ਲਿਆ ਗਿਆ, ਅੱਜ ਵੀ ਨਿਗੂਣੀਆਂ ਤਨਖ਼ਾਹਾਂ ਤੇ ਗੁਜ਼ਾਰਾ ਕਰ ਰਹੇ ਹਨ। ਪੰਜਾਬ ਸਰਕਾਰ ਪੱਕੇ ਕਰਨ ਦਾ ਐਲਾਨ ਕਰਦੀ ਰਹੀ ਪਰ ਲਾਰੇ ਲੱਪੇ ਦੇ ਕੇ ਪੰਜ ਸਾਲ ਦਾ ਸਮਾਂ ਪੂਰਾ ਕਰ ਲਿਆ। ਦੋ ਵਾਰ ਅਕਾਲੀ ਸਰਕਾਰ, ਫਿਰ ਕਾਂਗਰਸ ਤੇ ਹੁਣ ਆਪ ਸਰਕਾਰ ਚਲ ਰਹੀ ਹੈ। ਇਹ ਸਰਕਾਰ ਵੀ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਅਦਾ ਕਰਕੇ ਆਏ ਸੀ। ਪਰ ਅਸੀਂ ਫਿਰ ਉਥੇ ਦੇ ਉਥੇ ਖੜ੍ਹੇ ਹਾਂ। ਸਾਡੇ ਲਈ ਤਾਂ ਕੋਈ ਬਦਲਾਅ ਨਹੀਂ ਆਇਆ।ਇਸ ਸਮੇਂ ਅਮਨਦੀਪ ਸਿੰਘ ਅੰਕੜਾ ਸਹਾਇਕ, ਡਾ. ਮਹਿਕ, ਡਾ. ਸਮਰਿਧੀ, ਡਾ. ਸੁਪ੍ਰੀਤ ਕੌਰ, ਹਰਪ੍ਰੀਤ ਕੌਰ ਜੀ ਐੱਚ ਓ, ਨੋਮਨ ਪ੍ਰੀਤ ਕੌਰ, ਸੀ ਐੱਚ ਓ, ਗੁਰਪ੍ਰੀਤ ਕੌਰ ਸੀ ਐੱਚ ਓ, ਰਿਤਿਕਾ ਸੀ ਐੱਚ ਓ, ਤੇਜਿੰਦਰ ਕੌਰ ਸੀ ਐੱਚ ਓ, ਮਨਪ੍ਰੀਤ ਕੌਰ ਸੀ ਐੱਚ ਓ, ਹਰਪ੍ਰੀਤ ਕੌਰ ਸਟਾਫ਼ ਨਰਸ, ਐੱਸ ਆਈ ਗੁਰਬੀਰ ਸਿੰਘ ਵੱਲੋਂ ਆਪਣੀ ਯੂਨੀਅਨ ਵੱਲੋਂ ਸਹਿਯੋਗ ਦੇਣ ਦੀ ਸਹਿਮਤੀ ਪ੍ਰਗਟਾਈ ਗਈ।

ਸੰਯੁਕਤ ਕਿਸਾਨ ਮੋਰਚੇ ਦੇ ਵਫਦ ਨੇ ਡੀ ਸੀ ਤਰਨ ਤਾਰਨ ਨੂੰ ਦਿੱਤਾ ਮੰਗ ਪੱਤਰ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸਹਿਕਾਰੀ ਖੰਡ ਮਿੱਲ ਚਾਲੂ ਕਰਨ ਲਈ ਸੰਘਰਸ਼ਸ਼ੀਲ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਦਾ ਇੱਕ ਵਫਦ ਨਛੱਤਰ ਸਿੰਘ ਪੰਨੂ ਦੀ ਅਗਵਾਈ ਵਿੱਚ ਨਵ-ਨਿਯੁਕਤ ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਦਫਤਰ ਵਿਖੇ ਮਿਲਿਆ। ਇਸ ਮੌਕੇ ਵਫਦ ਨੇ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਕਿ ਸੰਯੁਕਤ ਕਿਸਾਨ ਮੋਰਚਾ ਪਿਛਲੇ ਛੇ ਮਹੀਨਿਆਂ ਤੋਂ ਲਗਾਤਾਰ ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਬਚਾਉਣ ਹਿੱਤ ਲਗਾਤਾਰ ਮੋਰਚਾ ਚਲਾ ਰਿਹਾ ਹੈ ।ਇਸੇ ਦੌਰਾਨ ਵੱਖ-ਵੱਖ ਐੱਮਐੱਲਏ ਨੂੰ ਮੰਗ ਪੱਤਰ ਦਿੱਤੇ ਜਾ ਚੁੱਕੇ ਹਨ ਅਤੇ 30 ਅਕਤੂਬਰ ਨੂੰ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ ਗਿਆ ਸੀ ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਨਾਲ ਗੱਲਬਾਤ ਕਰਵਾਉਣ ਦੀ ਪੇਸ਼ਕਸ਼ ਕੀਤੀ ਗਈ ਸੀ।ਇੱਕ ਹਫਤਾ ਬੀਤਣ ਦੇ ਬਾਵਜੂਦ ਵੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧੀ ਚੁੱਪਧਾਰੀ ਹੋਈ ਹੈ।ਇਸ ਬਾਰੇ ਡਿਪਟੀ ਕਮਿਸ਼ਨਰ ਵੱਲੋਂ ਮੁੱਖ ਸਕੱਤਰ ਨਾਲ ਗੱਲਬਾਤ ਕਰਨ ਦਾ ਭਰੋਸਾ ਦਿੱਤਾ ਗਿਆ ।ਜਥੇਬੰਦੀਆਂ ਵੱਲੋਂ ਪੁੱਡਾ ਅਥਾਰਟੀ ਵੱਲੋਂ ਨਿਸ਼ਾਨਦੇਹੀ ਲੈ ਜਾਣ ਜਾਂ ਦਖਲ ਲੈ ਜਾਣ ਦਾ ਤਿੱਖਾ ਵਿਰੋਧ ਕਰਨ ਦੀ ਗੱਲ ਕੀਤੀ ਗਈ।ਇਸ ਤੋਂ ਬਿਨਾਂ ਸਰਕਾਰੀ ਖੰਡ ਮਿਲ ਸ਼ੇਰੋਂ ਵਿੱਚ ਕਿਸਾਨਾਂ ਦੇ ਹਿੱਸੇ ਅਤੇ ਇਸ ਮਿੱਲ ਦਾ ਤਰਨਤਾਰਨ ਜਿਲੇ ਨੂੰ ਲਾਭ ਆਦਿ ਸਾਰੀਆਂ ਗੱਲਾਂ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ।ਹੋਰਨਾਂ ਤੋਂ ਇਲਾਵਾ ਇਸ ਵਫਦ ਵਿੱਚ ਮਨਜੀਤ ਸਿੰਘ ਬੱਗੂ ਜਮਹੂਰੀ ਕਿਸਾਨ ਸਭਾ, ਤਰਸੇਮ ਸਿੰਘ ਲੁਹਾਰ ਕੌਮੀ ਕਿਸਾਨ ਯੂਨੀਅਨ, ਜੱਸਾ ਸਿੰਘ ਕੱਦਗਿਲ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ,ਨਛੱਤਰ ਸਿੰਘ ਪੰਨ, ਕਿਰਤੀ ਕਿਸਾਨ ਯੂਨੀਅਨ ਰਾਜ ਗੋਬਿੰਦ ਸਿੰਘ, ਕੁਲ ਹਿੰਦ ਕਿਸਾਨ ਸਭਾ ਅਤੇ ਡਾਕਟਰ ਇੰਦਰਜੀਤ ਸਿੰਘ ਮਰਹਾਣਾ ਕੁਲ ਹਿੰਦ ਕਿਸਾਨ ਸਭਾ ਸ਼ਾਮਿਲ ਸਨ।

ਕਪੂਰਥਲਾ, ਫਗਵਾੜਾ ਤੇ ਭੁਲੱਥ ਤੋਂ 'ਆਪ' ਨੇ ਐਲਾਨੇ ਉਮੀਦਵਾਰ

*** ਸੁਲਤਾਨਪੁਰ ਲੋਧੀ ਹਲਕਾ ਅਜੇ ਵੀ ਉਡੀਕ ਸੂਚੀ 'ਚ**



ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)-ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਲਈ 31 ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕਰ ਦਿੱਤੀ ਗਈ ਹੈ। ਇਸ ਸੂਚੀ ਵਿੱਚ ਜ਼ਿਲ੍ਹਾ ਕਪੂਰਥਲਾ ਦੇ ਤਿੰਨ ਵਿਧਾਨ ਸਭਾ ਹਲਕਿਆਂ ਤੋਂ ਪਾਰਟੀ ਨੇ ਆਪਣੇ ਉਮੀਦਵਾਰਾਂ ਦਾ ਐਲਾਨ ਕੀਤਾ ਹੈ।ਜਾਰੀ ਸੂਚੀ ਅਨੁਸਾਰ ਕਪੂਰਥਲਾ ਵਿਧਾਨ ਸਭਾ ਹਲਕੇ ਤੋਂ ਦਵਿੰਦਰਪਾਲ ਸਿੰਘ ਰੰਗਾ, ਫਗਵਾੜਾ ਰਾਖਵੇਂ ਹਲਕੇ ਤੋਂ ਡਾ. ਰਾਜ ਕੁਮਾਰ ਚੱਬੇਵਾਲ ਅਤੇ ਭੁਲੱਥ ਵਿਧਾਨ ਸਭਾ ਹਲਕੇ ਤੋਂ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੂੰ ਪਾਰਟੀ ਦਾ ਉਮੀਦਵਾਰ ਐਲਾਨਿਆ ਗਿਆ ਹੈ। ਉਮੀਦਵਾਰਾਂ ਨੇ ਟਿਕਟ ਮਿਲਣ 'ਤੇ ਪਾਰਟੀ ਦੀ ਹਾਈਕਮਾਂਡ ਦਾ ਧੰਨਵਾਦ ਕੀਤਾ।

ਇੱਥੇ ਜ਼ਿਕਰਯੋਗ ਹੈ ਕਿ ਜ਼ਿਲ੍ਹਾ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਵੱਲੋਂ ਅਜੇ ਤੱਕ ਕਿਸੇ ਉਮੀਦਵਾਰ ਦਾ ਐਲਾਨ ਨਹੀਂ ਕੀਤਾ ਗਿਆ। ਇਸ ਕਾਰਨ ਇਸ ਹਲਕੇ ਦੇ ਸੰਭਾਵੀ ਉਮੀਦਵਾਰਾਂ ਅਤੇ ਸਿਆਸੀ ਹਲਕਿਆਂ ਦੀਆਂ ਨਜ਼ਰਾਂ ਪਾਰਟੀ ਦੀ ਅਗਲੀ ਸੂਚੀ 'ਤੇ ਟਿਕੀਆਂ ਹੋਈਆਂ ਹਨ।

ਖ਼ਾਲਸਾ ਯੂਨੀਵਰਸਿਟੀ ਵੱਲੋਂ ਸਾਹਿਤਕ ਸ਼ਾਮ 'ਅਦਬੀ ਬੈਠਕ' ਆਯੋਜਿਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਐਜੂਕੇਸ਼ਨ ਅਤੇ ਸਕੂਲ ਆਫ਼ ਲੈਂਗੁਏਜਿਜ਼ ਵੱਲੋਂ ਉਰਦੂ ਵਿਅੰਗ ਅਤੇ ਦਾਸਤਾਨਗੋਈ 'ਤੇ ਆਧਾਰਿਤ ਇਕ ਸਾਹਿਤਕ ਸ਼ਾਮ 'ਅਦਬੀ ਬੈਠਕ' ਕਰਵਾਈ ਗਈ ਜਿਸ 'ਚ ਮੁੱਖ ਮਹਿਮਾਨ ਵਜੋਂ ਹਾਜ਼ਰ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਫਨਕਾਰਾਂ ਦੇ ਫਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਦਾਸਤਾਨਗੋਈ 'ਚ ਸ਼ਬਦਾਂ ਦਾ ਉਚਾਰਨ, ਹਾਵ-ਭਾਵ ਨਾਲ ਪੇਸ਼ਕਾਰੀ ਕੋਈ ਸਾਧਾਰਨ ਕਿਰਿਆ ਨਹੀਂ, ਬਲਕਿ ਸੁਲਝੇ ਹੋਏ ਕਲਾਕਾਰਾਂ ਦਾ ਕੰਮ ਹੈ।

ਇਸ ਪ੍ਰੋਗਰਾਮ ਦੀ ਸ਼ੁਰੂਆਤ 'ਚ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਅਤੇ ਫੈਕਲਟੀ ਆਫ ਲੈਂਗੁਏਜ਼ ਡੀਨ ਡਾ. ਰਮਿੰਦਰ ਕੌਰ ਨੇ ਸਾਂਝੇ ਤੌਰ 'ਤੇ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ, ਡਾਇਰੈਕਟਰ ਪ੍ਰੀਖਿਆਵਾਂ ਡੀਨ ਡਾ. ਕੰਵਲਜੀਤ ਸਿੰਘ, ਧਰਮ ਅਧਿਐਨ ਵਿਭਾਗ ਮੁਖੀ ਡਾ. ਇੰਦਰਜੀਤ ਸਿੰਘ ਗੋਗੋਆਣੀ, ਵਿਦਿਆਰਥੀ ਭਲਾਈ ਡੀਨ ਡਾ. ਅਜੇ ਸਹਿਗਲ, ਸਰਕਾਰੀ ਕਾਲਜ, ਗੁਰਦਾਸਪੁਰ ਪ੍ਰਿੰਸੀਪਲ ਡਾ. ਅਸ਼ਵਨੀ ਭੱਲਾ ਦਾ ਸਵਾਗਤ ਕੀਤਾ। ਉਪਰੰਤ ਡਾ. ਕੁਮਾਰ ਨੇ ਕਿਹਾ ਨੇ ਸਮਾਗਮ ਦੇ ਮੁੱਖ ਕਲਾਕਾਰਾਂ ਡਾ. ਜੈਸ਼੍ਰੀ ਸੇਠੀ ਅਤੇ ਜਨਾਬ ਮੁਹੰਮਦ ਸਮੀਰ ਅਬਾਦਾਨ ਖ਼ਾਨ ਨਾਲ ਸਰੋਤਿਆਂ ਨੂੰ ਰੂਬਰੂ ਕਰਵਾਇਆ। ਉਨ੍ਹਾਂ ਸਮਾਗਮ ਦੇ ਮਕਸਦ ਨੂੰ ਸਰੋਤਿਆਂ ਨਾਲ ਸਾਂਝਾ ਕਰਦਿਆਂ ਕਿਹਾ ਕਿ ਸੰਵਾਦ, ਬਿਰਤਾਂਤ, ਬਹਿਸ-ਮੁਆਫਸੇ ਦੀ ਲੰਬੀ ਪ੍ਰੰਪਰਾ ਰਹੀ ਹੈ ਅਤੇ ਦਾਸਤਾਨਗੋਈ ਜਾਂ ਕਿੱਸਾਗੋਈ ਜਾਂ ਬਿਰਤਾਂਤ ਕਹਿਣ ਦਾ ਹੁਨਰ ਇਕ ਪੇਸ਼ਾਵਰ ਕਿੱਤੇ ਵਜੋਂ ਮਕਬੂਲ ਰਿਹਾ ਹੈ। ਇਸ ਮੌਕੇ ਡਾ. ਮਹਿਲ ਸਿੰਘ ਨੇ ਸਟੇਜ ਤੋਂ ਕਲਾਕਾਰਾਂ ਦੁਆਰਾ ਪੇਸ਼ ਕੀਤੇ ਗਏ ਮਜ਼ਮੂਨਾਂ 'ਚੋਂ ਕੁਝ ਘਟਨਾਵਾਂ ਨਾਲ ਜੋੜ ਕੇ ਪੰਜਾਬੀ ਸਾਹਿਤ ਜਗਤ 'ਚੋਂ ਕੁਝ ਕਿੱਸੇ ਵੀ ਸੁਣਾਏ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਵਿਦਿਆਰਥੀਆਂ 'ਚ ਵਿਹਾਰਕ ਗਿਆਨ ਅਤੇ ਕਲਾਤਮਕ ਸੂਝ 'ਚ ਇਜ਼ਾਫ਼ਾ ਹੁੰਦਾ ਹੈ ਜੋ ਕਿ ਉਨ੍ਹਾਂ ਦੀ ਸਖਸ਼ੀਅਤ ਦੇ ਵਿਕਾਸ ਲਈ ਅਤਿਅੰਤ ਜ਼ਰੂਰੀ ਹੈ। ਸਮਾਗਮ ਮੌਕੇ ਡਾ. ਰਮਿੰਦਰ ਕੌਰ ਨੇ ਸਮੂਹ ਮਹਿਮਾਨਾਂ, ਕਲਾਕਾਰਾਂ ਅਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਇਸ ਰਸਮ ਦੇ ਅਰਥ ਅਤੇ ਸਾਰਥਿਕਤਾ 'ਤੇ ਚਾਨਣਾ ਪਾਇਆ। ਇਸ ਮੌਕੇ ਡਾ. ਕੁਮਾਰ ਅਤੇ ਡਾ. ਰਮਿੰਦਰ ਕੌਰ ਨੇ ਆਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਡਾ. ਕੁਮਾਰ ਨੇ ਕਿਹਾ ਕਿ ਪ੍ਰੋਗਰਾਮ ਦਾ ਆਯੋਜਨ ਸਕੂਲ ਆਫ਼ ਐਜੂਕੇਸ਼ਨ ਦੇ ਅਸਿਸਟੈਂਟ ਪ੍ਰੋਫੈਸਰ ਡਾ. ਪੂਨਮਪ੍ਰੀਤ ਕੌਰ ਦੀ ਅਗਵਾਈ ਹੇਠ ਕੀਤਾ ਗਿਆ, ਜਿਸ 'ਚ ਮੰਚ ਸੰਚਾਲਨ ਦਾ ਕਾਰਜ ਸਕੂਲ ਆਫ਼ ਪੰਜਾਬੀ ਸਟੱਡੀਜ਼ ਸਹਾਇਕ ਪ੍ਰੋਫ਼ੈਸਰ ਡਾ. ਕੁਲਵੰਤ ਕੌਰ ਨੇ ਬਾਖੂਬੀ ਨਿਭਾਇਆ।

22 ਨੂੰ ਸ਼ਹੀਦੀ ਕਾਨਫਰੰਸ ਕਰਨ ਦਾ ਫੈਸਲਾ



ਡੇਰਾ ਬਾਬਾ ਨਾਨਕ (ਰਮੇਸ਼ ਕੁਮਾਰ)-ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਅਤੇ ਆਲ ਇੰਡੀਆ ਕਿਸਾਨ ਮਹਾ ਸਭਾ ਵੱਲੋਂ ਪਿੰਡ ਰਾਮਦੀਵਾਲੀ ਵਿਖੇ ਇਲਾਕਾ ਪਧਰੀ ਮੀਟਿੰਗ ਕਰਕੇ 22 ਨਵੰਬਰ ਨੂੰ ਖੰਨਾ ਚਮਾਰਾ ਵਿਖੇ ਸ਼ਹੀਦੀ ਕਾਨਫਰੰਸ ਕਰਨ ਦਾ ਫੈਸਲਾ ਲਿਆ ਗਿਆ।ਇਸ ਸਮੇ ਬੋਲਦਿਆ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਕਿਸਾਨ ਆਗੂ ਹਰਵਿੰਦਰ ਸਿੰਘ ਮਲੀ ਅਤੇ ਅਸ਼ਵਨੀ ਕੁਮਾਰ ਲੱਖਣ ਕਲਾਂ ਨੇ ਦੱਸਿਆ ਕਿ 2009 ਵਿੱਚ ਐੱਸ ਜੀ ਪੀ ਸੀ ਦੀ ਹਥਿਆਰਬੰਦ ਟਾਸਕ ਫੋਰਸ ਨੇ ਸਿਆਸੀ ਆਗੂਆਂ ਦੀ ਸ਼ਹਿ ਤੇ ਮੁਜਾਰਿਆਂ ਦੀ ਜ਼ਮੀਨ ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਸੀ ਜਿਸ ਦਾ ਮੁਜਾਰਿਆਂ ਨੇ ਜ਼ਬਰਦਸਤ ਵਿਰੋਧ ਕੀਤਾ ਸੀ ਤਾਂ ਟਾਸਕ ਫੋਰਸ ਨੇ ਅੰਨ੍ਹਵਾਹ ਗੋਲੀ ਚਲਾ ਕੇ ਬਲਵਿੰਦਰ ਸਿੰਘ ਅਤੇ ਕਸਮੀਰ ਸਿੰਘ ਕਿਸਾਨ ਆਗੂਆਂ ਨੂੰ ਸ਼ਹੀਦ ਕਰ ਦਿੱਤਾ ਸੀ, ਜਿਨ੍ਹਾਂ ਸ਼ਹੀਦਾਂ ਦਾ ਹਰ ਸਾਲ ਸ਼ਹੀਦੀ ਦਿਨ ਮਨਾਇਆ ਜਾਂਦਾ ਹੈ।

ਆਗੂਆਂ ਕਿਹਾ ਕਿ ਸ਼ਹੀਦੀ ਕਾਨਫਰੰਸ ਮੰਗ ਕਰੇਗੀ ਕਿ ਪੰਜਾਬ ਭਰ ਵਿੱਚ ਦਹਾਕਿਆ ਤੋਂ ਪੰਚਾਇਤੀ, ਕਸਟੋਡੀਅਮ ਅਤੇ ਵੱਖ ਵੱਖ ਤਰ੍ਹਾਂ ਦੇ ਧਾਰਮਿਕ ਸਥਾਨਾਂ ਅਤੇ ਸਰਕਾਰੀ ਜ਼ਮੀਨਾਂ 'ਤੇ ਖੇਤੀ ਕਰ ਰਹੇ ਮੁਜਾਰਿਆਂ ਨੂੰ ਮਾਲਕੀ ਹੱਕ ਦਿੱਤੇ ਜਾਣ, ਕਿਸਾਨਾਂ ਦੇ ਗੰਨੇ ਦੇ ਬਕਾਏ ਦੀ ਫੌਰੀ ਅਦਾਇਗੀ ਕੀਤੀ ਜਾਵੇ, ਝੋਨੇ ਦੀ ਫਸਲ ਦੀ ਚੁਕਾਈ ਸਮੇ ਮੰਡੀਆਂ ਵਿੱਚ ਆੜ੍ਹਤੀਆ ਅਤੇ ਸ਼ੈਲਰ ਮਾਲਕਾਂ ਸਮੇਤ ਹੋਰ ਅਦਾਰਿਆਂ ਵੱਲੋਂ ਲਾਏ ਗਏ ਮੋਟੇ ਕਟਾ ਦੀ ਉਚ ਪੱਧਰੀ ਜਾਂਚ ਕੀਤੀ ਜਾਵੇ।ਮੀਟਿੰਗ ਵਿੱਚ ਕੁਲਵੰਤ ਸਿੰਘ ਰਾਮਦੀਵਾਲੀ, ਪਰੇਮ ਮਸੀਹ ਸੋਨਾ, ਗੁਰਿੰਦਰ ਸਿੰਘ ਖੱਦਰ, ਐਡਵੋਕੇਟ ਕਰਮਜੀਤ ਸਿੰਘ, ਜਰਨੈਲ ਸਿੰਘ ਸਪਰਾਏ ਕੋਠੀ, ਮਾਸਟਰ ਸੁਚਾ ਸਿੰਘ, ਬੀਰ ਸਿੰਘ ਸਜਾਦਾ, ਬਲਜੀਤ ਸਿੰਘ, ਪ੍ਰਗਟ ਸਿੰਘ, ਪਰਮਜੀਤ ਸਿੰਘ ਰੜੇਵਾਲੀ ਅਤੇ ਹਰਦੇਵ ਸਿੰਘ ਘਣੀਆ ਸ਼ਾਮਲ ਸਨ।

ਡਾ. ਸੁਸ਼ੀਲ ਦੇਵਗਨ ਦੇ ਘਰ ਪੁੱਜੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਭਾਜਪਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਡਾ. ਸੁਸ਼ੀਲ ਦੇਵਗਨ ਦੇ ਘਰ ਪੁੱਜੇ। ਇਸ ਮੌਕੇ ਡਾ. ਸੁਸ਼ੀਲ ਦੇਵਗਨ ਅਤੇ ਭਾਜਪਾ ਮਹਿਲਾ ਮੋਰਚਾ ਦੀ ਸੂਬਾ ਸਕੱਤਰ ਬਲਵਿੰਦਰ ਕੌਰ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪੰਜਾਬ ਦੀ ਸਿਆਸਤ ਤੇ ਸਫ਼ਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ 'ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ। ਇਸ ਮੌਕੇ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਨੂੰ ਨਸ਼ੇ ਤੇ ਗੈਂਗਸਟਰਵਾਦ ਤੋਂ ਸਿਰਫ਼ ਭਾਜਪਾ ਹੀ ਬਚਾਅ ਸਕਦੀ ਹੈ। ਇਸ ਲਈ ਪੰਜਾਬ ਦੇ ਲੋਕ ਵੀ ਹੁਣ ਸੂਬੇ ਵਿਚ ਭਾਜਪਾ ਦੀ ਸਰਕਾਰ ਬਣਾਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਕਾਸ ਦੇ ਪੱਖੋਂ ਬਹੁਤ ਪਿੱਛੇ ਰਹਿ ਗਿਆ ਹੈ। ਸੂਬੇ ਦਾ ਵਿਕਾਸ ਸਿਰਫ਼ ਭਾਜਪਾ ਦੇ ਰਾਜ ਵਿਚ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਭਾਜਪਾ ਦੀ ਸਰਕਾਰ ਬਣਨ 'ਤੇ ਸਫ਼ਾਈ ਕਰਮਚਾਰੀਆਂ ਦੀਆਂ ਨੌਕਰੀਆਂ ਤੇ ਤਨਖਾਹਾਂ ਸਬੰਧੀ ਸਾਰੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਡਾ. ਰਾਜੀਵ, ਅਮਰਜੀਤ ਸਿੰਘ ਪਨੂੰ, ਗੌਰਵ ਸ਼ਰਮਾ, ਕਪਿਲ ਸ਼ਰਮਾ, ਰੋਹਿਤ ਸ਼ਰਮਾ, ਨੂਰ ਸ਼ਰਮਾ ਤੇ ਗੁਰਪ੍ਰਤਾਪ ਸਿੰਘ ਆਦਿ ਮੌਜੂਦ ਸਨ।


ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ 'ਚ ਵੱਖ-ਵੱਖ ਪਰਵਾਰ ਆਪ 'ਚ ਸ਼ਾਮਲ



ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵਾਰਡ ਨੰਬਰ 20 ਵਿਚੋਂ ਕਾਂਗਰਸ ਪਾਰਟੀ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ।ਮਾਸਟਰ ਕੁਲਵੰਤ ਸਿੰਘ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦਾ ਵਧਦਾ ਪਿਆਰ ਅਤੇ ਵਿਸ਼ਵਾਸ ਬਟਾਲਾ ਵਿੱਚ ਆਮ ਆਦਮੀ ਪਾਰਟੀ ਦੀ ਲੋਕਪੱਖੀ ਨੀਤੀਆਂ ਅਤੇ ਸਰਬਪੱਖੀ ਵਿਕਾਸ ਕਾਰਜਾਂ ਦੀ ਗਵਾਹੀ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋਂ ਦਿਨ ਵੱਧ ਰਿਹਾ ਹੈ।ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਕਰੀਬ ਸਾਢੇ ਚਾਰ ਸਾਲਾਂ ਦੇ ਅੰਦਰ ਬਟਾਲਾ ਸ਼ਹਿਰ ਸਮੇਤ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਗਏ ਹਨ।ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਬਟਾਲਾ ਵਿੱਚ ਖੁੱਲ੍ਹੀਆਂ ਤੇ ਨਵੀਆਂ ਸੜਕਾਂ, ਪੱਕੀਆਂ ਗਲੀਆਂ, ਸੁੰਦਰ ਅਤੇ ਖੁੱਲ੍ਹੇ ਚੌਕ, ਸੀ. ਸੀ. ਟੀ. ਵੀ ਕੈਮਰੇ, ਸੁੰਦਰ ਐਂਟਰੀ ਗੇਟ, ਟ੍ਰੈਫਿਕ ਲਾਈਟਾਂ, ਸਟ੍ਰੀਟ ਲਾਈਟਾਂ ਅਤੇ ਹਾਈ-ਮਾਸਟ ਲਾਈਟਾਂ, ਮੁਫ਼ਤ ਮੈਡੀਕਲ ਸਹੂਲਤ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਬਣੇ ਮੁਹੱਲਾ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਨੂੰ ਦੇਖਦੇ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਇੱਕ ਥਾਂ 'ਤੇ ਹੀ ਪੂਰਾ ਕਰਨ ਲਈ ਤੰਗ ਜਗ੍ਹਾ ਤੋਂ ਬਾਹਰ ਕੱਢ ਕੇ ਬਣਾਈ ਨਵੀਂ ਤਹਿਸੀਲ ਬਣਾਈ ਗਈ, ਨਾਲ ਹੀ ਬਣ ਰਿਹਾ ਨਵਾਂ ਐੱਸ ਐੱਸ ਪੀ ਦਫ਼ਤਰ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ।


ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਹਰ ਵਰਗ ਦੀ ਭਲਾਈ ਲਈ ਲੋਕਪੱਖੀ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ।ਹਰ ਵਰਗ ਨੂੰ 600 ਯੂਨਿਟ ਮੁਫ਼ਤ ਬਿਜਲੀ, ਮਹਿਲਾਵਾਂ ਨੂੰ 1000-1500 ਰੁਪਏ ਮਹੀਨਾਵਾਰ ਸਹਾਇਤਾ, ਸਿੱਖਿਆ ਦੇ ਖੇਤਰ ਵਿੱਚ ਸੁਧਾਰ, ਸਕੂਲ ਆਫ਼ ਐਮੀਨੈਂਸ ਅਤੇ 10 ਲੱਖ ਦੇ ਮੈਡੀਕਲ ਕਾਰਡ ਵਰਗੀਆਂ ਸਰਕਾਰੀ ਸਹੂਲਤਾਂ, ਸ਼ਰਧਾਲੂਆਂ ਲਈ ਮੁਫ਼ਤ ਤੀਰਥ ਯਾਤਰਾ ਬੱਸਾਂ ਵੀ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੀਆਂ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

ਆਮ ਆਦਮੀ ਪਾਰਟੀ ਨੇ ਗੁਰਦਾਸਪੁਰ ਤੋਂ ਰਮਨ ਬਹਿਲ ਨੂੰ ਉਮੀਦਵਾਰ ਐਲਾਨਿਆ



ਗੁਰਦਾਸਪੁਰ, (ਜਨਕ ਮਹਾਜਨ)-ਆਮ ਆਦਮੀ ਪਾਰਟੀ ਵੱਲੋਂ ਜਾਰੀ ਕੀਤੀ ਗਈ ਨਵੇਂ ਉਮੀਦਵਾਰਾਂ ਦੀ ਲਿਸਟ ਵਿਚ ਪਾਰਟੀ ਨੇ ਰਮਨ ਬਹਿਲ ਨੂੰ ਗੁਰਦਾਸਪੁਰ ਤੋਂ ਆਪਣਾ ਉਮੀਦਵਾਰ ਐਲਾਨ ਦਿੱਤਾ ਹੈ। ਗੁਰਦਾਸਪੁਰ ਤੋਂ ਆਮ ਆਦਮੀ ਪਾਰਟੀ ਵੱਲੋਂ ਰਮਨ ਬਹਿਲ ਨੂੰ ਉਮੀਦਵਾਰ ਐਲਾਨੇ ਜਾਣ ਤੋਂ ਬਾਅਦ ਗੁਰਦਾਸਪੁਰ ਹਲਕੇ ਦੇ 'ਆਪ' ਵਰਕਰਾਂ ਵਿਚ ਭਾਰੀ ਖ਼ੁਸ਼ੀ ਦੀ ਲਹਿਰ ਅਤੇ ਉਤਸ਼ਾਹ ਪਾਇਆ ਜਾ ਰਿਹਾ ਹੈ। ਟਿਕਟ ਦਾ ਐਲਾਨ ਹੁੰਦਿਆਂ ਹੀ ਰਮਲ ਬਹਿਲ ਦੇ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਜਿੱਥੇ ਲੱਗ ਗਿਆ ਉਥੇ ਹੀ ਵਰਕਰਾਂ ਨੇ ਦਾਅਵਾ ਕੀਤਾ ਕਿ ਗੁਰਦਾਸਪੁਰ ਹਲਕੇ ਦੀ ਸੀਟ ਰਮਨ ਬਹਿਲ ਵੱਡੀ ਲੀਡ ਨਾਲ ਜਿੱਤਣਗੇ। ਜ਼ਿਕਰਯੋਗ ਹੈ ਕਿ ਰਮਲ ਬਹਿਲ ਦਾ ਮੁਕੇਰੀਆਂ ਹਲਕੇ ਅੰਦਰ ਕਾਫ਼ੀ ਜ਼ਿਆਦਾ ਪ੍ਰਭਾਵ ਹੈ ਅਤੇ ਉਹ ਮੁਕੇਰੀਆਂ ਹਲਕਾ ਵਾਸੀਆਂ ਦੀ ਨਬਜ਼ ਨੂੰ ਚੰਗੀ ਤਰ੍ਹਾਂ ਪਛਾਣਦੇ ਹਨ। ਰਮਲ ਬਹਿਲ ਨੇ ਟਿਕਟ ਮਿਲਣ 'ਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁਕੇਰੀਆਂ ਹਲਕੇ ਦੀ ਉਮੀਦਵਾਰੀ ਮਿਲਣ ਦੇ ਨਾਲ ਉਨ੍ਹਾਂ ਦੀ ਜ਼ਿੰਮੇਵਾਰੀ ਹੋਰ ਵੀ ਜ਼ਿਆਦਾ ਵੱਧ ਗਈ ਹੈ ਅਤੇ ਉਹ ਪਾਰਟੀ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਉਹ ਪਾਰਟੀ ਵੱਲੋਂ ਕੀਤੇ ਕੰਮਾਂ ਦੇ ਪ੍ਰਚਾਰ ਲਈ ਦਿਨ-ਰਾਤ ਇਕ ਕਰ ਦੇਣਗੇ। ਉਨ੍ਹਾਂ ਕਿਹਾ ਪਾਰਟੀ ਵੱਲੋਂ ਚਲਾਈਆਂ ਗਈਆਂ ਲੋਕ ਭਲਾਈ ਸਕੀਮਾਂ ਤੋਂ ਲੋਕ ਬੇਹੱਦ ਖ਼ੁਸ਼ ਹਨ ਅਤੇ ਉਨ੍ਹਾਂ ਨੇ ਮਨ ਬਣਾ ਲਿਆ ਹੈ ਕਿ ਉਹ ਇਸ ਵਾਰ ਮੁਕੇਰੀਆਂ ਤੋਂ ਆਮ ਆਦਮੀ ਪਾਰਟੀ ਦੇ ਹੱਕ ਵਿਚ ਸਮਰਥਨ ਦੇਣਗੇ।

5 ਪਿਸਟਲ ਤੇ 13 ਜ਼ਿੰਦਾ ਰੌਂਦ ਬਰਾਮਦ, 3 ਮੁਲਜ਼ਮ ਗ੍ਰਿਫ਼ਤਾਰ




ਬਟਾਲਾ, (ਡਾ. ਮਲਵਿੰਦਰ ਸਿੰਘ)-ਬਟਾਲਾ ਪੁਲਸ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਪਿਸਟਲ ਅਤੇ 13 ਜ਼ਿੰਦਾ ਰੌਂਦ ਬਰਾਮਦ ਕੀਤੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐੱਸ., ਆਈ.ਜੀ. ਬਾਰਡਰ ਰੇਂਜ ਅੰਮ੍ਰਿਤਸਰ ਨੇ ਬਟਾਲਾ ਵਿਖ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ।ਉਨ੍ਹਾਂ ਦੱਸਿਆ ਕਿ ਡਾ. ਮਹਿਤਾਬ ਸਿੰਘ, ਆਈ.ਪੀ.ਐੱਸ., ਐੱਸ.ਐੱਸ.ਪੀ. ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਵਜੋਤ ਸਿੰਘ, ਪੀ.ਪੀ.ਐੱਸ., ਐੱਸ.ਪੀ.-ਪੀ.ਬੀ.ਆਈ. ਦੀ ਨਿਗਰਾਨੀ ਹੇਠ ਸੁਖਇੰਦਰ ਸਿੰਘ, ਪੀ.ਪੀ.ਐੱਸ., ਡੀ.ਐੱਸ.ਪੀ. ਸਿਟੀ ਬਟਾਲਾ, ਇੰਸਪੈਕਟਰ ਸੁਖਰਾਜ ਸਿੰਘ, ਇੰਚਾਰਜ ਸੀ.ਆਈ.ਏ. ਸਟਾਫ਼ ਬਟਾਲਾ ਅਤੇ ਲਖਵਿੰਦਰ ਸਿੰਘ, ਮੁੱਖ ਅਫ਼ਸਰ ਥਾਣਾ ਸਿਵਲ ਲਾਈਨ ਬਟਾਲਾ ਦੀਆਂ ਟੀਮਾਂ ਵੱਲੋਂ ਇਹ ਕਾਰਵਾਈ ਕੀਤੀ ਗਈ ਹੈ।ਆਈ.ਜੀ. ਭੁੱਲਰ ਨੇ ਦੱਸਿਆ ਕਿ 19 ਸਤੰਬਰ 2026 ਨੂੰ ਰਾਤ ਕਰੀਬ 2:20 ਵਜੇ ਸਾਜਨ ਉਰਫ਼ ਲੋਂਡਾ ਨੇ ਆਪਣੇ ਭਰਾ ਵਿਸ਼ਾਲ ਉਰਫ਼ ਸ਼ਾਲੂ ਅਤੇ ਹੋਰ ਸਾਥੀਆਂ ਨਾਲ ਮਿਲ ਕੇ ਗਗਨਦੀਪ ਸਿੰਘ ਪੁੱਤਰ ਅਸ਼ੋਕ ਕੁਮਾਰ ਵਾਸੀ ਵਾਰਡ ਨੰਬਰ 7, ਗਾਂਧੀ ਕੈਂਪ ਬਟਾਲਾ ਦੇ ਘਰ ਦੇ ਗੇਟ 'ਤੇ ਗੋਲੀਆਂ ਚਲਾਈਆਂ ਸਨ।ਇਸ ਦੌਰਾਨ ਇੱਕ ਗੋਲੀ ਗਗਨਦੀਪ ਸਿੰਘ ਦੀ ਪਤਨੀ ਕੋਮਲਪ੍ਰੀਤ ਨੂੰ ਲੱਗੀ ਸੀ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਈ ਸੀ।ਵਾਰਦਾਤ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ ਸਨ।ਇਸ ਸਬੰਧੀ ਥਾਣਾ ਸਿਵਲ ਲਾਈਨ ਬਟਾਲਾ ਵਿਖੇ ਮੁਕੱਦਮਾ ਨੰਬਰ 288 ਮਿਤੀ 19-09-2026, ਵੱਖ-ਵੱਖ ਧਾਰਾਵਾਂ 109, 125, 191(3), 190, 249, 253 ਬੀ.ਐੱਨ.ਐੱਸ. ਅਤੇ ਅਸਲਾ ਐਕਟ ਤਹਿਤ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਸਾਜਨ ਦੇ ਭਰਾ ਵਿਸ਼ਾਲ ਉਰਫ਼ ਸ਼ਾਲੂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ।11 ਨਵੰਬਰ ਨੂੰ ਤਕਨੀਕੀ ਜਾਣਕਾਰੀ ਅਤੇ ਹਿਊਮਨ ਸੋਰਸ ਦੀ ਮਦਦ ਨਾਲ ਬਟਾਲਾ ਪੁਲਸ ਦੀ ਟੀਮ ਨੇ ਜ਼ਿਲ੍ਹਾ ਕਪੂਰਥਲਾ ਤੋਂ ਤਿੰਨ ਮੁਲਜ਼ਮਾਂ ਸਾਜਨ ਉਰਫ਼ ਲੋਂਡਾ ਪੁੱਤਰ ਸੋਨੂੰ, ਲਵ ਉਰਫ਼ ਬੀਡਾਂ ਪੁੱਤਰ ਰਾਕੇਸ਼ ਕੁਮਾਰ ਅਤੇ ਸਾਵਰ ਉਰਫ਼ ਸਾਬਰ ਪੁੱਤਰ ਰਾਕੇਸ਼ ਕੁਮਾਰ, ਵਾਸੀਆਨ ਗਾਂਧੀ ਕੈਂਪ ਬਟਾਲਾ ਨੂੰ ਗ੍ਰਿਫ਼ਤਾਰ ਕੀਤਾ ਹੈ।

ਪਤਨੀ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਭੈਣੀ ਮੀਆਂ ਖਾਂ ਦੇ ਏ.ਐਸ.ਆਈ. ਪਲਵਿੰਦਰ ਸਿੰਘ ਨੇ ਦੱਸਿਆ ਕਿ ਅਮਨਦੀਪ ਕੌਰ ਪਤਨੀ ਹਰਪ੍ਰੀਤ ਸਿੰਘ ਵਾਸੀ ਚੱਕ ਸਰੀਫ ਨੇ ਆਪਣੇ ਬਿਆਨਾਂ ਵਿਚ ਕਿਹਾ ਕਿ 27 ਸਤੰਬਰ ਨੂੰ ਰਾਤ 8 ਵਜੇ ਦੇ ਕਰੀਬ ਉਸ ਦਾ ਪਤੀ ਹਰਪ੍ਰੀਤ ਸਿੰਘ ਪੁੱਤਰ ਬਲਜੀਤ ਸਿੰਘ ਉਸ ਨਾਲ ਬਹਿਸਬਾਜ਼ੀ ਕਰਨ ਲੱਗ ਪਿਆ ਤੇ ਘਰੋਂ ਸੋਟਾ ਫੜ ਕੇ ਲਗਾਤਾਰ 5 ਵਾਰ ਕੀਤੇ ਜੋ ਅਮਨਦੀਪ ਕੌਰ ਖੱਬੇ ਭਰਵੱਟੇ ਤੋਂ ਉਪਰ, ਸੱਜੇ ਹੱਥ ਦੇ ਗੁੱਟ, ਖੱਬੀ ਬਾਂਹ, ਨੱਕ ਉਪਰ, ਸਿਰ ਉਪਰ ਲੱਗੇ, ਤਾਂ ਅਮਨਦੀਪ ਕੌਰ ਨੇ ਮਾਰ ਦਿੱਤਾ ਦਾ ਰੌਲਾ ਪਾਇਆ ਤਾਂ ਆਂਢ-ਗੁਆਂਢ ਇੱਕਠਾ ਹੋ ਗਿਆ ਤੇ ਫਿਰ ਉਸ ਦਾ ਪਤੀ ਘਰੋਂ ਦੌੜ ਗਿਆ। ਥਾਣਾ ਭੈਣੀ ਮੀਆਂ ਖਾਂ ਪੁਲਸ ਨੇ ਕੁੱਟਮਾਰ ਕਰਨ ਵਾਲੇ ਕਥਿਤ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਪੰਜਾਬ ਸਕੂਲ ਸਿੱਖਿਆ ਬੋਰਡ ਯੂਨੀਅਨ ਦੀਆਂ ਚੋਣਾਂ 'ਚ ਤਿੰਨੇ ਗਰੁੱਪਾਂ ਵੱਲੋਂ ਜਿੱਤ ਦੇ ਦਾਅਵੇ



ਮੋਹਾਲੀ (ਗੁਰਜੀਤ ਬਿੱਲਾ)-ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਸਾਲ 2026 -2027 ਲਈ ਚੋਣਾਂ ਲਈ ਮੁਲਾਜ਼ਮਾਂ ਦੇ ਤਿੰਨੇ ਗਰੁੱਪਾਂ ਵੱਲੋਂ ਪੂਰੀ ਝੋਕ ਦਿਤੀ ਗਈ ਹੈ। ਇਸ ਵਾਰ ਜਿਥੇ ਪਿਛਲੇ 10 ਸਾਲਾਂ ਤੋਂ ਬੰਦੀ ਕੀਤੀ ਗਈ ਦੋ ਰੋਜਾ ਸਾਂਝੀ ਸਟੇਜ ਮੁੜ ਤੋਂ ਸ਼ੁਰੂ ਕੀਤੀ ਗਈ। ਜਿਥੇ ਤਿੰਨੇ ਗਰੁੱਪਾਂ ਨੇ ਵਾਰੋ ਵਾਰੀ ਬੋਲਣ ਦਾ ਸਮਾਂ ਦਿਤਾ ਗਿਆ। ਤਿੰਨੇ ਗਰੁਪਾਂ ਵੱਲੋਂ ਚੋਣਾ ਜਿਤਣ ਦਾ ਦਾਅਵਾ ਪੇਸ਼ ਕੀਤਾ ਗਿਆ। ਇਸ ਵਾਰ ਪ੍ਰਚਾਰ ਲਈ ਸੋਸ਼ਲ ਮੀਡੀਆ ਨੇ ਬਹੁਤ ਮਹੱਤਵਪੂਰਨ ਰੋਲ ਨਿਭਾਇਆ ਗਿਆ। ਤਿਨੇ ਗਰੁੱਪਾਂ ਵੱਲੋਂ ਏ ਆਈ ਤਕਨੀਕ ਰਾਹੀਂ ਆਪਣੇ ਗਰੁੱਪ ਦਾ ਪ੍ਰਚਾਰ ਕੀਤਾ ਗਿਆ । ਇਸ ਮੌਕੇ ਸਰਬ ਸਾਂਝਾ ਰਾਣੂ ਗੁੱਰਪ (ਨੀਲਾ ਰੰਗ) ਦੇ ਪ੍ਰਧਾਨਗੀ ਦੀ ਉਮੀਦਵਾਰ ਬੀਬੀ ਰਮਨਦੀਪ ਕੌਰ ਗਿੱਲ ਅਤੇ ਜਨਰਲ ਸਕੱਤਰ ਦੇ ਉਮੀਦਵਾਰ ਸੁਖਚੈਨ ਸਿੰਘ ਸੈਣੀ ਵੱਲੋਂ 2024-25 ਵੱਲੋਂ ਆਪਣੇ ਗਰੁੱਪ ਦੀਆਂ ਪ੍ਰਾਪਤੀਆਂ ਦਾ ਬਾਖੂਬੀ ਪ੍ਰਭਾਵਸ਼ਾਲੀ ਤਰੀਕੇ ਨਾਲ ਵਿਆਖਿਆ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਆਉਣ ਵਾਲੇ ਸਾਲਾਂ ਲਈ ਆਪਣਾ ਏਜੰਡਾ ਵੀ ਪੇਸ਼ ਕੀਤਾ ਗਿਆ। ਬੀਬਾ ਰਮਨਦੀਪ ਕੌਰ ਗਿੱਲ ਦੀ ਪ੍ਰਭਾਵਸ਼ਾਲੀ ਤਕਰੀਰ ਨੇ ਸਾਰੇ ਸਰੋਤਿਆਂ ਦਾ ਮਨ ਮੋਹ ਲਿਆ।ਉਨ੍ਹਾਂ ਦੋਸ਼ ਲਾਇਆ ਕਿ ਲਾਲ ਗਰੁੱਪ ਵਾਲੇ ਆਗੂ ਜੇਤੂ ਹੋਣ ਦੇ ਬਾਵਜੂਦ ਮੁਲਾਜ਼ਮਾਂ ਲਈ ਕੋਈ ਰਿਆਇਤ ਨਹੀਂ ਲੈ ਸਕੇ ।ਮਾਣਯੋਗ ਕੋਰਟਾਂ ਵਿੱਚ ਲੰਬੀ ਲੜਾਈ ਨਾਲ ਵਾਲੇ ਸਾਥੀਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਨੂੰ ਆਪਣੀ ਪ੍ਰਾਪਤੀਆਂ ਵਿੱਚ ਗਿਣ ਰਹੇ ਜਦੋਂ ਕਿ ਇਹ ਕੋਰਟਾਂ ਵਿੱਚ ਲੰਬੀ ਲੜਾਈ ਲੜਨ ਵਾਲੇ ਸਾਥੀਆਂ ਦੀ ਲਗਨ ਅਤੇ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਸੋਢੀ ਅਤੇ ਖੰਗੂੜਾ ਗਰੁੱਪ ਦੇ ਆਗੂ ਗੁਰਇਕਬਾਲ ਸਿੰਘ ਸੋਢੀ, ਹਰਦੀਪ ਸਿੰਘ ਗਿੱਲ, ਸਾਬਕਾ ਪ੍ਰਧਾਨ ਅਤੇ ਸੀਨੀਅਰ ਮੀਤ ਪ੍ਰਧਾਨਗੀ ਦੇ ਉਮੀਦਵਾਰ ਪਰਵਿੰਦਰ ਸਿੰਘ ਖੰਗੂੜਾ ਨੇ ਕਿਹਾ ਕਿ 70 ਫੀਸਦੀ ਮੁਲਾਜ਼ਮ ਅਤੇ ਉਨ੍ਹਾਂ ਦੀ ਟੀਮ ਚਟਾਣ ਵਾਂਗ ਉਨ੍ਹਾਂ ਨਾਲ ਖੜੀ ਹੈ ਤੇ ਉਨ੍ਹਾਂ ਵੱਲੋਂ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਜਾਵੇਗੀ । ਉਨ੍ਹਾਂ ਦੋਸ਼ ਲਾਇਆ ਕਿ ਲਾਲ ਗਰੁੱਪ ਦੇ ਆਗੂਆਂ ਵੱਲੋਂ ਉਨ੍ਹਾਂ ਨਾਲ ਕੀਤੇ ਧੱਕੇ ਤੇ ਉਨ੍ਹਾਂ ਦੀ ਬਦਲੀ ਸਬੰਧੀ ਕਦੇ ਵੀ ਹਾਅ ਦਾ ਨਾਹਰਾ ਨਹੀਂ ਮਾਰਿਆ। ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਸਾਰੇ ਗਰੁੱਪ ਆਪਣਾ ਆਪਣਾ ਪ੍ਰਚਾਰ ਕਰ ਰਹੇ ਹਨ ਉਨ੍ਹਾਂ ਨੂੰ ਪ੍ਰਚਾਰ ਕਰਨ ਦੀ ਆਗਿਆ ਨਹੀਂ ਦਿਤੀ ਗਈ। ਉਨ੍ਹਾਂ ਵੱਲੋਂ ਦਫਤਰ ਪਾਸੋਂ ਪ੍ਰਚਾਰ ਲਈ ਤਿੰਨ ਦਿਨਾਂ ਦੀ ਛੁੱਟੀ ਮੰਗੀ ਗਈ ਸੀ ਪਰ ਉਨ੍ਹਾਂ ਨੂੰ ਕੇਵਲ ਇਕ ਦਿਨ ਦਿਨ ਦੀ ਹੀ ਛੁਟੀ ਦਿਤੀ ਗਈ ਸੀ। ਉਨ੍ਹਾਂ ਅਪਣੇ ਗਰੁੱਪ ਦੀ 100 ਫੀਸਦੀ ਜਿੱਤ ਦਾ ਦਾਅਵਾ ਕੀਤਾ ਗਿਆ।

ਮੁਲਾਜ਼ਮ ਭਲਾਈ ਗਰੁੱਪ (ਲਾਲ ਰੰਗ) ਦੇ ਪ੍ਰਧਾਨਗੀ ਦੇ ਉਮੀਦਵਾਰ ਗੁਰਚਰਨ ਸਿੰਘ ਤਰਮਾਲਾ, ਜਨਰਲ ਸਕੱਤਰ ਈ ਉਮੀਦਵਾਰ ਪਰਮਜੀਤ ਸਿੰਘ ਬੈਨੀਪਾਲ ਵੱਲੋਂ ਦਾਅਵਾ ਕੀਤਾ ਗਿਆ ਕਿ ਉਨ੍ਹਾਂ ਵੱਲੋਂ ਆਪਣੇ ਕਾਰਜਕਾਲ ਦੌਰਾਨ, ਦਿਹਾੜੀਦਾਰ ਮੁਲਾਜ਼ਮਾਂ ਨੂੰ ਨਾ ਕੱਢਣ ਦੀ ਪਾਲਸੀ ਤਿਆਰ ਕਰਵਾਕੇ ਲਾਗੂ ਕਰਵਾਈ ਗਈ ਉਥੇ ਨਾਲ ਹੀ ਮਾਣਯੋਗ ਹਾਈ ਕੋਰਟ ਅਤੇ ਮਾਣਯੋਗ ਸੁਪਰੀਮ ਕੋਰਟ ਵੱਲੋਂ 2004 ਤੋਂ ਪਹਿਲਾਂ ਭਰਤੀ ਕੀਏ ਗਏ ਮੁਲਾਜ਼ਮਾਂ ਨੂੰ ਪੁਰਾਣੀ ਪੈਨਸਨ ਲਾਗੂ ਕਰਵਾਉਣ ਵਿੱਚ ਆਪਣਾ ਬਣਦਾ ਯੋਗਦਾਨ ਵੀ ਪਾਇਆ। ਉਨ੍ਹਾਂ ਸਾਬਕਾ ਪ੍ਰਧਾਨ ਪਰਵਿੰਦਰ ਸਿੰਘ ਖੰਗੂੜਾ ਵੱਲੋਂ ਉਨ੍ਹਾਂ ਦੀ ਸੁਣਵਾਈ ਨਾ ਕਰਨ ਅਤੇ ਆਪ ਹੁਦਰਾ ਚੱਲਣ ਦੇ ਦੋਸ਼ਾਂ ਨੂੰ ਖਾਰਜ ਕਰਦਿਆਂ ਕਿਹਾ ਕਿ ਖੰਗੂੜਾ ਨੇ ਕਦੇ ਵੀ ਉਨ੍ਹਾਂ ਨਾਲ ਕੋਈ ਮੀਟਿੰਗ ਨਹੀਂ ਕੀਤੀ। ਉਹ ਹਰ ਸਨਿਚਰਵਾਰ ਅਤੇ ਐਤਵਾਰ ਆਪਣੇ ਘਰ ਆਉਂਦੇ ਸਨ ਪਰ ਕਦੇ ਵੀ ਉਨ੍ਹਾਂ ਨਾਲ ਕੋਈ ਮੀਟਿੰਗ ਆਦਿ ਨਹੀ ਕੀਤੀ ਗਈ। ਉਨ੍ਹਾਂ ਦਾਅਵਾ ਕੀਤਾ ਕਿ ਕੀਤਾ ਕਿ ਮੁਲਾਜ਼ਮ ਭਲਾਈ ਗਰੁੱਪ ਅਪਣੇ ਕੰਮਾਂ ਦੇ ਅਧਾਰ ਤੇ ਜਿੱਤ ਪ੍ਰਾਪਤ ਕਰੇਗਾ।

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਖੁਲ੍ਹੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 03.12.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

ਨਿਵਿਦਾ ਪ੍ਰਕਾਰ	ਨਿਵਿਦਾ ਅਨੁਭਾਗ	ਬੋਲੀ ਪ੍ਰਣਾਲੀ
ਖੁਲ੍ਹਾ	ਕੰਮ	ਸਿੰਗਲ ਪੈਕੇਟ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	ਬੋਲੀ ਸ਼ੁਰੂ ਦੀ ਮਿਤੀ	ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ
09.11.2026	19.11.2026	03.12.2026 15:00 ਵਜੇ

ਲੜੀ ਨੰਬਰ	ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ		
1.	216-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਸੈਕਿੰਡ/ਫਿਰੋਜਪੁਰ ਦੇ ਤਹਿਤ ਆਉਣ ਵਾਲੇ ਸੀਨੀਅਰ ਸੈਕਸ਼ਨ ਇੰਜੀਨੀਅਰ/ਰੇਲਪਥ/ਫਾਜਿਲਕਾ ਸੇਕਸ਼ਨ ਵਿਚ ਮੌਜੂਦ ਲੇਵਲ ਕ੍ਰਾਸਿੰਗ ਤੇ ਰਬਰਯੁਕਤ ਲੈਵਲ ਕ੍ਰਾਸਿੰਗ ਦਾ ਪ੍ਰਬੰਧ ਕਰਨਾ।		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	15557325.10	311200.00	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- "ਸੜਕ ਦਾ ਕੰਮ ਜਾਂ ਐਲਸੀ ਗੇਟ ਵਾਲੀ ਸੜਕ ਜਾਂ ਪੇਵਿੰਗ ਦਾ ਕੰਮ।"			
2.	217-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਫਸਟ/ਫਿਰੋਜਪੁਰ ਦੇ ਤਹਿਤ ਆਉਣ ਵਾਲੇ ਸੀਨੀਅਰ ਸੈਕਸ਼ਨ ਇੰਜੀਨੀਅਰ/ਰੇਲਪਥ/ਕੋਟਕਪੁਰਾ ਦੇ ਸੇਕਸ਼ਨ ਵਿਚ ਮੌਜੂਦ ਲੇਵਲ ਕ੍ਰਾਸਿੰਗ ਤੇ ਰਬਰਯੁਕਤ ਲੇਵਲ ਕ੍ਰਾਸਿੰਗ ਦਾ ਪ੍ਰਬੰਧ ਕਰਨਾ।		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	32724174.68	654500.00	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- "ਸੜਕ ਦਾ ਕੰਮ ਜਾਂ ਐਲਸੀ ਗੇਟ ਵਾਲੀ ਸੜਕ ਜਾਂ ਪੇਵਿੰਗ ਦਾ ਕੰਮ।"			
3.	218-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਫਸਟ/ਫਿਰੋਜਪੁਰ ਦੇ ਤਹਿਤ ਆਉਣ ਵਾਲੇ ਸੀਨੀਅਰ ਸੈਕਸ਼ਨ ਇੰਜੀਨੀਅਰ/ਰੇਲਪਥ/ਮੋਗਾ ਅਤੇ ਸੀਨੀਅਰ ਸੈਕਸ਼ਨ ਇੰਜੀਨੀਅਰ/ਰੇਲਪਥ/ਮੁਕਤਸਰ ਦੇ ਸੇਕਸ਼ਨ ਵਿਚ ਮੌਜੂਦ ਲੇਵਲ ਕ੍ਰਾਸਿੰਗ ਤੇ ਰਬਰਯੁਕਤ ਲੇਵਲ ਕ੍ਰਾਸਿੰਗ ਦਾ ਪ੍ਰਬੰਧ ਕਰਨਾ।		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	41230718.24	824600.00	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- "ਸੜਕ ਦਾ ਕੰਮ ਜਾਂ ਐਲਸੀ ਗੇਟ ਵਾਲੀ ਸੜਕ ਜਾਂ ਪੇਵਿੰਗ ਦਾ ਕੰਮ।"			
4.	219-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਸੈਕਿੰਡ/ਫਿਰੋਜਪੁਰ ਦੇ ਤਹਿਤ ਆਉਣ ਵਾਲੇ ਸੀਨੀਅਰ ਸੈਕਸ਼ਨ ਇੰਜੀਨੀਅਰ/ਰੇਲਪਥ/ਲੋਹਿਯਾਂ ਖਾਸ ਅਤੇ ਸੀਨੀਅਰ ਸੈਕਸ਼ਨ ਇੰਜੀਨੀਅਰ/ਫਿਰੋਜਪੁਰ ਦੇ ਸੇਕਸ਼ਨ ਵਿਚ ਮੌਜੂਦ ਲੇਵਲ ਕ੍ਰਾਸਿੰਗ ਤੇ ਰਬਰਯੁਕਤ ਲੇਵਲ ਕ੍ਰਾਸਿੰਗ ਦਾ ਪ੍ਰਬੰਧ ਕਰਨਾ।		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	34772430.56	695500.00	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- "ਸੜਕ ਦਾ ਕੰਮ ਜਾਂ ਐਲਸੀ ਗੇਟ ਵਾਲੀ ਸੜਕ ਜਾਂ ਪੇਵਿੰਗ ਦਾ ਕੰਮ।"			

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।ਨਿਵਿਦਾ ਨੰਬਰ: 216, 217, 218 & 219-2026-27-DEN-HQ-FZR

ਤਾਰੀਕ: 12.11.2026 3963/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਖੁਲ੍ਹੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 02.12.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

ਨਿਵਿਦਾ ਪ੍ਰਕਾਰ	ਖੁਲ੍ਹਾ	ਨਿਵਿਦਾ ਅਨੁਭਾਗ	ਕੰਮ	ਬੋਲੀ ਪ੍ਰਣਾਲੀ	ਸਿੰਗਲ ਪੈਕੇਟ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	06.11.2026	ਬੋਲੀ ਸ਼ੁਰੂ ਦੀ ਮਿਤੀ	18.11.2026	ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ	02.12.2026 ਨੂੰ 15:00 ਵਜੇ

ਲ.ਨੰ.	ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ		
1.	212-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ ਫਿਰੋਜਪੁਰ-ਫਾਜਿਲਕਾ ਸੈਕਸ਼ਨ ਤੇ ਸਥਿਤ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦਾ ਪ੍ਰਾਵਧਾਨ, ਜੋ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਅਦਦ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦੇ ਪ੍ਰਾਵਧਾਨ ਦੇ ਸਬੰਧ ਵਿਚ		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ (ਰੁ)	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	₹2,52,56,743.13	₹5,05,100/-	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।			
2.	213-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ ਜਾਲੰਧਰ ਸਿਟੀ-ਫਿਰੋਜਪੁਰ ਸੈਕਸ਼ਨ ਤੇ ਸਥਿਤ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦਾ ਪ੍ਰਾਵਧਾਨ, ਜੋ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਅਦਦ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦੇ ਪ੍ਰਾਵਧਾਨ ਦੇ ਸਬੰਧ ਵਿਚ		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ (ਰੁ)	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	₹4,04,10,821.90	₹8,08,200/-	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।			
3.	214-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ ਲੁਧਿਆਣਾ-ਫਿਰੋਜਪੁਰ ਸੈਕਸ਼ਨ ਤੇ ਸਥਿਤ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦਾ ਪ੍ਰਾਵਧਾਨ, ਜੋ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਅਦਦ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦੇ ਪ੍ਰਾਵਧਾਨ ਦੇ ਸਬੰਧ ਵਿਚ		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ (ਰੁ)	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	₹4,04,10,821.90	₹8,08,200/-	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।			
4.	215-2026-27-DEN-HQ-FZR	ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ ਬਠਿੰਡਾ-ਫਿਰੋਜਪੁਰ ਅਤੇ ਕੋਟਕਪੁਰਾ-ਫਾਜਿਲਕਾ ਸੈਕਸ਼ਨਾਂ ਤੇ ਸਥਿਤ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦਾ ਪ੍ਰਾਵਧਾਨ, ਜੋ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਅਦਦ ਸਟੇਸ਼ਨਾਂ ਤੇ ਟੈਕਟਾਈਲ ਪਾਥ, ਪਾਰਕਿੰਗ ਖੇਤਰ, ਦਿਵਯਾਂਗਜਨ ਸ਼ੋਚਾਲਯ, ਸੀਓਪੀ ਆਦਿ ਜਿਹੀ ਐਮਈਏ ਅਤੇ ਦਿਵਯਾਂਗਜਨ ਸਹੂਲਤਾਂ ਦੇ ਪ੍ਰਾਵਧਾਨ ਦੇ ਸਬੰਧ ਵਿਚ		
	ਵਿਗਿਆਪਨ ਮੁੱਲ (ਰੁ)	ਬਿਆਨਾ ਰਾਸ਼ੀ (ਰੁ)	ਆਫਰ ਦੀ ਵੈਲੇਡਿਟੀ	ਸਮਾਪਨ ਦੀ ਅਵਧੀ
	₹3,28,71,828.41	₹6,57,400/-	60 ਦਿਨ	12 ਮਹੀਨੇ
	ਸਮਾਨ ਕੰਮ ਦੀ ਨੇਚਰ:- ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।			

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰਬਰ: : 212, 213, 214, & 215-2026-27-DEN-HQ-FZR ਤਾਰੀਕ : 12.11.2026 3964/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਕਟਾਰੀਆ ਵੱਲੋਂ ਖੇਡ ਸਟੇਡੀਅਮ ਦਾ ਉਦਘਾਟਨ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਦੀ ਨੁਹਾਰ ਬਦਲਣ, ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਅਤੇ ਨੌਜਵਾਨ ਸ਼ਕਤੀ ਨੂੰ ਸਕਾਰਾਤਮਕ ਦਿਸ਼ਾ ਵੱਲ ਮੋੜਨ ਦੇ ਮਨੋਰਥ ਨਾਲ ਲਗਾਤਾਰ ਇਤਿਹਾਸਕ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਵਿਕਾਸ ਲੜੀ ਤਹਿਤ ਵਿਧਾਨ ਸਭਾ ਹਲਕਾ ਬਲਾਚੌਰ ਦੇ ਪਿੰਡ ਮੋਜੋਵਾਲ ਵਿਖੇ 37.50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵ-ਨਿਰਮਾਣ ਆਧੁਨਿਕ ਖੇਡ ਸਟੇਡੀਅਮ ਦਾ ਉਦਘਾਟਨ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਰਸਮੀ ਤੌਰ 'ਤੇ ਕੀਤਾ ਗਿਆ। ਇਸ ਮੌਕੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਅਸ਼ੋਕ ਕਟਾਰੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਦਘਾਟਨੀ ਸਮਾਰੋਹ ਦੌਰਾਨ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਬਲਾਚੌਰ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਨੇਪਰੇ ਚਾੜ੍ਹਿਆ ਜਾ ਰਿਹਾ ਹੈ ਅਤੇ 37.50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਇਆ ਇਹ ਸਟੇਡੀਅਮ ਪਿੰਡ ਮੋਜੋਵਾਲ ਸਮੇਤ ਆਸ-ਪਾਸ ਦੇ ਇਲਾਕੇ ਦੇ ਨੌਜਵਾਨਾਂ ਲਈ ਇੱਕ ਵੱਡੀ ਸੌਗਾਤ ਹੈ। ਅਸ਼ੋਕ ਕਟਾਰੀਆ ਨੇ ਆਪਣੇ ਸੰਬੋਧਨ ਵਿੱਚ ਅੱਗੇ ਕਿਹਾ, 'ਸਾਡਾ ਮੁੱਖ ਮਕਸਦ ਨਵੀਂ ਪੀੜ੍ਹੀ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ



ਕਰਨਾ, ਖੇਡਾਂ ਪ੍ਰਤੀ ਉਨ੍ਹਾਂ ਦੀ ਰੁਚੀ ਵਧਾਉਣਾ ਹੈ। ਇਸ ਸਟੇਡੀਅਮ ਦੇ ਬਣਨ ਨਾਲ ਇਲਾਕੇ ਦੇ ਬੱਚਿਆਂ ਅਤੇ ਉੱਭਰਦੇ ਖਿਡਾਰੀਆਂ ਨੂੰ ਅਭਿਆਸ ਕਰਨ ਲਈ ਬਿਹਤਰ ਸੁਵਿਧਾਵਾਂ ਅਤੇ ਸੁਖਾਵਾਂ ਮਾਹੌਲ ਮਿਲੇਗਾ, ਜਿਸ ਨਾਲ ਉਹ ਖੇਡਾਂ ਵਿੱਚ ਮੱਲਾਂ ਮਾਰ ਕੇ ਆਪਣੇ ਪਿੰਡ, ਹਲਕੇ ਅਤੇ ਪੂਰੇ ਪੰਜਾਬ ਦਾ ਨਾਂਅ ਦੇਸ਼-ਵਿਦੇਸ਼ ਵਿੱਚ ਰੌਸ਼ਨ ਕਰ ਸਕਣਗੇ।' ਇਸ ਮੌਕੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਇਲਾਕਾ ਨਿਵਾਸੀਆਂ ਨੂੰ ਇਸ ਨਵੇਂ ਖੇਡ ਸਟੇਡੀਅਮ ਦੀ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਹਲਕੇ ਦੇ ਸਰਬਪੱਖੀ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਲੋਕ-ਪੱਖੀ ਕਾਰਜ ਜਾਰੀ ਰਹਿਣਗੇ। ਸਮਾਰੋਹ ਦੇ ਅੰਤ ਵਿੱਚ ਪਿੰਡ ਦੀ ਗ੍ਰਾਮ ਪੰਚਾਇਤ, ਸਥਾਨਕ ਮੋਹਤਬਰਾਂ, ਖੇਡ ਕਲੱਬਾਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਪਿੰਡ ਵਾਸੀਆਂ ਨੇ ਵਿਧਾਇਕਾ ਸੰਤੋਸ਼ ਕਟਾਰੀਆ, ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਤੇ ਪੰਜਾਬ ਸਰਕਾਰ ਦਾ ਇਸ ਸ਼ਲਾਘਾਯੋਗ ਉਪਰਾਲੇ ਤੇ ਲਈ ਧੰਨਵਾਦ ਕੀਤਾ।

'ਡਾ. ਰਤਨ ਸਿੰਘ ਜੱਗੀ : ਸ਼ਖ਼ਸੀਅਤ ਤੇ ਸਿਰਜਣਾ' ਵਿਸ਼ੇ 'ਤੇ ਸੈਮੀਨਾਰ

ਪਟਿਆਲਾ : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਡਾ. ਰਤਨ ਸਿੰਘ ਜੱਗੀ ਨੂੰ ਸਮਰਪਿਤ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ 'ਡਾ. ਰਤਨ ਸਿੰਘ ਜੱਗੀ : ਸ਼ਖ਼ਸੀਅਤ ਅਤੇ ਸਿਰਜਣਾ' ਵਿਸ਼ੇ 'ਤੇ ਕਰਵਾਇਆ ਗਿਆ।ਸੈਮੀਨਾਰ ਦਾ ਆਗਾਜ਼ ਕਰਦਿਆਂ ਵਿਭਾਗ ਦੇ ਮੁਖੀ ਡਾ. ਗੁਰਸੇਵਕ ਸਿੰਘ ਲੰਬੀ ਨੇ ਕਿਹਾ ਕਿ ਡਾ. ਜੱਗੀ ਪੰਜਾਬੀ ਅਕਾਦਮਿਕਤਾ ਦੀ ਮਾਣਮੱਤੀ ਸ਼ਖ਼ਸੀਅਤ ਸਨ ਜਿਹਨਾਂ ਨੇ ਗੁਰਬਾਣੀ ਵਿਆਖਿਆ, ਸਿੱਖ ਅਧਿਐਨ, ਭਾਰਤੀ ਦਾਰਸ਼ਨਿਕ ਪਰੰਪਰਾ, ਪੰਜਾਬੀ ਸਾਹਿਤ ਅਧਿਐਨ ਦੇ ਖੇਤਰਾਂ ਵਿੱਚ ਵੱਡਮੁੱਲਾ ਕਾਰਜ ਕੀਤਾ। ਉਹ ਲੰਮਾ ਸਮਾਂ ਪੰਜਾਬੀ ਯੂਨੀਵਰਸਿਟੀ ਵਿਖੇ ਕਾਰਜਸ਼ੀਲ ਰਹੇ। ਉਹ ਪੰਜਾਬੀ ਅਕਾਦਮਿਕਤਾ ਦੇ ਵਾਹਿਦ ਇੱਕੋ-ਇੱਕ ਵਿਦਵਾਨ ਸਨ ਜਿਹਨਾਂ ਨੂੰ ਤਿੰਨ ਯੂਨੀਵਰਸਿਟੀਆਂ ਵੱਲੋਂ ਡੀ.ਲਿਟ. ਪ੍ਰਦਾਨ ਕੀਤੀ ਗਈ। ਭਾਰਤ ਸਰਕਾਰ ਵੱਲੋਂ ਉਹਨਾਂ ਨੂੰ 'ਪਦਮਸ੍ਰੀ' ਦੀ ਉਪਾਧੀ ਨਾਲ ਸਨਮਾਨਿਤ ਕੀਤਾ ਗਿਆ। ਇਹ ਸੈਮੀਨਾਰ ਉਹਨਾਂ ਦੇ ਕਾਰਜ ਬਾਰੇ ਮੁੱਢਲਾ ਯਤਨ ਹੈ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਉਪਕੁਲਪਤੀ ਡਾ. ਜਗਦੀਪ ਸਿੰਘ ਨੇ ਆਪਣੇ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਡਾ. ਜੱਗੀ ਛੇ ਭਾਸ਼ਾਵਾਂ ਦੇ



ਗਿਆਨੀ ਸਨ। ਉਹਨਾਂ ਨੇ ਸਾਰੀ ਜ਼ਿੰਦਗੀ ਨਿੱਠ ਕੇ ਕੰਮ ਕੀਤਾ।ਡਾ. ਸੁਰਜੀਤ ਸਿੰਘ, ਡੀਨ, ਭਾਸ਼ਾਵਾਂ ਨੇ ਸੈਮੀਨਾਰ ਦੀ ਰੂਪ-ਰੇਖਾ ਅਤੇ ਡਾ. ਰਤਨ ਸਿੰਘ ਜੱਗੀ ਬਾਰੇ ਯੂਨੀਵਰਸਿਟੀ ਵੱਲੋਂ ਉਲੀਕੇ ਜਾਣ ਵਾਲੇ ਕਾਰਜਾਂ ਦੇ ਬਾਰੇ ਜਾਣਕਾਰੀ ਦਿੱਤੀ। ਡਾ. ਸਤਿੰਦਰ ਸਿੰਘ, ਸਾਬਕਾ ਪ੍ਰੋ. ਵਾਈਸ-ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਪਣੇ ਮੁੱਖ ਭਾਸ਼ਣ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਡਾ. ਜੱਗੀ ਦੇ ਕਾਰਜ ਵਿੱਚ ਗਹਿਰਾਈ, ਸੰਜੀਦਗੀ ਅਤੇ ਪ੍ਰਮਾਣਿਕਤਾ ਮੀਰੀ ਗੁਣ ਹੈ। ਉਹ ਅਤਰੰਗ ਅਤੇ ਬਹਿਰੰਗ ਸੂਤਰ ਦੀ ਆਧਾਰ ਵਰਤੋਂ ਕਰਦੇ ਹੋਏ ਆਪਣਾ ਖੋਜ-ਕਾਰਜ ਸੰਪੂਰਨ ਕਰਦੇ ਹਨ। ਡਾ. ਜਸਪਾਲ ਕੌਰ ਕਾਂਗ, ਸਾਬਕਾ ਪ੍ਰੋਫ਼ੈਸਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਡਾ. ਜੱਗੀ ਵੱਲੋਂ ਗੁਰਮਤਿ ਦੇ ਖੇਤਰ ਵਿੱਚ ਕੀਤੇ ਕਾਰਜ ਨਾਲ ਗੁਰਮਤਿ ਕਾਵਿ ਨੂੰ ਸਮਝਣਾ ਸੌਖਾਲਾ ਹੋਵੇਗਾ। ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ ਸਾਹਿਤ ਅਕਾਦਮੀ, ਦਿੱਲੀ ਤੋਂ ਡਾ. ਰਵੇਲ ਸਿੰਘ ਨੇ ਬੋਲਦਿਆਂ ਕਿਹਾ ਕਿ ਡਾ. ਰਤਨ ਸਿੰਘ ਜੱਗੀ ਮੱਧਕਾਲੀ ਸਾਹਿਤ ਉੱਤੇ ਖੋਜ ਕਰਨ ਵਾਲੇ ਉੱਘੇ ਵਿਦਵਾਨ ਸਨ। 'ਪੰਜਾਬੀ ਯੂਨੀਵਰਸਿਟੀ ਸਭਿਆਚਾਰ ਪਤ੍ਰਿਕਾ' ਦਾ ਡਾ. ਰਤਨ ਸਿੰਘ ਜੱਗੀ ਵਿਸ਼ੇਸ਼ ਅੰਕ ਲੋਕ-ਅਰਪਣ ਕੀਤਾ ਗਿਆ। ਸੈਮੀਨਾਰ ਦੇ ਅਕਾਦਮਿਕ ਸੈਸ਼ਨ ਵਿੱਚ ਵੱਖ-ਵੱਖ ਵਿਦਵਾਨਾਂ ਵੱਲੋਂ ਖੋਜ-ਪੱਤਰ ਪੜ੍ਹੇ ਗਏ ਜਿਸ ਵਿੱਚ ਉੱਘੇ ਚਿੰਤਕ ਅਤੇ ਸਾਬਕਾ ਆਈ.ਪੀ.ਐੱਸ. ਡਾ. ਮਨਮੋਹਨ ਨੇ ਡਾ. ਰਤਨ ਸਿੰਘ ਜੱਗੀ ਵੱਲੋਂ ਟੀਕਾਕਾਰੀ ਦੇ ਖੇਤਰ ਵਿੱਚ ਕੀਤੇ ਕਾਰਜ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਨੇ ਡਾ. ਜੱਗੀ ਦੀ ਤੁਲਨਾ ਸੁਕਰਾਤ ਨਾਲ ਕਰਦਿਆਂ ਕਿਹਾ ਕਿ ਡਾ. ਜੱਗੀ ਅੰਤਰ-ਅਨੁਸ਼ਾਸਨੀ ਲੇਖਕ ਸਨ ਜੋ ਰਚਨਾ ਨੂੰ ਇੱਕ ਤੋਂ ਵਧੇਰੇ ਕੋਣਾਂ ਤੋਂ ਪਰਖਦੇ ਸਨ। ਡਾ. ਜੱਗੀ ਦੀਆਂ ਲਿਖਤਾਂ ਵਿੱਚ ਭਾਸ਼ਾ ਦੀ ਪਰਪੱਕਤਾ ਉਹਨਾਂ ਦਾ ਹਾਸਲ ਹੈ। ਪ੍ਰੋ. ਗੁਰਪਾਲ ਸਿੰਘ ਸੰਧੂ ਨੇ ਆਪਣੇ ਖੋਜ-ਪੱਤਰ ਡਾ. ਰਤਨ ਸਿੰਘ ਜੱਗੀ ਵੱਲੋਂ ਸਾਹਿਤ ਇਤਿਹਾਸ ਦੇ ਖੇਤਰ ਵਿੱਚ ਕੀਤੇ ਕਾਰਜਾਂ ਦਾ ਮੁਲਾਂਕਣ ਬਾਰੇ ਨੁਕਤੇ ਸਾਂਝੇ ਕਰਦਿਆਂ ਕਿਹਾ ਸਪਸ਼ਟ ਕੀਤਾ ਕਿ ਡਾ. ਜੱਗੀ ਧਾਤੂ ਅਤੇ ਸ਼ਬਦ ਦੇ ਬਦਲਦੇ ਰੂਪਾਂ ਬਾਰੇ ਬਹੁਤ ਸੁਚੇਤ ਸਨ। ਇਸ ਅਕਾਦਮਿਕ ਸੈਸ਼ਨ ਦੀ ਪ੍ਰਧਾਨਗੀ ਡਾ. ਸਤੀਸ਼ ਕੁਮਾਰ ਵਰਮਾ, ਸਾਬਕਾ ਡੀਨ, ਭਾਸ਼ਾਵਾਂ ਨੇ ਕੀਤੀ।

ਛੱਠ ਪੂਜਾ ਦੇ ਤਿਉਹਾਰ ਲਈ ਪੁਖ਼ਤਾ ਪ੍ਰਬੰਧਾਂ ਦੀ ਮੰਗ

ਜਲੰਧਰ (ਇਕਬਾਲ ਸਿੰਘ ਉਭੀ)- ਛੱਠ ਪੂਜਾ ਦਾ ਤਿਉਹਾਰ 13 ਨਵੰਬਰ ਤੋਂ ਸ਼ੁਰੂ ਹੋ ਰਿਹਾ ਹੈ। ਇਸ ਮੌਕੇ ਸ਼ਰਧਾਲੂਆਂ ਵੱਲੋਂ ਪਾਣੀ ਵਿੱਚ ਖੜ੍ਹੇ ਹੋ ਕੇ ਸੂਰਜ ਦੇਵਤਾ ਨੂੰ ਅਰਘ ਦੇਣ ਦੀ ਰਸਮ ਨਿਭਾਈ ਜਾਂਦੀ ਹੈ ਪਰ ਨਹਿਰਾਂ 'ਚ ਹਾਲੇ ਤੱਕ ਪਾਣੀ ਨਹੀਂ ਪੁੱਜਾ ਤੇ ਸਫ਼ਾਈ ਦਾ ਕੰਮ ਵੀ ਅਧੂਰਾ ਪਿਆ ਹੈ। ਹਾਲਾਂਕਿ ਛੱਠ ਪੂਜਾ ਕਰਵਾਉਣ ਵਾਲੀਆਂ ਵੱਖ-ਵੱਖ ਸੰਸਥਾਵਾਂ ਵੱਲੋਂ ਪ੍ਰਸ਼ਾਸਨ ਕੋਲ ਲਗਾਤਾਰ ਮੰਗ ਉਠਾਈ ਜਾ ਰਹੀ ਹੈ। ਦੀਵਾਲੀ ਤੋਂ ਛੇ ਦਿਨ ਬਾਅਦ ਮਨਾਏ ਜਾਣ ਵਾਲੇ ਇਸ ਤਿਉਹਾਰ ਨੂੰ ਲੈ ਕੇ ਸ਼ਹਿਰ ਵਿੱਚ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ। ਸੰਸਥਾਵਾਂ ਵੱਲੋਂ ਨਹਿਰਾਂ ਦੇ ਕਿਨਾਰਿਆਂ 'ਤੇ ਛੱਠ ਘਾਟ ਤਿਆਰ ਕਰਨ ਦੇ ਨਾਲ-ਨਾਲ ਪਾਣੀ, ਸਫ਼ਾਈ, ਸੁਰੱਖਿਆ ਅਤੇ ਟ੍ਰੈਫਿਕ ਦੇ ਪੁਖ਼ਤਾ ਪ੍ਰਬੰਧ ਕਰਨ ਦੀ ਮੰਗ ਕੀਤੀ ਜਾ ਰਹੀ ਹੈ।ਇਸੇ ਦੌਰਾਨ ਡੀ ਏ ਵੀ ਕਾਲਜ ਤੋਂ ਲੈ ਕੇ ਕਪੂਰਥਲਾ ਰੋਡ ਵੱਲੋਂ ਲੰਘਦੀ ਨਹਿਰ ਦੇ ਦੋਵੇਂ ਪਾਸੇ ਗੰਦਗੀ ਫੈਲੀ ਹੋਈ ਹੈ। ਅਜਿਹੇ ਹਾਲਾਤ 'ਚ ਪਾਣੀ ਛੱਡਣ ਤੋਂ ਬਾਅਦ ਵੀ ਸਾਫ਼-ਸਫ਼ਾਈ ਦੇ ਪ੍ਰਬੰਧਾਂ ਵਿਚਾਲੇ ਪੂਜਾ ਕਰਵਾਉਣਾ ਚੁਣੌਤੀਪੂਰਨ ਹੋਵੇਗਾ। ਮਿਥਾਂਚਲ ਏਕਤਾ ਸਭਾ ਦੇ ਪ੍ਰਧਾਨ ਸ਼ਿਵ ਸ਼ੰਕਰ ਕੁਸ਼ਵਾਹਾ, ਰਾਮ ਸੇਵਕ ਤੇ ਬਦਰੀ ਨਾਰਾਇਣ ਝਾਅ ਨੇ ਮੰਗ ਕੀਤੀ ਕਿ ਛੱਠ ਪੂਜਾ ਤੋਂ ਪਹਿਲਾਂ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕੀਤੇ ਜਾਣੇ ਚਾਹੀਦੇ ਹਨ। ਸਾਬਕਾ ਵਿਧਾਇਕ ਕੇਡੀ ਭੰਡਾਰੀ ਨੇ ਕਿਹਾ ਕਿ ਨਹਿਰ ਵਿੱਚ ਪਾਣੀ ਨਾ ਛੱਡਣ ਅਤੇ ਸਫ਼ਾਈ ਨਾ ਹੋਣ ਸਬੰਧੀ ਕਈ ਪ੍ਰਬੰਧਕਾਂ ਦੇ ਉਨ੍ਹਾਂ ਨੂੰ ਫੋਨ ਆਏ ਹਨ। ਉਨ੍ਹਾਂ ਸਰਕਾਰ ਵੱਲੋਂ ਸਮੇਂ ਸਿਰ ਪ੍ਰਬੰਧ ਨਾ ਕੀਤੇ ਜਾਣ 'ਤੇ ਰੋਸ ਪ੍ਰਗਟ ਕਰਦਿਆਂ ਕਿਹਾ ਪ੍ਰਸ਼ਾਸਨ ਨੂੰ ਇਸ ਸੰਬੰਧੀ ਪੁਖ਼ਤਾ ਪ੍ਰਬੰਧ ਕਰਨੇ ਚਾਹੀਦੇ ਹਨ।ਮੇਅਰ ਵਿਨੀਤ ਧੀਰ ਨੇ ਕਿਹਾ ਕਿ ਨਹਿਰ ਦੀ ਸਫ਼ਾਈ ਦਾ ਕੰਮ ਚੱਲ ਰਿਹਾ ਹੈ ਅਤੇ ਜਲਦ ਹੀ ਸਫ਼ਾਈ ਦਾ ਕੰਮ ਮੁਕੰਮਲ ਕਰਵਾ ਦਿੱਤਾ ਜਾਵੇਗਾ। ਉੱਧਰ, ਨਹਿਰੀ ਵਿਭਾਗ ਦੇ ਐੱਸ ਡੀ ਓ ਪ੍ਰਿੰਸ ਨੇ ਦੱਸਿਆ ਕਿ ਵਿਭਾਗ ਵੱਲੋਂ ਛੱਠ ਪੂਜਾ ਲਈ ਨਹਿਰ ਵਿੱਚ ਪਾਣੀ ਛੱਡਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਉਮੀਦ ਜਤਾਈ ਕਿ ਸ਼ੁੱਕਰਵਾਰ ਸਵੇਰ ਤੱਕ ਜਲੰਧਰ 'ਚ ਵੀ ਪਾਣੀ ਪਹੁੰਚ ਜਾਵੇਗਾ।

ਲੋੜਵੰਦ ਧੀ ਦੇ ਵਿਆਹ 'ਚ ਸਹਿਯੋਗ ਕਰਨਾ ਸਭ ਤੋਂ ਵੱਡਾ ਪੁੰਨ : ਸੰਜੀਵ ਅਰੋੜਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਪਰਿਸ਼ਦ ਵੱਲੋਂ ਇੱਕ ਲੋੜਵੰਦ ਪਰਵਾਰ ਦੀ ਧੀ ਦੇ ਵਿਆਹ ਲਈ ਰਾਸ਼ਨ ਸਮੱਗਰੀ ਭੇਟ ਕੀਤੀ ਗਈ। ਇਹ



ਸੇਵਾ ਕਾਰਜ ਜਲੰਧਰ ਰੋਡ ਸਥਿਤ ਸ੍ਰੀ ਗੋਪਾਲ ਮੰਦਰ ਵਿਖੇ ਆਯੋਜਿਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਮੰਦਰ ਦੇ ਪੰਡਿਤ ਸਤੀਸ਼ ਮਿਸ਼ਰਾ ਵੱਲੋਂ ਭਗਵਾਨ ਸ੍ਰੀ ਗਣੇਸ਼ ਦੀ ਵੰਦਨਾ ਨਾਲ ਕੀਤੀ ਗਈ। ਇਸ ਉਪਰੰਤ ਪਰਿਸ਼ਦ ਦੇ ਮੈਂਬਰਾਂ ਵੱਲੋਂ ਵਿਆਹ ਲਈ ਰਾਸ਼ਨ ਸਮੱਗਰੀ ਭੇਟ ਕੀਤੀ ਗਈ ਅਤੇ ਧੀ ਦੇ ਸੁਖਦ ਵਿਆਹੁਤਾ ਜੀਵਨ, ਉੱਜਵਲ ਭਵਿੱਖ ਅਤੇ ਪਰਿਵਾਰ ਦੀ ਖੁਸ਼ਹਾਲੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਸੰਜੀਵ ਅਰੋੜਾ ਨੇ ਦੱਸਿਆ ਕਿ ਲੜਕੀ ਦੇ ਪਰਵਾਰ ਵੱਲੋਂ ਬਜਰੰਗੀ ਪਾਂਡੇ ਰਾਹੀਂ ਸੰਪਰਕ ਕੀਤਾ ਗਿਆ ਸੀ। ਪਰਵਾਰ ਦੀ ਲੋੜ ਨੂੰ ਸਮਝਦਿਆਂ ਪਰਿਸ਼ਦ ਵੱਲੋਂ ਤੁਰੰਤ ਸਹਿਯੋਗ ਕਰਦੇ ਹੋਏ ਸਹਾਇਤਾ ਸਮੱਗਰੀ ਭੇਟ ਕੀਤੀ ਗਈ।ਅਰੋੜਾ ਨੇ ਕਿਹਾ ਕਿ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਵਿੱਚ ਸਹਿਯੋਗ ਕਰਨਾ ਸਿਰਫ਼ ਆਰਥਿਕ ਮਦਦ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀ ਅਤੇ ਮਨੁੱਖੀ ਸੰਵੇਦਨਾਵਾਂ ਦਾ ਪ੍ਰਤੀਕ ਹੈ। ਸਮਾਜ ਦੇ ਹਰ ਸਮਰੱਥ ਵਿਅਕਤੀ ਨੂੰ ਚਾਹੀਦਾ ਹੈ ਕਿ ਉਹ ਲੋੜਵੰਦ ਪਰਵਾਰਾਂ ਦੀਆਂ ਖੁਸ਼ੀਆਂ ਵਿੱਚ ਭਾਈਵਾਲ ਬਣੇ, ਤਾਂ ਜੋ ਕਿਸੇ ਵੀ ਧੀ ਦੇ ਮਾਪਿਆਂ ਨੂੰ ਉਸ ਦੇ ਵਿਆਹ ਸਮੇਂ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਪਰਿਸ਼ਦ ਦੇ ਸਕੱਤਰ ਰਜਿੰਦਰ ਮੋਦਗਿਲ ਨੇ ਕਿਹਾ ਕਿ ਧੀ ਦਾ ਵਿਆਹ ਹਰ ਪਰਵਾਰ ਲਈ ਖੁਸ਼ੀ ਦਾ ਮੌਕਾ ਹੁੰਦਾ ਹੈ। ਅਜਿਹੇ ਸਮੇਂ ਜੇਕਰ ਸਮਾਜ ਦੇ ਲੋਕ ਮਿਲ ਕੇ ਲੋੜਵੰਦ ਪਰਵਾਰ ਦਾ ਸਾਥ ਦੇਣ ਤਾਂ ਉਨ੍ਹਾਂ ਦੀਆਂ ਖੁਸ਼ੀਆਂ ਕਈ ਗੁਣਾ ਵਧ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪਰਿਸ਼ਦ ਭਵਿੱਖ ਵਿੱਚ ਵੀ ਅਜਿਹੇ ਸੇਵਾ ਕਾਰਜ ਨਿਰੰਤਰ ਜਾਰੀ ਰੱਖੇਗੀ।ਅੰਤ ਵਿੱਚ ਸਮੂਹ ਮੈਂਬਰਾਂ ਵੱਲੋਂ ਨਵ-ਵਿਆਹੇ ਜੋੜੇ ਦੇ ਸੁਖਮਈ ਵਿਆਹੁਤਾ ਜੀਵਨ ਦੀ ਕਾਮਨਾ ਕਰਦਿਆਂ ਪਰਵਾਰ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਐਚ. ਕੇ. ਨਾਕੜਾ, ਵਿਜੇ ਅਰੋੜਾ, ਲੋਕੇਸ਼ ਖੰਨਾ, ਅਸ਼ਵਨੀ ਕੁਮਾਰ ਦੱਤਾ, ਐਨ. ਕੇ. ਗੁਪਤਾ, ਵਿਨੋਦ ਪਸਾਨ, ਰਵਿੰਦਰ ਭਾਟੀਆ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

22 ਦੇ ਰੋਸ ਵਿਖਾਵੇ 'ਚ ਸ਼ਾਮਲ ਹੋਣ ਲਈ ਪਾਸ਼ ਦੇ ਪਿੰਡ ਵਾਸੀਆਂ 'ਚ ਭਾਰੀ ਉਤਸ਼ਾਹ

ਨਕੋਦਰ (ਗਿਆਨ ਸੈਦਪੁਰੀ)- ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਤਲਵੰਡੀ ਸਲੇਮ ਨੂੰ ਬਤੌਰ ਯਾਦਗਾਰੀ ਵਿਰਾਸਤ ਵਜੋਂ ਹਰ ਪੱਖੋਂ ਸੁਰੱਖਿਅਤ ਕਰਨ ਸਬੰਧੀ ਠੋਸ ਕਦਮ ਚੁੱਕਣ, ਯਾਦਗਾਰ ਦੇ ਮੁਹਾਂਦਰੇ ਨਾਲ ਛੇੜ ਛਾੜ ਕਰਨ ਅਤੇ ਯਾਦਗਾਰ ਨੂੰ ਮਿਟਾਉਣ ਦੇ ਮਨਸੂਬੇ ਪਾਲਣ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸਦੇ ਜੋਟੀਦਾਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਵਾਅਦਾ ਖਿਲਾਫ਼ੀ ਦੇ ਰੋਸ ਵਜੋਂ ਦਰਜਣਾਂ ਜਥੇਬੰਦੀਆਂ ਵੱਲੋਂ 22 ਨਵੰਬਰ ਨੂੰ ਐੱਸ ਡੀ ਐੱਮ ਨਕੋਦਰ ਦੇ ਦਫ਼ਤਰ ਅੱਗੇ ਕੀਤੇ ਜਾ ਰਹੇ ਵਿਸ਼ਾਲ ਰੋਸ ਧਰਨੇ ਵਿੱਚ ਪਾਸ਼ ਦੇ ਪਿੰਡੋਂ ਵੱਡੀ ਗਿਣਤੀ ਵਿਚ ਲੋਕ ਸ਼ਿਰਕਤ ਕਰਨਗੇ। ਪਿੰਡ ਤਲਵੰਡੀ ਸਲੇਮ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪਿੰਡ ਇਕਾਈ ਦੀ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਆਗੂ ਮੋਹਣ ਸਿੰਘ ਬੱਲ, ਮਲਕੀਤ ਸਿੰਘ ਆਧੀ, ਪਾਸ਼ ਦੇ ਪਿੰਡ ਦੀ ਇਕਾਈ ਦੇ ਪ੍ਰਧਾਨ ਮਨਜਿੰਦਰ ਸਿੰਘ ਸੰਧੂ ਅਤੇ ਸੁੱਚਾ ਸਿੰਘ ਸੰਧੂ ਨੇ ਦੱਸਿਆ ਕਿ ਤਲਵੰਡੀ ਸਲੇਮ, ਨਕੋਦਰ ਸੰਧਵਾਂ ਵਿਖੇ ਹੋਏ



ਪ੍ਰਭਾਵਸ਼ਾਲੀ ਵਿਖਾਵਿਆਂ ਅਤੇ ਥਾਓਂ ਥਾਈਂ ਜਨਤਕ ਸਰਗਰਮੀਆਂ ਮੌਕੇ ਪਾਸ ਕੀਤੇ ਮਤਿਆਂ ਰਾਹੀਂ ਉੱਠੀ ਲੋਕ ਆਵਾਜ਼ ਸਦਕਾ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਅਤੇ ਉਸ ਦੇ ਜੋਟੀਦਾਰਾਂ ਖ਼ਿਲਾਫ਼ ਐੱਸ ਸੀ ਐੱਸ ਟੀ ਐਕਟ ਤਹਿਤ ਭਾਵੇਂ ਕੇਸ ਦਰਜ ਕਰਨਾ ਪਿਆ ਪਰ ਅਜੇ ਤੱਕ ਗ੍ਰਿਫ਼ਤਾਰੀ ਨਾ ਕਰਨ ਖ਼ਿਲਾਫ਼ 22 ਨਵੰਬਰ ਨੂੰ ਨਕੋਦਰ ਹੋ ਰਹੇ ਰੋਸ ਧਰਨੇ ਨੂੰ ਭਰਵਾਂ ਹੁੰਗਾਰਾ ਮਿਲੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਦੱਸਿਆ ਕਿ 13 ਅਕਤੂਬਰ ਨੂੰ ਜਦੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਅਗਵਾਈ ਹੇਠ ਵਫ਼ਦ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੋਢੀ ਹਰਪਾਲ ਚੀਮਾ, ਖੁੱਡੀਆਂ ਅਤੇ ਅਮਨ ਅਰੋੜਾ ਨਾਲ ਚੰਡੀਗੜ੍ਹ ਮੀਟਿੰਗ ਹੋਈ ਤਾਂ ਉਹਨਾਂ ਨੇ ਤਲਵੰਡੀ ਸਲੇਮ ਦੇ ਸਰਪੰਚ ਦੀ ਤੁਰੰਤ ਗ੍ਰਿਫ਼ਤਾਰੀ ਅਤੇ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਯਾਦਗਾਰ ਦੀ ਗਰੰਟੀ ਦਾ ਭਰੋਸਾ ਦਿੱਤਾ ਸੀ ਪਰ ਇੱਕ ਮਹੀਨਾ ਇਸ ਕੌਲ ਕਰਾਰ ਨੂੰ ਵੀ ਬੀਤ ਗਿਆ ਇਸ ਹਾਲਤ ਵਿੱਚ ਪਾਸ਼ ਦੇ ਪਿੰਡ ਵਾਸੀਆਂ ਕੋਲ 22 ਨਵੰਬਰ ਨੂੰ ਰੋਸ ਵਿਖਾਵਾ ਕਰਨ ਤੋਂ ਇਲਾਵਾ ਹੋਰ ਕੋਈ ਰਾਹ ਨਹੀਂ।ਪਾਸ਼ ਦੇ ਪਿੰਡ ਲਾਮਬੰਦੀ ਕਰਨ ਵਾਲੀ ਟੀਮ ਵਿਚ ਮਨਜਿੰਦਰ ਸਿੰਘ ਸੰਧੂ, ਸੁੱਚਾ ਸਿੰਘ ਸੰਧੂ, ਮਜ਼ਦੂਰ ਪਰਿਵਾਰਾਂ ਵਿੱਚੋਂ ਮੰਗਾਂ ਰਾਮ, ਵਿਜੈ,ਜੀਤਾ, ਗਗਨ, ਬਿੰਦਰ, ਰਮੇਸ਼ ਕੁਮਾਰ, ਰੇਸ਼ਮ, ਬਿੱਟੂ ਅਤੇ ਸੁੱਖਾ ਆਦਿ ਸ਼ਾਮਲ ਹਨ।

ਨਸ਼ਿਆਂ ਦੇ ਖ਼ਾਤਮੇ ਲਈ ਨੌਜਵਾਨ ਨਿਭਾਅ ਸਕਦੇ ਹਨ ਅਹਿਮ ਭੂਮਿਕਾ : ਐੱਸ ਡੀ ਐੱਮ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ) ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਵਿਚ ਕਰਵਾਏ ਜਾ ਰਹੇ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਦੀ ਲੜੀ ਹੇਠ ਪਿੰਡ ਦੇਨੋਵਾਲ ਖੁਰਦ ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ



ਸਕੂਲੀ ਵਿਦਿਆਰਥੀਆਂ ਵਲੋਂ ਨਸ਼ਿਆਂ ਵਿਰੁੱਧ ਜ਼ੋਰਦਾਰ ਸੁਨੇਹਾ ਦਿੱਤਾ ਗਿਆ। ਗੜ੍ਹਸ਼ੰਕਰ ਦੇ ਐਸ.ਡੀ.ਐਮ. ਸੰਜੀਵ ਕੁਮਾਰ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ, ਇਬਰਾਹਿਮਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੇਨੋਵਾਲ ਦੇ ਵਿਦਿਆਰਥੀਆਂ ਵਲੋਂ ਪਿੰਡ ਵਾਸੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਦੇ ਨਾਲ-ਨਾਲ ਮਨੁੱਖ ਸਿਹਤ ਨੂੰ ਇਸ ਦੇ ਨੁਕਸਾਨ ਤੋਂ ਜਾਣੂ ਕਰਵਾਉਂਦਿਆਂ ਨਸ਼ਿਆਂ ਦੇ ਖ਼ਾਤਮੇ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੇ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਿਆਂ ਦੇ ਜੜ੍ਹੋਂ ਖ਼ਾਤਮੇ ਦੀ ਅਪੀਲ ਕਰਕੇ ਸਿਹਤਮੰਦ ਸਮਾਜ ਦੀ ਸਿਰਜਣਾ ਨੂੰ ਸਾਕਾਰ ਕਰਨ ਲਈ ਸਾਰਿਆਂ ਦੇ ਸਾਂਝੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਐੱਸ ਡੀ ਐੱਮ ਸੰਜੀਵ ਕੁਮਾਰ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨਸ਼ਿਆਂ ਦੇ ਖ਼ਾਤਮੇ ਲਈ ਬੇਹੱਦ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਮਾਜ ਵਿਚੋਂ ਨਾ ਸਿਰਫ਼ ਨਸ਼ਿਆਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ ਸਗੋਂ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਕਰਕੇ ਖੇਡਾਂ ਦੇ ਖੇਤਰ ਵਿਚ ਨਾਮਣਾ ਖੱਟਿਆ ਜਾ ਸਕਦਾ ਹੈ।

ਉਨ੍ਹਾਂ ਨੇ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਨਸ਼ਿਆਂ ਦੀ ਵਿਕਰੀ ਜਾਂ ਸਮਗਲਿੰਗ ਬਾਰੇ ਕੋਈ ਵੀ ਜਾਣਕਾਰੀ ਹਾਸਲ ਹੁੰਦੀ ਹੈ ਤਾਂ ਇਸ ਸਬੰਧੀ ਤੁਰੰਤ ਪੁਲਸ ਜਾਂ ਸਿਵਲ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਜਾਵੇ ਜਿਸ ਨਾਲ ਸਮੇਂ ਸਿਰ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਸਕੇ।ਇਸ ਮੌਕੇ ਡੀ ਐੱਸ ਪੀ ਕਮਲਜੀਤ ਸਿੰਘ, ਬੀ ਡੀ ਪੀ ਓ ਮਨਜਿੰਦਰ ਕੌਰ, ਪ੍ਰਿੰਸੀਪਲ ਨਿਰਮਲ ਸਿੰਘ, ਪ੍ਰਿੰਸੀਪਲ ਵਰਿੰਦਰ ਸ਼ਰਮਾ ਤੇ ਬਲਵਿੰਦਰ ਸਿੰਘ ਢਿੱਲੋਂ ਆਦਿ ਵੀ ਮੌਜੂਦ ਸਨ।

ਸਕੱਤਰ ਮਾਰਕਿਟ ਕਮੇਟੀਆਂ ਵੱਲੋਂ ਪੰਜਾਬ ਮੰਡੀ ਬੋਰਡ ਦਾ ਦੌਰਾ

ਮੁਹਾਲੀ (ਗੁਰਜੀਤ ਬਿੱਲਾ)- ਯੂ ਪੀ ਮਾਰਕਿਟਿੰਗ ਬੋਰਡ ਦੇ ਨਵ-ਨਿਯੁਕਤ 60 ਸਕੱਤਰ ਮਾਰਕਿਟ ਕਮੇਟੀਆਂ ਵੱਲੋਂ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਅਤੇ ਰਾਜਪੁਰਾ ਮੰਡੀ ਦਾ



ਦੌਰਾ ਕੀਤਾ ਗਿਆ। ਇਹ ਸਕੱਤਰ ਮਾਰਕਿਟ ਕਮੇਟੀ 45 ਦਿਨਾਂ ਦੇ ਸਿਖਲਾਈ ਪ੍ਰੋਗਰਾਮ ਤੇ ਹਨ, ਜਿਸ ਤਹਿਤ ਉਹਨਾਂ ਨੂੰ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਮਾਰਕਿਟਿੰਗ ਬੋਰਡਾਂ, ਮੰਡੀਆਂ ਅਤੇ ਖੇਤੀਬਾੜੀ ਸੰਸਥਾਵਾਂ ਦਾ ਦੌਰਾ ਕਰਵਾਇਆ ਜਾ ਰਿਹਾ ਹੈ। ਇਹ ਸਿਖਲਾਈ ਪ੍ਰੋਗਰਾਮ ਡਾਇਰੈਕਟੋਰੇਟ ਆਫ਼ ਮਾਰਕਿਟਿੰਗ, ਭਾਰਤ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਅਤੇ ਸੰਯੁਕਤ ਸਕੱਤਰ ਹਰਜੀਤ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਨਵ-ਨਿਯੁਕਤ ਸਕੱਤਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਹਰਜੀਤ ਸਿੰਘ ਸੰਧੂ ਵੱਲੋਂ ਪੰਜਾਬ ਮੰਡੀ ਬੋਰਡ ਦੇ ਸੰਗਠਨਾਤਮਕ ਢਾਂਚੇ, ਕਾਰਜਪ੍ਰਣਾਲੀ, ਨਿਯਮਾਂ ਅਤੇ ਖਰੀਦ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਨਵ-ਨਿਯੁਕਤ ਸਕੱਤਰਾਂ ਨੇ ਪੰਜਾਬ ਮੰਡੀ ਬੋਰਡ ਵੱਲੋਂ ਕੀਤੀਆਂ ਗਈਆਂ ਉਹਨਾਂ ਪਹਿਲਕਦਮੀਆਂ ਬਾਰੇ ਜਾਣਕਾਰੀ ਹਾਸਲ ਕਰਨ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ, ਜਿਨ੍ਹਾਂ ਪਹਿਲਕਦਮੀਆਂ ਸਦਕਾ ਪੰਜਾਬ ਮੰਡੀ ਬੋਰਡ ਨੂੰ ਚੀਨ ਵਿਖੇ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕਿਟਸ ਦਾ ਮੇਜਰ ਇਨੋਵੇਸ਼ਨ ਐਵਾਰਡ ਮਿਲਿਆ ਹੈ। ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਪੰਜਾਬ ਮੰਡੀ ਬੋਰਡ ਵੱਲੋਂ ਮੰਡੀਕਰਨ ਪ੍ਰਣਾਲੀ ਨੂੰ ਹੋਰ ਮਜ਼ਬੂਤ, ਪਾਰਦਰਸ਼ੀ ਅਤੇ ਆਧੁਨਿਕ ਬਣਾਉਣ ਲਈ ਕੀਤੀਆਂ ਗਈਆਂ ਪ੍ਰਮੁੱਖ ਪਹਿਲਕਦਮੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਇੱਕ ਵਿਸ਼ਾਲ ਖੇਤੀਬਾੜੀ ਮੰਡੀਕਰਨ ਨੈੱਟਵਰਕ ਵਿਕਸਤ ਕੀਤਾ ਗਿਆ ਹੈ, ਜਿਸ ਵਿੱਚ 158 ਮਾਰਕਿਟ ਕਮੇਟੀਆਂ, 152 ਮੁੱਖ ਯਾਰਡ, 285 ਸਬ-ਯਾਰਡ ਅਤੇ 1,485 ਸੀਜ਼ਨਲ ਖਰੀਦ ਕੇਂਦਰ ਸ਼ਾਮਲ ਹਨ। ਬੋਰਡ ਵੱਲੋਂ ਇਸ ਵਿਸ਼ਾਲ ਨੈੱਟਵਰਕ ਦੇ ਆਧੁਨਿਕੀਕਰਨ ਦੇ ਨਾਲ-ਨਾਲ ਕਿਸਾਨਾਂ ਅਤੇ ਮੰਡੀ ਨਾਲ ਜੁੜੇ ਹੋਰਨਾਂ ਵਰਗਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਬੋਰਡ ਦੀ ਆਮਦਨ ਵਿੱਚ ਵਾਧਾ ਕਰਨ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਸਾਲ 2022-23 ਤੋਂ ਹੁਣ ਤੱਕ ਪੰਜਾਬ ਮੰਡੀ ਬੋਰਡ ਵੱਲੋਂ ਥੋਕ ਮੰਡੀਆਂ ਦੇ 1,846 ਪਲਾਟਾਂ ਦੀ ਖੁੱਲ੍ਹੀ ਈ-ਨਿਲਾਮੀ ਕੀਤੀ ਗਈ ਹੈ, ਜਿਸ ਤੋਂ 746 ਕਰੋੜ ਰੁਪਏ ਦੀ ਆਮਦਨ ਪ੍ਰਾਪਤ ਹੋਈ ਹੈ। ਇਸ ਮੌਕੇ ਰਜਨੀਸ਼ ਗੋਇਲ ਡੀ ਜੀ ਐਮ (ਅਸਟੇਟ) ਪੰਜਾਬ ਮੰਡੀ ਬੋਰਡ, ਤਪਸ਼ ਭਟਾਚਾਰੀਆ, ਮੁਖੀ, ਡਾਇਰੈਕਟੋਰੇਟ ਆਫ਼ ਮਾਰਕਿਟਿੰਗ, ਚੰਡੀਗੜ੍ਹ ਤੇ ਯੂ ਐੱਸ ਸ਼ੁਕਲਾ ਡਾਇਰੈਕਟੋਰੇਟ ਆਫ਼ ਮਾਰਕਿਟਿੰਗ ਲਖਨਊ ਵੀ ਮੌਜੂਦ ਸਨ।

ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਆਟੋਮੋਬਾਇਲ ਵਿਭਾਗ 'ਚ ਵਿਸ਼ੇਸ਼ ਲੈਕਚਰ ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਆਟੋਮੋਬਾਈਲ ਇੰਜੀਨੀਅਰਿੰਗ ਵਿਭਾਗ ਵੱਲੋਂ ਫਿਨਿਸ਼ਿੰਗ ਸਕੂਲ ਪ੍ਰੋਗਰਾਮ ਅਧੀਨ ਫਾਈਨਲ ਸਾਲ ਦੇ



ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਗੈਸਟ ਲੈਕਚਰ ਕਰਵਾਇਆ ਗਿਆ।ਇਸ ਮੌਕੇ ਇੰਜੀਨੀਅਰ ਰਿਸ਼ਵ ਸ਼ਰਮਾ ਪਰਚੇਜ਼ ਮੈਨੇਜਰ ਵਿਸ਼ਾਲ ਟੂਲ ਇੰਡਸਟਰੀ ਜਲੰਧਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਫਿਨਿਸ਼ਿੰਗ ਸਕੂਲ ਪ੍ਰੋਗਰਾਮ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਸ਼ਖ਼ਸੀਅਤ ਵਿਕਾਸ, ਪ੍ਰਭਾਵਸ਼ਾਲੀ ਸੰਚਾਰ, ਟੀਮ ਵਰਕ, ਆਤਮ-ਵਿਸ਼ਵਾਸ, ਇੰਟਰਵਿਊ ਦੀ ਤਿਆਰੀ ਅਤੇ ਰਿਜ਼ਿਊਮ ਤਿਆਰ ਕਰਨ ਸਬੰਧੀ ਮਹੱਤਵਪੂਰਨ ਸੁਝਾਅ ਦਿੱਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੀਆਂ ਲੋੜਾਂ, ਨੌਕਰੀ ਪ੍ਰਾਪਤ ਕਰਨ ਲਈ ਲੋੜੀਂਦੇ ਹੁਨਰਾਂ ਤੇ ਕੰਮਕਾਜ ਦੇ ਪੇਸ਼ੇਵਰ ਢੰਗਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਤਕਨੀਕੀ ਗਿਆਨ ਦੇ ਨਾਲ-ਨਾਲ ਸਾਫਟ ਸਕਿੱਲਜ਼ ਅਤੇ ਵਧੀਆ ਸ਼ਖ਼ਸੀਅਤ ਵੀ ਸਫਲ ਕਰੀਅਰ ਲਈ ਬਹੁਤ ਜ਼ਰੂਰੀ ਹਨ। ਲੈਕਚਰ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਭਵਿੱਖ ਦੇ ਕਰੀਅਰ ਸੰਬੰਧੀ ਸਵਾਲ ਪੁੱਛੇ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਫਿਨਿਸ਼ਿੰਗ ਸਕੂਲ ਵਰਗੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਉਦਯੋਗ ਦੀਆਂ ਲੋੜਾਂ ਅਨੁਸਾਰ ਤਿਆਰ ਕਰਨ ਅਤੇ ਉਨ੍ਹਾਂ ਦੀ ਰੋਜ਼ਗਾਰ ਯੋਗਤਾ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਆਟੋਮੋਬਾਈਲ ਇੰਜੀਨੀਅਰਿੰਗ ਵਿਭਾਗ ਦੇ ਇੰਚਾਰਜ ਗੌਰਵ ਸ਼ਰਮਾ ਨੇ ਵੀ ਵਿਦਿਆਰਥੀਆਂ ਨੂੰ ਇਸ ਲੈਕਚਰ ਤੋਂ ਪ੍ਰਾਪਤ ਜਾਣਕਾਰੀ ਨੂੰ ਆਪਣੇ ਜੀਵਨ ਅਤੇ ਕਰੀਅਰ ਵਿੱਚ ਲਾਗੂ ਕਰਨ ਲਈ ਪ੍ਰੇਰਿਤ ਕੀਤਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੁਰਗੱਦੀ ਪੁਰਬ ਸ਼ਰਧਾ ਨਾਲ ਮਨਾਇਆ

ਮੁਹਾਲੀ (ਗੁਰਜੀਤ ਬਿੱਲਾ)- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾ ਗੁਰਗੱਦੀ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਦਿਨ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਨਾਮ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਦਸਾਂ ਪਾਤਿਸ਼ਾਹੀਆਂ ਦੀ ਜਾਗਦੀ ਜੋਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨੂੰ ਗੁਰਤਾ ਗੁਰਗੱਦੀ ਦੇਣ ਦੇ ਪੂਰੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਨ ਕਰਵਾਇਆ। ਬੀਬੀ ਜਤਿੰਦਰ ਕੌਰ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਮਨਦੀਪ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਬਾਰੇ ਸੰਗਤਾਂ



ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਮਿੱਤਰ ਪਿਆਰੇ ਨੂੰ ਕਵੀਸ਼ਰੀ ਜੱਥਾ, ਭਾਈ ਗੁਰਸੇਵਕ ਸਿੰਘ ਲੁਧਿਆਣੇ ਵਾਲੇ, ਭਾਈ ਹਰਵਿੰਦਰ ਸਿੰਘ ਪਟਿਆਲਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ ਅਤੇ ਭਾਈ ਸਰੂਪ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਨਾਮ ਸਿੰਘ, ਭਾਈ ਜਰਨੈਲ ਸਿੰਘ, ਭਾਈ ਇੰਦਰਜੀਤ ਸਿੰਘ, ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ ।ਇਸ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ । ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਮਿਤੀ 9 ਨਵੰਬਰ ਅਰੰਭ ਕੀਤੀਆਂ ਗਈਆਂ ਹਨ ਜੋ ਕਿ ਮਿਤੀ 24 ਨਵੰਬਰ ਪ੍ਰਕਾਸ਼ ਪੁਰਬ ਵਾਲੇ ਦਿਨ ਤੱਕ ਜਾਰੀ ਰਹਿਣਗੀਆਂ।

ਉੱਭਰਦੇ ਖਿਡਾਰੀਆਂ ਲਈ ਸਕਾਲਰਸ਼ਿਪ ਸਕੀਮ ਤਹਿਤ 15 ਤੱਕ ਆਨਲਾਈਨ ਅਰਜ਼ੀਆਂ ਦੀ ਮੰਗ

ਕਪੂਰਥਲਾ (ਮਨਜੀਤ ਮਾਨ)- ਜ਼ਿਲ੍ਹਾ ਖੇਡ ਅਫ਼ਸਰ ਕਪੂਰਥਲਾ ਕੁਲਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਲ 2025-26 ਲਈ ਓਲੰਪੀਅਨ ਬਲਬੀਰ ਸਿੰਘ (ਸੀਨੀਅਰ) ਸਕਾਲਰਸ਼ਿਪ ਸਕੀਮ ਫਾਰ ਆਊਟਸਟੈਂਡਿੰਗ ਐਂਡ ਬਡਿੰਗ ਸਪੋਰਟਸਪਰਸਨ ਤਹਿਤ ਪੰਜਾਬ ਦੇ ਉੱਭਰਦੇ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਸਕਾਲਰਸ਼ਿਪ ਦੇਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਸਕੀਮ ਅਧੀਨ ਜੂਨੀਅਰ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਮੈਡਲ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ 12 ਹਜ਼ਾਰ ਰੁਪਏ ਪ੍ਰਤੀ ਮਹੀਨਾ ਅਤੇ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ/ਨੈਸ਼ਨਲ ਗੇਮਜ਼ ਵਿੱਚ ਮੈਡਲ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ 16 ਹਜ਼ਾਰ ਰੁਪਏ ਪ੍ਰਤੀ ਮਹੀਨਾ ਸਕਾਲਰਸ਼ਿਪ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ ਖਿਡਾਰੀ ਪੰਜਾਬ ਦੇ ਵਸਨੀਕ ਹੋਣੇ ਚਾਹੀਦੇ ਹਨ ਅਤੇ ਪਿਛਲੇ ਦੋ ਸਾਲਾਂ (2023-24 ਅਤੇ 2024-25) ਦੌਰਾਨ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਵਿੱਚ ਪੰਜਾਬ ਰਾਜ ਦੀ ਪ੍ਰਤੀਨਿਧਤਾ ਕੀਤੀ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਖਿਡਾਰੀਆਂ ਵੱਲੋਂ ਜੂਨੀਅਰ ਜਾਂ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ/ਨੈਸ਼ਨਲ ਗੇਮਜ਼ ਵਿੱਚ ਮੈਡਲ ਹਾਸਲ ਕੀਤਾ ਹੋਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਸਕਾਲਰਸ਼ਿਪ ਲਈ ਅਪਲਾਈ ਕਰਨ ਤੋਂ ਪਹਿਲਾਂ ਖਿਡਾਰੀਆਂ ਨੂੰ ਆਪਣੇ ਸਰਟੀਫਿਕੇਟਾਂ ਦੀ ਵੈਰੀਫਿਕੇਸ਼ਨ ਕਰਵਾਉਣੀ ਹੋਵੇਗੀ। ਇਸ ਤੋਂ ਬਾਅਦ ਖਿਡਾਰੀ ਪੰਜਾਬ ਸਰਕਾਰ ਦੇ ਖੇਡ ਵਿਭਾਗ ਦੇ ਪੋਰਟਲ https://sports.punjab.gov.in/login/ ਉੱਤੇ ਆਨਲਾਈਨ ਰਜਿਸਟ੍ਰੇਸ਼ਨ ਕਰਕੇ ਅਪਲਾਈ ਕਰ ਸਕਦੇ ਹਨ। ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 15 ਨਵੰਬਰ ਹੈ।

ਸੁਖਦੀਪ ਸਿੰਘ ਅੱਪਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਨਿਯੁਕਤ

ਫਿਲੌਰ (ਨਿਰਮਲ)- 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚ ਰਾਜਨੀਤੀ ਗਰਮਾ ਗਈ ਹੈ। 'ਆਪ' ਨੇ ਸੁਖਦੀਪ ਸਿੰਘ ਅੱਪਰਾ ਨੂੰ ਫਿਲੌਰ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਹੈ।



'ਆਪ' ਵੱਲੋਂ ਦੂਜੀ ਸੂਚੀ ਵੀ ਜਾਰੀ ਕੀਤੇ ਜਾਣ ਦੀ ਉਮੀਦ ਹੈ। 'ਆਪ' ਦੇ ਬੁਲਾਰੇ ਬਲਤੇਜ ਪੰਨੂ ਇਸ ਸਮਾਗਮ ਵਿੱਚ ਮੌਜੂਦ ਸਨ। ਸੁਖਦੀਪ ਸਿੰਘ ਨੇ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨ ਲਈ ਪਾਰਟੀ ਦਾ ਧੰਨਵਾਦ ਕੀਤਾ ਅਤੇ ਕਿਸਾਨਾਂ ਅਤੇ ਆਮ ਲੋਕਾਂ ਦੀ ਇਮਾਨਦਾਰੀ ਨਾਲ ਸੇਵਾ ਕਰਨ ਦੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਬਲਤੇਜ ਪੰਨੂ ਨੇ ਕਿਹਾ ਕਿ ਸੁਖਦੀਪ ਸਿੰਘ ਪਾਰਟੀ ਦੇ ਲੰਬੇ ਸਮੇਂ ਤੋਂ ਆਗੂ ਹਨ ਅਤੇ ਲੰਬੇ ਸਮੇਂ ਤੋਂ ਪਾਰਟੀ ਲਈ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 2017 ਤੋਂ ਉਨ੍ਹਾਂ ਦੀ ਸੁਖਦੀਪ ਨਾਲ ਨਿਯਮਤ ਗੱਲਬਾਤ ਹੋਈ ਸੀ ਅਤੇ ਉਹ ਪਾਰਟੀ ਲਈ ਕੰਮ ਕਰਦੇ ਰਹੇ। ਇਸ ਤੋਂ ਬਾਅਦ ਸੁਖਦੀਪ ਨੇ 2022 ਵਿੱਚ ਵੀ ਪਾਰਟੀ ਲਈ ਕੰਮ ਕੀਤਾ।ਉਨ੍ਹਾਂ ਨੂੰ ਉਮੀਦ ਹੈ ਕਿ ਪਾਰਟੀ 2027 ਦੀਆਂ ਚੋਣਾਂ ਜਿੱਤੇਗੀ ਅਤੇ ਸੁਖਦੀਪ ਪਾਰਟੀ ਵਿੱਚ ਮੁੱਖ ਭੂਮਿਕਾ ਨਿਭਾਏਗਾ। ਪੰਨੂ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਪਾਰਟੀ ਟਿਕਟ ਮਿਲਦੀ ਹੈ ਤਾਂ ਉਹ ਜਿੱਤਣਗੇ, ਅਤੇ ਉਨ੍ਹਾਂ ਨੂੰ ਮਾਣ ਹੈ ਕਿ ਫਿਲੌਰ ਦੇ ਲੋਕਾਂ ਕੋਲ ਇੱਕ ਪੜ੍ਹਿਆ-ਲਿਖਿਆ ਉਮੀਦਵਾਰ ਹੋਵੇਗਾ। ਇਸ ਦੌਰਾਨ ਪਾਰਟੀ ਦੇ ਅੰਦਰ ਦੋ ਧੜਿਆਂ ਬਾਰੇ ਪੰਨੂ ਨੇ ਕਿਹਾ ਕਿ ਪਾਰਟੀ ਦੇ ਅੰਦਰ ਕੋਈ ਧੜੇਬੰਦੀ ਨਹੀਂ ਹੈ। ਉਨ੍ਹਾਂ ਕਿਹਾ ਕਿ ਪਾਰਟੀ ਇੱਕ ਮਿਸ਼ਨ 'ਤੇ ਹੈ, ਕਮਿਸ਼ਨ 'ਤੇ ਨਹੀਂ। ਇਸ ਲਈ ਜੇਕਰ ਪਾਰਟੀ ਦੇ ਅੰਦਰ ਕੋਈ ਅਸੰਤੁਸ਼ਟੀ ਹੈ, ਤਾਂ ਉਹ ਉਨ੍ਹਾਂ ਨੂੰ ਸ਼ਾਂਤ ਕਰਨ ਲਈ ਉਨ੍ਹਾਂ ਦੇ ਘਰਾਂ ਵਿੱਚ ਨਿੱਜੀ ਤੌਰ 'ਤੇ ਜਾਣਗੇ। ਇਸ ਮੌਕੇ ਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਮਦਨ ਸਿੰਘ ਜ਼ਿਲ੍ਹਾ ਸਕੱਤਰ ਮੇਲਾ ਸਿੰਘ ਰੁੜਕਾ ਬਲਾਕ ਪ੍ਰਧਾਨ ਅਤੇ ਬਹੁਤ ਸਾਰੇ ਮਾਰਕੀਟ ਕਮੇਟੀ ਦੇ ਚੇਅਰਮੈਨ ਅਤੇ ਸਰਪੰਚ ਹਰਕਮਲ ਸਿੰਘ, ਦੀਪਾ ਲਹਾਰਾ, ਪਾਲਾ ਰੁੜਕਾ ਪਤਵੰਤੇ ਹਾਜ਼ਰ ਸਨ ।

ਸਿੱਧੂ ਦੇ ਗੀਤਾਂ ਦੀ ਕਿਤਾਬ 'ਗੀਤ ਵੀ ਬੋਲਦੇ ਨੇ' ਦਾ ਲੋਕ ਅਰਪਣ



ਜਲੰਧਰ (ਇਕਬਾਲ ਸਿੰਘ ਉਭੀ)- ਸਥਾਨਕ ਪ੍ਰੈਸ ਕਲੱਬ ਵਿਖੇ ਹਰਮਨ ਪਿਆਰੇ ਗਾਇਕ , ਗੀਤਕਾਰ ਅਤੇ ਨਿਰਮਾਤਾ ਵਜੋਂ ਆਪਣੀ ਪਛਾਣ ਬਣਾ ਚੁੱਕੇ ਨਿਰਮਲ ਸਿੱਧੂ ਦੇ ਲਿਖੇ ਹੋਏ ਪੰਜਾਬੀ ਗੀਤਾਂ ਦੀ ਕਿਤਾਬ 'ਗੀਤ ਵੀ ਬੋਲਦੇ ਨੇ' ਲੋਕ ਮੰਚ ਪੰਜਾਬ ਵੱਲੋਂ ਲੋਕ ਅਰਪਣ ਕੀਤੀ ਗਈ । ਇਸ ਮੌਕੇ ਲੋਕ ਮੰਚ ਪੰਜਾਬ ਦੇ ਪ੍ਰਧਾਨ ਲਖਵਿੰਦਰ ਸਿੰਘ ਜੌਹਲ ਨੇ ਕਿਹਾ 90ਵੇਂ ਵਰ੍ਹੇ ਵਿਚ ਦੂਰਦਰਸ਼ਨ ਵਿਖੇ, ਮੇਰੇ ਦਿਲ ਦਾ ਖਿਲੌਣਾ ਹੀਰੇ ਲੈ ਜਾ ਕਦੇ ਕਦੇ ਖੇਡ ਲਿਆ ਕਰੀਂ ਗੀਤ ਰਿਕਾਰਡ ਕਰਨ ਸਮੇਂ ਨਿਰਮਲ ਸਿੱਧੂ ਨਾਲ ਮੇਲ ਹੋਇਆ । ਉਨ੍ਹਾਂ ਕਿਹਾ ਕਿ ਇਸ ਗੀਤ ਦੇ ਹਿੱਟ ਹੋਣ ਨਾਲ ਹੀ ਸਿੱਧੂ ਦੀ ਵੱਖਰੀ ਪਛਾਣ ਬਣੀ। ਸਿੱਧੂ ਨੇ ਹਮੇਸ਼ਾ ਪੰਜਾਬੀ ਮਾਂ ਬੋਲੀ, ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਵਾਲੇ ਗੀਤ ਹੀ ਲਿਖੇ ਅਤੇ ਗਾਏ ਹਨ। ਇਸ ਮੌਕੇ ਸੀਨੀਅਰ ਪੱਤਰਕਾਰ ਕੁਲਦੀਪ ਸਿੰਘ ਬੇਦੀ ਨੇ ਗਾਇਕੀ ਤੋਂ ਬਾਅਦ ਸਿੱਧੂ ਵੱਲੋਂ ਕਿਤਾਬ ਲਿਖਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ । ਪ੍ਰਸਿੱਧ ਗੀਤਕਾਰ ਵਿਜੈ ਧੰਮੀ ਨੇ ਨਿਰਮਲ ਸਿੱਧੂ ਨੂੰ ਸਿੱਖਿਅਤ ਸੰਗੀਤਕਾਰ ਅਤੇ ਸੁਰੀਲਾ ਗਾਇਕ ਕਿਹਾ। ਉਨ੍ਹਾਂ ਉਸ ਦੀ ਇਸ ਨਵੀਂ ਸਫਲਤਾ ਉੱਤੇ ਮੁਬਾਰਕਬਾਦ ਦਿੱਤੀ।ਨਿਰਮਲ ਸਿੱਧੂ ਨੇ ਦੂਰਦਰਸ਼ਨ ਜਲੰਧਰ ਅਤੇ ਹਾਜ਼ਰ ਸੰਗੀਤ ਪ੍ਰੇਮੀਆਂ ਨਾਲ ਆਪਣੀਆਂ ਯਾਦਾਂ ਸਾਂਝੀਆਂ ਕਰਦੇ ਹੋਏ ਸਭ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਪੰਜਾਬੀ ਸਮਾਜ ਦੀ ਸੇਵਾ ਕਰਦੇ ਰਹਿਣਗੇ। ਇਸ ਮੌਕੇ ਮੁੱਖ ਮਹਿਮਾਨ ਪੰਜਾਬ ਸਰਕਾਰ ਦੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ, ਗਾਇਕ ਐੱਚ ਐੱਸ ਭਜਨ, ਹਰਵਿੰਦਰ ਸਿੰਘ ਉਭੀ (ਵੀਰ ਰਹੀਮਪੁਰੀ), ਮੰਗਲੀ ਅਤੇ ਹੋਰ ਸੰਗੀਤ ਪ੍ਰੇਮੀ ਹਾਜ਼ਰ ਸਨ।

ਐੱਸ ਡੀ ਕਾਲਜ 'ਚ ਠੋਸ ਰਹਿੰਦ-ਖੂੰਹਦ ਪ੍ਰਬੰਧਨ 'ਤੇ ਭਾਸ਼ਣ

ਸੁਲਤਾਨਪੁਰ ਲੋਧੀ (ਹਨੀ)- ਐਸ.ਡੀ. ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਹੇਠ 'ਰਹਿੰਦ-ਖੂੰਹਦ ਦਾ ਸਹੀ ਨਿਪਟਾਰਾ ਅਤੇ ਵਾਤਾਵਰਣ ਸੁਰੱਖਿਆ' ਵਿਸ਼ੇ 'ਤੇ ਇੱਕ ਜਾਣਕਾਰੀ ਭਰਪੂਰ ਭਾਸ਼ਣ ਦਾ ਆਯੋਜਨ ਕੀਤਾ। ਇਹ ਭਾਸ਼ਣ ਕਾਮਰਸ ਵਿਭਾਗ ਤੋਂ ਹਰਲੀਨ ਕੌਰ ਵੱਲੋਂ ਦਿੱਤਾ ਗਿਆ, ਜਿਨ੍ਹਾਂ ਨੇ ਸਾਡੇ ਰੋਜ਼ਾਨਾ ਜੀਵਨ ਵਿੱਚ ਸਹੀ ਰਹਿੰਦ-ਖੂੰਹਦ ਦੇ ਨਿਪਟਾਰੇ, ਰਹਿੰਦ-ਖੂੰਹਦ ਨੂੰ ਵੱਖ ਕਰਨ, ਰੀਸਾਈਕਲਿੰਗ ਅਤੇ ਵਾਤਾਵਰਣ-ਅਨੁਕੂਲ ਅਭਿਆਸਾਂ ਨੂੰ ਅਪਣਾਉਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਹਨਾਂ ਮਨੁੱਖੀ ਸਿਹਤ ਅਤੇ ਵਾਤਾਵਰਣ 'ਤੇ ਗਲਤ ਰਹਿੰਦ-ਖੂੰਹਦ ਦੇ ਨਿਪਟਾਰੇ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ



ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਰਹਿੰਦ-ਖੂੰਹਦ ਨੂੰ ਘਟਾਉਣ, ਸਮੱਗਰੀ ਦੀ ਮੁੜ ਵਰਤੋਂ, ਸਰੋਤਾਂ ਨੂੰ ਰੀਸਾਈਕਲ ਕਰਨ ਅਤੇ ਆਪਣੇ ਆਲੇ ਦੁਆਲੇ ਨੂੰ ਸਾਫ਼ ਅਤੇ ਪ੍ਰਦੂਸ਼ਣ-ਮੁਕਤ ਰੱਖਣ ਵਿੱਚ ਯੋਗਦਾਨ ਪਾਉਣ ਲਈ ਵੀ ਉਤਸ਼ਾਹਿਤ ਕੀਤਾ।

ਵਿਧਾਇਕ ਨੇ ਬਾਕਸ ਕ੍ਰਿਕਟ ਤੇ ਸਕੇਟਿੰਗ ਟਰੈਕ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਦੀ 'ਰੰਗਲਾ ਪੰਜਾਬ' ਪਹਿਲਕਦਮੀ ਤਹਿਤ ਹੁਸ਼ਿਆਰਪੁਰ ਵਿੱਚ ਖੇਡ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਕਦਮ ਚੁੱਕਦਿਆਂ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿੱਚ 35 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਕਸ ਕ੍ਰਿਕਟ ਮੈਦਾਨ ਅਤੇ ਸਕੇਟਿੰਗ ਟਰੈਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਵਿਧਾਇਕ ਜਿੰਪਾ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਵਿੱਚ ਪੇਂਡੂ ਪੱਧਰ 'ਤੇ 30 ਤੋਂ ਵੱਧ ਸਪੋਰਟਸ ਪਾਰਕ ਬਣਾਏ ਜਾ ਚੁੱਕੇ ਹਨ, ਤਾਂ ਜੋ ਪਿੰਡਾਂ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਆਲੇ-ਦੁਆਲੇ ਹੀ ਖੇਡਾਂ ਲਈ ਢੁਕਵੀਂ ਜਗ੍ਹਾ ਮਿਲ ਸਕੇ।

ਵਿਧਾਇਕ ਨੇ ਕਿਹਾ ਕਿ ਨਵੇਂ ਸਕੇਟਿੰਗ ਟਰੈਕ ਦੇ ਨਿਰਮਾਣ ਨਾਲ ਬੱਚਿਆਂ ਨੂੰ ਸੁਰੱਖਿਅਤ ਮਾਹੌਲ ਮਿਲੇਗਾ। ਇਸ ਦੇ ਨਾਲ ਹੀ ਬੱਚਿਆਂ ਨੂੰ ਸਕੇਟਿੰਗ ਦੀ ਸਿਖਲਾਈ ਦੇਣ ਲਈ ਟ੍ਰੇਨਰ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਉਹ ਸਹੀ ਮਾਰਗਦਰਸ਼ਨ ਹੇਠ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਹੁਸ਼ਿਆਰਪੁਰ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਕੌਂਸਲਰ ਮੁਖੀ ਰਾਮ, ਕੌਂਸਲਰ ਅਜੇ ਵਰਮਾ, ਵਰਿੰਦਰ ਸ਼ਰਮਾ ਬਿੰਦੂ, ਸੁਦਰਸ਼ਨ ਧੀਰ, ਵਰਿੰਦਰ ਵੈਦ, ਪ੍ਰਮੋਦ ਸ਼ਰਮਾ, ਐੱਸ ਡੀ ਓ ਯਾਦਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਜੀ ਐੱਨ ਡੀ ਯੂ ਕਾਲਜ ਦੀ ਕਨਵੋਕੇਸ਼ਨ ਦੌਰਾਨ 600 ਤੋਂ ਵੱਧ ਵਿਦਿਆਰਥੀਆਂ ਨੂੰ ਵੰਡੀਆਂ ਡਿਗਰੀਆਂ


ਜਲੰਧਰ (ਨ ਜ਼ ਸ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵਿਖੇ ਕਨਵੋਕੇਸ਼ਨ-2026 ਬੜੇ ਉਤਸ਼ਾਹ, ਮਾਣ ਅਤੇ ਅਕਾਦਮਿਕ ਮਾਹੌਲ ਵਿੱਚ ਕਰਵਾਈ ਗਈ। ਇਸ ਮੌਕੇ 600 ਤੋਂ ਵੱਧ ਵਿਦਿਆਰਥੀਆਂ ਨੂੰ ਵੱਖ-ਵੱਖ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਕੋਰਸਾਂ ਦੀਆਂ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਸਮਾਗਮ ਨੇ ਜਿੱਥੇ ਵਿਦਿਆਰਥੀਆਂ ਦੀਆਂ ਅਕਾਦਮਿਕ ਪ੍ਰਾਪਤੀਆਂ ਅਤੇ ਮਿਹਨਤ ਨੂੰ ਸਨਮਾਨਤ ਕੀਤਾ, ਉੱਥੇ ਹੀ ਕਾਲਜ ਵੱਲੋਂ ਵਿੱਦਿਆ ਦੇ ਨਾਲ-ਨਾਲ ਪੰਜਾਬੀ ਸੱਭਿਆਚਾਰ ਤੇ ਵਿਰਾਸਤ ਦੀ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਨੂੰ ਵੀ ਨਵੀਂ ਪਛਾਣ ਦਿੱਤੀ। ਸਮਾਗਮ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਕੀਤੀ, ਜਦਕਿ ਰਾਜ ਸਭਾ ਮੈਂਬਰ (ਪੰਜਾਬ) ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਜਸਪਾਲ ਸਿੰਘ ਰੰਧਾਵਾ, ਡਾ. ਕਮਲੇਸ਼ ਸਿੰਘ ਦੁੱਗਲ, ਡਾ. ਜਸ਼ਨਜੀਤ ਸਿੰਘ ਜੌਹਲ, ਡਾ. ਕਿਰਨ ਅਰੋੜਾ, ਡਾ. ਨੀਰਜ ਧੀਂਗੜਾ, ਡਾ. ਬੂਟਾ ਸਿੰਘ, ਡਾ. ਏਕਤਾ ਖੋਸਲਾ, ਡਾ. ਕਿਰਨਜੀਤ ਰੰਧਾਵਾ, ਰਾਜੇਸ਼ ਵਿਜ, ਨਰਿੰਦਰ ਕੌਸ਼ਿਕ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ, ਸਿੱਖਿਆ ਸ਼ਾਸਤਰੀਆਂ ਅਤੇ ਅਕਾਦਮਿਕ ਖੇਤਰ ਨਾਲ ਜੁੜੀਆਂ ਹਸਤੀਆਂ ਮੌਜੂਦ ਸਨ। ਕਨਵੋਕੇਸ਼ਨ ਦੌਰਾਨ ਵੱਖ-ਵੱਖ ਵਿਸ਼ਿਆਂ ਤੇ ਕੋਰਸਾਂ ਦੇ 600 ਤੋਂ ਵੱਧ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਨ੍ਹਾਂ ਵਿੱਚ ਐੱਮ ਬੀ ਏ (ਦੋ ਸਾਲਾ), ਐੱਮ ਬੀ ਏ (ਪੰਜ ਸਾਲਾ



ਇੰਟੀਗ੍ਰੇਟਿਡ), ਐੱਮ ਕਾਮ, ਐੱਮ ਸੀ ਏ, ਐੱਮ ਏ ਪੰਜਾਬੀ, ਬੀ ਬੀ ਏ, ਬੀ ਸੀ ਏ, ਬੀ ਕਾਮ, ਬੀ ਕਾਮ (ਫਾਈਨੈਂਸ਼ੀਅਲ ਸਰਵਿਸਿਜ਼), ਬੀ ਵੋਕ (ਈ-ਕਾਮਰਸ ਐਂਡ ਡਿਜ਼ੀਟਲ ਮਾਰਕੀਟਿੰਗ) ਅਤੇ ਬੀ ਵੋਕ (ਜਰਨਲਿਜ਼ਮ ਐਂਡ ਮੀਡੀਆ) ਦੇ ਵਿਦਿਆਰਥੀ ਸ਼ਾਮਲ ਸਨ। ਸਮਾਗਮ ਦਾ ਇੱਕ ਹੋਰ ਅਹਿਮ ਆਕਰਸ਼ਣ ਕਾਲਜ ਕੈਂਪਸ ਵਿਖੇ ਸਥਾਪਿਤ ਕੀਤੇ ਗਏ ਹੈਰੀਟੇਜ ਹੋਮ ਦਾ ਉਦਘਾਟਨ ਰਿਹਾ। ਕਾਲਜ ਦੀ ਓ ਐੱਸਡੀ ਪ੍ਰੋ. (ਡਾ.) ਨਵਜੋਤ ਦੇ ਸੰਕਲਪ ਅਤੇ ਦੂਰਦਰਸ਼ੀ ਸੋਚ ਅਧੀਨ ਤਿਆਰ ਕੀਤਾ ਗਿਆ ਇਹ ਹੈਰੀਟੇਜ ਹੋਮ ਪੰਜਾਬ ਦੀ ਅਮੀਰ ਵਿਰਾਸਤ, ਸੱਭਿਆਚਾਰ, ਰਵਾਇਤਾਂ, ਇਤਿਹਾਸਕ ਪਿਛੋਕੜ ਅਤੇ ਲੋਕ-ਜੀਵਨ ਨਾਲ ਜੁੜੀਆਂ ਵਸਤਾਂ ਤੇ ਕਦਰਾਂ-ਕੀਮਤਾਂ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਵਿਸ਼ੇਸ਼ ਉਪਰਾਲਾ ਹੈ।ਮੁੱਖ ਮਹਿਮਾਨ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਡਿਗਰੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ ਮਨੁੱਖ ਦੇ ਜੀਵਨ ਨੂੰ ਨਵੀਂ ਦਿਸ਼ਾ ਦੇਣ ਦਾ ਅਹਿਮ ਸਾਧਨ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਗਿਆਨ, ਮਿਹਨਤ, ਨਵੀਨਤਾ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਦਾ ਆਧਾਰ ਬਣਾਉਣ ਦੀ ਪ੍ਰੇਰਨਾ ਦਿੱਤੀ।ਵਿਸ਼ੇਸ਼ ਮਹਿਮਾਨ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵੀ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਿੱਖਿਆ ਸਮਾਜ ਵਿੱਚ ਤਬਦੀਲੀ ਲਿਆਉਣ ਦੀ ਸਮਰੱਥਾ ਰੱਖਦੀ ਹੈ। ਇਸ ਮੌਕੇ ਯੂਨੀਵਰਸਿਟੀ ਦੇ ਅਧਿਕਾਰੀਆਂ, ਸਿੱਖਿਆ ਸ਼ਾਸਤਰੀਆਂ, ਕਾਲਜ ਦੇ ਅਧਿਆਪਕਾਂ, ਸਟਾਫ਼ ਮੈਂਬਰਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਮੌਜੂਦਗੀ ਨੇ ਸਮਾਗਮ ਦੀ ਸ਼ਾਨ ਵਿੱਚ ਵਾਧਾ ਕੀਤਾ। ਕਨਵੋਕੇਸ਼ਨ ਨੇ ਵਿਦਿਆਰਥੀਆਂ ਦੇ ਜੀਵਨ ਵਿੱਚ ਇੱਕ ਨਵੀਂ ਸ਼ੁਰੂਆਤ ਦਾ ਸੰਦੇਸ਼ ਦੇਣ ਦੇ ਨਾਲ-ਨਾਲ ਕਾਲਜ ਦੀ ਅਕਾਦਮਿਕ ਉੱਨਤੀ, ਸੱਭਿਆਚਾਰਕ ਵਿਰਾਸਤ ਦੀ ਸੰਭਾਲ ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ। ਇਸ ਮੌਕੇ ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਸਮੂਹ ਪਤਵੰਤੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਦੀ ਮੌਜੂਦਗੀ ਅਤੇ ਹੌਸਲਾ ਅਫ਼ਜ਼ਾਈ ਲਈ ਧੰਨਵਾਦ ਪ੍ਰਗਟਾਇਆ। ਉਨ੍ਹਾਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਮਹੱਤਵਪੂਰਨ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ। ਉਨ੍ਹਾਂ ਕਨਵੋਕੇਸ਼ਨ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਆਪਕਾਂ ਅਤੇ ਕਰਮਚਾਰੀਆਂ ਵੱਲੋਂ ਕੀਤੇ ਗਏ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਦੇ ਅੰਤ ਵਿੱਚ ਪ੍ਰੋ. (ਡਾ.) ਨਵਜੋਤ ਵੱਲੋਂ ਰਸਮੀ ਤੌਰ 'ਤੇ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ। ਉਨ੍ਹਾਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਸਮੂਹ ਪਤਵੰਤਿਆਂ, ਯੂਨੀਵਰਸਿਟੀ ਅਧਿਕਾਰੀਆਂ, ਅਧਿਆਪਕਾਂ, ਕਰਮਚਾਰੀਆਂ, ਵਿਦਿਆਰਥੀਆਂ ਅਤੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਅਤੇ ਯੋਗਦਾਨ ਸਦਕਾ ਕਨਵੋਕੇਸ਼ਨ-2026 ਯਾਦਗਾਰੀ ਅਤੇ ਸਫ਼ਲ ਸਮਾਗਮ ਬਣ ਸਕੀ। ਇਸ ਮੌਕੇ ਤੇ ਮੰਚ ਦਾ ਸੰਚਾਲਨ ਡਾ. ਮਾਨਸੀ ਚੋਪੜਾ ਨੇ ਬਾਖੂਬੀ ਨਿਭਾਇਆ।ਇਸ ਮੌਕੇ ਤੇ ਡਾ. ਅਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਸੋਨੀਆ ਕੁੰਦਰਾ, ਡਾ. ਮਨਦੀਪ ਕੌਰ, ਡਾ. ਪਰਵਿੰਦਰ ਢਿੱਲੋਂ, ਡਾ. ਨੇਹਾ ਕਾਲੜਾ ਤੇ ਡਾ. ਲਖਵੀਰ ਸਿੰਘ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਪੱਤਰਕਾਰ ਬਲਵਿੰਦਰ ਸਿੰਘ ਧਾਲੀਵਾਲ ਨੂੰ ਸਦਮਾ, ਜੀਜੇ ਦਾ ਦਿਹਾਂਤ

ਸੁਲਤਾਨਪੁਰ ਲੋਧੀ (ਨਰਿੰਦਰ ਸੋਨੀਆ, ਪ੍ਰਦੀਪ ਅਟਵਾਲ)- ਸੀਨੀਅਰ ਪੱਤਰਕਾਰ ਬਲਵਿੰਦਰ ਸਿੰਘ ਧਾਲੀਵਾਲ ਨੰਬਰਦਾਰ ਵਾਸੀ ਪਿੰਡ ਸਰਾਏ ਜ਼ਮਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਜੀਜਾ ਸੁਰਜੀਤ ਸਿੰਘ ਭੌਰ ਪੁੱਤਰ ਭਜਨ



ਸਿੰਘ ਵਾਸੀ ਪਿੰਡ ਭੌਰ, ਤਹਿਸੀਲ ਸੁਲਤਾਨਪੁਰ ਲੋਧੀ ਦਾ ਅਚਾਨਕ ਦਿਹਾਂਤ ਹੋ ਗਿਆ।ਉਨ੍ਹਾਂ ਦੇ ਅਚਾਨਕ ਵਿਛੋੜੇ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਦੁੱਖ ਦੀ ਘੜੀ ਵਿੱਚ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ, ਪੱਤਰਕਾਰ ਭਾਈਚਾਰੇ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਬਲਵਿੰਦਰ ਸਿੰਘ ਧਾਲੀਵਾਲ ਤੇ ਦੁਖੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।ਸੁਰਜੀਤ ਸਿੰਘ ਭੌਰ ਦਾ ਅੰਤਿਮ ਸੰਸਕਾਰ ਪਿੰਡ ਭੌਰ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ ਹੈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ 16 ਨਵੰਬਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਪਿੰਡ ਭੌਰ ਤਹਿਸੀਲ ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਵਿਖੇ ਹੋਵੇਗੀ।

ਜਨਮ ਦਿਨ ਮੁਬਾਰਕ



ਵੰਸ਼ੂ ਗਰਗ